ਵੀਰਵਾਰ, 8 ਜਨਵਰੀ, 2026
25 ਪੋਹ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 219

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 8 JANUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਸ਼ਾਹਰਾਹਾਂ ਦੀ ਵਾੜਬੰਦੀ ਦਾ ਮਸ਼ਵਰਾ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਦੇਸ਼ ਵਿੱਚ ਆਵਾਰਾ ਕੁੱਤਿਆਂ ਅਤੇ ਪਸ਼ੂਆਂ ਦੀ ਵਧ ਰਹੀ ਸਮੱਸਿਆ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਲੋਕ ਨਾ ਸਿਰਫ ਕੁੱਤਿਆਂ ਦੇ ਵੱਢਣ ਨਾਲ ਮਰ ਰਹੇ ਹਨ, ਸਗੋਂ ਸੜਕਾਂ 'ਤੇ ਆਵਾਰਾ ਪਸ਼ੂਆਂ ਕਾਰਨ ਵਾਪਰਦੇ ਹਾਦਸਿਆਂ ਵਿੱਚ ਵੀ ਕੀਮਤੀ ਜਾਨਾਂ ਜਾ ਰਹੀਆਂ ਹਨ।

ਜਸਟਿਸ ਵਿਕਰਮ ਨਾਥ, ਜਸਟਿਸ ਸੰਦੀਪ ਮਹਿਤਾ ਅਤੇ ਜਸਟਿਸ ਐੱਨ ਵੀ ਅੰਜਾਰੀਆ ਦੀ ਬੈਂਚ ਨੇ ਸਪੱਸ਼ਟ ਕੀਤਾ ਕਿ ਸੜਕਾਂ ਕੁੱਤਿਆਂ ਅਤੇ ਆਵਾਰਾ ਜਾਨਵਰਾਂ ਤੋਂ ਮੁਕਤ ਹੋਣੀਆਂ ਚਾਹੀਦੀਆਂ ਹਨ, ਕਿਉਂਕਿ ਇਹ ਆਮ ਨਾਗਰਿਕਾਂ ਲਈ ਬਹੁਤ ਖਤਰਨਾਕ ਸਾਬਤ ਹੋ ਰਹੇ ਹਨ। ਅਦਾਲਤ ਨੇ ਰਾਜਸਥਾਨ ਹਾਈ ਕੋਰਟ ਦੇ ਦੋ ਜੱਜਾਂ ਨਾਲ ਵਾਪਰੇ ਹਾਦਸਿਆਂ ਦਾ ਹਵਾਲਾ ਦਿੰਦੇ ਹੋਏ ਇਸ ਮੁੱਦੇ ਨੂੰ ਅੱਤ ਗੰਭੀਰ ਦੱਸਿਆ ਅਤੇ ਨਗਰ ਨਿਗਮਾਂ ਨੂੰ ਨਿਯਮਾਂ ਅਤੇ ਸਟੈਂਡਰਡ ਆਪਰੇਟਿੰਗ ਪ੍ਰੋਸੀਜਰ ਨੂੰ ਸਖਤੀ ਨਾਲ ਲਾਗੂ ਕਰਨ ਦੀ ਹਦਾਇਤ ਦਿੱਤੀ।

ਸੁਣਵਾਈ ਦੌਰਾਨ ਸੀਨੀਅਰ ਵਕੀਲ ਕਪਿਲ ਸਿੱਬਲ ਨੇ ਕੈਪਚਰ, ਸਟਰਲਾਈਜ਼, ਵੈਕਸੀਨੇਟ ਅਤੇ ਰਿਲੀਜ਼ (ਸੀ ਐੱਸ ਵੀ ਆਰ) ਫਾਰਮੂਲੇ ਨੂੰ ਅਪਣਾਉਣ ਦੀ ਵਕਾਲਤ ਕੀਤੀ ਤਾਂ ਜੋ ਵਿਗਿਆਨਕ ਤਰੀਕੇ ਨਾਲ ਕੁੱਤਿਆਂ ਦੀ ਗਿਣਤੀ ਘਟਾਈ ਜਾ ਸਕੇ। ਦੂਜੇ ਪਾਸੇ, ਅਦਾਲਤ ਨੇ ਪੰਜਾਬ, ਯੂ ਪੀ ਅਤੇ ਕਰਨਾਟਕ ਵਰਗੇ ਰਾਜਾਂ ਵੱਲੋਂ ਪਾਲਣਾ ਰਿਪੋਰਟ ਦਾਖਲ ਨਾ ਕਰਨ 'ਤੇ ਸਖਤ ਰੁਖ਼ ਅਖਤਿਆਰ ਕਰਦਿਆਂ ਕਿਹਾ ਕਿ ਉਹ ਅਜਿਹੇ ਸੂਬਿਆਂ ਵਿਰੁੱਧ ਸਖਤੀ ਵਰਤਣਗੇ।

ਅਦਾਲਤ ਨੇ ਕੌਮੀ ਮਾਰਗਾਂ ਅਤੇ ਐਕਸਪ੍ਰੈੱਸਵੇ 'ਤੇ ਫੈਂਸਿੰਗ (ਵਾੜ) ਲਗਾਉਣ ਦਾ ਸੁਝਾਅ ਵੀ ਦਿੱਤਾ, ਤਾਂ ਜੋ ਪਸ਼ੂ ਸੜਕਾਂ 'ਤੇ ਨਾ ਆ ਸਕਣ। ਅਦਾਲਤ ਨੇ ਦੁਹਰਾਇਆ ਕਿ ਵਿਦਿਅਕ ਸੰਸਥਾਵਾਂ, ਹਸਪਤਾਲਾਂ ਅਤੇ ਰੇਲਵੇ ਸਟੇਸ਼ਨਾਂ ਵਰਗੀਆਂ ਜਨਤਕ ਥਾਵਾਂ ਤੋਂ ਆਵਾਰਾ ਕੁੱਤਿਆਂ ਨੂੰ ਤੁਰੰਤ ਹਟਾ ਕੇ ਸ਼ੈਲਟਰ ਹੋਮਜ਼ ਵਿੱਚ ਭੇਜਿਆ ਜਾਣਾ ਚਾਹੀਦਾ ਹੈ।

## ਬੰਦਿਆਂ ਨਾਲੋਂ ਵੱਧ ਮੋਟਰ-ਗੱਡੀਆਂ




**ਚੰਡੀਗੜ੍ਹ** : ਸਿਟੀ ਬਿਊਟੀਫੁੱਲ ਚੰਡੀਗੜ੍ਹ ਵਿੱਚ ਵਾਹਨਾਂ ਦੀ ਗਿਣਤੀ ਮਨੁੱਖੀ ਆਬਾਦੀ ਦੇ ਮੁਕਾਬਲੇ ਵਧ ਗਈ ਹੈ। ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਰਜਿਸਟਰਡ ਵਾਹਨਾਂ ਦੀ ਗਿਣਤੀ 15 ਲੱਖ ਦੇ ਅੰਕੜੇ ਦੇ ਨੇੜੇ ਪਹੁੰਚ ਗਈ ਹੈ, ਜਦੋਂ ਕਿ ਇੱਥੋਂ ਦੀ ਅਨੁਮਾਨਤ ਮਨੁੱਖੀ ਆਬਾਦੀ ਲਗਭਗ 13 ਲੱਖ ਹੈ। ਰਜਿਸਟਰਿੰਗ ਐਂਡ ਲਾਇਸੈਂਸਿੰਗ ਅਥਾਰਟੀ (ਆਰ ਐੱਲ ਏ) ਦੇ ਅੰਕੜੇ ਦੱਸਦੇ ਹਨ ਕਿ ਪਿਛਲੇ ਪੰਜ ਸਾਲਾਂ ਵਿੱਚ ਹੀ ਸ਼ਹਿਰ ਵਿੱਚ 2,21,497 ਨਵੇਂ ਵਾਹਨ ਰਜਿਸਟਰ ਕੀਤੇ ਗਏ ਹਨ, ਜੋ ਚੰਡੀਗੜ੍ਹ ਦੀ ਦੇਸ਼ ਵਿੱਚ ਸਭ ਤੋਂ ਵੱਧ ਪ੍ਰਤੀ ਵਿਅਕਤੀ ਵਾਹਨ ਘਣਤਾ ਵਾਲੇ ਸ਼ਹਿਰਾਂ ਵਿੱਚ ਸਥਿਤੀ ਨੂੰ ਹੋਰ ਮਜ਼ਬੂਤ ਕਰਦਾ ਹੈ। ਆਰ ਐੱਲ ਏ ਪ੍ਰਦੁਮਣ ਸਿੰਘ ਅਨੁਸਾਰ 2021 ਵਿੱਚ 36,963 ਵਾਹਨ ਰਜਿਸਟਰ ਕੀਤੇ ਗਏ ਸਨ, ਇਸ ਤੋਂ ਬਾਅਦ 2022 ਵਿੱਚ 47,244 ਅਤੇ 2023 ਵਿੱਚ 50,930 ਵਾਹਨਾਂ ਦਾ ਵੱਡਾ ਉਛਾਲ ਆਇਆ। 2024 ਵਿੱਚ ਰਜਿਸਟਰੇਸ਼ਨਾਂ ਮਾਮੂਲੀ ਘਟ ਕੇ 40,762 ਰਹਿ ਗਈਆਂ, ਪਰ 2025 ਵਿੱਚ ਇਹ ਫਿਰ ਵਧ ਕੇ 45,598 ਹੋ ਗਈਆਂ, ਜੋ ਪਿਛਲੇ ਸਾਲ ਨਾਲੋਂ ਲਗਭਗ 12 ਫੀਸਦੀ ਵੱਧ ਸੀ। ਸ਼੍ਰੇਣੀਵਾਰ ਰੁਝਾਨਾਂ ਨੂੰ ਦੇਖਦੇ ਹੋਏ ਪੈਟਰੋਲ ਦੋਪਹੀਆ

• ਬਾਕੀ ਸਫਾ 2 'ਤੇ

# ਟਾਰਗੇਟ ਕਿਲਿੰਗ ਨਾਕਾਮ, 2 ਗ੍ਰਿਫਤਾਰ

**ਚੰਡੀਗੜ੍ਹ, (ਰੈਕਟਰ ਕਥੂਰੀਆ)**-ਸਟੇਟ ਸਪੈਸ਼ਲ ਅਪ੍ਰੇਸ਼ਨ ਸੈੱਲ ਐੱਸ ਏ ਐੱਸ ਨਗਰ ਨੇ ਕਾਊਂਟਰ ਇੰਟੈਲੀਜੈਂਸ ਲੁਧਿਆਣਾ ਦੇ ਤਾਲਮੇਲ ਨਾਲ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਮਿੱਥ ਕੇ ਕਤਲ ਦੀ ਘਟਨਾ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਦੋ ਲੁਧਿਆਣਾ ਅਧਾਰਤ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ 9 ਐੱਮ ਐੱਮ ਪਿਸਤੌਲ ਸਮੇਤ ਪੰਜ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।

ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕਰਨਬੀਰ ਸਿੰਘ ਵਾਸੀ ਹੈਬੋਵਾਲ ਕਲਾਂ, ਲੁਧਿਆਣਾ ਅਤੇ ਅਵਤਾਰ ਸਿੰਘ ਵਾਸੀ ਨਿਊ ਸ਼ਿਮਲਾਪੁਰੀ, ਮਿਲਰਗੰਜ, ਲੁਧਿਆਣਾ ਵਜੋਂ ਹੋਈ ਹੈ। ਅਵਤਾਰ ਸਿੰਘ ਅਪਰਾਧਿਕ ਪਿਛੋਕੜ ਵਾਲਾ ਹੈ ਅਤੇ ਇਸ ਵਿਰੁੱਧ ਅਸਲਾ ਐਕਟ ਅਤੇ ਆਈ ਪੀ ਸੀ ਐਕਟ ਤਹਿਤ ਕਈ ਮਾਮਲੇ ਦਰਜ ਹਨ।ਮੁਲਜ਼ਮ ਖਾਲਿਸਤਾਨ ਕਮਾਂਡੋ ਫੋਰਸ (ਕੇ ਸੀ ਐੱਫ) ਨਾਲ ਜੁੜੇ ਯੂ ਕੇ ਅਤੇ ਜਰਮਨੀ ਅਧਾਰਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ ਅਤੇ ਕੱਟੜਪੰਥੀ ਵਿਚਾਰਧਾਰਾ ਨਾਲ ਜੁੜੇ ਹੋਏ ਸਨ। ਉਨ੍ਹਾ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੇ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਸਾਜ਼ਿਸ਼ ਦੇ ਹਿੱਸੇ ਵਜੋਂ ਲੁਧਿਆਣਾ ਵਿੱਚ ਸਰਕਾਰੀ ਅਤੇ ਪ੍ਰਮੁੱਖ ਦਫ਼ਤਰਾਂ ਦੀ ਰੇਕੀ ਕੀਤੀ ਸੀ। ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮਾਂ ਨੂੰ ਕੁਝ ਹੋਰ ਪਛਾਣੇ ਗਏ ਵਿਅਕਤੀਆਂ ਨਾਲ ਸੰਬੰਧਤ ਜਾਣਕਾਰੀ ਇਕੱਠੀ ਕਰਨ ਅਤੇ ਜ਼ਮੀਨੀ ਪੱਧਰ 'ਤੇ ਕਾਰਵਾਈ ਕਰਨ ਦਾ ਕੰਮ ਸੌਂਪਿਆ ਗਿਆ ਸੀ।

# ਸਤਨਾਜ਼ਾ ਸਿਆਸਤ : ਭਾਜਪਾਈਆਂ ਤੇ ਕਾਂਗਰਸੀਆਂ ਨੇ ਪਾਈਆਂ ਜੱਫੀਆਂ

**ਮੁੰਬਈ** : ਭਾਰਤ ਦੇ ਜਿਨ੍ਹਾਂ ਲੋਕਾਂ ਦੀ ਇਹ ਸੋਚ ਸੀ ਕਿ ਭਾਜਪਾ ਤੇ ਕਾਂਗਰਸ ਦਾ ਗੱਠਜੋੜ ਕਦੇ ਨਹੀਂ ਹੋ ਸਕਦਾ, ਗਲਤ ਸਾਬਤ ਹੋਏ ਹਨ। ਮਹਾਰਾਸ਼ਟਰ ਵਿੱਚ ਲੋਕਲ ਬਾਡੀਜ਼ ਚੋਣਾਂ ਤੋਂ ਬਾਅਦ ਅੰਬਰਨਾਥ ਮਿਊਂਸਪਲ ਕੌਂਸਲ ਦੀ ਪ੍ਰਧਾਨਗੀ 'ਤੇ ਕਬਜ਼ੇ ਲਈ ਭਾਜਪਾਈਆਂ ਤੇ ਕਾਂਗਰਸੀਆਂ ਨੇ ਗੱਠਜੋੜ ਕਰ ਲਿਆ ਹੈ। ਇਸ ਘਟਨਾਕ੍ਰਮ ਤੋਂ ਬਾਅਦ ਸਿਆਸੀ ਹਲਕੇ ਹੈਰਾਨ ਹਨ ਤੇ ਸੋਸ਼ਲ ਮੀਡੀਆ 'ਤੇ ਤਰ੍ਹਾਂ-ਤਰ੍ਹਾਂ ਦੀ ਪ੍ਰਤੀਕਿਰਿਆ ਹੋ ਰਹੀ ਹੈ। ਹਾਲਾਂਕਿ ਕਿਹਾ ਇਹ ਜਾ ਰਿਹਾ ਹੈ ਕਿ ਇਹ ਕੌਤਕ ਸਥਾਨਕ ਆਗੂਆਂ ਨੇ ਉਪਰਲੀ ਲੀਡਰਸ਼ਿਪ ਤੋਂ ਪੁੱਛੇ ਬਿਨਾਂ ਕੀਤਾ ਹੈ।

ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਅਜਿਹਾ ਗੱਠਜੋੜ ਕਰਨ ਵਾਲੇ ਭਾਜਪਾਈਆਂ ਖਿਲਾਫ ਸਖਤ ਕਾਰਵਾਈ ਦੀ ਧਮਕੀ ਦਿੱਤੀ ਹੈ, ਜਦਕਿ ਕਾਂਗਰਸ ਨੇ ਆਪਣੇ ਨਵੇਂ ਚੁਣੇ 12 ਕੌਂਸਲਰ ਮੁਅੱਤਲ ਕਰ ਦਿੱਤੇ ਹਨ।

ਭਾਜਪਾ ਆਗੂਆਂ ਨੇ ਕਾਂਗਰਸ ਅਤੇ ਅਜੀਤ ਪਵਾਰ ਦੀ ਹੁਕਮਰਾਨ ਨੈਸ਼ਨਲਿਸਟ ਕਾਂਗਰਸ ਪਾਰਟੀ (ਐੱਨ ਸੀ ਪੀ) ਨਾਲ ਗੱਠਜੋੜ ਕਰਕੇ ਅੰਬਰਨਾਥ ਵਿਕਾਸ ਅਘਾੜੀ ਬਣਾ ਕੇ ਅੰਬਰਨਾਥ ਮਿਊਂਸਪਲ ਕੌਂਸਲ 'ਤੇ ਕਬਜ਼ਾ ਕੀਤਾ ਹੈ। ਇਸੇ ਤਰ੍ਹਾਂ ਅਸਦ-ਉਦ-ਦੀਨ ਓਵੈਸੀ ਦੀ ਆਲ ਇੰਡੀਆ ਮਜਲਿਸੇ ਇਤਿਹਾਦ-ਉਲ-ਮੁਸਲਮੀਨ (ਏ ਆਈ ਐੱਮ ਆਈ ਐੱਮ) ਨਾਲ ਮਿਲ ਕੇ ਅਕੋਲਾ ਜ਼ਿਲ੍ਹੇ ਦੀ ਅਕੋਟ ਮਿਊਂਸਪਲ ਕੌਂਸਲ 'ਤੇ ਕਬਜ਼ਾ ਕੀਤਾ ਹੈ।

ਇਸ ਘਟਨਾਕ੍ਰਮ ਨੇ ਭਾਜਪਾ, ਐੱਨ ਸੀ ਪੀ ਤੇ ਏਕਨਾਥ ਸ਼ਿੰਦੇ ਦੀ ਸ਼ਿਵ ਸੈਨਾ ਦੇ ਹੁਕਮਰਾਨ ਗੱਠਜੋੜ ਦੀ ਹਾਸੋਹੀਣੀ ਸਥਿਤੀ ਬਣਾ ਦਿੱਤੀ ਹੈ। 60 ਮੈਂਬਰੀ ਅੰਬਰਨਾਥ ਵਿਖੇ ਸ਼ਿੰਦੇ ਦੀ ਸ਼ਿਵ ਸੈਨਾ 27 ਸੀਟਾਂ ਜਿੱਤ ਕੇ ਸਭ ਤੋਂ ਵੱਡੀ ਪਾਰਟੀ ਵਜੋਂ ਉਭਰੀ, ਪਰ ਬਹੁਮਤ ਤੋਂ ਚਾਰ ਸੀਟਾਂ ਪਿੱਛੇ ਰਹਿ ਗਈ। ਭਾਜਪਾ ਨੇ 14 ਸੀਟਾਂ, ਕਾਂਗਰਸ ਨੇ 12 ਸੀਟਾਂ, ਐੱਨ ਸੀ ਪੀ ਨੇ 4 ਸੀਟਾਂ ਜਿੱਤੀਆਂ ਤੇ 2 ਆਜ਼ਾਦ ਜਿੱਤੇ। ਇਨ੍ਹਾਂ ਗੱਠਜੋੜ ਬਣਾ ਕੇ 31 ਸੀਟਾਂ ਨਾਲ ਬਹੁਮਤ ਬਣਾ ਲਿਆ। ਇੱਥੇ ਭਾਜਪਾ ਦੀ ਕੌਂਸਲਰ ਤੇਜਾਸ਼੍ਰੀ ਕਰਨਜੁਲੇ ਪਾਟਿਲ ਸ਼ਿਵ ਸੈਨਾ ਦੀ ਮਨੀਸ਼ਾ ਵਾਲੇਕਰ ਨੂੰ ਹਰਾ ਕੇ ਪ੍ਰਧਾਨ ਚੁਣੀ ਗਈ। ਭਾਜਪਾ ਕੌਂਸਲਰ ਅਭਿਜੀਤ ਕਰਨਜੁਲੇ ਪਾਟਿਲ ਨੇ ਕਿਹਾ ਕਿ ਅੰਬਰਨਾਥ ਨੂੰ ਸ਼ਿਵ ਸੈਨਾ ਦੀ ਕੁਰੱਪਸ਼ਨ ਤੋਂ ਬਚਾਉਣ ਲਈ ਗੱਠਜੋੜ ਕੀਤਾ ਗਿਆ ਹੈ।

ਸ਼ਿਵ ਸੈਨਾ (ਯੂ ਬੀ ਟੀ) ਦੇ ਆਗੂ ਸੰਜੇ ਰਾਊਤ ਨੇ ਕਿਹਾ ਕਿ ਇਹ ਅਸਲ ਵਿੱਚ ਭਾਜਪਾ ਦੀ ਮੌਕਾਪ੍ਰਸਤੀ ਹੈ। ਉਹ ਸੱਤਾ 'ਤੇ ਕਬਜ਼ੇ ਲਈ ਕਿਸੇ ਨਾਲ ਵੀ ਆੜੀ ਪਾਉਣ ਨੂੰ ਤਿਆਰ ਰਹਿੰਦੀ ਹੈ। ਸ਼ਿਵ ਸੈਨਾ ਦੇ ਵਿਧਾਇਕ ਡਾ. ਬਾਲਾਜੀ ਕਿਨੀਕਰ ਨੇ ਕਿਹਾ ਕਿ ਭਾਜਪਾ ਨੇ ਕੁਲੀਸ਼ਨ ਧਰਮ ਨਾਲ ਧੋਖਾ ਕੀਤਾ ਹੈ ਅਤੇ ਇਹ ਕਾਰਵਾਈ ਭਾਜਪਾ ਦੇ ਕੌਮੀ ਨਾਅਰੇ 'ਕਾਂਗਰਸ-ਮੁਕਤ ਭਾਰਤ' ਦੇ ਉਲਟ ਹੈ।

35 ਮੈਂਬਰੀ ਅਕੋਟ ਮਿਉਂਸਪਲ ਕੌਂਸਲ ਵਿੱਚ ਭਾਜਪਾ ਨੇ ਏ ਆਈ ਐੱਮ ਆਈ ਐੱਮ ਤੇ ਹੋਰ ਕਈ ਪਾਰਟੀਆਂ ਦਾ ਅਕੋਟ ਵਿਕਾਸ ਮੰਚ ਬਣਾ ਕੇ ਭਾਜਪਾਈ ਮਾਯਾ

• ਬਾਕੀ ਸਫਾ 2 'ਤੇ

# ਜਥੇਦਾਰ ਗੜਗੱਜ ਸਮੁੱਚੇ ਪੰਥ ਦੇ ਜਥੇਦਾਰ ਦੀ ਭੂਮਿਕਾ ਨਿਭਾਉਣ : ਸੰਧਵਾਂ

**ਬਠਿੰਡਾ** : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ੍ਰੀ ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਬੇਨਤੀ ਕੀਤੀ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਆਪਣੇ ਗੁਨਾਹ ਕਬੂਲ ਕਰਨ ਵਾਲੇ ਲੋਕਾਂ ਦੇ ਬੁਲਾਰੇ ਬਣਨ ਦੀ ਥਾਂ, ਉਹ ਸਮੁੱਚੇ ਪੰਥ ਦੇ ਜਥੇਦਾਰ ਦੀ ਭੂਮਿਕਾ ਨਿਭਾਉਣ।

ਆਪਣੇ ਫੇਸਬੁਕ ਪੇਜ 'ਤੇ ਸੰਧਵਾਂ ਨੇ ਲਿਖਿਆ ਹੈ, 'ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਸਾਹਿਬ ਦੀ ਪਦਵੀ ਬੇਹੱਦ ਉੱਚੀ ਅਤੇ ਸਤਿਕਾਰਯੋਗ ਹੈ, ਪਰ ਐੱਸ ਜੀ ਪੀ ਸੀ 'ਤੇ ਕਾਬਜ਼ ਪਰਵਾਰ ਵੱਲੋਂ ਇਸ ਮਹਾਨ ਪਦਵੀ ਨੂੰ ਆਪਣੇ ਸਿਆਸੀ ਮੁਫ਼ਾਦਾਂ ਲਈ ਵਰਤਣ ਕਾਰਨ ਇਸ ਦੀ ਮਾਣ-ਮਰਿਆਦਾ ਨੂੰ ਭਾਰੀ ਠੇਸ ਪਹੁੰਚੀ ਹੈ। ਸਤਿਕਾਰਯੋਗ ਗੜਗੱਜ ਸਾਹਿਬ ਨੂੰ ਬੇਨਤੀ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਆਪਣੇ ਗੁਨਾਹ ਕਬੂਲ ਕਰਨ ਵਾਲੇ ਲੋਕਾਂ ਦੇ ਬੁਲਾਰੇ ਬਣਨ ਦੀ ਥਾਂ ਸਮੁੱਚੇ ਪੰਥ ਦੇ ਜਥੇਦਾਰ ਦੀ ਭੂਮਿਕਾ ਨਿਭਾਉਣ। ਖਾਸ ਕਰਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਨਾਲ ਜੁੜੇ ਮਸਲੇ ਵਿੱਚ ਦੋਸ਼ੀਆਂ ਖਿਲਾਫ ਨਾ ਸਿਰਫ ਕਾਨੂੰਨੀ ਕਾਰਵਾਈ ਵਿੱਚ ਸਹਿਯੋਗ ਕੀਤਾ ਜਾਵੇ, ਸਗੋਂ ਪੰਥਕ ਰਹੁ-ਰੀਤਾਂ ਅਨੁਸਾਰ ਵੀ ਸਖਤ ਐਕਸ਼ਨ ਲਿਆ ਜਾਵੇ। ਜਥੇਦਾਰ ਸਾਹਿਬ ਲਈ ਇਸ ਮੌਕੇ ਜਥੇਦਾਰ ਫੂਲਾ ਸਿੰਘ ਜੀ ਦੀ ਨਿਡਰ ਅਤੇ ਇਨਸਾਫਪਸੰਦ ਭੂਮਿਕਾ ਨੂੰ ਯਾਦ ਕਰਨਾ ਸਮੇਂ ਦੀ ਲੋੜ ਹੈ।' ਜ਼ਿਕਰਯੋਗ ਹੈ ਕਿ ਸੰਧਵਾਂ ਦੀ ਇਹ ਟਿੱਪਣੀ ਸ੍ਰੀ ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਨ ਦੇ ਦੋਸ਼ ਹੇਠ 15 ਜਨਵਰੀ ਨੂੰ ਅਕਾਲ ਤਖਤ ਸਕੱਤਰੇਤ 'ਚ ਤਲਬ ਕਰਨ ਤੋਂ ਬਾਅਦ ਆਈ ਹੈ।

ਸੰਧਵਾਂ ਨੇ 328 ਪਾਵਨ ਸਰੂਪਾਂ ਦੇ ਲਾਪਤਾ ਹੋਣ ਦੇ ਸੰਵੇਦਨਸ਼ੀਲ ਮਸਲੇ 'ਤੇ ਕਾਬਜ਼ ਧਿਰ ਨੂੰ ਘੇਰਦੀਆਂ ਕਿਹਾ ਕਿ ਇੱਕ ਪਾਸੇ ਕਾਬਜ਼ ਧਿਰ ਦਾਅਵਾ ਕਰ ਰਹੀ ਹੈ ਕਿ ਈਸ਼ਰ ਸਿੰਘ ਕਮੇਟੀ ਅਤੇ ਅੰਤ੍ਰਿੰਗ ਕਮੇਟੀ ਨੇ ਦੋਸ਼ੀਆਂ ਖ਼ਿਲਾਫ਼ ਸਪੱਸ਼ਟ ਕਾਰਵਾਈ ਦੀ ਸਿਫ਼ਾਰਸ਼ ਕੀਤੀ ਸੀ, ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਉਹ ਸਿਫ਼ਾਰਸ਼ਾਂ ਅੱਜ ਤੱਕ ਲਾਗੂ ਕਿਉਂ ਨਹੀਂ ਹੋਈਆਂ? ਕੀ ਇਹ ਮੰਨ ਲਿਆ ਜਾਵੇ ਕਿ ਕਾਰਵਾਈ ਨਾ ਕਰਨਾ ਹੀ ਦੋਸ਼ੀਆਂ ਨੂੰ ਸੁਰੱਖਿਅਤ ਰਸਤਾ ਦੇਣ ਦੀ ਸਿਆਸੀ ਸਾਜ਼ਿਸ਼ ਸੀ? ਸੰਧਵਾਂ ਨੇ ਤਿੱਖਾ

• ਬਾਕੀ ਸਫਾ 2 'ਤੇ

### ਇਕਜੁਟ ਹੋ ਕੇ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟੇਗਾ ਪੰਜਾਬ

# ਮਾਨ ਤੇ ਕੇਜਰੀਵਾਲ ਨੇ ਕੀਤੀ ਦੂਜੇ ਪੜਾਅ ਦੀ ਸ਼ੁਰੂਆਤ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**

ਪੰਜਾਬ ਵਿੱਚ ਨਸ਼ਿਆਂ ਵਿਰੁੱਧ ਜੰਗ ਹੋਰ ਤੇਜ਼ ਕਰਦਿਆਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਇੱਥੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਕੈਂਪਸ 'ਚ ਸੂਬੇ ਵਿੱਚ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ।'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ, 'ਯੁੱਧ ਨਸ਼ਿਆਂ ਵਿਰੁੱਧ ਦੇ ਪਹਿਲੇ ਪੜਾਅ ਦੀ ਸ਼ਾਨਦਾਰ ਸਫਲਤਾ ਤੋਂ ਬਾਅਦ, ਦੂਜਾ ਪੜਾਅ ਵੀਰਵਾਰ ਸ਼ੁਰੂ ਹੋ ਰਿਹਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਦਾ ਉਤਸ਼ਾਹ ਇਸ ਗੱਲ ਦਾ ਗਵਾਹ ਹੈ ਕਿ ਅਸੀਂ ਨਸ਼ਿਆਂ ਵਿਰੁੱਧ ਜੰਗ ਜਿੱਤਣ ਦੇ ਬਹੁਤ ਨੇੜੇ ਆ ਗਏ ਹਾਂ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨਸ਼ਿਆਂ ਦੇ ਵਪਾਰ ਨੂੰ ਸ਼ਹਿ ਦਿੱਤੀ ਸੀ ਪਰ ਅਸੀਂ ਇਸ 'ਤੇ ਸਖ਼ਤ ਕਾਰਵਾਈ ਕੀਤੀ ਹੈ।




## ਜੁੰਗਾ ਪੈਲੇਸ ਤਬਾਹ

**ਸ਼ਿਮਲਾ** : ਇੱਥੋਂ ਲਗਭਗ 26 ਕਿੱਲੋਮੀਟਰ ਦੂਰ ਸਥਿਤ ਇਤਿਹਾਸਕ ਜੁੰਗਾ ਪੈਲੇਸ ਬੁੱਧਵਾਰ ਨੂੰ ਭਿਆਨਕ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਪੂਰੀ ਤਰ੍ਹਾਂ ਤਬਾਹ ਹੋ ਗਿਆ। ਇਹ ਹਾਦਸਾ ਦੁਪਹਿਰ ਕਰੀਬ ਇੱਕ ਵਜੇ ਵਾਪਰਿਆ। ਅੱਗ ਨੇ ਤੇਜ਼ੀ ਨਾਲ ਪੂਰੀ ਇਮਾਰਤ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਜਾਨੀ ਨੁਕਸਾਨ ਤੋਂ ਬਚਾਅ ਰਿਹਾ।

## ਛੁੱਟੀਆਂ 13 ਤੱਕ ਵਧਾਈਆਂ

**ਚੰਡੀਗੜ੍ਹ** : ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਠੰਢ ਕਾਰਨ ਪੰਜਾਬ ਦੇ ਸਾਰੇ ਸਰਕਾਰੀ, ਏਡਿਡ, ਮਾਨਤਾ ਪ੍ਰਾਪਤ ਅਤੇ ਨਿੱਜੀ ਸਕੂਲਾਂ ਵਿੱਚ ਸਰਦੀਆਂ ਦੀਆਂ ਛੁੱਟੀਆਂ 13 ਜਨਵਰੀ ਤੱਕ ਵਧਾ ਦਿੱਤੀਆਂ ਹਨ। ਇਸ ਤੋਂ ਪਹਿਲਾਂ ਛੁੱਟੀਆਂ 7 ਜਨਵਰੀ ਤੱਕ ਵਧਾਈਆਂ ਗਈਆਂ ਸਨ।

## ਗਾਇਕ ਖਿਲਾਫ ਐੱਫ ਆਈ ਆਰ



**ਅੰਮ੍ਰਿਤਸਰ** : ਦਿਹਾਤੀ ਪੁਲਸ ਨੇ ਪੰਜਾਬੀ ਗਾਇਕ ਰਮਨਦੀਪ ਸਿੰਘ, ਜੋ ਕਿ ਰੰਮੀ ਰੰਧਾਵਾ ਦੇ ਨਾਂਅ ਨਾਲ ਮਸ਼ਹੂਰ ਹੈ, ਵਿਰੁੱਧ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਕਥਿਤ ਤੌਰ 'ਤੇ ਹਥਿਆਰਾਂ ਦੀ ਪ੍ਰਦਰਸ਼ਨੀ ਕਰਨ ਦੇ ਦੋਸ਼ ਵਿੱਚ ਕੇਸ ਦਰਜ ਕੀਤਾ ਹੈ। ਏ ਐੱਸ ਆਈ ਕੰਵਲਜੀਤ ਸਿੰਘ ਨੇ ਦੱਸਿਆ ਕਿ ਸਮੱਗਰੀ ਦੀ ਪੁਸ਼ਟੀ ਕਰਨ ਤੋਂ ਬਾਅਦ ਅਜਨਾਲਾ ਪੁਲਸ ਨੇ ਉਸ ਦੇ ਵਿਰੁੱਧ ਭਾਰਤੀ ਨਿਆਂ ਸੰਹਿਤਾ ਦੀ ਧਾਰਾ 223 ਅਤੇ ਅਸਲਾ ਐਕਟ ਦੀਆਂ ਸੰਬੰਧਤ ਧਾਰਾਵਾਂ ਤਹਿਤ ਐੱਫ ਆਈ ਆਰ ਦਰਜ ਕੀਤੀ ਹੈ।

## ਫਰਕ ਸਮਝੋ ਸਰ ਜੀ : ਰਾਹੁਲ

**ਨਵੀਂ ਦਿੱਲੀ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਟੈਰਿਫ (ਟੈਕਸ) ਬਾਰੇ ਕੀਤੀਆਂ ਤਾਜ਼ਾ ਟਿੱਪਣੀਆਂ ਤੋਂ ਬਾਅਦ ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਬੁੱਧਵਾਰ ਇੱਕ ਪੁਰਾਣੀ ਵੀਡੀਓ ਸਾਂਝੀ ਕਰਦਿਆਂ ਦੱਸਿਆ ਹੈ ਕਿ ਕਿਵੇਂ 1971 ਵਿੱਚ ਤੱਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਅਮਰੀਕਾ ਦੇ ਦਬਾਅ ਦਾ ਡਟ ਕੇ ਸਾਹਮਣਾ ਕੀਤਾ ਸੀ। ਟਰੰਪ ਨੇ ਮੰਗਲਵਾਰ ਕਿਹਾ ਸੀ ਕਿ ਪ੍ਰਧਾਨ ਮੰਤਰੀ ਮੋਦੀ ਉਨ੍ਹਾ ਤੋਂ ਬਹੁਤ ਖੁਸ਼ ਨਹੀਂ ਹਨ, ਕਿਉਂਕਿ ਵਾਸ਼ਿੰਗਟਨ ਨੇ ਰੂਸੀ ਤੇਲ ਦੀ ਖਰੀਦ ਕਾਰਨ ਭਾਰਤ 'ਤੇ ਭਾਰੀ ਟੈਰਿਫ ਲਗਾਏ ਹਨ। ਟਰੰਪ ਨੇ ਇਹ ਦਾਅਵਾ ਵੀ ਕੀਤਾ ਕਿ ਮੋਦੀ ਨੇ ਉਨ੍ਹਾ ਨੂੰ ਮਿਲਣ ਦੀ ਬੇਨਤੀ ਕੀਤੀ ਸੀ। ਰਾਹੁਲ ਗਾਂਧੀ ਨੇ ਐੱਕਸ 'ਤੇ ਲਿਖਿਆ, 'ਫਰਕ ਸਮਝੋ, ਸਰ ਜੀ!'

# ਪਾਵਰਕਾਮ ਵਿਰੋਧੀ ਨੀਤੀ ਖਿਲਾਫ਼ ਲੜੀਵਾਰ ਭੁੱਖ ਹੜਤਾਲ ਜਾਰੀ




**ਪਟਿਆਲਾ** : ਪੰਜਾਬ ਸਰਕਾਰ ਤੇ ਪਾਵਰ ਮੈਨੇਜਮੈਂਟ ਦੀਆਂ ਅਦਾਰੇ ਦੀਆਂ ਜਾਇਦਾਦਾਂ ਵੇਚਣ ਦੀ ਲੋਕ ਵਿਰੋਧੀ ਨੀਤੀ ਖਿਲਾਫ਼ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਸਾਂਝੇ ਸੱਦੇ 'ਤੇ ਅਦਾਰੇ ਦੇ ਮੁੱਖ ਦਫ਼ਤਰ ਸਾਹਮਣੇ ਸ਼ੁਰੂ ਕੀਤੀ ਲੜੀਵਾਰ ਭੁੱਖ ਹੜਤਾਲ ਦੇ ਸੱਤਵੇਂ ਦਿਨ ਬੁੱਧਵਾਰ 11 ਆਗੂਆਂ ਨੇ 24 ਘੰਟੇ ਲਈ ਭੁੱਖ ਹੜਤਾਲ ਰੱਖ ਕੇ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦੀਆਂ ਅਦਾਰੇ ਨੂੰ ਨਿੱਜੀ ਹੱਥਾਂ ਵਿੱਚ ਦੇਣ ਵਾਲੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਸਰਕਾਰ ਅਤੇ ਮੈਨੇਜਮੈਂਟ ਦਾ ਜ਼ੋਰਦਾਰ ਪਿੱਟ-ਸਿਆਪਾ ਕਰਦੇ ਹੋਏ ਇਸ ਨੀਤੀ ਨੂੰ ਲੋਕਾਂ ਨਾਲ ਧੋਖਾ ਕਰਾਰ ਦਿੱਤਾ।ਭੁੱਖ ਹੜਤਾਲ ਕੈਂਪ ਵਿੱਚ ਇਕੱਤਰ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਜਥੇਬੰਦੀਆਂ ਦੇ ਸੂਬਾ ਪੱਧਰੀ ਆਗੂਆਂ ਹਰਪਾਲ ਸਿੰਘ, ਕੁਲਵਿੰਦਰ ਸਿੰਘ ਢਿੱਲੋਂ, ਬਲਦੇਵ ਸਿੰਘ ਮੰਡਾਲੀ, ਬਲਜੀਤ ਸਿੰਘ ਮੋਦਲਾ, ਬੀ ਐੱਸ ਸੇਖੋਂ, ਇੰਜ. ਹਰਮਨਦੀਪ, ਇੰਜ. ਜਗਦੀਪ ਸਿੰਘ ਗੁੱਜਰਾਂ,

• ਬਾਕੀ ਸਫਾ 2 'ਤੇ

# ਅਮਰਜੀਤ ਕਾਉਂਕੇ, ਸੱਤਪਾਲ ਭੀਖੀ ਤੇ ਚਿੱਟਾ ਸਿੱਧੂ ਦਾ ਦੇਸ਼ ਭਗਤ ਯਾਦਗਾਰ ਹਾਲ ਵੱਲੋਂ ਸਨਮਾਨ



**ਜਲੰਧਰ** : ਸਾਹਿਤਕ ਖੇਤਰ ਦੀ ਮਕਬੂਲ ਪੱਤ੍ਰਿਕਾ 'ਪ੍ਰਤੀਮਾਨ' ਦੇ ਸੰਪਾਦਕ, ਪੰਜਾਬੀ ਕਾਵਿ ਜਗਤ ਦੇ ਬੇਹੱਦ ਸੰਵੇਦਨਸ਼ੀਲ ਸ਼ਾਇਰ, ਨਿਰਵਾਣ ਦੀ ਤਲਾਸ਼ 'ਚ, ਦਵੰਦ ਕਥਾ, ਯਕੀਨ, ਸ਼ਬਦ ਰਹਿਣਗੇ ਕੋਲ਼, ਸਿਮਰਤੀਆਂ ਦੀ ਲਾਲਟੈਨ ਅਤੇ ਪਿਆਸ ਉਪਰੰਤ ਅੱਜਕੱਲ੍ਹ ਜਿਨ੍ਹਾਂ ਦੀ ਨਵੀਂ ਕਾਵਿ-ਪੁਸਤਕ 'ਇਸ ਧਰਤੀ 'ਤੇ ਰਹਿੰਦਿਆਂ' ਚਰਚਾ ਵਿੱਚ ਹੈ ਉਹ ਅਤੇ ਦੇਸ਼ ਭਗਤ ਯਾਦਗਾਰ ਹਾਲ ਪਰਵਾਰ ਨਾਲ ਦਹਾਕਿਆਂ ਤੋਂ ਜੁੜੇ, ਮਿੱਟੀ ਨਾਲ ਜੁੜੇ, ਤਾਸਮਾਨ ਦੇ ਸੰਪਾਦਕ ਜਿਨ੍ਹਾਂ ਦੀ ਗ਼ਦਰੀ ਬਾਬਿਆਂ ਦੇ ਮੇਲੇ 'ਤੇ ਲੋਕ ਅਰਪਣ ਹੋਈ ਬਹੁ-ਚਰਚਿਤ ਕਾਵਿ ਪੁਸਤਕ 'ਕਵਿਤਾ ਕੀ ਤੇਰੀ ਕੀ ਮੇਰੀ' ਦੇ ਜਾਣੇ-ਪਛਾਣੇ ਕਵੀ ਸੱਤਪਾਲ ਭੀਖੀ

• ਬਾਕੀ ਸਫਾ 2 'ਤੇ

# ਅੱਜ-ਨਾਮਾ

ਪ੍ਰਦੂਸ਼ਣ ਮੁੱਦੇ ਦੀ ਫੇਰ ਆ ਖਬਰ ਆਈ,
ਵੱਡੀ ਅਦਾਲਤ ਸੁਣਵਾਈ ਹੈ ਕਰੀ ਬੇਲੀ।
ਜਿਹੜਾ ਭੁਗਤਦੀ ਪਈ ਹੈ ਕਹਿਰ ਦਿੱਲੀ,
ਓਸ ਦੀ ਪੀੜ ਫਿਰ ਹੋਈ ਹੈ ਹਰੀ ਬੇਲੀ।
ਦੇਂਦਾ ਲੱਖ ਸਫਾਈਆਂ ਕੋਈ ਰਹੇ ਬੇਸ਼ੱਕ,
ਹੋਊ ਸਰਕਾਰ ਨਹੀਂ ਏਸ ਤੋਂ ਬਰੀ ਬੇਲੀ।
ਅਦਾਲਤ ਕਰੀ ਸੁਣਵਾਈ ਤੇ ਪਤਾ ਲੱਗਾ,
ਕੀਹਦੀ ਗਲਤੀ ਤੇ ਕਿਨ੍ਹਾਂ ਨੇ ਭਰੀ ਬੇਲੀ।
ਜਿਹੜੀ ਗੱਲ ਪੰਜਾਬ ਰਿਹਾ ਸਾਫ ਕਹਿੰਦਾ,
ਮੁੱਦਾ ਪਰਾਲੀ ਤਾਂ ਵਾਧੂ ਜਿਹੀ ਗੱਲ ਬੇਲੀ।
ਸਾਰਾ ਨੁਕਸ ਜੇ ਦਿੱਲੀ ਦੇ ਵਿੱਚ ਛਿਪਿਆ,
ਭਾਲਣਾ ਓਸੇ ਲਈ ਪਊ ਕੋਈ ਹੱਲ ਬੇਲੀ।

-ਤੀਸ ਮਾਰ ਖਾਂ

# ਭਾਜਪਾ ਆਗੂ ਖਿਲਾਫ ਪੋਸਟਾਂ ਹਟਾਉਣ ਦਾ ਹੁਕਮ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਬੁੱਧਵਾਰ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ 24 ਘੰਟਿਆਂ ਦੇ ਅੰਦਰ ਉਹ ਸਾਰੀਆਂ ਸੋਸ਼ਲ ਮੀਡੀਆ ਪੋਸਟਾਂ ਹਟਾਉਣ ਦਾ ਨਿਰਦੇਸ਼ ਦਿੱਤਾ ਹੈ, ਜਿਨ੍ਹਾਂ ਵਿੱਚ ਭਾਜਪਾ ਨੇਤਾ ਦੁਸ਼ਯੰਤ ਕੁਮਾਰ ਗੌਤਮ ਨੂੰ 2022 ਦੇ ਅੰਕਿਤਾ ਭੰਡਾਰੀ ਕਤਲ ਕੇਸ ਨਾਲ ਜੋੜਿਆ ਗਿਆ ਹੈ।

ਗੌਤਮ ਵੱਲੋਂ ਦਾਇਰ ਮਾਣਹਾਨੀ ਦੇ ਮੁਕੱਦਮੇ 'ਤੇ ਅੰਤਰਮ ਹੁਕਮ ਸੁਣਾਉਂਦੇ ਹੋਏ ਜਸਟਿਸ ਮਿੰਨੀ ਪੁਸ਼ਕਰਨਾ ਨੇ ਦੋਵਾਂ ਸਿਆਸੀ ਪਾਰਟੀਆਂ ਨੂੰ ਭਾਜਪਾ ਦੇ ਰਾਸ਼ਟਰੀ ਸਕੱਤਰ ਨੂੰ ਇਸ ਕਤਲ ਕੇਸ ਵਿੱਚ ਕਥਿਤ ਵੀ ਆਈ ਪੀ ਵਜੋਂ ਨਿਸ਼ਾਨਾ ਬਣਾਉਣ ਵਾਲੀ ਕੋਈ ਵੀ ਸਮੱਗਰੀ ਪੋਸਟ ਕਰਨ ਤੋਂ ਵੀ ਰੋਕ ਦਿੱਤਾ ਹੈ। ਅਦਾਲਤ ਨੇ ਇਹ ਹੁਕਮ ਉਰਮਿਲਾ ਸਨਾਵਰ ਅਤੇ ਉੱਤਰਾਖੰਡ ਪ੍ਰਦੇਸ਼ ਕਾਂਗਰਸ ਕਮੇਟੀ ਸਮੇਤ ਹੋਰ ਵਿਅਕਤੀਆਂ ਅਤੇ ਸੰਸਥਾਵਾਂ ਵਿਰੁੱਧ ਵੀ ਜਾਰੀ ਕੀਤੇ ਹਨ। ਜਸਟਿਸ ਪੁਸ਼ਕਰਨਾ ਨੇ ਕਿਹਾ ਕਿ ਗੌਤਮ ਨੇ ਆਪਣੇ ਪੱਖ ਵਿੱਚ ਇੱਕ ਮਜ਼ਬੂਤ ਕੇਸ ਪੇਸ਼ ਕੀਤਾ ਹੈ ਅਤੇ ਜੇ ਇਸ ਮਾਣਹਾਨੀ ਵਾਲੀ ਸਮੱਗਰੀ ਨੂੰ ਰੋਕਣ ਦਾ ਅੰਤਰਮ ਹੁਕਮ ਨਾ ਦਿੱਤਾ ਗਿਆ, ਤਾਂ ਉਨ੍ਹਾ ਨੂੰ ਨਾ ਪੂਰਾ ਹੋਣ ਵਾਲਾ ਨੁਕਸਾਨ ਹੋਵੇਗਾ। ਜੱਜ ਨੇ ਸਪੱਸ਼ਟ ਕੀਤਾ ਕਿ ਜੇ 24 ਘੰਟਿਆਂ ਵਿੱਚ ਸਮੱਗਰੀ ਨਾ ਹਟਾਈ ਗਈ, ਤਾਂ ਸੋਸ਼ਲ ਮੀਡੀਆ ਪਲੇਟਫਾਰਮ ਨਿਯਮਾਂ ਅਨੁਸਾਰ ਇਸ ਨੂੰ ਖੁਦ ਹਟਾ ਦੇਣਗੇ। 2022 ਵਿੱਚ ਪੌੜੀ ਜ਼ਿਲ੍ਹੇ ਦੇ ਵਨਾਂਤਰਾ ਰਿਜ਼ਾਰਟ ਵਿੱਚ ਰਿਸੈਪਸ਼ਨਿਸਟ 19 ਸਾਲਾ ਅੰਕਿਤਾ ਭੰਡਾਰੀ ਦਾ ਕਤਲ ਕਰ ਦਿੱਤਾ ਗਿਆ ਸੀ। ਹਾਲ ਹੀ ਵਿੱਚ ਸਾਬਕਾ ਵਿਧਾਇਕ ਸੁਰੇਸ਼ ਰਾਠੌਰ ਦੀ ਪਤਨੀ ਹੋਣ ਦਾ ਦਾਅਵਾ ਕਰਨ ਵਾਲੀ ਅਦਾਕਾਰਾ ਉਰਮਿਲਾ ਸਨਾਵਰ ਵੱਲੋਂ ਜਾਰੀ ਇੱਕ ਆਡੀਓ ਕਲਿੱਪ ਵਿੱਚ ਇੱਕ 'ਵੀ ਆਈ ਪੀ' ਦਾ ਜ਼ਿਕਰ ਕੀਤਾ ਗਿਆ ਸੀ, ਜਿਸ ਨੂੰ ਕਥਿਤ ਤੌਰ 'ਤੇ ਇਸ ਕੇਸ ਨਾਲ ਜੋੜਿਆ ਜਾ ਰਿਹਾ ਸੀ।




# ਮਨਰੇਗਾ ਖਤਮ ਕਰਨ ਵਿਰੁੱਧ ਤੇ ਹੱਕੀ ਮੰਗਾਂ ਸੰਬੰਧੀ ਡੀ ਸੀ ਦਫ਼ਤਰ ਅੱਗੇ ਮਜ਼ਦੂਰਾਂ ਨੇ ਦਿੱਤਾ ਧਰਨਾ



**ਬਠਿੰਡਾ (ਪਰਵਿੰਦਰਜੀਤ ਸਿੰਘ)** ਕੇਂਦਰ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਨ, ਕਿਰਤ ਕੋਡ ਲਾਗੂ ਕਰਨ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਤੇ ਪੈਨਸ਼ਨਾਂ ਦੀ ਰਾਸ਼ੀ 'ਚ ਵਾਧਾ ਕਰਨ ਵਰਗੀਆਂ ਚੋਣ ਗਰੰਟੀਆਂ ਲਾਗੂ ਨਾ ਕਰਨ ਵਿਰੁੱਧ ਸਾਂਝੇ ਮਜ਼ਦੂਰ ਮੋਰਚੇ ਦੇ ਸੱਦੇ ਤਹਿਤ ਬਠਿੰਡਾ ਡੀਸੀ ਦਫਤਰ ਅੱਗੇ ਮਜ਼ਦੂਰ ਜਥੇਬੰਦੀਆਂ ਨੇ ਧਰਨਾ ਲਾ ਕੇ ਤਿੱਖੇ ਰੋਹ ਦਾ ਪ੍ਰਗਟਾਵਾ ਕੀਤਾ। ਧਰਨੇ ਨੂੰ ਮਜ਼ਦੂਰ ਆਗੂ ਜੋਰਾ ਸਿੰਘ ਨਸਰਾਲੀ, ਮਨਦੀਪ ਸਿੰਘ ਸਿਬਿਆਂ, ਪ੍ਰਕਾਸ਼ ਸਿੰਘ ਨੰਦਗੜ੍ਹ, ਮਹੀਪਾਲ, ਮਿੱਠੂ ਸਿੰਘ ਘੁੱਦਾ, ਮੱਖਣ ਸਿੰਘ ਗੁਰੂਸਰ, ਅਮੀ ਲਾਲ, ਮੇਜਰ ਸਿੰਘ ਪੂਹਲਾ, ਕੁਲਵੰਤ ਸਿੰਘ ਸੇਲਬਰਾਹ, ਮਲਕੀਤ ਸਿੰਘ ਸੇਲਵਰਹਾ, ਨਛੱਤਰ ਸਿੰਘ ਰਾਮਨਗਰ, ਹਰਿੰਦਰ ਕੌਰ ਬਿੰਦੂ ਆਦਿ ਜ਼ਿਲ੍ਹਾ ਪੱਧਰੀ ਆਗੂਆਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਮਨਰੇਗਾ ਨੂੰ ਖਤਮ ਕਰਕੇ ਜੀ ਰਾਮ ਜੀ ਕਾਨੂੰਨ ਲਿਆਉਣ ਰਾਹੀਂ ਕਿਰਤੀਆਂ ਦੇ ਚੁੱਲ੍ਹੇ ਠੰਢੇ ਕਰਨ ਦੇ ਰਾਹ ਪੈ ਗਈ ਹੈ।ਉਨ੍ਹਾਂ ਆਖਿਆ ਕਿ ਮੋਦੀ ਸਰਕਾਰ ਬਿਜਲੀ ਖੇਤਰ ਦਾ ਮੁਕੰਮਲ ਨਿੱਜੀਕਰਨ ਕਰਕੇ ਮਜ਼ਦੂਰਾਂ ਕਿਸਾਨਾਂ ਤੇ ਗਰੀਬ ਲੋਕਾਂ ਦੇ ਘਰਾਂ 'ਚ ਹਨੇਰਾ ਕਰਨ ਜਾ ਰਹੀ ਹੈ ਅਤੇ ਕਿਰਤ ਕਾਨੂੰਨਾਂ 'ਚ ਸੋਧਾਂ ਕਰਕੇ ਮਜ਼ਦੂਰ ਵਰਗ ਨੂੰ ਮਿਲਦੀ ਨਾਮਾਤਰ ਸੁਰੱਖਿਆ ਦਾ ਭੋਗ ਪਾਉਣ ਵਰਗੀਆਂ ਨੀਤੀਆਂ ਲਾਗੂ ਕਰ ਰਹੀ ਹੈ। ਉਨ੍ਹਾਂ ਭਗਵੰਤ ਮਾਨ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕਰਦਿਆਂ ਕਿਹਾ ਕਿ 'ਆਪ' ਸਰਕਾਰ ਚੋਣ ਗਰੰਟੀਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਤੇ ਪੈਨਸ਼ਨਾਂ ਦੀ ਰਾਸ਼ੀ ਵਧਾਉਣ ਤੋਂ ਇਲਾਵਾ ਲਾਲ ਲਕੀਰ ਅੰਦਰਲੇ ਘਰਾਂ ਦੇ ਮਾਲਕੀ ਹੱਕ ਦੇਣ, ਪੰਚਾਇਤੀ ਜ਼ਮੀਨਾਂ 'ਚੋਂ ਐਸ.ਸੀ ਪਰਵਾਰਾਂ ਨੂੰ ਤੀਜੇ ਹਿੱਸੇ ਦੀ ਜ਼ਮੀਨ ਸਸਤੇ ਭਾਅ ਠੇਕੇ ਤੇ ਦੇਣ ਤੇ ਹੜ੍ਹਾਂ ਕਾਰਨ ਮਜ਼ਦੂਰਾਂ ਕਿਸਾਨਾਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨ ਤੋਂ ਭੱਜ ਚੁੱਕੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵਾਂਗ ਹੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਨਿੱਜੀਕਰਨ ਦੀਆਂ ਨੀਤੀਆਂ ਕਰ ਰਹੀ ਹੈ ਤੇ ਜਨਤਕ ਜਾਇਦਾਦਾਂ ਵੇਚਣ ਵਰਗੇ ਕਦਮ ਚੁੱਕਣ ਤੋਂ ਇਲਾਵਾ ਸੰਘਰਸ਼ ਕਰਦੇ ਮਜ਼ਦੂਰਾਂ ਕਿਸਾਨਾਂ, ਮੁਲਾਜ਼ਮਾਂ ਤੇ ਠੇਕਾ ਕਾਮਿਆਂ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ। ਜਥੇਬੰਦੀਆਂ ਵੱਲੋਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦੇਣ ਤੋਂ ਇਲਾਵਾ ਮਨਰੇਗਾ ਨੂੰ ਖਤਮ ਕਰਕੇ ਲਿਆਂਦੇ ਜੀ ਰਾਮ ਜੀ ਕਾਨੂੰਨ ਨੂੰ ਵਾਪਸ ਲੈਣ ਤੇ ਰੁਜ਼ਗਾਰ ਦੀ ਗਰੰਟੀ ਕਰਨ ਸਬੰਧੀ ਰਾਸ਼ਟਰਪਤੀ ਦੇ ਨਾਂਅ ਪੱਤਰ ਦਿੱਤਾ ਗਿਆ।ਧਰਨੇ 'ਚ ਹਾਜ਼ਰ ਜਥੇਬੰਦੀਆਂ ਨੇ ਮਜ਼ਦੂਰ ਆਗੂ ਆਗੂ ਮੁਕੇਸ਼ ਮਲੌਦ ਨੂੰ ਗ੍ਰਿਫ਼ਤਾਰ ਦੀ ਨਿੰਦਾ ਕਰਦਿਆਂ ਬਿਨਾਂ ਸ਼ਰਤ ਰਿਹਾਅ ਕਰਨ ਤੇ ਪੱਤਰਕਾਰਾਂ ਤੇ ਆਰ ਟੀ ਆਈ ਕਾਰਕੁੰਨਾ ਤੇ ਪਰਚੇ ਦਰਜ ਕਰਨ ਵਿਰੁੱਧ ਮਤੇ ਵੀ ਪਾਸ ਕੀਤੇ ਗਏ। ਆਗੂਆਂ ਨੇ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ 'ਚ ਪੰਜਾਬ ਦੀਆਂ ਸਮੂਹ ਜਨਤਕ ਜਥੇਬੰਦੀਆਂ ਵੱਲੋਂ ਨਿੱਜੀਕਰਨ ਦੀਆਂ ਨੀਤੀਆਂ ਤੇ ਮਨਰੇਗਾ ਨੂੰ ਖਤਮ ਕਰਨ ਵਿਰੁੱਧ 16 ਜਨਵਰੀ ਨੂੰ ਪੰਜਾਬ ਦੇ ਡੀਸੀ ਦਫਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ 'ਚ ਵੱਡੀ ਗਿਣਤੀ ਵਿੱਚ ਪਰਵਾਰਾਂ ਸਮੇਤ ਸ਼ਾਮਲ ਹੋਣ।

# ਛੀਨੀਵਾਲ ਕਲਾਂ 'ਚ ਦਿਨ-ਦਿਹਾੜੇ ਵਾਪਰੀਆਂ ਲੁੱਟ-ਖੋਹ ਦੀਆਂ ਦੋ ਘਟਨਾਵਾਂ, ਲੋਕਾਂ 'ਚ ਸਹਿਮ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਛੀਨੀਵਾਲ ਕਲਾਂ (ਬਰਨਾਲਾ) ਵਿਖੇ ਇਕੋ ਦਿਨ ਵਿਚ ਲੁੱਟ ਖੋਹ ਦੀਆਂ ਦਿਨ ਦਿਹਾੜੇ ਵਾਪਰੀਆਂ ਦੋ ਘਟਨਾਵਾਂ ਨੇ ਲੋਕਾਂ 'ਚ ਸਹਿਮ ਦਾ ਮਾਹੌਲ ਪੈਦਾ ਕਰ ਦਿਤਾ ਹੈ। ਪਹਿਲੀ ਘਟਨਾ 'ਚ ਸਵੇਰੇ 12 ਵਜੇ ਦੇ ਕਰੀਬ ਪਿੰਡ ਦੇ ਇਕ ਕਿਸਾਨ ਪਰਵਾਰ ਦੀ ਔਰਤ ਬੱਸ ਤੋਂ ਉਤਰ ਕੇ ਘਰ ਨੂੰ ਜਾਣ ਜਾ ਰਹੀ ਸੀ, ਤਾਂ ਦੋ ਨੌਜਵਾਨਾਂ ਨੇ ਝਪਟ ਮਾਰ ਕੇ ਉਸ ਦਾ ਪਰਸ ਖੋਹ ਲਿਆ।ਰੌਲਾ ਪੈ ਜਾਣ ਤੇ ਪਰਸ ਖੋਹ ਕੇ ਭੱਜਣ ਲੱਗੇ ਝਪਟ ਮਾਰਾਂ ਚੋਂ ਇੱਕ ਨੂੰ ਪਿੰਡ ਦੇ ਲੋਕਾਂ ਨੇ ਕਾਬੂ ਕਰ ਲਿਆ।ਦੂਜੀ ਘਟਨਾ ਪਿੰਡ ਤਾਜਪੁਰ ਤੋਂ ਛੀਨੀਵਾਲ ਕਲਾਂ ਵਿਖੇ ਆਪਣੀ ਬਿਮਾਰ ਭੂਆ ਦਾ ਪਤਾ ਲੈਣ ਆਈ ਸੰਦੀਪ ਕੌਰ ਪਤਨੀ ਕੁਲਵਿੰਦਰ ਸਿੰਘ ਵਾਸੀ ਤਾਜਪੁਰ (ਰਾਏਕੋਟ) ਨਾਲ ਦੁਪਹਿਰ ਢਾਈ ਵਜੇ ਦੇ ਕਰੀਬ ਵਾਪਰੀ, ਜਦੋਂ ਉਹ ਆਪਣੀ ਸੱਤਵੀਂ 'ਚ ਪੜ੍ਹਦੀ ਬੇਟੀ ਨਾਲ ਵਾਪਸ ਪਿੰਡ ਤਾਜਪੁਰ ਜਾਣ ਲਈ ਆਪਣੀ ਸਕੂਟਰੀ ਉਪਰ ਛੀਨੀਵਾਲ ਕਲਾਂ ਤੋਂ ਮਹਿਲ ਕਲਾਂ ਨੂੰ ਜਾਂਦੇ ਸਮੇਂ ਰਾਸਤੇ 'ਚ ਪੈਂਦੇ ਸ਼ਰਾਬ ਦੇ ਠੇਕੇ ਨੇੜੇ ਪਹੁੰਚੀ ਤਾਂ ਦੋ ਮੋਟਰਸਾਈਕਲ ਸਵਾਰ ਨੌਜਵਾਨ ਉਨ੍ਹਾਂ ਤੋਂ ਪਰਸ, ਮੋਬਾਈਲ ਫੋਨ ਖੋਹ ਕੇ ਭੱਜ ਗਏ। ਇਸ ਦੌਰਾਨ ਅਚਾਨਕ ਸਕੂਟਰੀ ਬੇਕਾਬੂ ਹੋ ਕੇ ਦਰੱਖਤ ਨਾਲ ਜ਼ੋਰਦਾਰ ਟਕਰਾਉਣ ਨਾਲ ਦੋਵਾਂ ਮਾਵਾਂ-ਧੀਆਂ ਦੇ ਗੰਭੀਰ ਸੱਟਾਂ ਲੱਗਣ ਤੋਂ ਇਲਾਵਾ ਸਕੂਟਰੀ ਵੀ ਬੁਰੀ ਤਰ੍ਹਾਂ ਚਕਨਾਚੂਰ ਹੋ ਗਈ। ਘਟਨਾ ਬਾਰੇ ਪਤਾ ਲੱਗਦਿਆਂ ਤੁਰੰਤ ਪਹੁੰਚੇ ਸੁਖਮਨੀ ਸੇਵਾ ਸੁਸਾਇਟੀ ਛੀਨੀਵਾਲ ਕਲਾਂ ਦੇ ਪ੍ਰਧਾਨ ਜਗਮੇਲ ਸਿੰਘ ਧਾਲੀਵਾਲ ਨੇ ਗੰਭੀਰ ਜ਼ਖ਼ਮੀ ਹਾਲਤ 'ਚ ਮਾਂ, ਧੀ ਦੋਵਾਂ ਨੂੰ ਐਂਬੂਲੈਂਸ ਰਾਹੀ ਇਲਾਜ ਲਈ ਸਿਵਲ ਹਸਪਤਾਲ ਰਾਏਕੋਟ ਭਰਤੀ ਕਰਾਇਆ ਗਿਆ।ਜਦੋਂ ਪੁਲਸ ਥਾਣਾ ਮਹਿਲ ਕਲਾਂ ਨਾਲ ਵਾਰ-ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਫੋਨ ਨਹੀ ਚੁੱਕਿਆ।

# ਨਾਇਬ ਸੈਣੀ 11 ਨੂੰ ਇਤਿਹਾਸਕ ਗੁਰਦੁਆਰਾ ਚਰਨ ਕੰਵਲ ਸਾਹਿਬ ਹੋਣਗੇ ਨਤਮਸਤਕ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ 11 ਜਨਵਰੀ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਨਤਮਸਤਕ ਹੋਣਗੇ। ਹਲਕਾ ਸਮਰਾਲਾ ਤੋਂ ਭਾਜਪਾ ਆਗੂ ਨਿਸ਼ੂ ਸ਼ਰਮਾ ਅਤੇ ਆਸ਼ੂ ਸ਼ਰਮਾ



ਵਿਸ਼ੇਸ਼ ਤੌਰ 'ਤੇ ਨਾਇਬ ਸਿੰਘ ਸੈਣੀ ਨੂੰ ਮਿਲਣ ਲਈ ਪੁੱਜੇ ਅਤੇ ਉਨ੍ਹਾਂ ਨੂੰ ਗੁਰੂ ਘਰ ਆਉਣ ਦਾ ਸੱਦਾ ਦਿੱਤਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਨ੍ਹਾਂ ਦਾ ਸੱਦਾ ਕਬੂਲਦਿਆਂ ਕਿਹਾ ਕਿ ਉਹ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਦਰਸ਼ਨਾਂ ਲਈ ਜ਼ਰੂਰ ਆਉਣਗੇ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨਗੇ। ਨਿਸ਼ੂ ਸ਼ਰਮਾ ਨੇ ਦੱਸਿਆ ਕਿ 11 ਜਨਵਰੀ ਨੂੰ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ੍ਰੀ ਸੈਣੀ ਸਮਰਾਲਾ ਵਿਖੇ ਰੱਖੀ ਭਾਜਪਾ ਦੀ ਰੈਲੀ ਨੂੰ ਸੰਬੋਧਨ ਕਰਨਗੇ।

## ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦਾ ਵਿਸਥਾਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਡਾ ਦਰਸ਼ਨਪਾਲ ਦੇ ਗਰੁੱਪ ਵੱਲੋਂ ਬਲਾਕ ਪੱਧਰੀ ਮੀਟਿੰਗ ਸੂਬੇਦਾਰ ਨਰਾਤਾ ਸਿੰਘ ਹਰਿਆਊ ਦੀ ਪ੍ਰਧਾਨਗੀ ਹੇਠ ਹੋਈ । ਜਾਣਕਾਰੀ ਦਿੰਦਿਆਂ ਪ੍ਰਧਾਨ ਸੁਖਦੇਵ ਸਿੰਘ ਨੇ ਦੱਸਿਆ ਕਿ ਮੀਟਿੰਗ ਵਿੱਚ ਜਿੱਥੇ ਮਹੀਨਾਵਾਰ ਮਸਲੇ ਵਿਚਾਰੇ ਗਏ ਉੱਥੇ ਹੀ ਜ਼ਿਲ੍ਹਾ ਪੱਧਰ 'ਤੇ ਹੋਣ ਵਾਲੇ ਸੰਘਰਸ਼ਾਂ ਦੀ ਰੂਪ ਰੇਖਾ ਬਾਰੇ ਵਿਚਾਰਾਂ ਕੀਤੀਆਂ ਗਈਆਂ । ਮੀਟਿੰਗ ਵਿੱਚ ਸ਼ੁਬੇਗ ਸਿੰਘ ਝੱਬਰ ਸ਼ੁਤਰਾਣਾਂ ਨੂੰ ਬਲਾਕ ਪ੍ਰਧਾਨ ਤੇ ਜਾਨਪਾਲ ਸਿੰਘ ਕੰਗਥਲਾ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ।

# ਕਿਸੇ ਕੀਮਤ 'ਤੇ ਮਨਰੇਗਾ ਸਕੀਮ ਬੰਦ ਨਹੀਂ ਹੋਣ ਦਿੱਤੀ ਜਾਵੇਗੀ : ਗਿੱਲ ਬੇਰ ਕਲਾਂ



**ਦੋਰਾਹਾ (ਹਰਮਿੰਦਰ ਸੇਠ)** ਪਿੰਡ ਬੇਰਕਲਾਂ ਵਿਖੇ 9 ਜਨਵਰੀ ਨੂੰ ਦਾਣਾ ਮੰਡੀ ਸਮਰਾਲਾ 'ਚ ਮਨਰੇਗਾ ਵਰਕਰਾਂ ਦੇ ਹੱਕ ਵਿੱਚ ਕੀਤੀ ਜਾ ਰਹੀ ਰੈਲੀ ਸਬੰਧੀ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਦੀ ਅਗਵਾਈ ਹੇਠ ਪਿੰਡ ਬੇਰਕਲਾਂ ਵਿਖੇ 9 ਜਨਵਰੀ ਨੂੰ ਦਾਣਾ ਮੰਡੀ ਸਮਰਾਲਾ ਵਿਖੇ ਮਨਰੇਗਾ ਵਰਕਰਾਂ ਦੇ ਹੱਕ ਵਿੱਚ ਕੀਤੀ ਜਾਣ ਵਾਲੀ ਰੈਲੀ ਸਬੰਧੀ ਮਨਰੇਗਾ ਵਰਕਰਾ ਨੂੰ ਵੱਡੀ ਗਿਣਤੀ ਵਿੱਚ ਲਿਜਾਣ ਲਈ ਵਿਚਾਰਾਂ ਕੀਤੀਆਂ ਗਈਆਂ। ਮਨਰੇਗਾ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਨ ਉਪਰੰਤ ਪ੍ਰਧਾਨ ਗਿੱਲ ਬੇਰਕਲਾਂ ਅਤੇ ਯੂਥ ਆਗੂ ਸੋਨੀ ਡਾਬਾ ਨੇ ਕਿਹਾ ਕਿ ਭਾਜਪਾ ਦੀ ਮੋਦੀ ਸਰਕਾਰ ਮਨਰੇਗਾ ਸਕੀਮ ਨੂੰ ਬੰਦ ਕਰਨ ਲਈ ਕਦੇ ਮਨਰੇਗਾ ਸਕੀਮ ਦਾ ਨਾ ਬਦਲ ਰਹੀ ਹੈ। ਕਦੇ ਮਨਰੇਗਾ ਵਰਕਰਾਂ ਨੂੰ ਮਿਲ ਰਿਹਾ 100 ਦਿਨ ਦਾ ਰੁਜ਼ਗਾਰ ਬੰਦ ਕਰਨ ਲਈ ਯਤਨ ਕਰ ਰਹੀ, ਪਰ ਕਾਂਗਰਸ ਪਾਰਟੀ ਦੀ ਸ਼ੁਰੂ ਕੀਤੀ ਮਨਰੇਗਾ ਸਕੀਮ ਨੂੰ ਕਾਂਗਰਸ ਕਦੇ ਵੀ ਬੰਦ ਨਹੀਂ ਹੋਣ ਦੇਵੇਗੀ। ਉਨ੍ਹਾਂ ਕਿਹਾ ਕਿ ਪਹਿਲਾ ਭਾਜਪਾ ਨੇ ਕਿਸਾਨ ਵਿਰੋਧੀ ਤਿੰਨ ਕਾਲੇ ਕਾਨੂੰਨ ਲੈ ਕੇ ਆਂਦੇ ਅਤੇ ਕਿਸਾਨ ਵਰਗ ਨੂੰ ਲੰਬਾ ਸਮਾ ਸੜਕਾਂ 'ਤੇ ਰੋਲਿਆ, ਉਹੀ ਕਾਨੂੰਨ ਹੁਣ ਭਾਜਪਾ ਇ ਕ ਵਾਰ ਫੇਰ ਮਨਰੇਗਾ ਵਰਕਰਾਂ ਦੇ ਖਿਲਾਫ ਲਿਆ ਰਹੀ ਹੈ।

# ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਸਿਹਤ ਅਤੇ ਰੁਜ਼ਗਾਰ ਲਈ ਅਹਿਮ ਉਪਰਾਲੇ : ਫੌਜਾ ਸਿੰਘ ਸਰਾਰੀ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀ ਰਹਿਨੁਮਾਈ ਹੇਠ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਔਰਤਾਂ ਲਈ ਸਿਹਤ ਅਤੇ ਰੋਜ਼ਗਾਰ ਸਬੰਧੀ ਬਲਾਕ ਪੱਧਰੀ ਕੈਂਪ ਐਚ.ਕੇ.ਐਲ. ਕਾਲਜ ਆਫ ਨਰਸਿੰਗ ਐਂਡ ਐਜੂਕੇਸ਼ਨ ਗੁਰੂਹਰਸਹਾਏ ਵਿਖੇ ਆਯੋਜਿਤ ਕੀਤਾ ਗਿਆ। ਇਸ ਕੈਂਪ ਵਿੱਚ ਵਿਧਾਇਕ ਗੁਰੂ ਹਰ ਸਹਾਏ ਫੌਜਾ ਸਿੰਘ ਸਰਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਆਪਣੇ ਸੰਬੋਧਨ ਵਿੱਚ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਔਰਤਾਂ ਦੀ ਭਲਾਈ ਲਈ ਵਚਨਬੱਧ ਹੈ।ਮਹਿਲਾਵਾਂ ਦੇ ਵੱਡੇ ਇਕੱਠ ਨੂੰ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਸਿਹਤ ਨੂੰ ਤੰਦਰੁਸਤ ਰੱਖਣ ਲਈ ਅਤੇ ਰੁਜ਼ਗਾਰ ਦੇ ਮੌਕੇ ਦੇਣ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸ ਤਰ੍ਹਾਂ ਦੇ ਕੈਂਪ ਲਗਾ ਕੇ ਔਰਤਾਂ ਨੂੰ ਸਿਹਤ ਅਤੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਜ਼ਿਲ੍ਹਾ ਪ੍ਰੋਗਰਾਮ ਅਫਸਰ ਮੈਡਮ ਰਿਚਕਾ ਨੰਦਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਿਹਤ ਜਾਂਚ ਕੈਂਪ ਲਗਾਇਆ ਗਿਆ ਜਿਸ ਵਿਚ 98 ਮਹਿਲਾਵਾਂ ਦੀ ਸਿਹਤ ਜਾਂਚ ਕੀਤੀ ਗਈ। ਇਸ ਤੋਂ ਬਿਨਾਂ ਵੱਖ ਵੱਖ ਸਵੈ ਸਹਾਇਤਾ ਸਮੂਹਾਂ ਵੱਲੋਂ ਆਪਣੇ ਸਮਾਨ ਦੀ ਵਿਕਰੀ ਲਈ ਸਟਾਲਾਂ ਲਗਾਈਆਂ ਗਈਆਂ ਸਨ। ਇਸ



ਦੌਰਾਨ ਸਕੂਲੀ ਵਿਦਿਆਰਥਣਾਂ ਤੇ ਬੱਚਿਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਜਿਵੇਂ ਲੋਕ ਗੀਤ, ਜਿਮਨਾਸਟਿਕ, ਗਿੱਧਾ ਆਦਿ ਦੀ ਵੀ ਪੇਸ਼ਕਾਰੀ ਕੀਤੀ ਗਈ। ਇਸ ਤੋਂ ਇਲਾਵਾ ਰੋਜ਼ਗਾਰ ਦਫ਼ਤਰ ਵਲੋਂ ਵਿਸ਼ੇਸ਼ ਤੌਰ 'ਤੇ ਕੰਪਨੀਆਂ ਨੂੰ ਬੁਲਾ ਕੇ ਲੜਕੀਆਂ ਨੂੰ ਰੋਜ਼ਗਾਰ ਦੇ ਮੌਕੇ ਪਦਾਨ ਕੀਤੇ ਅਤੇ ਮੌਕੇ ਤੇ 26 ਨਿਯੁਕਤੀ ਪੱਤਰ ਵੀ ਦਿੱਤੇ ਗਏ 11 ਬੁਢਾਪਾ ਅਤੇ ਵਿਧਵਾ ਔਰਤਾਂ ਨੂੰ ਮਨਜ਼ੂਰੀ ਪੱਤਰ ਦਿੱਤੇ ਗਏ।

# ਪੰਚਾਇਤ ਨੇ ਪ੍ਰੇਮੀ ਜੋੜਿਆਂ ਨੂੰ ਪਿੰਡੋਂ ਬਾਹਰ ਕੱਢਣ ਦਾ ਫਤਵਾ ਸੁਣਾਇਆ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਪਿੰਡ ਵਿਚ ਵਧ ਰਹੇ ਆਸ਼ਿਕੀ ਦੇ ਕਿੱਸਿਆਂ ਤੋਂ ਅੱਕ ਕੇ ਬਲਾਕ ਮਾਛੀਵਾੜਾ ਦੀ ਇੱਕ ਗ੍ਰਾਮ ਪੰਚਾਇਤ ਵਲੋਂ ਮਤਾ ਪਾਇਆ ਗਿਆ ਕਿ ਜੇਕਰ ਅੱਜ ਤੋਂ ਬਾਅਦ ਪਿੰਡ ਦਾ ਲੜਕਾ ਜਾਂ ਲੜਕੀ ਆਪਸ ਵਿਚ ਵਿਆਹ ਕਰਵਾਉਣਗੇ ਜਾਂ ਵਿਆਹਿਆ ਜੋੜਾ ਆਪਸ ਵਿਚ ਨਾਜਾਇਜ਼ ਸਬੰਧ ਰੱਖੇਗਾ ਤਾਂ ਉਸ ਨੂੰ ਪਿੰਡ 'ਚੋਂ ਬਾਹਰ ਕੱਢ ਦਿੱਤਾ ਜਾਵੇਗਾ। ਜਾਣਕਾਰੀ ਮੁਤਾਬਿਕ ਪਿਛਲੇ ਦਿਨੀਂ ਇੱਕ ਤਿੰਨ ਬੱਚਿਆਂ ਦਾ ਪਿਓ ਗੁਆਂਢ ਵਿਚ ਰਹਿੰਦੀ 2 ਬੱਚਿਆਂ ਦੀ ਮਾਂ ਨੂੰ ਲੈ ਕੇ ਭੱਜ ਗਿਆ ਸੀ ਜਿਸ ਕਾਰਨ ਪਿੰਡ ਵਿਚ ਇਸ ਗੱਲ ਨੂੰ ਲੈ ਕੇ ਨਾਮੋਸ਼ੀ ਫੈਲ ਗਈ। ਇਹ ਮਾਮਲਾ ਮਾਛੀਵਾੜਾ ਥਾਣਾ ਵਿਖੇ ਪੁੱਜਾ । ਫਿਲਹਾਲ ਸਹੁਰੇ ਪਰਿਵਾਰ ਵਲੋਂ ਆਪਣੀ ਨੂੰਹ ਨੂੰ ਘਰ ਵਿਚ ਰੱਖਣ ਤੋਂ ਕੋਰਾ ਇਨਕਾਰ ਕਰ ਦਿੱਤਾ ਗਿਆ ਜਿਸ ਕਾਰਨ ਪੁਲਸ ਨੇ ਇਸ ਲੜਕੀ ਨੂੰ ਮਾਪਿਆਂ ਨਾਲ ਤੋਰ ਦਿੱਤਾ। ਦੂਸਰੇ ਪਾਸੇ ਪਿੰਡ ਦੀ ਪੰਚਾਇਤ ਨੇ ਮਤਾ ਪਾਸ ਕਰ ਦਿੱਤਾ ਹੈ ਕਿ ਘਰੋਂ ਭੱਜੇ ਪ੍ਰੇਮੀ ਜੋੜੇ ਨੂੰ ਉਹ ਪਿੰਡ ਵਿਚ ਬਿਲਕੁਲ ਵੀ ਨਹੀਂ ਵੜਨ ਦੇਣਗੇ। ਪਿੰਡ ਦੀ ਪੰਚਾਇਤ ਨੇ ਇਹ ਵੀ ਮਤਾ ਪਾਸ ਕਰ ਦਿੱਤਾ ਕਿ ਜੇਕਰ ਕੋਈ ਪਿੰਡ ਦਾ ਵਿਅਕਤੀ ਪਿੰਡ ਦੇ ਪ੍ਰੇਮੀ ਜੋੜਿਆਂ ਦੀ ਮੱਦਦ ਕਰੇਗਾ ਤਾਂ ਉਸ ਦਾ ਵੀ ਮੁਕੰਮਲ ਬਾਈਕਾਟ ਕੀਤਾ ਜਾਵੇਗਾ।

## ਸ਼੍ਰੋਮਣੀ ਅਕਾਲੀ ਦਲ ਹੀ ਅਸਲ ਲੋਕ ਸੇਵਕ ਪਾਰਟੀ : ਡਾ. ਨਿਸ਼ਾਨ ਸਿੰਘ ਹਾਕਮਵਾਲਾ



**ਬੋਹਾ (ਨਿਰੰਜਣ ਬੋਹਾ)** ਸ਼੍ਰੋਮਣੀ ਅਕਾਲੀ ਦਲ ਹੀ ਅਸਲ ਲੋਕ ਸੇਵਕ ਪਾਰਟੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਬੱਛੋਆਣਾ ਦੇ ਜੇਤੂ ਉਮੀਦਵਾਰ ਕੁਲਜੀਤ ਕੌਰ ਕਲਾਣਾ ਦੇ ਧੰਨਵਾਦੀ ਦੌਰੇ ਦੌਰਾਨ ਪਿੰਡ ਰਾਮਗੜ੍ਹ ਦਰੀਆਪੁਰ ਵਿਖੇ ਹਲਕਾ ਇੰਚਾਰਜ ਡਾਕਟਰ ਨਿਸ਼ਾਨ ਸਿੰਘ ਨੇ ਕੀਤਾ।ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਆਉਣ 'ਤੇ ਵਿਕਾਸ ਲਹਿਰ ਮੁੜ ਤੋਂ ਸ਼ੁਰੂ ਕਰਾਂਗੇ। ਚੇਅਰਮੈਨ ਬੱਲਮ ਸਿੰਘ ਕਲੀਪੁਰ ਅਤੇ ਜਥੇਦਾਰ ਅਮਰਜੀਤ ਸਿੰਘ ਕੁਲਾਣਾ ਨੇ ਸੰਬੋਧਨ ਕਰਦਿਆਂ ਸੰਗਤ ਨੂੰ ਸ਼੍ਰੋਮਣੀ ਅਕਾਲੀ ਦਲ ਦੀ 14 ਜਨਵਰੀ ਦੀ ਮਾਘੀ ਕਾਨਫਰੰਸ 'ਤੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਪਿੰਡ ਦੀ ਸੰਗਤ ਵੱਲੋਂ ਅਕਾਲੀ ਨੇਤਾਵਾਂ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ।

## ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਨੂੰ ਕੀਤੀਆਂ ਕਿਤਾਬਾਂ ਭੇਟ

**ਭੀਖੀ (ਗੁਰਿੰਦਰ ਸਿੰਘ ਔਲਖ)** ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਨੂੰ ਪੰਜ ਸੌ ਤੋਂ ਜ਼ਿਆਦਾ ਕਿਤਾਬਾਂ ਭੇਟ ਕੀਤੀਆਂ ਗਈਆਂ।ਨਵਯੁਗ ਸਾਹਿਤ ਕਲਾ ਮੰਚ ਦੇ ਪ੍ਰਧਾਨ



ਕਹਾਣੀਕਾਰ ਭੁਪਿੰਦਰ ਫ਼ੌਜੀ ਤੇ ਐਸ.ਅਮਰੀਕ ਭੀਖੀ ਨੇ ਦੱਸਿਆ ਕਿ ਕੈਲੀਵਰ ਪਬਲੀਕੇਸ਼ਨ ਦੇ ਮਾਲਕ ਸ਼ਾਇਰ ਸੁਖਵਿੰਦਰ ਸੁੱਖੀ ਭੀਖੀ ਤੇ ਉਨ੍ਹਾਂ ਦੀ ਜੀਵਨ ਸਾਥਣ ਅਰਵਿੰਦ ਕੌਰ, ਜੋ ਪਟਿਆਲਾ ਵਿਖੇ ਰਹਿ ਰਹੇ ਹਨ ਤੇ ਉਨ੍ਹਾਂ ਨੇ ਆਪਣੇ ਪੁੱਤਰ ਇਮਰੋਜ਼ ਦੀ ਆਮਦ ਤੇ ਬੇਟੀ ਇਬੂ ਦੇ ਜਨਮ ਦਿਨ ਦੀ ਖੁਸ਼ੀ ਮੌਕੇ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਭੀਖੀ ਲਈ ਪੰਜ ਸੌ ਤੋਂ ਵੱਧ ਵੱਖ-ਵੱਖ ਵੰਨਗੀਆਂ ਦੀਆਂ ਬਹੁ ਮੁੱਲੀਆਂ ਕਿਤਾਬਾਂ ਭੇਟ ਕੀਤੀਆਂ ਤੇ ਨਕਦ ਰਾਸ਼ੀ ਵੀ ਦਿੱਤੀ ਗਈ।

# ਗੁਰਦੁਆਰਾ ਅਕਾਲਗੜ੍ਹ ਸਾਹਿਬ 'ਚ ਖ਼ੂਨਦਾਨ ਕੈਂਪ ਲਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮਾਨਵ ਸੇਵਾ ਬਲੱਡ ਡੋਨਰਜ ਸੁਸਾਇਟੀ (ਰਜਿ:) ਫੂਲ ਟਾਊਨ ਵੱਲੋਂ ਪ੍ਰਧਾਨ ਨਗਰ ਕੌਂਸਲ ਰਾਮਪੁਰਾ ਫੂਲ), ਕਰਨੈਲ ਸਿੰਘ ਮਾਨ ਕੌਂਸਲਰ ਰਾਮਪੁਰਾ ਫੂਲ, ਸੁਖਦਰਸ਼ਨ ਸਿੰਘ (ਪਿਤਾ ਰਵੀ ਸਿੰਘ ਖਾਲਸਾ ਕੈਨੇਡਾ) ਤੇ ਜਥੇਦਾਰ ਰਾਮ ਸਿੰਘ



ਸੁਸਾਇਟੀ ਪ੍ਰਧਾਨ ਮੱਖਣ ਸਿੰਘ ਬੁੱਟਰ ਦੀ ਅਗਵਾਈ ਹੇਠ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ 14ਵਾਂ ਵਿਸ਼ਾਲ ਖੂਨਦਾਨ ਕੈਂਪ ਲਾਇਆ ਗਿਆ। ਕੈਂਪ ਸੰਬੰਧੀ ਸੀਨੀਅਰ ਮੀਤ ਪ੍ਰਧਾਨ ਸਿਕੰਦਰ ਸਿੰਘ ਸਪਰਾ, ਮੀਤ ਪ੍ਰਧਾਨ ਜਸਵੀਰ ਸਿੰਘ ਰਿੰਪੀ ਨੇ ਦੱਸਿਆ ਕਿ ਕੈਂਪ ਵਿੱਚ ਰਣਜੀਤ ਸਿੰਘ ਮਾਨ, (ਸੇਵਾ ਮੁਕਤ ਉਪ ਸਕੱਤਰ ਪੰਜਾਬ ਸਕੂਲ ਸਿੱਖਿਆ ਬੋਰਡ), ਗੁਰਤੇਜ ਸਿੰਘ ਰਾਣਾ ਮਾਨ (ਸਾਬਕਾ ਸੀਨੀਅਰ ਮੀਤ ਜਟਾਣਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ, ਜਿਨ੍ਹਾਂ ਵੱਲੋਂ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਕੈਂਪ ਦਾ ਉਦਘਾਟਨ ਕੀਤਾ ਗਿਆ। ਖੂਨਦਾਨੀਆਂ ਨੂੰ ਇਨਾਮਾਂ ਦੀ ਵੰਡ ਰਾਮ ਲਾਲ ਸਿੰਘ ਰਿਟਾਇਰਡ ਨਾਇਬ ਸੂਬੇਦਾਰ, ਇੰਜ: ਇਕਬਾਲ ਸਿੰਘ ਜਟਾਣਾ, (ਜੇਈ, ਪੀ,ਐਸ,ਪੀ,ਸੀ,ਐਲ ਰਾਮਪੁਰਾ ਫੂਲ) ਅਤੇ ਜਸਪਾਲ ਸਿੰਘ ਜਟਾਣਾ (ਬਲਾਕ ਐਜੂਕਟਰ ਅਫਸਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ) ਵੱਲੋਂ ਕੀਤੀ ਗਈ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ 105 ਯੂਨਿਟ ਖ਼ੂਨਦਾਨ ਕੀਤਾ ਗਿਆ, ਜਿਸ ਨੂੰ ਗੋਇਲ ਬਲੱਡ ਬੈਂਕ ਬਠਿੰਡਾ ਅਤੇ ਆਦੇਸ਼ ਮੈਡੀਕਲ ਹਸਪਤਾਲ ਭੁੱਚੋ ਬਲੱਡ ਬੈਂਕ ਦੀਆਂ ਟੀਮਾਂ ਵੱਲੋਂ ਇਕੱਤਰ ਕੀਤਾ। ਕੈਂਪ ਦੌਰਾਨ ਮੱਖਣ ਸਿੰਘ ਬੁੱਟਰ ਨੇ 59ਵੀਂ ਵਾਰ ਖੂਨਦਾਨ ਕੀਤਾ। ਸੁਸਾਇਟੀ ਵੱਲੋਂ ਖੂਨਦਾਨੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਕੈਂਪ ਨੂੰ ਸਫਲ ਬਣਾਉਣ ਲਈ ਭਾਈ ਰਵੀ ਸਿੰਘ ਖਾਲਸਾ ਕੈਨੇਡਾ ਵਾਲਿਆਂ ਦੇ ਸਵ: ਮਾਤਾ ਰਾਜਿੰਦਰ ਕੌਰ ਦੀ ਨਿੱਘੀ ਯਾਦ ਵਿੱਚ ਪਰਿਵਾਰ ਵੱਲੋਂ ਵਿਸ਼ੇਸ਼ ਤੌਰ 'ਤੇ ਸੁਸਾਇਟੀ ਨੂੰ ਸਹਿਯੋਗ ਦਿੱਤਾ ਗਿਆ।ਕੈਂਪ ਵਿੱਚ ਪ੍ਰੈਸ ਕਲੱਬ (ਰਜਿ:) ਰਾਮਪੁਰਾ ਫੂਲ, ਗੁਰਦੁਆਰਾ ਅਕਾਲਗੜ੍ਹ ਸਾਹਿਬ ਦੀ ਪ੍ਰਬੰਧਕ ਕਮੇਟੀ, ਚੌਗਿਰਦਾ ਸੁੰਦਰੀਕਰਨ ਸੁਸਾਇਟੀ, ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਕਲੱਬ ਅਤੇ ਹੋਰ ਵੱਖ-ਵੱਖ ਸੰਸਥਾਵਾਂ ਵੱਲੋਂ ਵੀ ਭਰਵਾਂ ਸਹਿਯੋਗ ਦਿੱਤਾ ਗਿਆ। ਕੈਂਪ ਦੌਰਾਨ ਸਟੇਜ ਸੰਚਾਲਕ ਦੀ ਭੂਮਿਕਾ ਸ਼੍ਰੀ ਸੁਭਾਸ਼ ਗੋਇਲ ਮਿੰਟੂ ਨੇ ਸੁਚੱਜੇ ਢੰਗ ਨਾਲ ਬਾਖੂਬੀ ਨਿਭਾਈ।

# ਅੰਡਰ-19 ਰਾਜ ਪੱਧਰੀ ਸਕੂਲ ਕ੍ਰਿਕਟ ਟੂਰਨਾਮੈਂਟ ਵਿਵਾਦਾਂ ਦੇ ਘੇਰੇ 'ਚ

**ਧਾਂਦਲੀ ਤੇ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼**




**ਫ਼ਰੀਦਕੋਟ (ਐਲਗਜੈਂਡਰ ਡਿਸੂਜਾ)** ਪੰਜਾਬ ਸਕੂਲ ਖੇਡਾਂ ਅਧੀਨ 16 ਅਕਤੂਬਰ 2025 ਨੂੰ ਮੋਗਾ ਦੇ ਪਿੰਡ ਸਮਾਧ ਭਾਈ ਵਿਖੇ ਹੋਏ ਅੰਡਰ-19 ਗਰਲਜ਼ ਸਟੇਟ ਕ੍ਰਿਕਟ ਟੂਰਨਾਮੈਂਟ ਵਿੱਚ ਵੱਡੇ ਪੱਧਰ 'ਤੇ ਧਾਂਦਲੀ ਅਤੇ ਨਿਯਮਾਂ ਦੀ ਉਲੰਘਣਾ ਦੇ ਮਾਮਲੇ ਸਾਹਮਣੇ ਆਏ ਹਨ। ਖਿਡਾਰਨਾਂ ਦੇ ਮਾਪਿਆਂ, ਕੋਚਾਂ ਤੇ ਸਮਾਜ ਸੇਵੀ ਜਥੇਬੰਦੀਆਂ ਨੇ ਖੇਡ ਵਿਭਾਗ ਦੇ ਅਧਿਕਾਰੀਆਂ ਅਤੇ ਚੋਣਕਾਰਾਂ (ਸਿਲੈਕਟਰਾਂ) 'ਤੇ ਭ੍ਰਿਸ਼ਟਾਚਾਰ ਤੇ ਪੱਖਪਾਤ ਦੇ ਗੰਭੀਰ ਦੋਸ਼ ਲਾਉਂਦੇ ਹੋਏ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾਵਾਂ ਅਨੁਸਾਰ ਬਠਿੰਡਾ ਤੇ ਫ਼ਰੀਦਕੋਟ ਵਿਚਕਾਰ ਖੇਡੇ ਗਏ ਫਾਈਨਲ ਮੈਚ ਵਿੱਚ ਬਠਿੰਡਾ ਦੀ ਖਿਡਾਰਨ ਗੀਆ ਦੀ ਉਮਰ ਸਬੰਧੀ ਪੁਖਤਾ ਸਬੂਤ ਪੇਸ਼ ਕੀਤੇ ਗਏ ਸਨ।ਦੱਸਿਆ ਗਿਆ ਹੈ ਕਿ ਉਕਤ ਖਿਡਾਰਨ 'ਤੇ ਬੀ.ਸੀ.ਸੀ.ਆਈ. ਵੱਲੋਂ ਵੀ ਜਾਅਲੀ ਦਸਤਾਵੇਜ਼ਾਂ ਕਾਰਨ ਦੋ ਸਾਲ ਦੀ ਪਾਬੰਦੀ ਲਾਈ ਗਈ ਹੈ, ਪਰ ਟੂਰਨਾਮੈਂਟ ਕਮੇਟੀ ਨੇ ਸਾਰੇ ਸਬੂਤਾਂ ਨੂੰ ਦਰਕਿਨਾਰ ਕਰਦਿਆਂ ਉਸ ਨੂੰ ਮੈਚ ਖੇਡਣ ਦੀ ਇਜਾਜ਼ਤ ਦਿੱਤੀ, ਜੋ ਨਿਯਮਾਂ ਦੀ ਸ਼ਰੇਆਮ ਉਲੰਘਣਾ ਹੈ। ਇਲਜ਼ਾਮ ਹੈ ਕਿ ਫਾਈਨਲ ਮੈਚ ਦੌਰਾਨ ਲਖਵਿੰਦਰ ਸਿੰਘ ਬਰਾੜ ਨਾਮੀ ਵਿਅਕਤੀ ਨੇ ਮੁੱਖ ਅੰਪਾਇਰ ਵਜੋਂ ਡਿਊਟੀ ਨਿਭਾਈ, ਜਦਕਿ ਸਿੱਖਿਆ ਵਿਭਾਗ ਵੱਲੋਂ ਉਸ ਨੂੰ ਅਜਿਹੀ ਕੋਈ ਜ਼ਿੰਮੇਵਾਰੀ ਨਹੀਂ ਦਿੱਤੀ ਗਈ ਸੀ।ਮਾਪਿਆਂ ਦਾ ਦੋਸ਼ ਹੈ ਕਿ ਅੰਪਾਇਰ ਨੇ ਜਾਣਬੁੱਝ ਕੇ ਬਠਿੰਡਾ ਦੇ ਹੱਕ ਵਿੱਚ ਫੈਸਲੇ ਦਿੱਤੇ, ਜਿਸ ਕਾਰਨ ਫਰੀਦਕੋਟ ਦੀ ਟੀਮ ਹਾਰ ਗਈ। ਟੂਰਨਾਮੈਂਟ ਤੋਂ ਬਾਅਦ ਨੈਸ਼ਨਲ ਟੀਮ ਦੀ ਚੋਣ ਵੇਲੇ ਵੱਡੀ ਹੇਰਾਫੇਰੀ ਸਾਹਮਣੇ ਆਈ। ਟੂਰਨਾਮੈਂਟ ਵਿੱਚ ਸਭ ਤੋਂ ਵੱਧ ਵਿਕਟਾਂ ਲੈਣ ਵਾਲੀ ਮਨਪ੍ਰੀਤ ਕੌਰ ਤੇ ਸਭ ਤੋਂ ਵੱਧ ਦੌੜਾਂ ਬਣਾਉਣ ਵਾਲੀ ਰਾਜਵੀਰ ਕੌਰ (ਫ਼ਰੀਦਕੋਟ) ਸਮੇਤ ਹਰਮਨਪ੍ਰੀਤ ਕੌਰ (ਫ਼ਰੀਦਕੋਟ) ਨੂੰ ਚੋਣ ਸੂਚੀ ਵਿੱਚੋਂ ਬਾਹਰ ਕਰ ਦਿੱਤਾ ਗਿਆ।ਦੋਸ਼ ਹੈ ਕਿ ਸਿਲੈਕਟਰਾਂ ਨੇ ਆਪਣੀ ਗਲਤੀ ਛੁਪਾਉਣ ਲਈ ਬਾਅਦ ਵਿੱਚ ਸੂਚੀਆਂ ਵਿੱਚ ਬਦਲਾਅ ਕੀਤੇ ਤੇ ਘੱਟ ਸਕੋਰ ਵਾਲੀਆਂ ਸਿਫਾਰਸ਼ੀ ਖਿਡਾਰਨਾਂ ਨੂੰ ਟੀਮ ਵਿੱਚ ਜਗ੍ਹਾ ਦਿੱਤੀ। ਸ਼ਿਕਾਇਤਕਰਤਾਵਾਂ ਨੇ ਦੱਸਿਆ ਕਿ ਜਦੋਂ ਇਸ ਸਬੰਧੀ ਡੀ.ਪੀ.ਆਈ. ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਨੇ ਮਾਮਲਾ ਡਿਪਟੀ ਡਾਇਰੈਕਟਰ (ਸਪੋਰਟਸ) ਸੁਨੀਲ ਕੁਮਾਰ ਨੂੰ ਭੇਜ ਦਿੱਤਾ, ਪਰ ਉੱਥੇ ਵੀ ਕਾਰਵਾਈ ਕਰਨ ਦੀ ਬਜਾਏ ਮਾਮਲੇ ਨੂੰ ਰਫ਼ਾ-ਦਫ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ।ਇਥੋਂ ਤੱਕ ਕਿ ਡਿਊਟੀ ਤੋਂ ਗੈਰ ਹਾਜ਼ਰ ਰਹਿਣ ਵਾਲੇ ਅਧਿਕਾਰੀਆਂ ਨੂੰ ਕਥਿਤ ਤੌਰ 'ਤੇ ਤੋਹਫ਼ੇ ਵਜੋਂ ਨੈਸ਼ਨਲ ਕੈਂਪ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।

## ਭਾਜਪਾ ਤੇ ਆਮ ਆਦਮੀ ਪਾਰਟੀ ਇੱਕੋ ਸਿੱਕੇ ਦੇ ਦੋ ਪਹਿਲੂ : ਗਿੱਲ ਬੇਰ ਕਲਾਂ

**ਦੋਰਾਹਾ (ਹਰਮਿੰਦਰ ਸੇਠ)**- ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਭਾਜਪਾ ਅਤੇ ਆਮ ਆਦਮੀ ਪਾਰਟੀ ਇੱਕੋ ਸਿੱਕੇ ਦੇ ਦੋ ਪਹਿਲੂ ਹਨ ਤੇ ਇਹ ਆਪਸ ਵਿੱਚ ਮਿਲੇ ਹੋਏ ਹਨ ।



ਭਾਜਪਾ ਅਤੇ ਆਮ ਆਦਮੀ ਪਾਰਟੀ ਲੋਕਾਂ ਵਿੱਚ ਲੜਾਈ ਨੂੰ ਮਨਰੇਗਾ ਸਕੀਮ ਤਹਿਤ ਮਿਲ ਰਿਹਾ ਰੁਜ਼ਗਾਰ ਬੰਦ ਕਰਨ 'ਤੇ ਤੁਲੀਆਂ ਹੋਈਆਂ ਹਨ ਗਿੱਲ ਬੇਰਕਲਾ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲਾ ਕਾਂਗਰਸ ਦੇ ਪ੍ਰਧਾਨ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਦੀ ਅਗਵਾਈ ਹੇਠ ਮਨਰੇਗਾ ਵਰਕਰਾਂ ਦੇ ਹੱਕਾਂ ਦੀ ਰਾਖੀ ਲਈ ਕਾਂਗਰਸ ਪਾਰਟੀ 9 ਜਨਵਰੀ ਨੂੰ ਦਾਨਾ ਮੰਡੀ ਸਮਰਾਲਾ ਵਿਖੇ 8 ਜਿਲਿਆਂ ਦੀ ਵਿਸ਼ਾਲ ਰੈਲੀ ਕਰੇਗੀ ।

...ਸਫ਼ਾ 1 ਦੇ ਬਾਕੀ

## ਜਥੇਦਾਰ ਗੜਗੱਜ ਸਮੁੱਚੇ ਪੰਥ ਦੇ ਜਥੇਦਾਰ ...

ਹਮਲਾ ਕਰਦਿਆਂ ਪੁੱਛਿਆ ਕਿ ਕੀ ਦੋਸ਼ੀ ਏਨੇ ਪ੍ਰਭਾਵਸ਼ਾਲੀ ਸਨ ਜਾਂ ਅਪਣੇ ਹੀ ਘੇਰੇ ਵਿਚੋਂ ਸਨ ਕਿ ਉਨ੍ਹਾਂ ਨੂੰ ਸਜ਼ਾ ਦੇਣ ਦੀ ਬਜਾਏ ਪੰਥਕ ਮਰਿਆਦਾ ਨੂੰ ਛਿੱਕੇ 'ਤੇ ਟੰਗ ਦਿੱਤਾ ਗਿਆ? ਉਨ੍ਹਾ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਸਿੱਖ ਕੌਮ ਦੀਆਂ ਭਾਵਨਾਵਾਂ ਅਤੇ ਮਰਿਆਦਾ ਨਾਲੋਂ ਸਿਆਸੀ ਮੁਫ਼ਾਦਾਂ ਨੂੰ ਉਪਰ ਰੱਖਿਆ ਗਿਆ। ਜੇਕਰ ਰਿਪੋਰਟਾਂ ਵਿੱਚ ਸਭ ਕੁਝ ਸਾਫ਼ ਸੀ ਤਾਂ ਸੱਚ ਨੂੰ ਜਾਣਬੁੱਝ ਕੇ ਸੰਗਤ ਤੋਂ ਲੁਕਾਉਣ ਪਿੱਛੇ ਕਿਹੜੀ ਮਜਬੂਰੀ ਸੀ? ਇਹ ਚੁੱਪ ਸਿੱਧੇ ਤੌਰ 'ਤੇ ਗੁਨਾਹਗਾਰਾਂ ਦੀ ਪਿੱਠ ਥਾਪੜਨ ਦੇ ਬਰਾਬਰ ਹੈ।ਉਨ੍ਹਾ ਕਿਹਾ ਕਿ ਜੇਕਰ ਜਾਂਚ ਕਮੇਟੀਆਂ ਦੀਆਂ ਰਿਪੋਰਟਾਂ ਸਹੀ ਸਨ, ਤਾਂ ਉਹਨਾਂ 'ਤੇ ਅਮਲ ਨਾ ਕਰਨਾ ਇੱਕ ਗੰਭੀਰ ਪੰਥਕ ਅਪਰਾਧ ਹੈ, ਜਿਸ ਲਈ ਮੌਜੂਦਾ ਐੱਸ ਜੀ ਪੀ ਸੀ ਆਗੂ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ ਅਤੇ ਜੇਕਰ ਉਹ ਰਿਪੋਰਟਾਂ ਗਲਤ ਸਨ, ਤਾਂ ਅੱਜ ਤੱਕ ਸਿੱਖ ਜਗਤ ਨੂੰ ਅਸਲੀ ਸੱਚ ਤੋਂ ਵਾਂਝਾ ਕਿਉਂ ਰੱਖਿਆ ਗਿਆ? ਐੱਸ ਜੀ ਪੀ ਸੀ ਦੀ ਇਸ ਦੋਹਰੀ ਨੀਤੀ ਨੇ ਸੰਸਥਾ ਦੀ ਭਰੋਸੇਯੋਗਤਾ ਨੂੰ ਭਾਰੀ ਸੱਟ ਮਾਰੀ ਹੈ, ਜਿਸ ਦਾ ਜਵਾਬ ਸੰਗਤ ਨੂੰ ਦੇਣਾ ਹੀ ਪਵੇਗਾ। ਉਹਨਾ ਸਪੱਸ਼ਟ ਕੀਤਾ ਕਿ ਅੱਜ ਸਿੱਖ ਕੌਮ ਨੂੰ ਇਹ ਜਾਣਨ ਦਾ ਪੂਰਾ ਹੱਕ ਹੈ ਕਿ ਉਹ ਕਿਹੜੀਆਂ ਤਾਕਤਾਂ ਸਨ, ਜਿਨ੍ਹਾਂ ਇਨਸਾਫ਼ ਦੇ ਰਾਹ ਵਿੱਚ ਰੋੜਾ ਅਟਕਾਇਆ। ਸਵਾਲ ਸਿਰਫ਼ ਸਿਫ਼ਾਰਸ਼ਾਂ ਬਣਾਉਣ ਵਾਲਿਆਂ ਦਾ ਨਹੀਂ, ਸਗੋਂ ਉਨ੍ਹਾਂ ਨੂੰ ਰੋਕਣ ਵਾਲੇ ਹੱਥਾਂ ਦਾ ਹੈ। ਉਨ੍ਹਾ ਚੇਤਾਵਨੀ ਦਿੱਤੀ ਕਿ ਪਵਿੱਤਰ ਸਰੂਪਾਂ ਦੀ ਬੇਅਦਬੀ ਅਤੇ ਲਾਪਰਵਾਹੀ ਦੇ ਮਾਮਲੇ ਵਿੱਚ ਚੁੱਪ ਰਹਿਣ ਵਾਲੇ ਅਤੇ ਦੋਸ਼ੀਆਂ ਨੂੰ ਪਨਾਹ ਦੇਣ ਵਾਲੇ ਇਤਿਹਾਸ ਦੇ ਕਟਹਿਰੇ ਵਿੱਚ ਹਮੇਸ਼ਾ ਗੁਨਾਹਗਾਰ ਰਹਿਣਗੇ।

## ਬੰਦਿਆਂ ਨਾਲੋਂ ਵੱਧ ਮੋਟਰ-ਗੱਡੀਆਂ...

ਵਾਹਨ ਸਭ ਤੋਂ ਵੱਧ ਪਸੰਦ ਕੀਤੇ ਜਾਣ ਵਾਲੇ ਵਾਹਨ ਰਹੇ ਹਨ। 2025 ਵਿੱਚ, 23,466 ਪੈਟਰੋਲ ਦੋਪਹੀਆ ਵਾਹਨ ਰਜਿਸਟਰ ਕੀਤੇ ਗਏ ਸਨ, ਜੋ ਨਾ ਸਿਰਫ ਉਸ ਸਾਲ ਲਈ, ਸਗੋਂ ਪਿਛਲੇ ਪੰਜ ਸਾਲਾਂ ਵਿੱਚ ਕਿਸੇ ਵੀ ਇੱਕ ਸ਼੍ਰੇਣੀ ਵਿੱਚ ਸਭ ਤੋਂ ਵੱਧ ਰਜਿਟਰੇਸ਼ਨ ਸੀ। ਇਸ ਤੋਂ ਬਾਅਦ ਮੋਟਰ ਕਾਰਾਂ ਅਤੇ ਐੱਲ ਐੱਮ ਵੀ ਦਾ ਨੰਬਰ ਆਉਂਦਾ ਹੈ। ਇਲੈਕਟ੍ਰਿਕ ਵਾਹਨਾਂ ਦਾ ਹਿੱਸਾ ਹਾਲੇ ਵੀ ਘੱਟ ਹੈ ਪਰ ਇਹ ਸਾਲ ਦਰ ਸਾਲ ਲਗਾਤਾਰ ਵਾਧਾ ਦਰਸਾ ਰਹੇ ਹਨ। ਆਰ ਐੱਲ ਏ ਦੇ ਸਮੂਹਕ ਅੰਕੜੇ ਦਰਸਾਉਂਦੇ ਹਨ ਕਿ ਹੁਣ ਤੱਕ ਕੁੱਲ 9,14,023 ਵਾਹਨ ਰਜਿਸਟਰੇਸ਼ਨ ਸਰਟੀਫਿਕੇਟ (ਆਰ ਸੀ) ਜਾਰੀ ਕੀਤੇ ਜਾ ਚੁੱਕੇ ਹਨ। ਇਨ੍ਹਾਂ ਵਿੱਚੋਂ ਮੋਟਰਸਾਈਕਲ ਅਤੇ ਸਕੂਟਰਾਂ ਦੇ 4,78,282 ਸਰਟੀਫਿਕੇਟ ਹਨ, ਜਦੋਂ ਕਿ ਮੋਟਰ ਕਾਰਾਂ ਦੇ 4,35,741 ਹਨ। ਵਪਾਰਕ ਵਾਹਨਾਂ, ਬੱਸਾਂ ਅਤੇ ਹੋਰ ਕਿਸਮਾਂ ਨੂੰ ਮਿਲਾ ਕੇ ਕੁੱਲ ਵਾਹਨਾਂ ਦੀ ਆਬਾਦੀ ਹੁਣ 15 ਲੱਖ ਦੇ ਨੇੜੇ ਪਹੁੰਚ ਗਈ ਹੈ, ਜੋ ਸ਼ਹਿਰ ਦੀ ਮਨੁੱਖੀ ਆਬਾਦੀ ਨੂੰ ਪਛਾੜ ਚੁੱਕੀ ਹੈ। ਡਿਪਟੀ ਕਮਿਸ਼ਨਰ ਨਿਸ਼ਾਂਤ ਕੁਮਾਰ ਯਾਦਵ ਨੇ ਕਿਹਾ ਕਿ ਇਹ ਵਧਦੀ ਗਿਣਤੀ ਲੋਕਾਂ ਦੀਆਂ ਵਧਦੀਆਂ ਇੱਛਾਵਾਂ ਅਤੇ ਪਾਰਦਰਸ਼ੀ ਪ੍ਰਸ਼ਾਸਨ ਨੂੰ ਦਰਸਾਉਂਦੀ ਹੈ। ਉਨ੍ਹਾ ਕਿਹਾ ਕਿ ਚੁਣੌਤੀ ਇਸ ਵਾਧੇ ਨੂੰ ਟਿਕਾਊ ਢੰਗ ਨਾਲ ਸੰਭਾਲਣ ਦੀ ਹੈ। ਹਰ ਰੋਜ਼ ਸ਼ਹਿਰ ਦੀਆਂ ਸੜਕਾਂ 'ਤੇ ਔਸਤਨ 100 ਤੋਂ ਵੱਧ ਨਵੇਂ ਵਾਹਨ ਆ ਰਹੇ ਹਨ, ਜੋ ਟਰੈਫਿਕ ਜਾਮ, ਪਾਰਕਿੰਗ ਅਤੇ ਪ੍ਰਦੂਸ਼ਣ ਵਰਗੀਆਂ ਗੰਭੀਰ ਚਿੰਤਾਵਾਂ ਪੈਦਾ ਕਰ ਰਹੇ ਹਨ।

## ਅਮਰਜੀਤ ਕਾਉਂਕੇ, ਸੱਤਪਾਲ ਭੀਖੀ...

ਅਤੇ ਵਾਰਤਾਕਾਰ ਚਿੱਟਾ ਸਿੱਧੂ ਦਾ ਬੁੱਧਵਾਰ ਦੇਸ਼ ਭਗਤ ਯਾਦਗਾਰ ਹਾਲ ਵਿਖੇ ਸਨਮਾਨ ਕੀਤਾ ਗਿਆ।ਇਸ ਮੌਕੇ ਅਮਰਜੀਤ ਕਾਉਂਕੇ ਨੇ ਆਪਣੀ ਨਵ ਸਿਰਜੀ ਕਵਿਤਾ ਵੀ ਸਾਂਝੀ ਕੀਤੀ।ਇਸ ਮਿਲਣੀ ਦੇ ਸਬੱਬ ਨਾਲ ਸਾਹਿਤ, ਕਲਾ, ਸਮਾਜ, ਪ੍ਰਵਾਸ, ਸੋਸ਼ਲ ਮੀਡੀਆ ਅਤੇ ਸਥਾਪਤੀ ਦੀਆਂ ਨਵੀਆਂ ਜਾਦੂਗਰੀਆਂ ਦੇ ਦੌਰ ਵਿੱਚ ਵੀ ਲੋਕ ਸਰੋਕਾਰਾਂ ਦੀ ਧੜਕਣ ਨਾਲ ਜੁੜੇ ਸਾਹਿਤ ਦੀ ਮਾਣਮੱਤੀ ਭੂਮਿਕਾ ਬਾਰੇ ਵੀ ਵਿਚਾਰਾਂ ਹੋਈਆਂ।ਇਹਨਾਂ ਤਿੰਨਾਂ ਕਲਮਕਾਰਾਂ ਨੇ ਦੇਸ਼ ਭਗਤ ਯਾਦਗਾਰ ਹਾਲ ਵੱਲੋਂ ਇਤਿਹਾਸ, ਸਾਹਿਤ ਅਤੇ ਸੱਭਿਆਚਾਰ ਦੇ ਖੇਤਰ ਵਿਚ ਇੱਕ ਦੇਸ਼ ਭਗਤ ਮਰਕਜ਼ ਵਜੋਂ ਅਤੇ ਸਾਹਿਤਕਾਰਾਂ ਦੀ ਮਿਲਣੀ ਦੇ ਆਪਣੇ ਸਾਂਝੇ ਵਿਹੜੇ ਵਜੋਂ ਨਿਭਾਈ ਜਾ ਰਹੀ ਗੌਰਵਸ਼ਾਲੀ ਭੂਮਿਕਾ ਉਪਰ ਨਾਜ਼ ਦਾ ਇਜ਼ਹਾਰ ਕੀਤਾ।ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ, ਵਿੱਤ ਸਕੱਤਰ ਸੀਤਲ ਸਿੰਘ ਸੰਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਅਤੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਨੇ ਅਮਰਜੀਤ ਕਾਉਂਕੇ, ਸੱਤਪਾਲ ਭੀਖੀ ਅਤੇ ਵਾਰਤਾਕਾਰ ਚਿੱਟਾ ਸਿੱਧੂ ਦਾ ਪੁਸਤਕਾਂ ਦੇ ਸੈੱਟ ਭੇਟ ਕਰਕੇ ਸਨਮਾਨ ਕੀਤਾ ਅਤੇ ਦੇਸ਼ ਭਗਤ ਯਾਦਗਾਰ ਹਾਲ ਨਾਲ ਸਦਾ ਜੁੜ ਕੇ ਰਹਿਣ ਦੀ ਅਪੀਲ ਕੀਤੀ।ਉਹਨਾਂ ਦੇਸ਼ ਭਗਤ ਯਾਦਗਾਰ ਹਾਲ ਦੇ ਵਿਹੜੇ ਸਿਹਤਮੰਦ, ਅਮੀਰ, ਲੋਕ ਪੱਖੀ ਸਾਹਿਤ ਦੇ ਫੁੱਲ ਖਿੜਦੇ ਰਹਿਣ ਲਈ ਆਪਣੀਆਂ ਸੇਵਾਵਾਂ ਭੇਟ ਕਰਦੇ ਰਹਿਣ ਦੀ ਖੁਸ਼ੀ ਦਾ ਪ੍ਰਗਟਾਵਾ ਕੀਤਾ।

## ਪਾਵਰਕਾਮ ਵਿਰੋਧੀ ਨੀਤੀ ਖਿਲਾਫ਼ ਲੜੀਵਾਰ...

ਲਖਵਿੰਦਰ ਸਿੰਘ, ਬਲਵਿੰਦਰ ਭਗਤ, ਨਿਰਭੈ ਸਿੰਘ, ਜਗੀਰ ਸਿੰਘ ਕਟਾਰੀਆ, ਬਲਵਿੰਦਰ ਸਿੰਘ ਮਾਨ, ਮਨਜੀਤ ਸਿੰਘ ਮਨਸੂਰਾਂ, ਸੁਖਮੰਦਰ ਸਿੰਘ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਇਕਪਾਸੜ ਤੌਰ 'ਤੇ ਗ਼ਲਤ ਨੀਤੀਆਂ ਲਾਗੂ ਕਰਕੇ ਬਿਜਲੀ ਅਦਾਰੇ ਨੂੰ ਖਤਮ ਕਰਨ ਵਾਲੇ ਪਾਸੇ ਲਗਾਤਾਰ ਕਦਮ ਵਧਾ ਰਹੀਆਂ ਹਨ। ਇਸੇ ਕਰਕੇ ਟਰੇਡ ਯੂਨੀਅਨ ਲੀਡਰਸ਼ਿਪ ਨਾਲ ਟੇਬਲ ਤੇ ਬੈਠ ਕੇ ਵਿਚਾਰ ਕਰਨ ਦੀ ਬਜਾਏ ਅਦਾਰੇ ਦਾ ਮੰਤਰੀ ਅਤੇ ਸੀ ਐੱਮ ਡੀ ਅਦਾਰੇ ਦੀ ਬਿਹਤਰ ਕਾਰਗੁਜ਼ਾਰੀ ਦੇ ਅਮਲ ਨੂੰ ਤਿਲਾਂਜਲੀ ਦੇ ਕੇ ਜਾਇਦਾਦਾਂ ਵੇਚਣ ਲਈ ਦਿਨ-ਰਾਤ ਵਿਉਂਤਬੰਦੀਆਂ ਕਰ ਰਹੇ ਹਨ। ਆਗੂਆਂ ਕਿਹਾ ਕਿ ਪਾਵਰਕਾਮ ਅਦਾਰੇ ਦਾ ਭੋਗ ਪਾਉਣ ਵਾਲੀਆਂ ਨੀਤੀਆਂ ਖਿਲਾਫ਼ ਸੰਘਰਸ਼ ਨੂੰ ਜਾਰੀ ਰੱਖਿਆ ਜਾਵੇਗਾ। ਆਗੂਆਂ ਖਦਸ਼ਾ ਜ਼ਾਹਰ ਕਰਦੇ ਹੋਏ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਆਉਣ ਵਾਲੇ ਬਜਟ ਸੈਸ਼ਨ ਦੌਰਾਨ ਬਿਜਲੀ ਸੋਧ ਬਿੱਲ ਪਾਸ ਕਰਕੇ ਪਾਵਰ ਸੈਕਟਰ ਨੂੰ ਪੂੰਜੀਪਤੀਆਂ ਹਵਾਲੇ ਕਰਨ ਦੇ ਯਤਨ ਕਰੇਗੀ, ਜਿਸ ਨਾਲ ਬਿਜਲੀ ਵਪਾਰ ਦਾ ਸਾਧਨ ਬਣ ਜਾਣ ਕਰਕੇ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਜਾਵੇਗੀ। ਆਗੂਆਂ ਬਿਜਲੀ ਸੋਧ ਬਿੱਲ 2025 ਦੇ ਲੋਕ ਵਿਰੋਧੀ ਖਰੜੇ ਅਤੇ ਚਾਰ ਲੇਬਰ ਕੋਡਾਂ ਖਿਲਾਫ਼ ਸਾਂਝੇ ਸੰਘਰਸ਼ਾਂ ਵਿੱਚ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਨੂੰ ਸੱਦਾ ਦਿੱਤਾ। ਆਗੂਆਂ ਪਾਵਰ ਮੈਨੇਜਮੈਂਟ ਤੇ ਮੁਲਾਜ਼ਮ ਮੰਗਾਂ ਸੰਬੰਧੀ ਹੋਏ ਸਮਝੌਤਿਆਂ ਤੋਂ ਮੁਕਰ ਕੇ ਸਨਅਤੀ ਅਦਾਰੇ ਦਾ ਮਾਹੌਲ ਖਰਾਬ ਕਰਨ ਦੇ ਗੰਭੀਰ ਦੋਸ਼ ਲਗਾਏ । ਆਗੂਆਂ ਹਰੇਕ ਵਰਗ ਦੀਆਂ ਤਰੱਕੀਆਂ ਕਰਨ ਅਤੇ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰਨ ਦੀ ਮੰਗ ਕੀਤੀ।ਸੱਤਵੇਂ ਦਿਨ 11 ਮੁਲਾਜ਼ਮ ਅਤੇ ਪੈਨਸ਼ਨਰ ਆਗੂ ਨਿਰਮਲ ਸਿੰਘ, ਕਿਸ਼ਨ ਲਾਲ, ਇੰਜ. ਜਗਦੀਪ ਸਿੰਘ ਗੁੱਜਰਾਂ, ਚਮਨ ਲਾਲ, ਮਨਜੀਤ ਸਿੰਘ ਬਾਸਰਕੇ, ਬਲਦੇਵ ਸਿੰਘ, ਜਸਵਿੰਦਰ ਸਿੰਘ, ਦੀਪਕ ਸ਼ਰਮਾ, ਗਗਨਦੀਪ ਸਿੰਘ, ਜਗਦੀਸ਼ ਸਿੰਘ, ਗੋਰਖ ਨਾਥ 24 ਘੰਟੇ ਲਈ ਲੜੀਵਾਰ ਭੁੱਖ ਹੜਤਾਲ 'ਤੇ ਬੈਠੇ।

## ਸਤਨਾਜ਼ਾ ਸਿਆਸਤ : ਭਾਜਪਾਈਆਂ ਤੇ ਕਾਂਗਰਸੀਆਂ ...

ਧੂਲੇ ਨੂੰ ਮੇਅਰ ਬਣਵਾ ਲਿਆ ਹੈ। ਇੱਥੇ ਭਾਜਪਾ ਨੇ 11 ਸੀਟਾਂ ਜਿੱਤੀਆਂ। ਏ ਆਈ ਐੱਮ ਆਈ ਐੱਮ ਨੇ 2 ਸੀਟਾਂ ਜਿੱਤੀਆਂ, ਜਦਕਿ ਦੋ ਸੀਟਾਂ ਦੀ ਚੋਣ ਹੋਣੀ ਹੈ। ਭਾਜਪਾ ਨੇ ਊਧਵ ਠਾਕਰੇ ਦੀ ਸ਼ਿਵ ਸੈਨਾ (ਯੂ ਬੀ ਟੀ), ਸ਼ਿਵ ਸੈਨਾ, ਐੱਨ ਸੀ ਪੀ, ਸ਼ਰਦ ਪਵਾਰ ਦੀ ਐੱਨ ਸੀ ਪੀ (ਐੱਸ ਪੀ) ਤੇ ਬੱਚੂ ਕਾਦੂ ਦੀ ਪ੍ਰਹਾਰ ਜਨਸ਼ਕਤੀ ਪਾਰਟੀ ਨਾਲ ਮਿਲ ਕੇ ਪ੍ਰਧਾਨਗੀ ਹਥਿਆ ਲਈ। ਇਹ ਗੱਠਜੋੜ 25 ਮੈਂਬਰਾਂ ਦਾ ਹੈ। ਇੱਥੇ ਕਾਂਗਰਸ 6 ਸੀਟਾਂ ਤੇ ਵੰਚਿਤ ਬਹੁਜਨ ਅਘਾੜੀ ਦੋ ਸੀਟਾਂ ਨਾਲ ਆਪੋਜ਼ੀਸ਼ਨ ਵਿੱਚ ਬੈਠਣਗੇ। ਇੱਥੇ ਓਵੈਸੀ ਨੇ ਗੱਠਜੋੜ ਨੂੰ ਨਾਮਨਜ਼ੂਰ ਕੀਤਾ ਹੈ, ਪਰ ਭਾਜਪਾ ਦੇ ਅਕੋਲਾ ਤੋਂ ਸਾਂਸਦ ਅਨੂਪ ਧੋਰਤੇ ਨੇ ਦਾਅਵਾ ਕੀਤਾ ਹੈ ਕਿ ਓਵੈਸੀ ਦੀ ਪਾਰਟੀ ਦੇ ਜਿੱਤੇ ਪੰਜ ਵਿੱਚੋਂ ਚਾਰ ਕੌਂਸਲਰ ਉਨ੍ਹਾ ਦੀ ਕੱਟੜ ਫਿਰਕੂ ਪਹੁੰਚ ਨੂੰ ਤਿਲਾਂਜਲੀ ਦੇ ਕੇ ਅਕੋਟ ਵਿਕਾਸ ਮੰਚ ਵਿੱਚ ਸ਼ਾਮਲ ਹੋ ਗਏ ਹਨ।

# ਖੇੜੀ ਜੱਟਾਂ ਵਿਖੇ ਕਮਿਊਨਿਟੀ ਸੈਂਟਰ ਬਣਨ ਦੀ ਖ਼ੁਸ਼ੀ 'ਚ ਅਖੰਡ ਪਾਠ ਕਰਵਾਏ



**ਧੂਰੀ (ਰਣਜੀਤ ਸਿੰਘ ਧੇਧਨੀ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਖੇੜੀ ਜੱਟਾਂ ਦੇ ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾ ਦੀ ਅਗਵਾਈ ਹੇਠ ਪਿੰਡ ਵਿੱਚ ਬਣਾਏ ਗਏ ਕਮਿਊਨਿਟੀ ਹਾਲ (ਮਿੰਨੀ ਪੈਲਸ) ਬਣਨ ਦੀ ਖੁਸ਼ੀ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਹੋਇਆਂ ਸਮੂਹ ਰਵਿਦਾਸ ਭਾਈਚਾਰੇ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ। ਜਿਸ ਵਿੱਚ ਬ੍ਰਹਮ ਗਿਆਨੀ ਸੰਤ ਬਾਬਾ ਭਰਪੂਰ ਸਿੰਘ ਸੇਖਾ ਜਲੂਰ ਵਾਲਿਆਂ ਨੇ ਦੀਵਾਨ ਸਜਾ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਰਵਿਦਾਸ ਭਾਈਚਾਰੇ ਵੱਲੋਂ ਤਿੰਨ ਦਿਨ ਲੰਗਰ ਵੀ ਲਗਾਇਆ ਗਿਆ ।ਇਸ ਮੌਕੇ ਮੁੱਖ ਮੰਤਰੀ ਦਫ਼ਤਰ ਵੱਲੋਂ ਰਛਪਾਲ ਸਿੰਘ ਭੁੱਲਰਹੇੜੀ ਮੈਂਬਰ ਜਿਲ੍ਹਾ ਪ੍ਰੀਸ਼ਦ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ । ਸਮਾਗਮ ਵਿੱਚ ਪੰਚ ਨਿਰਮਲ ਸਿੰਘ, ਪੰਚ ਦੇਸਰਾਜ ਸਿੰਘ, ਪੰਚ ਰਣਜੀਤ ਸਿੰਘ, ਪੰਚ ਨਿੱਕਾ ਖਾ, ਹਰਦੀਪ ਸਿੰਘ, ਬਲਵਿੰਦਰ ਸਿੰਘ, ਸਾਬਕਾ ਸਰਪੰਚ ਸੁਰਜੀਤ ਸਿੰਘ, ਸੁਖਵਿੰਦਰ ਸਿੰਘ, ਗੋਗਾ, ਲਾਡੀ, ਬੰਟੀ, ਕੁੰਕਰ, ਬਲਦੇਵ ਸਿੰਘ, ਕੁਲਵੰਤ ਸਿੰਘ ਤੇ ਸੰਗਤਾਂ ਹਾਜ਼ਰ ਸਨ।

# ਡਾ. ਓਬਰਾਏ ਵੱਲੋਂ ਲੋਕਾਂ ਨੂੰ ਵੱਡੀ ਸਹੂਲਤ, ਦੋ ਹੋਰ ਕਲੀਨੀਕਲ ਲੈਬ ਜਲਦ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਡਾ. ਐਸ.ਪੀ.ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਦੁਨੀਆ ਵਿੱਚ ਲੋਕ ਭਲਾਈ ਹਿਤ ਸਿੱਖਿਆ ਤੇ ਸਿਹਤ ਨਾਲ ਸਬੰਧਤ ਕਾਰਜਾਂ ਲਈ ਬਹੁਤ ਹੀ ਵਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ, ਕਿਉਂਕਿ ਸਿਹਤ ਤੇ ਸਿੱਖਿਆ ਕਿਸੇ ਵੀ ਦੇਸ਼ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ।ਸਿਰਫ਼ ਲਾਗਤ ਮੁੱਲ 'ਤੇ ਟੈਸਟ ਕਰਕੇ ਕਲੀਨੀਕਲ ਲੈਬਾਂ ਵਿਚ ਲੋਕਾਂ ਨੂੰ ਆ ਰਹੀਆਂ ਵੱਖ-ਵੱਖ ਬਿਮਾਰੀਆਂ ਤੋਂ ਜਾਗਰੂਕ ਕੀਤਾ ਜਾ ਰਿਹਾ ਹੈ। ਡੈਂਟਲ ਸੈਂਟਰ, ਫਿਜ਼ਿਓਥਰੈਪੀ ਸੈਂਟਰ ਖੋਲ੍ਹ ਕੇ ਲੋਕਾਂ ਨੂੰ ਬਹੁਤ ਹੀ ਵੱਡੀ ਰਾਹਤ ਦਿੱਤੀ ਜਾ ਰਹੀ ਹੈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਸ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾਕਟਰ ਦਿਲਜੀਤ ਸਿੰਘ ਗਿੱਲ ਡਾਇਰੈਕਟਰ ਸਿਹਤ ਸੇਵਾਵਾਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਗੁਰਦੁਆਰਾ ਸਿੰਘ ਸਭਾ ਮਲੋਟ ਤੇ ਕਸਬਾ ਦੋਦਾ ਵਿਖੇ ਵੀ ਲੈਬਾਂ ਖੋਲ੍ਹੀਆਂ ਜਾ ਰਹੀਆਂ ਹਨ ਤਾਂ ਜੁ ਲੋਕ ਲਾਗਤ ਮੁੱਲ 'ਤੇ ਟੈਸਟ ਕਰਾ ਕੇ ਆਪਣੀ ਸਿਹਤ ਬਾਰੇ



ਜਾਗਰੂਕ ਰਹਿਣ। ਅਨਿਲ ਜੁਨੇਜਾ ਪ੍ਰਧਾਨ ਮਲੋਟ ਇਕਾਈ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਸਿੰਘ ਸਭਾ ਮਲੋਟ ਵਿਖੇ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਕ੍ਰਿਸ਼ਨਾ ਮੰਦਿਰ ਮਲੋਟ ਤੇ ਕੱਚਾ ਥਾਂਦੇਵਾਲਾ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਵੀ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀਆਂ ਕਲੀਨੀਕਲ ਲੈਬਾਂ ਲਾਗਤ ਮੁੱਲ 'ਤੇ ਟੈਸਟ ਕਰ ਰਹੀਆਂ ਹਨ। ਅਰਵਿੰਦਰ ਪਾਲ ਸਿੰਘ ਚਾਹਲ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਕਸਬਾ ਔਲਖ, ਮੰਡੀ ਲੱਖੇਵਾਲੀ, ਮੰਡੀ ਬਰੀਵਾਲਾ 'ਚ ਵੀ ਲੈਬਾਂ ਖੋਲ੍ਹਣ ਲਈ ਡਾ. ਓਬਰਾਏ ਨੂੰ ਬੇਨਤੀ ਕੀਤੀ ਜਾਵੇਗੀ।2 ਕਲੀਨੀਕਲ ਲੈਬਾਂ (ਮਲੋਟ ਤੇ ਕਸਬਾ ਦੋਦਾ) ਦੀ ਮਨਜ਼ੂਰੀ ਦੇਣ 'ਤੇ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ।

# ਨਸ਼ਾ ਸਰੀਰ ਤੇ ਸਮਾਜ ਦੇ ਤਾਣੇ-ਬਾਣੇ ਨੂੰ ਤਬਾਹ ਕਰ ਦਿੰਦਾ ਹੈ : ਸੈਸ਼ਨ ਜੱਜ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਗੁਰੂ ਗੋਬਿੰਦ ਸਿੰਘ ਲਾਅ ਕਾਲਜ, ਗਿੱਦੜਬਾਹਾ ਵਿਖੇ 'ਨੌਜਵਾਨਾਂ ਵਿੱਚ ਨਸ਼ਿਆਂ ਦੀ ਫੈਲ ਰਹੀ ਪ੍ਰਵਿਰਤੀ ਦੀ ਮਨਾਹੀ ਅਤੇ ਨਿਯੰਤਰਣ' ਵਿਸ਼ੇ 'ਤੇ ਇੱਕ ਸੈਮੀਨਾਰ ਆਯੋਜਿਤ ਕੀਤਾ ਗਿਆ। ਸ੍ਰੀ ਰਾਜਕੁਮਾਰ ਗਰਗ, ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੇ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ, ਸ਼੍ਰੀ ਹਿਮਾਂਸ਼ੂ ਅਰੋੜਾ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਅਤੇ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਅਤੇ ਸ਼੍ਰੀ ਤਰਨਜੀਤ ਸਿਮਰਾ, ਐਡੀਸ਼ਨਲ ਸਿਵਲ ਜੱਜ, ਸੀਨੀਅਰ ਡਿਵੀਜ਼ਨ, ਗਿੱਦੜਬਾਹਾ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਬੱਚਿਆਂ ਨੂੰ ਨਸ਼ਿਆਂ ਦੀ ਸਮਾਜਿਕ ਬੁਰਾਈ ਵਿਰੁੱਧ ਸੁਚੇਤ ਕੀਤਾ। ਸੈਸ਼ਨ ਜੱਜ ਸ਼੍ਰੀ ਰਾਜਕੁਮਾਰ ਗਰਗ ਨੇ ਬੱਚਿਆਂ ਨੂੰ ਦੱਸਿਆ ਕਿ ਨਸ਼ਿਆਂ ਦੀ ਦੁਰਵਰਤੋਂ ਨਾ ਸਿਰਫ਼ ਸਰੀਰ ਨੂੰ ਤਬਾਹ ਕਰਦੀ ਹੈ ਬਲ ਕਿ ਸਮਾਜ ਦੇ ਤਾਣੇ-ਬਾਣੇ ਨੂੰ ਵੀ ਤਬਾਹ ਕਰ ਦਿੰਦੀ ਹੈ। ਇਸ ਮੌਕੇ ਸੀ.ਜੇ.ਐਮ ਸ੍ਰੀ ਹਿਮਾਂਸ਼ੂ ਅਰੋੜਾ ਨੇ ਬੱਚਿਆਂ ਨੂੰ ਦੱਸਿਆ ਕਿ ਜੇਕਰ ਅਸੀਂ ਜ਼ਿੰਦਗੀ ਵਿੱਚ ਸਫਲ ਹੋਣਾ ਚਾਹੁੰਦੇ ਹਾਂ, ਤਾਂ ਸਾਨੂੰ ਨਸ਼ਿਆਂ ਦੀ ਬੁਰਾਈ ਤੋਂ ਬਚਣਾ ਚਾਹੀਦਾ ਹੈ। ਐਡੀਸ਼ਨਲ ਸਿਵਲ ਜੱਜ ਤਰਨਜੀਤ ਸਿਮਰਾ ਨੇ ਬੱਚਿਆਂ ਨੂੰ ਕਿਹਾ ਕਿ ਜੋ ਕੋਈ ਵੀ ਨਸ਼ੇ ਦਿੰਦਾ ਹੈ ਉਹ ਦੋਸਤ ਨਹੀਂ ਹੋ ਸਕਦਾ। ਕਿਸੇ ਦੇ ਪ੍ਰਭਾਵ ਦਾ ਸ਼ਿਕਾਰ ਨਾ ਬਣੋ ਅਤੇ ਪੁਲਿਸ ਪ੍ਰਸ਼ਾਸਨ ਨੂੰ ਅਜਿਹੇ ਲੋਕਾਂ ਬਾਰੇ ਸੂਚਿਤ ਕਰੋ। ਵਕੀਲ ਗੁਰਮੀਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਦੀ ਬੁਰਾਈ ਨਾਲ ਲੜਨ ਲਈ ਪੂਰੇ ਸਮਾਜ ਨੂੰ ਇੱਕਜੁੱਟ ਹੋਣਾ ਚਾਹੀਦਾ ਹੈ। ਇਹ ਸਿਰਫ਼ ਪੁਲਿਸ ਜਾਂ ਨਿਆਂਪਾਲਿਕਾ ਦਾ ਕੰਮ ਨਹੀਂ ਹੈ; ਆਮ ਲੋਕਾਂ ਨੂੰ ਵੀ ਇਸ ਬੁਰਾਈ ਨੂੰ ਖ਼ਤਮ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਬਾਰ ਐਸੋਸੀਏਸ਼ਨ ਗਿੱਦੜਬਾਹਾ ਦੇ ਪ੍ਰਧਾਨ ਸਤਬੀਰ ਸਿੰਘ ਔਲਖ ਨੇ ਬੱਚਿਆਂ ਨੂੰ ਦੱਸਿਆ ਕਿ ਨਸ਼ਿਆਂ ਦਾ ਕਹਿਰ ਸਿਰਫ਼ ਮੁੰਡਿਆਂ ਵਿੱਚ ਹੀ ਨਹੀਂ ਸਗੋਂ ਕੁੜੀਆਂ ਵਿੱਚ ਵੀ ਫੈਲ ਰਿਹਾ ਹੈ, ਅਤੇ ਇਹ ਨਸ਼ਾ ਨਾ ਸਿਰਫ਼ ਸਾਡੀ ਸਿੱਖਿਆ ਵਿੱਚ, ਸਗੋਂ ਸਮਾਜ ਦੇ ਵਿਕਾਸ ਵਿੱਚ ਵੀ ਰੁਕਾਵਟ ਪਾ ਰਿਹਾ ਹੈ। ਪ੍ਰਿੰਸੀਪਲ ਡਾ. ਆਰ.ਪੀ. ਵਰਮਾ ਨੇ ਕਿਹਾ ਕਿ ਜ਼ਿੰਦਗੀ ਬਹੁਤ ਕੀਮਤੀ ਹੈ, ਅਤੇ ਅਸੀਂ ਆਪਣੇ ਮਾਪਿਆਂ ਨੂੰ ਦੁੱਖ ਨਹੀਂ ਦੇ ਸਕਦੇ। ਇਸ ਸਮਾਗਮ ਦੀ ਮੇਜ਼ਬਾਨੀ ਸਹਾਇਕ ਪ੍ਰੋਫੈਸਰ ਸ਼ਾਲਿਨੀ ਨੇ ਕੀਤੀ। ਸੱਭਿਆਚਾਰਕ ਪ੍ਰੋਗਰਾਮ ਇੰਚਾਰਜ ਮੈਡਮ ਮਿੱਕੀ ਗੁਪਤਾ ਅਤੇ ਡਾ. ਵੀਰਪਾਲ ਦੀ ਅਗਵਾਈ ਹੇਠ ਹੋਇਆ। ਇਸ ਤੋਂ ਇਲਾਵਾ, ਸੋਲੋ ਅਤੇ ਗਰੁੱਪ ਡਾਂਸ ਪੇਸ਼ਕਾਰੀਆਂ ਵੀ ਆਯੋਜਿਤ ਕੀਤੀਆਂ ਗਈਆਂ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵੱਲੋਂ, ਜ਼ਿਲ੍ਹਾ ਅਤੇ ਸੈਸ਼ਨ ਜੱਜ ਸ਼੍ਰੀ ਰਾਜਕੁਮਾਰ ਗਰਗ ਦੁਆਰਾ ਡੀ ਐਲ ਐਸ ਏ ਨਾਲ ਜੁੜੇ ਭਾਗੀਦਾਰਾਂ ਅਤੇ ਵਲੰਟੀਅਰਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਅੰਤ ਵਿੱਚ, ਕੈਂਪਸ ਡਾਇਰੈਕਟਰ ਕਰਨਲ ਸੁਧਾਂਸ਼ੂ ਆਰੀਆ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜਨਰਲ ਸਕੱਤਰ ਗੁਰਚਰਨ ਸਿੰਘ, ਡਾ. ਆਰ.ਕੇ. ਉੱਪਲ, ਬੀ ਐਡ ਕਾਲਜ ਦੇ ਪ੍ਰਿੰਸੀਪਲ ਗੁਰਮੇਲ ਸਿੰਘ ਅਤੇ ਸਟਾਫ ਮੈਂਬਰ ਮੌਜੂਦ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਵੈਨੇਜ਼ੁਏਲਾ ਖਿਲਾਫ਼ ਅਮਰੀਕਾ ਦੀ ਫ਼ੌਜੀ ਤਾਨਾਸ਼ਾਹੀ ਖਿਲਾਫ਼ ਮੈਦਾਨ 'ਚ ਨਿੱਤਰੋ : ਇਨਕਲਾਬੀ ਕੇਂਦਰ

**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**

ਸਾਮਰਾਜੀ ਅਮਰੀਕਾ ਨਾਂਅ ਦੇ ਦੈਂਤ ਦੀ ਤਾਕਤ ਨੇ ਇਸ ਵਾਰ ਵੈਨੇਜ਼ੁਏਲਾ 'ਤੇ ਝਪਟ ਮਾਰੀ ਹੈ। ਫ਼ਿਲਮੀ ਅੰਦਾਜ਼ ਵਿੱਚ ਉਸ ਨੇ ਆਪਣੀ ਆਧੁਨਿਕ ਹਵਾਈ ਸੈਨਾ ਦੀ ਵਰਤੋਂ ਕਰਕੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਭਵਨ ਨੂੰ ਨਿਸ਼ਾਨਾ ਬਣਾਉਂਦਿਆਂ ਉਥੋਂ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਸ ਦੀ ਪਤਨੀ ਨੂੰ ਸਥਰੀ ਗ੍ਰਿਫ਼ਤਾਰ ਕਰਕੇ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਅਮਰੀਕਾ ਲਿਜਾ ਕੇ ਉਸ ਉੱਤੇ ਮੁਕੱਦਮਾ ਚਲਾਉਣ ਦਾ ਐਲਾਨ ਕੀਤਾ ਹੈ। ਡੌਨਾਲਡ ਟਰੰਪ ਦੀ ਇਹ ਘਿਨਾਉਣੀ ਹਰਕਤ ਵੈਨੇਜ਼ੁਏਲਾ ਦੇ ਕੁਦਰਤੀ ਸੋਮਿਆਂ ਅਤੇ ਤੇਲ ਭੰਡਾਰਾਂ ਉੱਤੇ ਕਬਜ਼ਾ ਕਰਨ ਦੀ ਹੋੜ ਵਿੱਚੋਂ ਨਿਕਲੀ ਹੈ। ਵੈਨੇਜ਼ੁਏਲਾ ਦੀ ਪ੍ਰਭੁਸੱਤਾ ਨੂੰ ਪੈਰਾਂ ਹੇਠ ਰੋਲਣ ਦੀ ਡੌਨਾਲਡ ਟਰੰਪ ਦੀ ਇਸ ਘਿਨਾਉਣੀ ਕਰਤੂਤ ਬਾਰੇ ਇਨਕਲਾਬੀ ਕੇਂਦਰ ਪੰਜਾਬ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਸਾਡੇ ਮੁਲਕ ਦੇ ਭਾਜਪਈ ਹਾਕਮਾਂ ਨੇ ਡੌਨਾਲਡ ਟਰੰਪ ਵਰਗੇ ਸਾਮਰਾਜੀ ਸਰਗਨਿਆਂ ਅਤੇ ਉਨ੍ਹਾਂ ਦੇ ਦਲਾਲ ਸੰਗੀਆਂ ਵੱਡੇ ਭਾਰਤੀ ਕਾਰਪੋਰੇਟ ਘਰਾਣਿਆਂ ਨਾਲ ਮਿਲਕੇ ਵੱਖ-ਵੱਖ ਦੇਸ਼ਾਂ ਨਾਲ ਮੁਕਤ ਵਪਾਰ ਸਮਝੌਤੇ ਕਰਨ ਦਾ ਅਮਲ ਵਿੱਢਿਆ ਹੋਇਆ ਹੈ। ਇਸ ਕਰਕੇ ਜਦੋਂ ਦੁਨੀਆ ਦੇ ਦੇਸ਼ ਅਮਰੀਕਾ ਦੀ ਇਸ ਕਾਰਵਾਈ ਦਾ ਵੱਡੇ ਪੱਧਰ 'ਤੇ ਵਿਰੋਧ ਕਰ ਰਹੇ ਹਨ ਤਾਂ ਮੋਦੀ ਸਰਕਾਰ ਇਸ ਹਮਲੇ ਖ਼ਿਲਾਫ਼ ਖੁੱਲ੍ਹ ਕੇ ਬੋਲਣ ਦੀ ਜੁਰਅੱਤ ਨਹੀਂ ਦਿਖਾ ਰਹੀ। ਟੈਰਿਫ ਵਧਾਉਣ ਦਾ ਡਰ ਦੇ ਕੇ ਮੋਦੀ ਸਰਕਾਰ ਨੂੰ ਟਰੰਪ ਪ੍ਰਸ਼ਾਸਨ ਨੇ ਗੋਡਿਆਂ ਪਰਨੇ ਕਰ ਲਿਆ ਹੈ। ਵੈਨੇਜ਼ੁਏਲਾ ਦੇ ਰਾਸ਼ਟਰਪਤੀ ਅਤੇ ਉੱਥੇ ਦੇ ਲੋਕਾਂ ਨੇ ਆਪਣਾ ਤੇਲ, ਆਪਣਾ ਸੋਨਾ, ਕੁਦਰਤੀ ਗੈਸ ਅਮਰੀਕਾ ਦੇ ਹਵਾਲੇ ਕਰਨ ਅਤੇ ਤੇਲ ਦਾ ਵਪਾਰ ਸਿਰਫ਼ ਡਾਲਰ ਵਿੱਚ ਹੀ ਕਰਨ ਤੋਂ ਨਾਂਹ ਕਰ ਦਿੱਤੀ, ਉਵੇਂ ਹੀ ਜਿਵੇਂ ਇਰਾਕ ਦੇ ਰਾਸ਼ਟਰਪਤੀ ਸਦਾਮ ਹੁਸੈਨ ਨੇ ਅਮਰੀਕਾ ਨੂੰ ਆਪਣਾ ਤੇਲ ਕੰਪਨੀਆਂ ਦੇ ਭਾਅ ਵੇਚਣ ਤੋਂ ਇਨਕਾਰ ਕਰ ਦਿੱਤਾ ਸੀ ਤਾਂ ਉਸ ਵੇਲੇ ਅਮਰੀਕੀ ਸਾਮਰਾਜਵਾਦ ਨੇ ਇਰਾਕ ਨੂੰ ਲੰਗੜੇ ਬਹਾਨਿਆਂ ਹੇਠ ਬੁਰੀ ਤਰ੍ਹਾਂ ਤਬਾਹ ਕਰ ਕੇ ਉਸਦੇ ਰਾਸ਼ਟਰਪਤੀ ਨੂੰ ਉਸਦੇ ਹੀ ਮੁਲਕ 'ਚ ਹੀ ਫਾਂਸੀ ਚਾੜ੍ਹ ਦਿੱਤਾ ਸੀ। ਉਸ ਸਮੇਂ ਅਮਰੀਕਾ ਦੀ ਬਕਵਾਸ ਸੀ ਕਿ ਸਦਾਮ ਕੋਲ ਰਸਾਇਣਕ ਹਥਿਆਰ ਹਨ ਤੇ ਹੁਣ ਵੈਨੇਜ਼ੁਏਲਾ ਬਾਰੇ ਟਰੰਪ ਕਹਿ ਰਿਹਾ ਹੈ ਕਿ ਇਹ ਨਸ਼ੇ ਵੇਚਦਾ ਹੈ। ਅਜਿਹੇ ਬਹਾਨਿਆਂ ਦਾ ਆਸਰਾ ਲੈ ਕੇ ਦੁਨੀਆ ਦੇ ਇਸ ਵੱਡੇ ਗੁੰਡੇ ਨੇ ਦਰਜਨਾਂ ਮੁਲਕਾਂ 'ਤੇ ਹਮਲੇ ਕਰਕੇ, ਆਪਣੇ ਵਿਰੋਧੀ ਮੁਖੀਆਂ ਦੇ ਕਤਲ ਕੀਤੇ, ਫ਼ੌਜੀ ਰਾਜ ਪਲਟੇ ਕਰਵਾ ਕੇ ਗੁੰਡਾਗਰਦੀ ਤੇ ਕਤਲੋਗਾਰਤ ਦਾ ਨੰਗਾ ਨਾਚ ਕੀਤਾ ਹੈ। ਇਸੇ ਲੜੀ ਵਿੱਚ ਹੁਣ ਮਾਦੁਰੋ ਨੂੰ ਉਸ ਦੀ ਪਤਨੀ ਸਮੇਤ ਅਗਵਾ ਕਰਕੇ ਉਨ੍ਹਾਂ 'ਤੇ ਮੁਕੱਦਮਾ ਚਲਾਉਣ ਦੇ ਧੱਕੜ ਐਲਾਨ ਕੀਤੇ ਹਨ। ਇਸ ਦਾ ਅਰਥ ਉਹ ਦੁਨੀਆ ਨੂੰ ਦੱਸਣਾ ਚਾਹੁੰਦਾ ਹੈ ਕਿ ਉਹ ਸੰਸਾਰ ਦਾ ਚੌਧਰੀ ਹੈ ਅਤੇ ਉਸ ਦੀ ਮਰਜ਼ੀ ਬਿਨਾਂ ਕੋਈ ਪੱਤਾ ਨਹੀਂ ਹਿੱਲ ਸਕਦਾ, ਹਰ ਚੀਜ਼ ਉਸ ਦੇ ਰਹਿਮੋ-ਕਰਮ 'ਤੇ ਹੈ। ਇਹ ਸਾਮਰਾਜੀ ਸਰਗਣਾ ਸਾਡਾ ਵੀ ਦੁਸ਼ਮਣ ਹੈ ਤੇ ਵੈਨੇਜ਼ੁਏਲਾ ਦੇ ਲੋਕਾਂ ਦਾ ਵੀ ਦੁਸ਼ਮਣ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਅਤੇ ਜਸਵੰਤ ਜੀਰਖ ਨੇ ਕਿਹਾ ਕਿ ਵੈਨੇਜ਼ੁਏਲਾ ਦਾ ਰਾਸ਼ਟਰਪਤੀ ਕੌਣ ਹੋਵੇ, ਇਸਦਾ ਫ਼ੈਸਲਾ ਕਰਨ ਦਾ ਅਧਿਕਾਰ ਸਿਰਫ਼ ਉਥੋਂ ਦੇ ਲੋਕਾਂ ਦਾ ਹੈ, ਨਾ ਕਿ ਟਰੰਪ ਵਰਗੇ ਸਾਮਰਾਜੀ ਦੈਂਤਾਂ ਅਤੇ ਉਨ੍ਹਾਂ ਦੇ ਪਿੱਠੂਆਂ ਦਾ ਹੈ। ਦੁਨੀਆ ਭਰ ਦੀਆਂ ਜੰਗ ਵਿਰੋਧੀ ਇਨਸਾਫ਼ ਪਸੰਦ ਤਾਕਤਾਂ ਡੌਨਾਲਡ ਟਰੰਪ ਦੇ ਵੈਨੇਜ਼ੁਏਲਾ ਉੱਤੇ ਕੀਤੇ ਹਮਲੇ ਖ਼ਿਲਾਫ਼ ਸੜਕਾਂ 'ਤੇ ਹਨ। ਆਗੂਆਂ ਨੇ ਕਿਹਾ ਕਿ ਸਾਮਰਾਜ ਖ਼ਿਲਾਫ਼ ਸਾਡੀ ਲੜਾਈ ਸਾਂਝੀ ਹੈ। ਇਸ ਕਰਕੇ ਸਾਂਝੇ ਦੁਸ਼ਮਣ ਅਮਰੀਕੀ ਸਾਮਰਾਜਵਾਦ ਦੇ ਇਸ ਹਮਲੇ ਵਿਰੁੱਧ ਭਾਰਤੀ ਲੋਕਾਂ ਨੂੰ ਵੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।

# ਹਰਿਆਣਾ ਕੰਟਰੈਕਟ ਕਰਮਚਾਰੀ ਵੈਬ ਪੋਰਟਲ ਲਈ ਆਨਲਾਈਨ ਸਿਖਲਾਈ ਅੱਜ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਨੇ ਹਰਿਆਣਾ ਕੰਟਰੈਕਟ ਕਰਮਚਾਰੀ (ਸੇਵਾ ਸੁਰੱਖਿਆ) ਵੈੱਬ ਪੋਰਟਲ ਨਾਲ ਸਬੰਧ ਵਿੱਚ ਸਾਰੇ ਵਿਭਾਗਾਂ, ਬੋਰਡਾਂ, ਨਿਗਮਾਂ ਅਤੇ ਅਥਾਰਟੀਆਂ ਲਈ ਲਾਜ਼ਮੀ ਸਿਖਲਾਈ ਸੈਸ਼ਨ ਆਯੋਜਿਤ ਕਰਨ ਦਾ ਫੈਸਲਾ ਲਿਆ ਹੈ। ਇਹ ਆਨਲਾਈਨ ਸਿਖਲਾਈ 8 ਜਨਵਰੀ ਨੂੰ ਸਵੇਰੇ 11.00 ਵਜੇ ਵੀਡੀਓ ਕਾਨਫਰੰਸਿੰਗ ਰਾਹੀਂ ਆਯੋਜਿਤ ਕੀਤੀ ਜਾਵੇਗੀ।ਮੁੱਖ ਸਕੱਤਰ ਦਫ਼ਤਰ ਵੱਲੋਂ ਇਸ ਸਬੰਧ ਵਿੱਚ ਜਾਰੀ ਇੱਕ ਪੱਤਰ ਅਨੁਸਾਰ, ਇਹ ਸੈਸ਼ਨ ਪੋਰਟਲ ਦੀ ਪ੍ਰਕਿਰਿਆਵਾਂ ਅਤੇ ਕਾਰਜਪ੍ਰਣਾਲੀ ਦੀ ਸਮਾਨ ਸਮਝ ਯਕੀਨੀ ਕਰਨ ਅਤੇ ਬਿਨੈਕਾਰਾਂ ਅਤੇ ਸੰਵਿਤਰਨ ਅਧਿਕਾਰੀਆਂ (ਡੀ ਡੀ ਓ) ਨੂੰ ਪੇਸ਼ ਆ ਰਹੀ ਸਮੱਸਿਆਵਾਂ ਦੇ ਹੱਲ ਦੇ ਉਦੇਸ਼ ਨਾਲ ਆਯੋਜਿਤ ਕੀਤੀ ਜਾ ਰਹੀ ਹੈ।

## ਲੋਕ ਨਿਰਮਾਣ ਵਿਭਾਗ ਖੁਦ ਨੂੰ ਇੱਕ ਬ੍ਰਾਂਡ ਵਜੋਂ ਸਥਾਪਿਤ ਕਰੇ : ਰਣਬੀਰ ਗੰਗਵਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਲੋਕ ਨਿਰਮਾਣ ਅਤੇ ਜਨਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਸਰਕਾਰ ਦੀ ਪ੍ਰਾਥਮਿਕਤਾ ਹੈ ਕਿ ਸੂਬੇ ਵਿੱਚ ਬਣ ਰਹੇ ਅਤੇ ਸੜਕਾਂ ਵਨ-ਸਟੈਂਡਰਡ ਹੋਣ ਅਤੇ ਲੋਕ ਨਿਰਮਾਣ ਵਿਭਾਗ (ਪੀ ਡਬਲਯੂ ਡੀ) ਖੁਦ ਨੂੰ ਇੱਕ ਮਜ਼ਬੂਤ ਬ੍ਰਾਂਡ ਵਜੋਂ ਸਥਾਪਿਤ ਕਰਨ। ਇਸ ਦੇ ਲਈ ਵਿਭਾਗ ਦੇ ਅਧਿਕਾਰੀ ਪੂਰੀ ਯੋਜਨਾ ਨਾਲ ਕੰਮ ਕਰਨ। ਜਨਤਾ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਾ ਹੋਵੇ, ਅਤੇ ਉਨ੍ਹਾਂ ਦੀ ਸਮਸਿਆਵਾਂ ਦੇ ਤੁਰੰਤ ਹੱਲ ਦੀ ਦਿਸ਼ਾ ਵਿੱਚ ਵੀ ਕੰਮ ਹੋਵੇ।

# ਸੋਨੀਆ ਮਾਨ ਅਤੇ ਵਧੀਕ ਡਿਪਟੀ ਕਮਿਸ਼ਨਰ ਨੇ ਨਸ਼ਾ ਮੁਕਤੀ ਯਾਤਰਾ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਸੂਬਾ ਸਰਕਾਰ ਵੱਲੋਂ ਨਸ਼ਾ ਮੁਕਤ ਪੰਜਾਬ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਦੂਜਾ ਪੜਾਅ ਸ਼ੁਰੂ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਤਰਨ ਤਾਰਨ ਵਿੱਚ 10 ਜਨਵਰੀ ਤੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਇਹ ਦੂਜਾ ਪੜਾਅ ਸ਼ੁਰੂ ਹੋਵੇਗਾ, ਜਿਸ ਤਹਿਤ ਹਰ ਵਿਧਾਨ ਸਭਾ ਹਲਕੇ ਵਿੱਚ ਰੋਜ਼ਾਨਾ 20 ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾਵਾਂ ਰਾਹੀਂ ਘਰ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾਵੇਗਾ।'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਦੂਜੇ ਪੜਾਅ ਦੀਆਂ ਤਿਆਰੀਆਂ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਨਸ਼ਾ ਮੁਕਤੀ ਮੋਰਚਾ ਦੀ ਮਾਝਾ ਕੋਆਰਡੀਨੇਟਰ ਸੋਨੀਆ ਮਾਨ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੰਜੀਵ ਕੁਮਾਰ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਨਸ਼ਾ ਮੁਕਤੀ ਮੋਰਚੇ ਦੇ ਬਲਾਕ ਕੋਆਰਡੀਨੇਟਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸੋਨੀਆ ਮਾਨ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 7 ਜਨਵਰੀ ਤੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਤੋਂ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਉਸ ਤੋਂ ਬਾਅਦ 8 ਜਨਵਰੀ ਨੂੰ ਜ਼ਿਲ੍ਹਾ ਤਰਨਤਾਰਨ ਦੇ ਸਾਰੇ ਬਲਾਕ ਕੋਆਰਡੀਨੇਟਰਾਂ ਵੱਲੋਂ ਹਲਕਾ ਵਿਧਾਇਕਾਂ ਅਤੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਨਸ਼ਾ ਮੁਕਤੀ ਯਾਤਰਾਵਾਂ ਦੀ ਰੂਪਰੇਖਾ ਉਲੀਕੀ ਜਾਵੇਗੀ। ਉਨ੍ਹਾਂ ਕਿਹਾ ਕਿ 10 ਜਨਵਰੀ ਤੋਂ ਜ਼ਿਲ੍ਹਾ ਤਰਨ ਤਾਰਨ ਦੇ ਹਰੇਕ ਹਲਕੇ ਦੇ ਰੋਜ਼ਾਨਾ 20



ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾਵਾਂ ਕੱਢੀਆਂ ਜਾਣਗੀਆਂ, ਜਿਸ ਤਹਿਤ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾਵੇਗਾ।ਮੈਡਮ ਸੋਨੀਆ ਮਾਨ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਮਾਨ ਸਰਕਾਰ ਦਾ ਮੁੱਖ ਏਜੰਡਾ ਹੈ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਆਮ ਲੋਕਾਂ ਦੇ ਸਹਿਯੋਗ ਨਾਲ ਕਾਮਯਾਬ ਕੀਤਾ ਜਾਵੇਗਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੰਜੀਵ ਕੁਮਾਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਹ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਪੂਰਾ ਸਹਿਯੋਗ ਕਰਨ। ਇਸ ਮੌਕੇ ਐੱਸ.ਡੀ.ਐੱਮ. ਤਰਨ ਤਾਰਨ ਸ੍ਰੀ ਗੁਰਮੀਤ ਸਿੰਘ, ਐੱਸ.ਡੀ.ਐੱਮ. ਭਿੱਖੀਵਿੰਡ/ਪੱਟੀ ਸ. ਸਿਮਰਨਜੀਤ ਸਿੰਘ, ਐੱਸ.ਡੀ.ਐੱਮ. ਖਡੂਰ ਸਾਹਿਬ ਸ੍ਰੀ ਸੰਜੀਵ ਸ਼ਰਮਾ, ਡੀ.ਡੀ.ਪੀ.ਓ. ਸ. ਪਿਆਰ ਸਿੰਘ ਖ਼ਾਲਸਾ ਤੇ ਹੋਰ ਅਧਿਕਾਰੀ ਅਤੇ ਵੱਖ-ਵੱਖ ਬਲਾਕਾਂ ਦੇ ਨਸ਼ਾ ਮੁਕਤੀ ਮੋਰਚਾ ਦੇ ਕੋਆਰਡੀਨੇਟਰ ਵੀ ਹਾਜ਼ਰ ਸਨ।

# ਬਲਬੀਰ ਸਿੰਘ ਪੰਨੂ ਵੱਲੋਂ ਸੈਰਪੁਰ ਕਲਾਂ 'ਚ ਨਗਰ ਕੀਰਤਨ ਦਾ ਭਰਵਾਂ ਸਵਾਗਤ



**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**-ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਪੁਰਬ ਮੌਕੇ ਪਿੰਡ ਸੈਰਪੁਰ ਕਲਾਂ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਨਗਰ ਕੀਰਤਨ ਦਾ ਸਵਾਗਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਅਤੇ ਹਲਕੇ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ। ਬਲਬੀਰ ਸਿੰਘ ਪੰਨੂ ਨੇ ਪੰਜ ਪਿਆਰਿਆਂ ਦਾ ਸਿਰੋਪਾਓ ਪਾ ਕੇ ਸਵਾਗਤ ਕੀਤਾ।ਸਮੂਹ ਸੰਗਤ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਉਪਰੰਤ ਵੱਖ-ਵੱਖ ਪਕਵਾਨਾਂ ਦੇ ਲੰਗਰ ਛਕਾ ਕੇ ਸੰਗਤ ਦੀ ਸੇਵਾ ਕੀਤੀ ਗਈ।ਇਸ ਮੌਕੇ ਜਗਬੀਰ ਸਿੰਘ ਕਾਹਲੋਂ ਹਲਕਾ ਕੋਆਰਡੀਨੇਟਰ ਐੱਸਸੀ ਵਿੰਗ, ਰਵਿੰਦਰ ਸਿੰਘ, ਮੇਜਰ ਸਿੰਘ ਬਲਾਕ ਪ੍ਰਧਾਨ, ਹਰਦੀਪ ਸਿੰਘ ਬਲਾਕ ਪ੍ਰਧਾਨ, ਸ਼ਮਸ਼ੇਰ ਸਿੰਘ ਬਲਾਕ ਪ੍ਰਧਾਨ, ਰਘਬੀਰ ਸਿੰਘ, ਗੁਰਦੇਵ ਔਜਲਾ ਤੋਂ ਇਲਾਵਾ ਪਰਿਵਾਰਕ ਮੈਂਬਰਾਂ ਨੇ ਹਾਜ਼ਰੀ ਭਰੀ।

# ਵਡਾਲਾ ਵੀਰਮ ਵਿਖੇ ਹੋਈ 'ਆਪ' ਦੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**

ਪਿੰਡ ਵਡਾਲਾ ਵਿੱਚ ਸਰਪੰਚ ਕਰਮਜੀਤ ਸਿੰਘ ਵੱਲੋਂ ਰੱਖੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ। ਇਸ ਮੌਕੇ ਤਲਬੀਰ ਸਿੰਘ ਗਿੱਲ ਦਾ ਸਵਾਗਤ ਕੀਤਾ ਗਿਆ। ਸੰਬੋਧਨ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ 18 ਦੀ ਰੈਲੀ ਵਿਰੋਧੀਆਂ ਦੇ ਹੋਸ਼ ਉਡਾ ਦੇਵੇਗੀ ਅਤੇ ਹਲਕਾ ਮਜੀਠਾ ਵਿੱਚ ਵਿਰੋਧੀ ਪਾਰਟੀਆਂ ਜੋ ਰਲ ਕੇ ਚੱਲ ਰਹੀਆਂ ਹਨ ਉਨ੍ਹਾਂ ਨੂੰ ਦੱਸੇਗੀ ਕਿ ਹਲਕਾ ਮਜੀਠਾ ਦੇ ਲੋਕ ਕਿਸ ਦੇ ਨਾਲ ਹਨ। ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਨੇ ਕੋਈ ਕੰਮ ਹੀ ਨਹੀਂ ਰਹਿਣ ਦੇਣਾ ਤਾਂ ਕਿ ਲੋਕਾਂ ਨੂੰ ਇਹ ਕਹਿਣ ਦਾ ਮੌਕਾ ਮਿਲੇ ਕਿ ਸਾਡਾ ਆਹ ਕੰਮ ਰਹਿ ਗਿਆ, ਉਹ ਕੰਮ ਰਹਿ ਗਿਆ। ਹਲਕੇ ਦੀਆਂ ਸਾਰੀਆਂ ਸੜਕਾਂ ਦਾ ਕੰਮ ਚੱਲ ਰਿਹਾ। ਵਿਕਾਸ ਦੀ ਕੋਈ ਕਸਰ ਨਹੀਂ ਛੱਡੀ ਜਾਏਗੀ। 15 ਤਰੀਕ ਨੂੰ 10 ਲੱਖ ਰੁਪਏ ਸਿਹਤ ਬੀਮਾ ਵਾਲੇ ਕਾਰਡ ਬਣਨੇ ਸ਼ੁਰੂ ਹੋ ਜਾਣਗੇ ਜਿਸ ਦਾ ਉਦਘਾਟਨ ਮੁੱਖ ਮੰਤਰੀ ਭਗਵੰਤ ਮਾਨ ਕਰਨਗੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਅੱਠ ਘੰਟੇ ਦਿਨੇ ਬਿਜਲੀ ਮਿਲ ਰਹੀ ਹੈ, 600 ਯੂਨਿਟ ਬਿਜਲੀ ਹਰ ਇੱਕ ਪਰਿਵਾਰ ਨੂੰ ਫ੍ਰੀ ਮਿਲ ਰਹੀ ਹੈ ਤੇ ਲੋਕ ਇਸੇ ਸਰਕਾਰ ਨੂੰ ਦੁਬਾਰਾ ਬਣਾਉਣ ਲਈ ਤਿਆਰ ਹਨ। 328 ਸਰੂਪਾਂ ਦੀ ਗੁੰਮਸ਼ੁਦਗੀ 'ਤੇ ਬੋਲਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਸਰਕਾਰ ਦੀ ਕੋਈ ਸਿੱਖ ਧਰਮ ਵਿੱਚ ਦਖਲਅੰਦਾਜ਼ੀ ਨਹੀਂ ਹੈ। ਜਥੇਦਾਰ ਆਪਣੇ ਆਕਾਵਾਂ ਦੀ ਬੋਲੀ ਬੋਲ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਵਕੀਲ ਕਰਮਜੀਤ, ਤਰਨਜੀਤ ਸਿੰਘ ਹੰਜਰਾ, ਬਲਾਕ ਸੰਮਤੀ ਮੈਂਬਰ ਬਲਜਿੰਦਰ ਸਿੰਘ, ਬਲਾਕ ਪ੍ਰਧਾਨ ਬਲਵਿੰਦਰ ਸਿੰਘ ਵਡਾਲਾ, ਪ੍ਰਧਾਨ ਰੁਪਿੰਦਰ ਸਿੰਘ ਵਡਾਲਾ, ਨੰਬਰਦਾਰ ਪ੍ਰਗਟ ਸਿੰਘ, ਬਲਬੀਰ ਸਿੰਘ ਬੋਪਾਰਾਏ, ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਰੇਸ਼ਮ ਸਿੰਘ, ਪ੍ਰਧਾਨ ਕਿਸਾਨ ਵਿੰਗ ਬਲਵਿੰਦਰ ਸਿੰਘ ਛੀਨਾ, ਸਿਆਸੀ ਸਲਾਹਕਾਰ ਮਲਕੀਤ ਸਿੰਘ ਭੋਏ, ਓਐੱਸਡੀ ਪਰਮਜੀਤ ਸਿੰਘ ਮੱਤੇਵਾਲ ਮੈਂਬਰ, ਜ਼ਿਲ੍ਹਾ ਪ੍ਰੀਸ਼ਦ ਲਵਪ੍ਰੀਤ ਸਿੰਘ, ਯੂਥ ਵਿੰਗ ਪ੍ਰਧਾਨ ਮਜੀਠਾ ਸ਼ਿਵ ਭੀਲੋਵਾਲ, ਮੈਂਬਰ ਜ਼ਿਲਾ ਪ੍ਰੀਸ਼ਦ ਹੁਸਨਪ੍ਰੀਤ ਸਿੰਘ ਸਿਆਲਕਾ, ਮੈਂਬਰ ਜ਼ਿਲਾ ਪ੍ਰੀਸ਼ਦ ਤਰਸੇਮ ਸਿੰਘ ਸਿਆਲਕਾ, ਸਿਕੰਦਰ ਸਿੰਘ ਖਿੱਦੋਵਾਲੀ, ਬਲਾਕ ਸੰਮਤੀ ਮੈਂਬਰ ਮਨਜਿੰਦਰ ਸਿੰਘ, ਬਲਾਕ ਪ੍ਰਧਾਨ ਸਾਹਿਬ ਸਿੰਘ ਰੰਗੀਲਪੁਰ, ਬਲਾਕ ਪ੍ਰਧਾਨ ਲਛਮਣ ਸਿੰਘ ਅਬਦਾਲ, ਵਿਕੀ ਚਵਿੰਡਾ, ਏਪੀ ਚਵਿੰਡਾ, ਬੱਬੀ ਸਰਪੰਚ, ਸਵਰਨ ਸਿੰਘ ਐੱਸ ਐੱਸ, ਸਵਰਨ ਸਿੰਘ ਕੁਰਾਲੀਆਂ, ਧੰਨਾ ਸਿੰਘ ਢੱਡੇ, ਹਰਦੇਵ ਸਿੰਘ, ਸਤਨਾਮ ਸਿੰਘ ਮੈਨੇਜਰ, ਸਵਿੰਦਰ ਸਿੰਘ ਅਤੇ ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚ, ਪੰਚ ਅਤੇ ਹੋਰ ਵਲੰਟੀਅਰ ਸਾਥੀ ਵੀ ਹਾਜ਼ਰ ਸਨ।



# 15 ਤੋਂ ਹਰ ਪਰਵਾਰ ਨੂੰ ਮਿਲੇਗਾ 10 ਲੱਖ ਤੱਕ ਦਾ ਮੁਫ਼ਤ ਇਲਾਜ : ਕਲਕੱਤਾ/ ਭਗਵੰਤ



**ਬਿਆਸ (ਪਰਮਜੀਤ ਸਿੰਘ ਰੱਖੜਾ)**

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੁੱਲਰ ਕਲਕੱਤਾ, ਸੋਸ਼ਲ ਮੀਡੀਆ ਸੈਕਟਰੀ ਅੰਮ੍ਰਿਤਸਰ (ਦਿਹਾਤੀ) ਭਗਵੰਤ ਸਿੰਘ, ਸੰਦੀਪ ਸਿੰਘ ਵਿਰਦੀ ਸੀਨੀਅਰ ਆਗੂ ਬੀ ਸੀ ਵਿੰਗ ਅਤੇ ਬਲਾਕ ਯੂਥ ਪ੍ਰਧਾਨ ਗੁਰਬੀਰ ਸਿੰਘ ਧਾਲੀਵਾਲ ਨੇ ਸਾਂਝੇ ਬਿਆਨ 'ਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ 15 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਅਧੀਨ ਪੰਜਾਬ ਦੇ ਸਾਰੇ ਪਰਵਾਰਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਇਸ ਯੋਜਨਾ ਲਈ ਕੋਈ ਵੀ ਆਮਦਨ ਸੀਮਾ ਨਹੀਂ ਰੱਖੀ ਗਈ ਅਤੇ ਰਾਜ ਦੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ। ਉਹਨਾਂ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ 15 ਜਨਵਰੀ ਨੂੰ ਇਸ ਯੋਜਨਾ ਦਾ ਸਰਕਾਰੀ ਤੌਰ 'ਤੇ ਅਗਾਜ਼ ਕਰਨਗੇ। ਇਸ ਯੋਜਨਾ ਤਹਿਤ ਸਰਕਾਰੀ ਤੇ ਪ੍ਰਾਈਵੇਟ ਦੋਵੇਂ ਪ੍ਰਕਾਰ ਦੇ ਹਸਪਤਾਲਾਂ ਵਿੱਚ ਇਲਾਜ ਕਰਵਾਇਆ ਜਾ ਸਕੇਗਾ। ਇਹ ਯੋਜਨਾ ਸੂਬੇ ਲਈ ਸਿਹਤ ਖੇਤਰ ਵਿੱਚ ਇੱਕ ਕ੍ਰਾਂਤੀਕਾਰੀ ਕਦਮ ਸਾਬਤ ਹੋਵੇਗੀ, ਜਿਸ ਨਾਲ ਹਰ ਘਰ ਨੂੰ ਗੁਣਵੱਤਾ ਭਰਪੂਰ ਤੇ ਮੁਫ਼ਤ ਇਲਾਜ ਦੀ ਪੂਰੀ ਗਰੰਟੀ ਮਿਲੇਗੀ।

# ਸੀਨੀਅਰ ਸਿਟੀਜ਼ਨਾਂ ਲਈ ਰੇਲ ਕਿਰਾਏ 'ਚ ਛੋਟ ਬਹਾਲ ਕਰਨ ਦੀ ਮੰਗ



**ਜਲੰਧਰ (ਰਾਜੇਸ਼ ਥਾਪਾ)**

ਦੇਸ਼ ਵਿੱਚ ਪਾਰਦਰਸ਼ਤਾ ਲਿਆਉਣ ਤੇ ਬਜ਼ੁਰਗਾਂ ਦੇ ਹੱਕਾਂ ਦੀ ਰਾਖੀ ਲਈ ਸੀਨੀਅਰ ਨਾਗਰਿਕ ਐੱਮ ਐੱਲ ਸਹਿਗਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖਿਆ ਹੈ। ਇਸ ਪੱਤਰ ਰਾਹੀਂ ਉਨ੍ਹਾਂ ਨੇ ਦੇਸ਼ ਦੇ ਵਿਕਾਸ ਅਤੇ ਆਮ ਜਨਤਾ ਨਾਲ ਜੁੜੇ ਕਈ ਅਹਿਮ ਮੁੱਦੇ ਚੁੱਕੇ ਹਨ। ਸਹਿਗਲ ਨੇ ਆਪਣੇ ਪੱਤਰ ਵਿੱਚ ਹੇਠ ਲਿਖੀਆਂ ਮੁੱਖ ਮੰਗਾਂ ਰੱਖੀਆਂ ਹਨ।ਭ੍ਰਿਸ਼ਟਾਚਾਰ ਤੇ ਨਜਾਇਜ਼ ਕਬਜ਼ਿਆਂ ਨੂੰ ਰੋਕਣ ਲਈ ਸਾਰੀਆਂ ਸ਼ਹਿਰੀ ਤੇ ਪੇਂਡੂ ਜਮੀਨਾਂ ਦੇ ਰਿਕਾਰਡ ਨੂੰ ਆਧਾਰ ਕਾਰਡ, ਪੈਨ ਕਾਰਡ ਅਤੇ ਵੋਟਰ ਕਾਰਡ ਨਾਲ ਲਿੰਕ ਕੀਤਾ ਜਾਵੇ। ਸੀਨੀਅਰ ਸਿਟੀਜ਼ਨਾ ਲਈ ਕੋਰੋਨਾ ਕਾਲ ਦੌਰਾਨ ਬੰਦ ਕੀਤੀ ਗਈ ਰੇਲ ਗੱਡੀ ਦੇ ਕਿਰਾਏ ਵਿੱਚ ਛੋਟ ਨੂੰ ਤੁਰੰਤ ਬਹਾਲ ਕੀਤਾ ਜਾਵ। ਬਜ਼ੁਰਗਾਂ ਦੀ ਆਰਥਿਕ ਸੁਰੱਖਿਆ ਲਈ ਬੈਂਕਾਂ ਵਿੱਚ ਜਮ੍ਹਾਂ ਰਕਮਾਂ ਤੇ ਐੱਫ ਡੀ 'ਤੇ ਵਿਆਜ ਦਰਾਂ ਵਧਾਈਆਂ ਜਾਣ। ਪਿੰਡਾਂ ਅਤੇ ਸ਼ਹਿਰਾਂ ਵਿੱਚ ਸਰਕਾਰੀ ਰਸਤਿਆਂ 'ਤੇ ਕੀਤੇ ਗਏ ਨਜਾਇਜ਼ ਕਬਜ਼ਿਆਂ ਨੂੰ ਹਟਾ ਕੇ ਉੱਥੇ ਪਾਰਕ ਬਣਾਏ ਜਾਣ ਤਾਂ ਜੋ ਵਾਤਾਵਰਣ ਸ਼ੁੱਧ ਰਹੇ। ਪੀਣ ਵਾਲੇ ਸਾਫ਼ ਪਾਣੀ ਨਾਲ ਗੱਡੀਆਂ ਧੋਣ 'ਤੇ ਪੂਰਨ ਪਾਬੰਦੀ ਲਗਾਈ ਜਾਵੇ। ਸੜਕਾਂ ਤੋਂ ਟੋਲ ਪਲਾਜ਼ਿਆਂ ਨੂੰ ਖਤਮ ਕਰਕੇ ਡਿਜੀਟਲ ਸਿਸਟਮ ਨੂੰ ਹੋਰ ਮਜ਼ਬੂਤ ਕੀਤਾ ਜਾਵੇ।ਐਮ.ਐਲ. ਸਹਿਗਲ ਨੇ ਉਮੀਦ ਜਤਾਈ ਹੈ ਕਿ ਕੇਂਦਰ ਸਰਕਾਰ ਇਨ੍ਹਾਂ ਲੋਕ ਪੱਖੀ ਮੰਗਾਂ 'ਤੇ ਜਲਦ ਤੋਂ ਜਲਦ ਕਾਰਵਾਈ ਕਰੇਗੀ।

# ਸਾਹਿਤਕ ਵਿਚਾਰ ਮੰਚ ਅਤੇ ਜਸਪਾਲ ਹੰਜਰਾਅ ਸਾਹਿਤਕ ਮੰਚ ਵੱਲੋਂ ਸਾਂਝੇ ਤੌਰ 'ਤੇ ਐਵਾਰਡਾਂ ਦਾ ਐਲਾਨ

## ਰਾਜਪਾਲ ਸਿੰਘ ਬਾਠ ਦੀ ਕਿਤਾਬ 'ਹੋਂਦ ਦੇ ਅਰਥ' ਦਾ ਹੋਵੇਗਾ ਲੋਕ ਅਰਪਣ



**ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਫ਼ਤਿਹਗੜ੍ਹ ਚੂੜੀਆਂ ਤੋਂ ਪਿਛਲੇ ਕਈ ਸਾਲਾਂ ਤੋਂ ਸਾਹਿਤਕ ਖ਼ੇਤਰ ਵਿੱਚ ਕੰਮ ਕਰ ਰਹੇ ਸਾਹਿਤਕ ਵਿਚਾਰ ਮੰਚ ਅਤੇ ਜਸਪਾਲ ਹੰਜਰਾਅ ਯਾਦਗਾਰੀ ਮੰਚ ਵੱਲੋਂ ਇਸ ਸਾਲ ਸਾਂਝੇ ਤੌਰ 'ਤੇ ਸਾਲਾਨਾ ਐਵਾਰਡਾਂ ਦਾ ਐਲਾਨ ਕੀਤਾ ਗਿਆ ਹੈ।ਦੋਵੇਂ ਮੰਚਾਂ ਵੱਲੋਂ ਹਰ ਸਾਲ ਦਿੱਤਾ ਜਾਂਦਾ ਪੱਤਰਕਾਰ ਗੁਰਦਿਆਲ ਸਿੰਘ ਫੁੱਲ ਯਾਦਗਾਰੀ ਐਵਾਰਡ ਇਸ ਵਾਰ ਜੁਝਾਰ ਟਾਈਮਜ਼/ਪਹਿਰੇਦਾਰ ਅਖ਼ਬਾਰ ਦੇ ਸੰਪਾਦਕ ਸ੍ਰ. ਬਲਵਿੰਦਰ ਸਿੰਘ ਪੂੜੈਣ ਨੂੰ ਦਿੱਤਾ ਜਾਵੇਗਾ ਅਤੇ ਜਸਪਾਲ ਹੰਜਰਾਅ ਯਾਦਗਾਰੀ ਐਵਾਰਡ ਇਸ ਸਾਲ ਕਹਾਣੀਕਾਰ ਮੁਖ਼ਤਾਰ ਗਿੱਲ ਨੂੰ ਭੇਟ ਕੀਤਾ ਜਾਵੇਗਾ ਅਤੇ ਡਾ. ਲੇਖ ਰਾਜ ਅਤੇ ਜਸਦੇਵ ਮਾਨ ਦੀ ਝੋਲੀ ਵਿਸ਼ੇਸ਼ ਸਨਮਾਨ ਪਾਇਆ ਜਾਵੇਗਾ। ਹੰਜਰਾਅ ਮੰਚ ਦੇ ਜਨਰਲ ਸਕੱਤਰ ਹਰਪਾਲ ਸਿੰਘ ਨਾਗਰਾ ਅਤੇ ਸਾਹਿਤਕ ਵਿਚਾਰ ਮੰਚ ਦੇ ਜਨਰਲ ਸਕੱਤਰ ਡਾ. ਮਨਦੀਪ ਕੌਰ ਢੀਂਡਸਾ ਨੇ ਸਾਂਝੇ ਤੌਰ 'ਤੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਾਰ ਦੋਵਾਂ ਮੰਚਾਂ ਵੱਲੋਂ ਸਾਂਝੇ ਤੌਰ 'ਤੇ 9 ਜਨਵਰੀ ਸ਼ੁੱਕਰਵਾਰ ਤਾਜ ਪੈਲੇਸ ਬਟਾਲਾ ਰੋਡ ਵਿਖੇ ਇਹ ਸਮਾਗਮ ਕਰਵਾਇਆ ਜਾ ਰਿਹਾ ਹੈ ਜੋ ਕਿ ਸਾਹਿਤਕ ਹਲਕਿਆਂ ਵਿੱਚ ਇਕ ਵੱਖਰੀ ਮਿਸਾਲ ਹੈ ਕਿਉਂਕਿ ਧੜੇਬੰਦੀਆਂ ਦੇ ਇਸ ਦੌਰ ਵਿੱਚ ਸਾਂਝੇ ਯਤਨ ਕਰਨਾ ਸ਼ਲਾਘਾਯੋਗ ਕਦਮ ਹੈ।ਉਨ੍ਹਾਂ ਕਿਹਾ ਕਿ ਇਸ ਵਾਰ ਦੋ ਵਿਸ਼ੇਸ਼ ਸਨਮਾਨ ਡਾ. ਲੋਕ ਰਾਜ ਪਠਾਨਕੋਟ ਅਤੇ ਜਸਦੇਵ ਮਾਨ ਹੁਣਾ ਨੂੰ ਕਿਤਾਬ ਕਲਚਰ ਅਤੇ ਸਾਹਿਤ ਖ਼ੇਤਰ ਵਿੱਚ ਯੋਗਦਾਨ ਪਾਉਣ ਲਈ ਦਿੱਤੇ ਜਾਣਗੇ।

ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਸਮਾਗਮ ਵਿੱਚ ਨਾਮਵਰ ਲੇਖਕ ਅਤੇ ਗੀਤਕਾਰ ਰਾਜਪਾਲ ਸਿੰਘ ਬਾਠ ਦੀ ਨਵੀਂ ਕਾਵਿ ਕਿਤਾਬ ਹੋਂਦ ਦੇ ਅਰਥ ਦਾ ਲੋਕ ਅਰਪਣ ਵੀ ਕੀਤਾ ਜਾਵੇਗਾ ਜਿਸ ਬਾਰੇ ਵਿਸਥਾਰਤ ਪਰਚਾ ਡਾ. ਸੁਖਵਿੰਦਰ ਸਿੰਘ ਪਠਾਨਕੋਟ ਪੜ੍ਹਨਗੇ ਅਤੇ ਵਿਦਵਾਨ ਚਰਚਾ ਕਰਨਗੇ।ਸਮਾਗਮ ਵਿੱਚ ਹਾਜ਼ਰ ਪੰਜਾਬੀ ਦੇ ਪ੍ਰਸਿੱਧ ਕਵੀ ਆਪੋ ਆਪਣਾ ਕਲਾਮ ਵੀ ਪੜ੍ਹਨਗੇ।ਇਸ ਮੌਕੇ ਪ੍ਰੈੱਸ ਨੂੰ ਸੰਬੋਧਤ ਹੁੰਦਿਆਂ ਪ੍ਰਧਾਨ ਪ੍ਰੀਤਮ ਸਰਪੰਚ, ਡਾ. ਹੀਰਾ ਸਿੰਘ, ਕੈਸ਼ੀਅਰ ਜਤਿੰਦਰ ਸਿੰਘ ਰੰਧਾਵਾ, ਚਰਨਜੀਤ ਸਿੰਘ ਚੰਨ, ਦੇਵ ਸੁਖਦੇਵ ਸਿੰਘ ਗੋਲਡੀ ਫੁੱਲ ਆਦਿ ਨੇ ਅਪੀਲ ਕੀਤੀ ਕਿ ਕੇਂਦਰੀ ਪੰਜਾਬੀ ਲੇਖਕ ਸਭਾ, ਸਾਹਿਤ ਸਭਾ ਫਤਿਹਗੜ੍ਹ ਚੂੜੀਆਂ ਅਤੇ ਸ਼ਬਦ ਸਾਂਝ ਲਾਇਬ੍ਰੇਰੀ ਮਾਨਸੈਂਡਵਾਲ ਦੇ ਸਹਿਯੋਗ ਨਾਲ ਹੋਣ ਵਾਲੇ ਇਸ ਸਮਾਗਮ ਵਿੱਚ ਸਾਰੇ ਲੇਖਕ ਮਿੱਤਰ ਜ਼ਰੂਰ ਪਹੁੰਚਣ ਅਤੇ ਆਪਣੀ ਹਾਜ਼ਰੀ ਲਗਵਾਉਣ।

# ਕਿਰਾਏਦਾਰ ਰੱਖਣ ਤੋਂ ਪਹਿਲਾਂ ਮਕਾਨ ਮਾਲਕ ਉਸਦੀ ਸ਼ਨਾਖਤ ਜ਼ਰੂਰ ਕਰਨ : ਐੱਸ ਐੱਚ ਓ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਬਿਨਾਂ ਸ਼ਨਾਖਤ ਤੋਂ ਦੁਕਾਨ ਜਾਂ ਮਕਾਨ ਮਾਲਕ ਕਿਰਾਏਦਾਰ ਨੂੰ ਨਾ ਰੱਖਣ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਥਾਣਾ ਕਾਦੀਆਂ ਮੁਖੀ ਐੱਸਐੱਚਓ ਇੰਸਪੈਕਟਰ ਗੁਰਮੀਤ ਸਿੰਘ ਨੇ ਦੱਸਿਆ ਕਿ ਕਰਾਈਮ ਅਤੇ ਅਣਸੁਖਾਵੀਆਂ ਤੇ ਅਪਰਾਧਕ ਘਟਨਾਵਾਂ ਤੋਂ ਬਚਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ ਕਿ ਜੇ ਕੋਈ ਵਿਅਕਤੀ ਪ੍ਰਵਾਸੀ ਜਾਂ ਕਿਸੇ ਹੋਰ ਕਸਬੇ ਤੋਂ ਆਏ ਪੰਜਾਬੀ ਨੂੰ ਵੀ ਆਪਣਾ ਮਕਾਨ ਜਾਂ ਦੁਕਾਨ ਕਿਰਾਏ ਤੇ ਦਿੰਦਾ ਹੈ ਉਸ ਦਾ ਆਧਾਰ ਕਾਰਡ ਅਤੇ ਉਸ ਦਾ ਚਾਲ-ਚੱਲਣ ਤੇ ਹੋਰ ਵੀ ਜ਼ਰੂਰੀ ਦਸਤਾਵੇਜ਼ ਜਿਸ ਤੋਂ ਕਿ ਉਸ ਵਿਅਕਤੀ ਦੀ ਸਹੀ ਸ਼ਨਾਖਤ ਹੋ ਸਕੇ, ਜ਼ਰੂਰ ਲੈ ਕੇ ਹੀ ਕਿਰਾਏਦਾਰਾਂ ਨੂੰ ਰੱਖਣ ਅਤੇ ਇਸ ਸਬੰਧੀ ਥਾਣਾ ਕਾਦੀਆਂ ਵਿੱਚ ਵੀ ਉਸ ਦੀ ਇਤਲਾਹ ਦਿੱਤੀ ਜਾਵੇ ਕਿਉਂਕਿ ਪਿਛਲੇ ਕੁਝ ਦਿਨਾਂ ਤੋਂ ਕਸਬਾ ਕਾਦੀਆਂ ਅੰਦਰ ਕਾਫੀ ਵੱਡੀ ਗਿਣਤੀ ਵਿੱਚ ਪ੍ਰਵਾਸੀ ਅਤੇ ਹੋਰ ਵਿਅਕਤੀਆਂ ਦੀ ਗਿਣਤੀ ਵਿੱਚ ਵੱਡਾ ਵਾਧਾ ਹੋਇਆ ਹੈ। ਲੋਕਾਂ ਦੀ ਸੇਫਟੀ ਨੂੰ ਲੈ ਕੇ ਪੁਲਸ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੈ। ਜੇਕਰ ਮਕਾਨ ਜਾਂ ਦੁਕਾਨ ਦਾ ਮਾਲਕ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਬਣਦੀਆਂ ਧਾਰਾਵਾਂ ਤਹਿਤ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



# ਵਿਧਾਨ ਸਭਾ ਹਲਕਾ ਮਜੀਠਾ ਦੀ ਦਾਣਾ ਮੰਡੀ 'ਚ 'ਆਪ' ਦੀ ਵਿਸ਼ਾਲ ਰੈਲੀ 18 ਨੂੰ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਸੂਬੇ ਦੀਆਂ ਰਵਾਇਤੀ ਪਾਰਟੀਆਂ ਵੱਲੋਂ ਪੰਜਾਬ ਦੇ ਆਰਥਿਕ ਸੋਮਿਆਂ ਨੂੰ ਦੋਵਾਂ ਹੱਥੀਂ ਲੁੱਟਿਆ ਗਿਆ ਅਤੇ ਪੰਜਾਬ ਦੀ ਜਨਤਾ 'ਤੇ ਟੈਕਸਾਂ, ਬਿਦਲੀ ਬਿੱਲਾਂ ਆਦਿ ਦਾ ਵਾਧੂ ਆਰਥਿਕ ਬੋਝ ਪਾ ਕੇ ਗਰੀਬ ਪਰਿਵਾਰਾਂ ਦਾ ਕਚੂਮਰ ਕੱਢ ਦਿੱਤਾ ਪਰ ਪੰਜਾਬ ਦੀ ਸੱਤਾ ਆਪ ਸਰਕਾਰ ਅਤੇ ਭਗਵੰਤ ਮਾਨ ਦੇ ਹੱਥਾਂ ਵਿੱਚ ਆਉਣ ਨਾਲ ਪੰਜਾਬ ਵਿੱਚ ਵਿਕਾਸ ਦੀ ਹਨੇਰੀ ਆ ਗਈ ਅਤੇ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਹਰੇਕ ਵਰਗ ਦਾ ਵਿਕਾਸ ਕੀਤਾ ਅਤੇ ਆਰਥਿਕ ਪੱਖੋਂ ਮਜ਼ਬੂਤ ਕੀਤਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਨਜ਼ਦੀਕੀ ਸਾਥੀ ਅਤੇ ਸੀਨੀਅਰ ਆਪ ਆਗੂ ਸਵਰਨ ਸਿੰਘ ਐੱਸ. ਐੱਸ. ਚਵਿੰਡਾ ਦੇਵੀ ਨੇ ਨਵਾਂ ਜ਼ਮਾਨਾ ਦੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ 18 ਜਨਵਰੀ ਨੂੰ ਵਿਧਾਨ ਸਭਾ ਹਲਕਾ ਮਜੀਠਾ ਦੀ ਦਾਣਾ ਮੰਡੀ ਵਿਖੇ ਆਉਣਗੇ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਮਜੀਠਾ ਦੇ ਰਹਿੰਦੇ ਵਿਕਾਸ ਕੰਮਾਂ ਤੋਂ ਭਗਵੰਤ ਮਾਨ ਨੂੰ ਜਾਣੂ ਕਰਵਾਇਆ ਜਾਵੇਗਾ ਤਾਂ ਕਿ ਅਧੂਰੇ ਵਿਕਾਸ ਕੰਮਾਂ ਨੂੰ ਜਲਦ ਤੋਂ ਜਲਦ ਨੇਪਰੇ ਚਾੜ੍ਹਿਆ ਜਾ ਸਕੇ।ਇਸ ਮੌਕੇ ਆਪ ਵਰਕਰ ਸਵਰਨ ਸਿੰਘ ਅਤੇ ਵੱਡੀ ਗਿਣਤੀ 'ਚ ਇਕੱਤਰ ਹੋਣਗੇ।



# ਬੀਸੀਏ ਭਾਗ ਦੂਜੇ ਦੇ ਚੌਥੇ ਸਮੈਸਟਰ ਦਾ ਨਤੀਜਾ ਰਿਹਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਸਹਾਇਕ ਪ੍ਰੋਫੈਸਰ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਬੀਸੀਏ ਭਾਗ ਦੂਜੇ ਦੇ ਚੌਥੇ ਸਮੈਸਟਰ 'ਚ ਮਨਦੀਪ ਕੌਰ ਨੇ 700 ਅੰਕਾਂ ਵਿੱਚੋਂ 563 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਰਮਨੀਤ ਕੌਰ ਨੇ 700 ਅੰਕਾਂ ਵਿੱਚੋਂ 555 ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ, ਅੰਜਲੀ ਸ਼ਰਮਾ ਨੇ 700 ਅੰਕਾਂ ਵਿੱਚੋਂ 552 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਅਤੇ ਪ੍ਰਿੰਸੀਪਲ ਡਾਕਟਰ ਵੀ. ਕੇ. ਰਾਏ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ 'ਚ ਹੋਰ ਬੁਲੰਦੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਮੂਹ ਸਟਾਫ ਅਤੇ ਕਾਲਜ ਦੇ ਵਿਦਿਆਰਥੀ ਹਾਜ਼ਰ ਸਨ।

# ਸਫ਼ਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕਮਿਸ਼ਨ ਪੂਰੀ ਤਰ੍ਹਾਂ ਵਚਨਬੱਧ : ਚੰਦਨ ਗਰੇਵਾਲ

**ਟਾਂਡਾ ਉੜਮੁੜ/ਦਸੂਹਾ/ਹੁਸ਼ਿਆਰਪੁਰ (ਜਸਵਿੰਦਰ ਸੰਧੂ, ਓ ਪੀ ਰਾਣਾ)**

ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਕਿਹਾ ਕਿ ਸਫ਼ਾਈ ਕਰਮਚਾਰੀ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਨੂੰ ਸਨਮਾਨਜਨਕ ਜੀਵਨ ਅਤੇ ਸਾਰੀਆਂ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨਾ ਪ੍ਰਸ਼ਾਸਨ ਦੀ ਮੁੱਢਲੀ ਜ਼ਿੰਮੇਵਾਰੀ ਹੈ। ਉਹ ਦਸੂਹਾ ਨਗਰ ਕੌਂਸਲ ਦਫ਼ਤਰ ਵਿਖੇ ਨਗਰ ਕੌਂਸਲ ਅਧਿਕਾਰੀਆਂ ਅਤੇ ਸਫ਼ਾਈ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਨਾਲ ਹੋਈ ਇੱਕ ਮਹੱਤਵਪੂਰਨ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।ਚੰਦਨ ਗਰੇਵਾਲ ਨੇ ਕਿਹਾ ਕਿ ਇਸ ਮੀਟਿੰਗ ਦਾ ਮੁੱਖ ਉਦੇਸ਼ ਸਫਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣਨਾ, ਉਨ੍ਹਾਂ ਦਾ ਜਲਦੀ ਹੱਲ ਕਰਨਾ ਤੇ ਉਨ੍ਹਾਂ ਦੀ ਭਲਾਈ ਨਾਲ ਸਬੰਧਤ ਸਰਕਾਰੀ ਯੋਜਨਾਵਾਂ ਦੀ ਸਮੀਖਿਆ ਕਰਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਫ਼ਾਈ ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਗੰਭੀਰ ਹੈ ਤੇ ਕਮਿਸ਼ਨ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਿਹਾ ਹੈ।ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਗਰੇਵਾਲ ਨੇ ਕਿਹਾ ਕਿ ਕਈ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਕੁਝ ਮੰਗਾਂ ਸੂਬਾ ਪੱਧਰ 'ਤੇ ਹਨ, ਜਿਨ੍ਹਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਸਾਹਮਣੇ ਰੱਖਿਆ ਜਾਵੇਗਾ, ਤਾਂ ਜੋ ਉਨ੍ਹਾਂ ਦਾ ਜਲਦੀ ਹੱਲ ਵੀ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਫਾਈ ਕਰਮਚਾਰੀਆਂ ਨੂੰ ਸਮੇਂ ਸਿਰ ਤਨਖਾਹਾਂ ਦਿੱਤੀਆਂ ਜਾਣ, ਸੁਰੱਖਿਆ ਉਪਕਰਣ ਮੁਹੱਈਆ ਕਰਵਾਏ ਜਾਣ ਅਤੇ ਲੋੜੀਂਦੀ ਸਿਖਲਾਈ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸੇ ਵੀ ਕਰਮਚਾਰੀ ਨੂੰ ਅਣਗੌਲਿਆ ਮਹਿਸੂਸ ਨਹੀਂ ਕਰਨਾ ਚਾਹੀਦਾ। ਚੰਦਨ ਗਰੇਵਾਲ ਨੇ ਕਿਹਾ ਕਿ ਸਮਾਜ ਵਿੱਚ ਸਫ਼ਾਈ ਕਰਮਚਾਰੀਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ ਤੇ ਉਨ੍ਹਾਂ ਦੇ ਯੋਗਦਾਨ ਦਾ ਸਤਿਕਾਰ ਸਿਰਫ਼ ਸ਼ਬਦਾਂ ਵਿੱਚ ਹੀ ਨਹੀਂ, ਸਗੋਂ ਠੋਸ ਕਾਰਵਾਈਆਂ ਰਾਹੀਂ ਕੀਤਾ ਜਾਣਾ ਚਾਹੀਦਾ ਹੈ। ਮੀਟਿੰਗ ਦੇ ਅਖੀਰ ਵਿੱਚ ਉਨ੍ਹਾਂ ਨੇ ਹਾਜ਼ਰ ਸਫਾਈ ਕਰਮਚਾਰੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਨਗਰ ਕੌਂਸਲ ਦਸੂਹਾ ਦੇ ਕਾਰਜਕਾਰੀ ਅਫ਼ਸਰ ਕਮਲਜਿੰਦਰ ਸਿੰਘ, ਕਾਰਜਕਾਰੀ ਅਫ਼ਸਰ ਗੜ੍ਹਸ਼ੰਕਰ ਮਦਨ ਸਿੰਘ, ਸਫ਼ਾਈ ਕਰਮਚਾਰੀ ਯੂਨੀਅਨ ਦੇ ਆਗੂ ਸਿਕੰਦਰ ਮਲਿਕ, ਰਮਨ ਕੁਮਾਰ, ਸਾਗਰ ਮੋਗਾ, ਚਮਨ ਲਾਲ ਅਤੇ ਹੋਰ ਯੂਨੀਅਨ ਮੈਂਬਰ ਵੀ ਮੌਜੂਦ ਸਨ।



# ਲਾਈਨਮੈਨ ਰਣਬਹਾਦਰ ਠਾਕੁਰ ਨੂੰ ਭਾਵ-ਭਿੰਨੀ ਸ਼ਰਧਾਂਜਲੀ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਪੰਜਾਬ ਰਾਜ ਬਿਜਲੀ ਬੋਰਡ ਆਲ ਕੇਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਰਗਰਮ ਆਗੂ ਰਣਬਹਾਦਰ ਠਾਕੁਰ ਲਾਈਨਮੈਨ ਆਪਣੀ 58 ਸਾਲ ਦੀ ਸਰਵਿਸ ਪੂਰੀ ਕਰਕੇ ਉਪ ਮੰਡਲ ਦਫ਼ਤਰ ਹਰਸ਼ਾ ਛੀਨਾ ਤੋਂ ਸੇਵਾ ਮੁਕਤ ਹੋਏ ਸਨ।ਉਨ੍ਹਾਂ ਨੇ ਬੋਰਡ ਦੀਆਂ ਸੇਵਾਵਾਂ ਤਨ-ਮਨ ਨਾਲ ਨਿਭਾਈਆਂ। ਕੰਮ ਕਰਦਿਆਂ ਜਿੰਨੀਆਂ ਵੀ ਹੜਤਾਲਾਂ ਆਈਆਂ ਉਨ੍ਹਾਂ ਵੱਧ-ਚੜ੍ਹ ਕੇ ਹਿੱਸਾ ਲਿਆ।ਉਨ੍ਹਾਂ ਦੀ ਹਾਰਟ ਅਟੈਕ ਨਾਲ 27 ਦਸੰਬਰ 2025 ਨੂੰ ਮੌਤ ਹੋ ਗਈ।ਉਹ ਆਪਣੇ ਪਰਿਵਾਰ, ਰਿਸ਼ਤੇਦਾਰਾਂ ਤੇ ਮੁਲਾਜ਼ਮ ਜਥੇਬੰਦੀਆਂ ਨੂੰ ਸਦੀਵੀ ਵਿਛੋੜਾ ਦੇ ਗਏ।ਉਨ੍ਹਾਂ ਦੀ ਅੰਤਿਮ ਕਿਰਿਆ ਹਰਸ਼ਾ ਛੀਨਾ ਉੱਚਾ ਕਿਲ੍ਹਾ ਵਿਖੇ 6 ਜਨਵਰੀ ਨੂੰ ਮੰਦਰ ਵਿਚ ਹੋਈ।ਸ਼ਰਧਾਂਜਲੀ ਭੇਟ ਕਰਦਿਆਂ ਸੋਮਨਾਥ ਮਰਵਾਹਾ ਅਜਨਾਲਾ ਮੰਡਲ ਪ੍ਰਧਾਨ ਅਤੇ ਹਰਭਜਨ ਸਿੰਘ ਝੰਜੋਟੀ ਨੇ ਰਣਬਹਾਦਰ ਦੇ ਕੀਤੇ ਕੰਮਾਂ ਬਾਰੇ ਚਾਨਣਾ ਪਾਇਆ।ਉਨ੍ਹਾਂ ਕਿਹਾ ਕਿ ਅਸੀਂ ਆਸ ਕਰਦੇ ਹਾਂ ਕਿ ਮਹਾਰਾਜ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਅਤੇ ਪਰਿਵਾਰ ਨੂੰ ਪਿੱਛੇ ਭਾਣਾ ਮੰਨਣ ਦਾ ਬਲ ਬਖਸ਼ੇ। ਉਨ੍ਹਾਂ ਦੇ ਦੋ ਲੜਕੇ ਤੇ ਦੋ ਲੜਕੀਆਂ ਹਨ।ਇਸ ਮੌਕੇ ਬਲਵਿੰਦਰ ਸਿੰਘ ਛੀਨਾ, ਸੁਖਵਿੰਦਰ ਸਿੰਘ, ਅਪਾਰ ਸਿੰਘ, ਦਇਆ ਸਿੰਘ, ਸੁਖਵੰਤ ਸਿੰਘ, ਤਰਸੇਮ ਸਿੰਘ ਤੇੜੀ, ਸਰਦੂਲ ਸਿੰਘ, ਸੁਰਜੀਤ ਸਿੰਘ ਰੋਡਵੇਜ਼ ਪੈਨਸ਼ਨਰ, ਰਾਜੇਸ਼ ਕੁਮਾਰ ਸ਼ਰਮਾ ਮੈਂਬਰ ਪੰਚਾਇਤ, ਡਾ. ਰਮਨ ਕੁਮਾਰ, ਮਾਸਟਰ ਜਗਬੀਰ ਸਿੰਘ, ਕਰਤਾਰ ਸਿੰਘ, ਕੁਲਜੀਤ ਸਿੰਘ, ਬਲਜੀਤ ਸਿੰਘ ਅਤੇ ਸੱਜਣ ਮਿੱਤਰਾਂ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ।



# 32 ਲੱਖ ਰੁਪਏ ਦੀ ਲਾਗਤ ਨਾਲ ਟਿਊਬਵੈੱਲ ਦਾ ਨਿਰਮਾਣ ਕਾਰਜ ਸ਼ੁਰੂ

**ਹੁਸ਼ਿਆਰਪੁਰ, (ਓ ਪੀ ਰਾਣਾ)**

ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 29 ਦੀ ਪੈਰਾਮਾਊਂਟ ਕਲੋਨੀ ਵਿੱਚ 32 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਟਿਊਬਵੈੱਲ ਦੇ ਨਿਰਮਾਣ ਕਾਰਜ ਦਾ ਰਸਮੀ ਉਦਘਾਟਨ ਕੀਤਾ।



ਇਸ ਮੌਕੇ ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਪਹਿਲਾਂ ਤੋਂ ਲੱਗੇ ਟਿਊਬਵੈੱਲ ਦੇ ਬੋਰ ਖ਼ਰਾਬ ਹੋਣ ਕਾਰਨ ਸਥਾਨਕ ਵਸਨੀਕਾਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਵਿੱਚ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਲੋਕਾਂ ਦੀ ਇਸ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ, ਇਸ ਕੰਮ ਨੂੰ ਐਮਰਜੈਂਸੀ ਸਥਿਤੀ ਵਿੱਚ ਮਨਜ਼ੂਰੀ ਦਿੱਤੀ ਗਈ ਹੈ, ਤਾਂ ਜੋ ਕਿਸੇ ਵੀ ਨਾਗਰਿਕ ਨੂੰ ਪਾਣੀ ਦੀ ਕਿੱਲਤ ਦਾ ਸਾਹਮਣਾ ਨਾ ਕਰਨਾ ਪਵੇ।ਵਿਧਾਇਕ ਜਿੰਪਾ ਨੇ ਕਿਹਾ ਕਿ ਸਾਫ਼ ਅਤੇ ਨਿਯਮਿਤ ਪੀਣ ਵਾਲੇ ਪਾਣੀ ਦੀ ਸਪਲਾਈ ਸਰਕਾਰ ਦੀਆਂ ਤਰਜ਼ੀਹਾਂ ਵਿੱਚੋਂ ਇਕ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਨਿਰੰਤਰ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਇਸ ਟਿਊਬਵੈੱਲ ਦੇ ਨਿਰਮਾਣ ਨਾਲ ਪੈਰਾਮਾਊਂਟ ਕਲੋਨੀ ਅਤੇ ਆਲੇ-ਦੁਆਲੇ ਦੇ ਇਲਾਕਿਆਂ ਦੇ ਸੈਂਕੜੇ ਪਰਵਾਰਾਂ ਨੂੰ ਸਿੱਧਾ ਲਾਭ ਹੋਵੇਗਾ ਤੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਾਣੀ ਦੀ ਸਮੱਸਿਆ ਦਾ ਸਥਾਈ ਹੱਲ ਮਿਲੇਗਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਮਾਣ ਕਾਰਜ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰਾ ਕੀਤਾ ਜਾਵੇ ਅਤੇ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ। ਵਿਧਾਇਕ ਨੇ ਕਿਹਾ ਕਿ ਜਨਤਕ ਸਹੂਲਤਾਂ ਨਾਲ ਸਬੰਧਤ ਕੰਮਾਂ ਵਿੱਚ ਪਾਰਦਰਸ਼ਤਾ ਅਤੇ ਸਮਾਂਬੱਧਤਾ ਨੂੰ ਯਕੀਨੀ ਬਣਾਇਆ ਜਾਵੇਗਾ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਨਵਜੋਤ ਕਟੋਚ, ਐਡਵੋਕੇਟ ਸੰਦੀਪ ਭਾਰਤੀ, ਅਮਰਪ੍ਰੀਤ ਸਿੰਘ, ਗੁਰਮੀਤ ਸਿੰਘ (ਪ੍ਰਧਾਨ, ਪੈਰਾਮਾਊਂਟ ਐਨਕਲੇਵ), ਪ੍ਰਯਾਗਦੀਪ, ਤਜਿੰਦਰ ਅਰੋੜਾ, ਸੰਨੀ ਨਾਰੰਗ ਤੇ ਗੁਰਦੀਪ ਕਟੋਚ ਸਮੇਤ ਹੋਰ ਪਤਵੰਤੇ ਤੇ ਸਥਾਨਕ ਨਿਵਾਸੀ ਮੌਜੂਦ ਸਨ।

# ਅਨੀਮਿਆ ਮੁਕਤ ਮੁਹਿੰਮ 'ਚ ਹਰਿਆਣਾ ਮੋਹਰੀ ਸੂਬਾ ਬਣ ਕੇ ਉਭਰਿਆ : ਸਿਹਤ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਨੇ ਏਨੀਮਿਆ ਦੇ ਖਿਲਾਫ ਭਾਰਤ ਦੀ ਲੜਾਈ ਵਿੱਚ ਵਰਨਣਯੋਗ ਉਪਲਬਧੀ ਹਾਸਲ ਕਰਦੇ ਹੋਏ ਏਨੀਮਿਆ ਮੁਕਤ ਭਾਰਤ ਪ੍ਰੋਗਰਾਮ ਤਹਿਤ ਮਈ 2022 ਤੋਂ ਹੁਣ ਤੱਕ 95 ਲੱਖ ਤੋਂ ਵੱਧ ਲਾਭਕਾਰਾਂ ਦੀ ਜਾਂਚ ਕੀਤੀ ਹੈ।ਇਹ ਜਾਣਕਾਰੀ ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਅਧਿਕਾਰੀਆਂ ਦੇ ਮੀਟਿੰਗ ਦੇ ਬਾਅਦ ਦਿੱਤੀ।

## ਜਨਤਾ ਦੀਆਂ ਸਮੱਸਿਆਵਾਂ ਦਾ ਸਮੇ ਸਿਰ ਹੱਲ ਸਰਕਾਰ ਦੀ ਪਹਿਲ : ਆਰਤੀ ਸਿੰਘ ਰਾਓ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਚੰਡੀਗੜ੍ਹ ਸਥਿਤ ਆਪਣੇ ਸਰਕਾਰੀ ਆਵਾਸ 'ਤੇ ਜਨਸੁਨਵਾਈ ਦਾ ਆਯੋਜਨ ਕਰ ਰਾਜ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਨਾਗਰਿਕਾਂ ਦੀ ਸਮੱਸਿਆਵਾਂ ਗੰਭੀਰਤਾ ਨਾਲ ਸੁਣੀ। ਇਸ ਮੌਕੇ 'ਤੇ ਵੱਡੀ ਗਿਣਤੀ ਵਿੱਚ ਲੋਕ ਸਿਹਤ ਸੇਵਾਵਾਂ ਸਮੇਤ ਹੋਰ ਜਨਭਲਾਈ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਪਹੁੰਚੇ।ਇਸ ਮੌਕੇ 'ਤੇ ਸਿਹਤ ਮੰਤਰੀ ਨੇ ਹਰੇਕ ਵਿਅਕਤੀ ਦੀ ਗੱਲ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਿਤ ਵਿਭਾਗ ਅਧਿਕਾਰਿਆਂ ਨੂੰ ਸਮੱਸਿਆਵਾਂ ਦਾ ਤੁਰੰਤ ਅਤੇ ਪ੍ਰਭਾਵੀ ਹੱਲ ਦੇ ਸਪਸ਼ਟ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਜਨਤਾ ਦੀ ਸਮੱਸਿਆਵਾਂ ਦਾ ਸਮੇ ਸਿਰ ਹੱਲ ਸਰਕਾਰ ਦੀ ਸਭ ਤੋਂ ਵੱਧ ਪ੍ਰਾਥਮਿਕਤਾ ਹੈ।

# ਸਵਿੱਤਰੀ ਬਾਈ ਫੂਲੇ ਸਿੱਖਿਆ ਦੇ ਖੇਤਰ 'ਚ ਮਿਸਾਲੀ ਸ਼ਖਸੀਅਤ ਸਨ : ਪੰਜਾਬ ਇਸਤਰੀ ਸਭਾ

**ਅੰਮ੍ਰਿਤਸਰ (ਨ ਜ਼ ਸ)**

ਪੰਜਾਬ ਇਸਤਰੀ ਸਭਾ ਅੰਮ੍ਰਿਤਸਰ ਦੀਆਂ ਭੈਣਾਂ ਨੇ ਆਪਣੀਆਂ ਮਹਾਨ ਰਾਹ ਰੁਸ਼ਨਾਊ ਔਰਤਾਂ ਨੂੰ ਯਾਦ ਕੀਤਾ।ਅੱਜ ਦੇ ਇਕੱਠ ਦੀ ਪ੍ਰਧਾਨਗੀ ਭੈਣ ਨਰਿੰਦਰ ਪਾਲ ਪਾਲੀ , ਡਾਕਟਰ ਇੱਕਬਾਲ ਕੌਰ ਸੌਂਧ ਅਤੇ ਜ਼ਿਲ੍ਹਾ ਪ੍ਰਧਾਨ ਪ੍ਰਵੀਨ ਨੇ ਕੀਤੀ।ਪੰਜਾਬ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਸਟੇਜ 'ਤੇ ਫਰਜ਼ ਨਿਭਾਉਂਦਿਆਂ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਅਤੇ ਕਿਹਾ ਕਿ ਅੱਜ ਅਸੀਂ ਆਪਣੀਆਂ ਤਿੰਨ ਮਹਾਨ ਭੈਣਾਂ ਸਵਿਤਰੀ ਬਾਈ ਫੂਲੇ, ਫਾਤਮਾ ਸ਼ੇਖ ਅਤੇ ਗੀਤਾ ਮੁਖਰਜੀ ਨੂੰ ਯਾਦ ਕਰਨ ਵਾਸਤੇ ਇਕੱਠੇ ਹੋਏ ਆਂ ਅਤੇ ਨਾਲ ਹੀ ਆਪਣੇ ਦੇਸ਼ ਵਿੱਚ ਵਾਪਰ ਰਹੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਬੁਲਾਰਿਆਂ ਵਿੱਚ ਡਾਕਟਰ ਇੰਦਰਾ ਵਿਰਕ, ਰੇਣੂਕਾ ਬੱਲ, ਰਜਵੰਤ ਕੌਰ, ਹੈਲਪ-ਏ-ਚਾਈਲਡ ਆਫ ਇੰਡੀਆ ਦੇ ਪ੍ਰੋਜੈਕਟ ਆਫੀਸਰ ਰੇਖਾ ਭੱਟੀ ਅਤੇ ਪਵਨ ਭੱਟੀ, ਤਰਕਸ਼ੀਲ ਸੋਸਾਇਟੀ ਦੇ ਸੂਬਾਈ ਆਗੂ ਸੁਮੀਤ ਸਿੰਘ, ਨਾਮਧਾਰੀ ਸੰਸਥਾ ਦੇ ਔਰਤ ਵਿੰਗ ਦੇ ਪ੍ਰਧਾਨ ਭੈਣ ਭੁਪਿੰਦਰ ਕੌਰ ਜਿਨ੍ਹਾਂ ਹੜ੍ਹ ਪੀੜਤਾਂ ਲਈ ਅਣਥੱਕ ਮਿਹਨਤ ਕੀਤੀ ਸੀ, ਸ਼ਾਮਲ ਸਨ।ਬੁਲਾਰਿਆਂ ਨੇ ਪਹਿਲੀ ਔਰਤ ਅਧਿਆਪਕਾ ਸਵਿਤਰੀ ਬਾਈ ਫੂਲੇ ਬਾਬਤ ਦੱਸਿਆ ਕਿ ਉਨ੍ਹਾਂ ਨੇ ਅਤਿਅੰਤ ਮੁਸ਼ਕਲਾਂ ਸਹਿ ਕੇ ਪੜ੍ਹਾਈ ਕੀਤੀ ਅਤੇ ਲੜਕੀਆਂ ਦੀ ਪੜ੍ਹਾਈ ਵਾਸਤੇ ਰਾਹ ਪੱਧਰਾ ਕੀਤਾ। ਉਨ੍ਹਾਂ ਬਹੁਤ ਸਾਰੇ ਸਕੂਲ ਖੋਲ੍ਹੇ। ਉਨ੍ਹਾਂ ਦੀ ਮਦਦ ਫਾਤਮਾ ਸ਼ੇਖ ਕਰ ਰਹੀ ਸੀ। ਉਹ ਘਰ-ਘਰ ਜਾ ਕੇ ਲੋਕਾਂ ਨੂੰ ਸਮਝਾਉਂਦੇ ਕਿ ਲੜਕੀਆਂ ਨੂੰ ਪੜ੍ਹਾਉਣਾ ਬਹੁਤ ਜ਼ਰੂਰੀ ਹੈ।ਇਹ ਕੰਮ ਬੇਹੱਦ ਔਖਾ ਸੀ ਕਿਉਂਕਿ ਉਸ ਸਮੇਂ ਦਲਿਤਾਂ ਅਤੇ ਔਰਤਾਂ ਦਾ ਪੜ੍ਹਨਾ ਗੁਨਾਹ ਸਮਝਿਆ ਜਾਂਦਾ ਸੀ ਅਤੇ ਸਮਾਜ ਉਸ ਪਰਿਵਾਰ ਦਾ ਬਾਈਕਾਟ ਕਰਦਾ ਸੀ ਜਿਸ ਦੀਆਂ ਬੱਚੀਆਂ ਸਕੂਲ ਪੜ੍ਹਨ ਜਾਂਦੀਆਂ ਸਨ ਪਰ ਇਨ੍ਹਾਂ ਦੋਵਾਂ ਵੀਰਾਂਗਣਾਂ ਨੇ ਹੌਸਲਾ ਨਹੀਂ ਛੱਡਿਆ ਅਤੇ ਆਪਣੇ ਮਕਸਦ ਵਿੱਚ ਸਫਲ ਹੋਈਆਂ।ਇਨ੍ਹਾਂ ਅਨੇਕਾਂ ਸਕੂਲ ਚਲਾਏ ਅਤੇ ਔਰਤ ਜਾਤੀ ਵਾਸਤੇ ਮਸ਼ਾਲ ਬਣ ਕੇ ਜਗੀਆਂ।ਸਵਿੱਤਰੀ ਬਾਈ ਨੇ ਸਮਾਜ ਵਿੱਚ ਔਰਤ ਦੀ ਸਥਿਤੀ ਸੁਧਾਰਨ ਲਈ ਅਣਥੱਕ ਯਤਨ ਕੀਤੇ।ਡਾਕਟਰ ਬਲਜਿੰਦਰ ਕੌਰ ਨੇ ਇਕ ਕਵਿਤਾ ਰਾਹੀਂ ਸਵਿੱਤਰੀ ਬਾਈ ਫੂਲੇ ਦੇ ਸਮਾਜ ਸੁਧਾਰ ਲਈ ਕੀਤੇ ਕੰਮਾਂ ਦਾ ਵਰਨਣ ਕੀਤਾ।ਇਸ ਮੌਕੇ ਸਾਂਸਦ ਗੀਤਾ ਮੁਖਰਜੀ ਨੂੰ ਵੀ ਯਾਦ ਕੀਤਾ ਗਿਆ ਜਿਨ੍ਹਾਂ ਨੇ ਆਜ਼ਾਦੀ ਦੀ ਲੜਾਈ ਵਿੱਚ ਵੀ ਹਿੱਸਾ ਲਿਆ ਸੀ ਅਤੇ ਆਜ਼ਾਦੀ ਤੋਂ ਬਾਅਦ ਜਦੋਂ ਲੋਕਾਂ ਦੀਆਂ ਮੁਸ਼ਕਲਾਂ ਹੱਲ ਨਾ ਹੋਈਆਂ ਤਾਂ ਉਹ ਫਿਰ ਮੈਦਾਨ ਵਿੱਚ ਕੁੱਦ ਪਏ ਅਤੇ ਸਮਾਜਿਕ ਬੁਰਾਈਆਂ ਵਿਰੁੱਧ ਲੜਦੇ ਰਹੇ। ਉਨ੍ਹਾਂ ਨੇ ਪਹਿਲੀ ਵਾਰ 1996 ਵਿੱਚ ਔਰਤਾਂ ਵਾਸਤੇ ਪਾਰਲੀਮੈਂਟ ਅਤੇ ਵਿਧਾਨ ਸਭਾ ਵਿੱਚ 33% ਰਾਖਵਾਂਕਰਨ ਦਾ ਬਿੱਲ ਪੇਸ਼ ਕੀਤਾ।ਵੱਖ-ਵੱਖ ਰਾਜਾਂ ਵਿੱਚ ਉਜਾੜੇ ਜਾ ਰਹੇ ਜੰਗਲ ਅਤੇ ਪਹਾੜਾਂ 'ਤੇ ਵੀ ਡੂੰਘੀ ਚਿੰਤਾ ਪ੍ਰਗਟ ਕੀਤੀ ਕਿ ਜੇਕਰ ਅਸੀਂ ਇਨ੍ਹਾਂ ਦੀ ਰਾਖੀ ਨਾ ਕਰ ਸਕੇ ਤਾਂ ਮਨੁੱਖੀ ਜੀਵਨ ਇਸ ਭਾਰਤ ਦੀ ਧਰਤੀ 'ਤੇ ਬਚਾਉਣਾ ਮੁਸ਼ਕਿਲ ਹੋ ਜਾਵੇਗਾ।ਹੋਰ ਵੀ ਬਹੁਤ ਸਾਰੀਆਂ ਸਮੱਸਿਆਵਾਂ ਜਿਵੇਂ ਸਿੱਖਿਆ, ਰੁਜ਼ਗਾਰ, ਸਿਹਤ, ਔਰਤਾਂ ਦੇ ਮਾਣ-ਸਨਮਾਨ ਬਾਰੇ ਗੱਲਬਾਤ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਮਨਪ੍ਰੀਤ ਕੌਰ, ਸਰਬਜੀਤ ਕੌਰ ਅਤੇ ਸੂਰਤ ਸਿੰਘ ਬੱਲ ਨੇ ਵੀ ਸ਼ਿਰਕਤ ਕੀਤੀ।ਅੰਤ ਵਿੱਚ ਕਾਮਰੇਡ ਸੁਖਚੈਨ ਸਿੰਘ ਨੇ ਸਭ ਦਾ ਧੰਨਵਾਦ ਕਰਦੇ ਹੋਏ ਦੇਸ਼ ਦੀਆਂ ਮਹਾਨ ਔਰਤਾਂ ਸਬੰਧੀ ਕੁਝ ਚਾਨਣਾ ਪਾਉਂਦੇ ਹੋਏ ਉਨ੍ਹਾਂ ਨੂੰ ਸਲਾਮ ਕੀਤਾ।



ਨਵਾਂ ਜ਼ਮਾਨਾ
ਵੀਰਵਾਰ, 8 ਜਨਵਰੀ 2026

# ਕਰੋੜਾਂ ਵੋਟਰ ਗਾਇਬ !

*ਅਮਰੀਕਾ ਤੋਂ ਲੈ ਕੇ ਕਈ ਦੇਸ਼ਾਂ ਦੇ ਲੋਕਤੰਤਰਾਂ ਵਿੱਚ ਬਾਲਗਾਂ ਨੂੰ ਵੋਟ ਦੇ ਹੱਕ ਤੋਂ ਵਿਰਵੇ ਰੱਖਣ ਬਾਰੇ ਪੜ੍ਹਿਆ/ਸੁਣਿਆ ਹੋਵੇਗਾ, ਭਾਰਤ ਵਿੱਚ ਵੀ ਉਹੀ ਹੋ ਰਿਹਾ ਹੈ, ਪਰ ਵੱਖਰੇ ਪੈਮਾਨੇ ਤੇ ਨੌਈਅਤ ਨਾਲ। ਇੱਥੇ ਵੋਟ ਦੇ ਹੱਕ ਨੂੰ ਕਿਸੇ ਖੁੱਲ੍ਹੇ ਕਾਨੂੰਨੀ ਹਮਲੇ ਨਾਲ ਨਹੀਂ, ਸਗੋਂ ਇੱਕ ਪ੍ਰਸ਼ਾਸਨਿਕ ਪ੍ਰਕਿਰਿਆ ਰਾਹੀਂ ਖੋਹਿਆ ਜਾ ਰਿਹਾ ਹੈ, ਜਿਸ ਨੂੰ ਚੋਣ ਸੁਧਾਰ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਦੇ ਦੂਜੇ ਗੇੜ ਤਹਿਤ ਜਾਰੀ ਮਸੌਦਾ ਵੋਟਰ ਸੂਚੀਆਂ ਤੋਂ ਪਤਾ ਲਗਦਾ ਹੈ ਕਿ ਭਾਰਤ ਆਪਣੇ ਲੋਕਤੰਤਰੀ ਇਤਿਹਾਸ ਵਿੱਚ ਵੋਟਰਾਂ ਨੂੰ ਵੋਟ ਦੇ ਹੱਕ ਤੋਂ ਵਿਰਵੇ ਕਰਨ ਦੇ ਸਭ ਤੋਂ ਵੱਡੇ ਮਾਮਲਿਆਂ ਵਿੱਚੋਂ ਇੱਕ ਵੱਲ ਵਧ ਰਿਹਾ ਹੈ। ਦੂਜੇ ਗੇੜ ਵਿੱਚ 12 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਵੋਟਰਾਂ ਦੇ ਜਿਹੜੇ ਮਸੌਦੇ ਪ੍ਰਕਾਸ਼ਤ ਕੀਤੇ ਗਏ ਹਨ, ਉਹ ਮਾਮੂਲੀ ਸੋਧ ਵਾਲੇ ਨਹੀਂ, ਸਗੋਂ ਵੋਟਰਾਂ ਦੇ ਵੱਡੇ ਪੈਮਾਨੇ 'ਤੇ ਛਾਂਗੇ ਵਾਲੀ ਤਸਵੀਰ ਹਨ, ਜਿਸ ਵਿੱਚ ਲਗਭਗ 6 ਕਰੋੜ 59 ਲੱਖ ਨਾਗਰਿਕਾਂ ਨੂੰ ਅਚਾਨਕ ਵੋਟਰ ਸੂਚੀਆਂ ਵਿੱਚੋਂ ਬਾਹਰ ਕਰ ਦਿੱਤਾ ਗਿਆ ਹੈ। ਇਸ ਦਾ ਅਸਰ ਵੱਡੇ ਤੇ ਚੋਣਾਂ ਪੱਖੋਂ ਨਿਰਣਾਇਕ ਰਾਜਾਂ ਵਿੱਚ ਸਭ ਤੋਂ ਵੱਧ ਪਿਆ ਹੈ, ਜਿਸ ਨਾਲ ਐੱਸ ਆਈ ਆਰ ਪ੍ਰਕਿਰਿਆ ਦੇ ਡਿਜ਼ਾਈਨ ਤੇ ਨਤੀਜਿਆਂ ਬਾਰੇ ਬੁਨਿਆਦੀ ਸਵਾਲ ਉੱਠਦੇ ਹਨ। ਦੇਸ਼ ਦੇ ਸਭ ਤੋਂ ਵੱਡੇ ਰਾਜ ਯੂ ਪੀ ਦੀ ਸਥਿਤੀ ਸਭ ਤੋਂ ਵੱਧ ਚਿੰਤਾਜਨਕ ਹੈ। ਐੱਸ ਆਈ ਆਰ ਤੋਂ ਪਹਿਲਾਂ ਰਾਜ ਵਿੱਚ ਵੋਟਰਾਂ ਦੀ ਗਿਣਤੀ ਲਗਭਗ 15 ਕਰੋੜ 40 ਲੱਖ ਸੀ, ਪਰ ਜਾਰੀ ਮਸੌਦੇ ਵਿੱਚ ਘਟ ਕੇ ਲਗਭਗ 12 ਕਰੋੜ 50 ਲੱਖ ਰਹਿ ਗਈ ਹੈ। ਲਗਭਗ 2 ਲੱਖ 89 ਕਰੋੜ ਵੋਟਰ ਗਾਇਬ ਹੋ ਗਏ ਹਨ।*

*ਇਤਫਾਕ ਨਾਲ ਯੂ ਪੀ ਇੱਕ ਅਜਿਹੀ ਮਿਸਾਲ ਪੇਸ਼ ਕਰਦਾ ਹੈ, ਜੋ ਪ੍ਰਕਿਰਿਆ ਬਾਰੇ ਬਹੁਤ ਕੁਝ ਉਜਾਗਰ ਕਰਦੀ ਹੈ। ਰਾਜ ਵਿੱਚ ਇੱਕ ਹੀ ਸਮੇਂ ਦੋ ਵੱਖ-ਵੱਖ ਸੰਵਿਧਾਨਕ ਸੰਸਥਾਵਾਂ ਨੇ ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ ਕੀਤਾ। ਜਿੱਥੇ ਭਾਰਤੀ ਚੋਣ ਕਮਿਸ਼ਨ ਐੱਸ ਆਈ ਆਰ ਕਰ ਰਿਹਾ ਹੈ, ਉੱਥੇ ਰਾਜ ਚੋਣ ਕਮਿਸ਼ਨ ਨੇ ਪੰਚਾਇਤ ਚੋਣਾਂ ਲਈ ਵੋਟਰ ਸੂਚੀਆਂ ਦੀ ਸੁਧਾਈ ਕੀਤੀ। ਰਾਜ ਇੱਕ ਹੈ, ਲੋਕ ਵੀ ਉਹੀ ਹਨ। ਪੰਚਾਇਤਾਂ ਦੀਆਂ ਵੋਟਰ ਸੂਚੀਆਂ ਸੋਧਣ ਲਈ ਨਾ ਤਾਂ ਨਾਗਰਿਕਤਾ ਸਾਬਤ ਕਰਨ ਦੇ ਕਾਗਜ਼ ਮੰਗੇ ਗਏ ਤੇ ਨਾ ਹੀ ਵੋਟਰਾਂ ਨੂੰ ਕਿਸੇ ਤਰ੍ਹਾਂ ਦਾ ਜਨਗਣਨਾ ਵਰਗਾ ਫਾਰਮ ਭਰਨ ਲਈ ਕਿਹਾ ਗਿਆ, ਜਦਕਿ ਐੱਸ ਆਈ ਆਰ ਵਿੱਚ ਇਹੀ ਸ਼ਰਤਾਂ ਸਭ ਤੋਂ ਵੱਡੀ ਰੁਕਾਵਟ ਬਣ ਗਈਆਂ। ਨਤੀਜਾ ਸਾਫ ਹੈ, ਦੋਹਾਂ ਤਰੀਕਿਆਂ ਦੇ ਨਤੀਜੇ ਬਿਲਕੁਲ ਉਲਟ ਨਿਕਲੇ। ਜਿੱਥੇ ਪੰਚਾਇਤ ਚੋਣਾਂ ਦੀਆਂ ਵੋਟਰ ਸੂਚੀਆਂ ਤਿਆਰ ਕਰਨ ਦੀ ਪ੍ਰਕਿਰਿਆ ਨੇ ਲੋਕਾਂ ਨੂੰ ਜੋੜਿਆ, ਉੱਥੇ ਐੱਸ ਆਈ ਆਰ ਨੇ ਵੱਡੀ ਗਿਣਤੀ ਵਿੱਚ ਵੋਟਰ ਬਾਹਰ ਕਰ ਦਿੱਤੇ। ਐੱਸ ਆਈ ਆਰ ਦੇ ਬਾਅਦ ਜਾਰੀ ਮਸੌਦਾ ਵੋਟਰ ਸੂਚੀ ਵਿੱਚ 12 ਕਰੋੜ 55 ਲੱਖ ਵੋਟਰ ਹਨ। ਇਸ ਦੇ ਉਲਟ ਪੰਚਾਇਤ ਚੋਣਾਂ ਲਈ ਤਿਆਰ ਸੂਚੀਆਂ ਵਿੱਚ 12 ਕਰੋੜ 70 ਲੱਖ ਵੋਟਰ ਹਨ, ਜੋ ਕਿ ਭਾਰਤੀ ਚੋਣ ਕਮਿਸ਼ਨ ਵਾਲੇ ਵੋਟਰਾਂ ਨਾਲੋਂ ਵੱਧ ਹਨ। ਇਸ ਤੋਂ ਵੀ ਅਹਿਮ ਗੱਲ ਇਹ ਹੈ ਕਿ ਪੰਚਾਇਤਾਂ ਵਾਲੀ ਸੂਚੀ ਵਿੱਚ ਪਹਿਲਾਂ ਨਾਲੋਂ ਲਗਭਗ 40 ਲੱਖ ਵੋਟਰਾਂ ਦਾ ਵਾਧਾ ਹੋਇਆ ਹੈ, ਜੋ ਕਿ 3.27 ਫੀਸਦੀ ਵਾਧਾ ਬਣਦਾ ਹੈ। ਇਸ ਦੇ ਉਲਟ ਐੱਸ ਆਈ ਆਰ ਨੇ ਲਗਭਗ 18 ਫੀਸਦੀ ਵੋਟਰ ਕੱਢ ਦਿੱਤੇ ਹਨ, ਜੋ ਲਗਭਗ 2 ਕਰੋੜ 89 ਲੱਖ ਨਾਵਾਂ ਦੇ ਬਰਾਬਰ ਹਨ। ਸ਼ਹਿਰੀ ਵੋਟਰਾਂ (ਲਗਭਗ 3 ਕਰੋੜ 40 ਲੱਖ) ਨੂੰ ਪੰਚਾਇਤੀ ਵੋਟਰਾਂ ਨਾਲ ਜੋੜਿਆ ਜਾਵੇ ਤਾਂ ਰਾਜ ਦੇ ਕੁੱਲ ਵੋਟਰ 16 ਕਰੋੜ 10 ਲੱਖ ਬਣ ਜਾਣਗੇ, ਜਿਹੜੇ ਕਿ ਅਨੁਮਾਨਤ ਬਾਲਗ ਆਬਾਦੀ ਨਾਲ ਮਿਲਦਾ-ਜੁਲਦਾ ਅੰਕੜਾ ਬਣੇਗਾ। ਇੱਕ ਹੀ ਆਬਾਦੀ 'ਤੇ ਲਾਗੂ ਕੀਤੀਆਂ ਗਈਆਂ ਦੋ ਸੰਵਿਧਾਨਕ ਪ੍ਰਕਿਰਿਆਵਾਂ ਨੇ ਇਸ ਤਰ੍ਹਾਂ ਬੁਨਿਆਦੀ ਤੌਰ 'ਤੇ ਅੱਡ-ਅੱਡ ਨਤੀਜੇ ਦਿੱਤੇ ਹਨ। ਦੋਹਾਂ ਪ੍ਰਕਿਰਿਆਵਾਂ ਵਿੱਚ ਕਈ ਅਜਿਹੇ ਫਰਕ ਹਨ, ਜਿਹੜੇ ਮਾਮਲੇ ਦੀ ਮੂਲ ਸਮੱਸਿਆ ਵੱਲ ਇਸ਼ਾਰਾ ਕਰਦੇ ਹਨ। ਪੰਚਾਇਤ ਚੋਣਾਂ ਲਈ ਵੋਟਰ ਸੂਚੀਆਂ ਅਪਡੇਟ ਕਰਨ ਲਈ ਰਾਜ ਚੋਣ ਕਮਿਸ਼ਨ ਨੇ 7 ਮਹੀਨੇ ਲਾਏ, ਪਰ ਭਾਰਤੀ ਚੋਣ ਕਮਿਸ਼ਨ ਉਹੀ ਕੰਮ 3 ਮਹੀਨਿਆਂ ਵਿੱਚ ਨਿਪਟਾ ਦੇਣਾ ਚਾਹੁੰਦਾ ਹੈ, ਜਦੋਂ ਕਿ ਵਿਸ਼ੇਸ ਡੂੰਘੀ ਸੁਧਾਈ ਦੀ ਪ੍ਰਕਿਰਿਆ ਨੂੰ ਆਮ ਸੁਧਾਈ ਨਾਲੋਂ ਵੱਧ ਸਮਾਂ ਦੇਣਾ ਚਾਹੀਦਾ ਸੀ। ਇਸ ਨੂੰ ਕੋਈ ਮਾਮੂਲੀ ਭੁੱਲ ਜਾਂ ਕੈਲੰਡਰ ਦੀ ਗੜਬੜੀ ਨਹੀਂ ਕਿਹਾ ਜਾ ਸਕਦਾ। ਇਹ ਦੱਸਦਾ ਹੈ ਕਿ ਐੱਸ ਆਈ ਆਰ ਦੀ ਪ੍ਰਕਿਰਿਆ ਗਲਤ ਢੰਗ ਨਾਲ ਘੜੀ ਗਈ, ਜਿਹੜੀ ਕਿ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਵੋਟ ਦੇ ਹੱਕ ਤੋਂ ਮਹਿਰੂਮ ਕਰ ਦੇਵੇਗੀ।*

# ਅਮਰੀਕੀ ਫੌਜ ਦੇ ਦਮਨ ਦੇ ਪੰਝੀ ਸਾਲ

**ਮੂਲ : ਬੇਲੇਨ ਫਰਨਾਂਡੇਜ਼**
**ਅਨੁਵਾਦ : ਪੁਸ਼ਪਿੰਦਰ**

2025 ਦਾ ਵਰ੍ਹਾ ਖਤਮ ਹੋ ਗਿਆ ਹੈ ਅਤੇ ਇਹਦੇ ਨਾਲ ਹੀ 21ਵੀਂ ਸਦੀ ਦੀ ਪਹਿਲੀ ਚੁਥਾਈ ਦਾ ਅੰਤ ਵੀ ਹੋ ਗਿਆ ਹੈ। ਬੀਤੇ 25 ਵਰ੍ਹਿਆਂ ਦੇ ਇਤਿਹਾਸ ਉਪਰ ਨਜ਼ਰ ਮਾਰੀਏ ਤਾਂ ਦੁਨੀਆ ਵਿਚ ਵਾਪਰੀਆਂ ਘਟਨਾਵਾਂ ਉਪਰ ਅਮਰੀਕਾ ਦੇ ਪ੍ਰਭਾਵ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਿਆ ਅਤੇ ਨਾ ਹੀ ਬੀਤੀ 20ਵੀਂ ਸਦੀ ਦੇ ਇਤਿਹਾਸ ਵਿਚ ਇਸ ਪੱਖ ਨੂੰ ਅਣਗੌਲਿਆ ਕੀਤਾ ਜਾ ਸਕਦਾ ਹੈ।

ਨਵੀਂ ਸਦੀ ਦੇ ਸ਼ੁਰੂ ਹੋਣ ਤੋਂ ਕੁਝ ਚਿਰ ਬਾਅਦ ਹੀ ਅਮਰੀਕਾ ਨੇ ਕਥਿਤ 'ਦਹਿਸ਼ਤਗਰਦੀ ਦੇ ਖਿਲਾਫ ਵਿਸ਼ਵ ਯੁੱਧ' ਦਾ ਐਲਾਨ ਕਰ ਦਿੱਤਾ ਸੀ ।ਇਸ ਵਿਸ਼ਵ ਯੁੱਧ ਦੀ ਸ਼ੁਰੂਆਤ ਰਾਸ਼ਟਰਪਤੀ ਜਾਰਜ ਡਬਲਯੂ ਬੁਸ਼ ਦੀ ਸੁਚੱਜੀ ਅਗਵਾਈ ਹੇਠ ਕੀਤੀ। 2001 ਵਿਚ ਅਮਰੀਕਾ ਵਿਚ ਹੋਏ 9/11 ਅੱਤਵਾਦੀ ਹਮਲੇ ਤੋਂ ਬਾਅਦ ਉਸ ਨੇ ਦੇਸ਼ ਦੇ ਨਾਗਰਿਕਾਂ ਨੂੰ ਸੱਦਾ ਦਿੱਤਾ ਸੀ : ਸਾਨੂੰ ਦੇਸ਼ ਦੀਆਂ ਫੌਜਾਂ ਨੂੰ ਕੂਚ ਕਰਨ ਦਾ ਹੁਕਮ ਹੋ ਗਿਆ ਹੈ, ਆਓ, ਮੇਰੇ ਅਮਰੀਕੀ ਸਾਥੀਓ ਅੱਗੇ ਵਧੀਏ। ਬੁਸ਼ ਨੇ ਕਿਹਾ ਸੀ ਕਿ ਅਮਰੀਕਾ ਨੇ ਵਿਸ਼ਵ ਦੀ ਸਭਿਅਤਾ ਨੂੰ ਬਚਾਉਣ ਦਾ ਬੀੜਾ ਚੁੱਕਿਆ ਹੈ, ਪਰ ਅਖੀਰ ਨਤੀਜਾ ਨਿਕਲਿਆ ਕਿ ਦੁਨੀਆ ਦੇ ਕਈ ਇਲਾਕੇ ਤਬਾਹ ਹੋ ਗਏ , ਲੱਖਾਂ ਇਨਸਾਨਾਂ ਨੂੰ ਕਤਲ ਕਰ ਦਿੱਤਾ ਗਿਆ।

11 ਸਤੰਬਰ 2001 ਨੂੰ ਨਿਊ ਯਾਰਕ ਸ਼ਹਿਰ ਦੀ ਕੋਲੰਬੀਆ ਯੂਨੀਵਰਸਿਟੀ ਵਿਚ ਮੈਨੂੰ ਦਾਖਲਾ ਮਿਲ ਗਿਆ ਸੀ, ਇਥੇ ਹੀ ਵਿਸ਼ਵ ਟਰੇਡ ਸੈਂਟਰ ਉਪਰ ਹਮਲਾ ਹੋਇਆ ਸੀ, ਪਰ ਉਸ ਦਿਨ ਮੈਂ ਉਥੇ ਨਹੀਂ ਟੈਕਸਾਸ ਦੇ ਆਸਟਨ ਵਿਚ ਸਾਂ, ਜਿਥੇ ਉਸ ਵਕਤ ਮੇਰੇ ਪਰਵਾਰ ਦੀ ਰਿਹਾਇਸ਼ ਸੀ। ਉਥੇ ਇੱਕ ਦਫਤਰ ਵਿਚ ਮੈਂ ਵੱਡੀ ਸਕਰੀਨ ਉਪਰ ਹਮਲੇ ਦੀਆਂ ਤਸਵੀਰਾਂ ਦੇਖ ਰਹੀ ਸੀ ਜੋ ਵਾਰ-ਵਾਰ ਦਿਖਾਈਆਂ ਜਾ ਰਹੀਆਂ ਸਨ। ਬਾਹਰ ਸਾਰੇ ਸ਼ਹਿਰ ਵਿਚ ਹਰ ਸੰਭਵ ਥਾਂ ਉਪਰ ਅਮਰੀਕਾ ਦੇ ਝੰਡੇ ਝੁਲਾਏ ਜਾ ਰਹੇ ਸਨ। ਇਵੇਂ ਪੇਸ਼ ਕੀਤਾ ਜਾ ਰਿਹਾ ਸੀ, ਜਿਵੇਂ ਵਿਸ਼ਵ ਦੇ ਅੱਤਵਾਦ ਦੇ ਇਤਿਹਾਸ ਵਿਚ ਪਹਿਲੀ ਵਾਰ ਅਮਰੀਕਾ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਅੱਤਵਾਦ ਦਾ ਸਭ ਤੋਂ ਵੱਡਾ ਪੀੜਤ ।ਉਸ ਅੱਤਵਾਦ ਨੂੰ ਭੁੱਲ ਜਾਓ, ਜੋ ਅਮਰੀਕਾ ਵੱਲੋਂ ਵੀਅਤਨਾਮ, ਲਾਓਸ, ਪਨਾਮਾ, ਨਿਕਾਰਾਗੂਆ ਦੇ ਲੋਕਾਂ ਉਪਰ ਢਾਹਿਆ ਗਿਆ ਸੀ।ਉਸ ਦਿਨ ਸ਼ਾਮ ਨੂੰ ਮੈਂ ਆਪਣੇ ਦੋਸਤ ਨੂੰ ਮਿਲਣ ਗਈ। ਉਸ ਦੇ ਤਿੰਨ ਸਾਥੀ ਬੜੀ ਉਦਾਸ ਮੁਦਰਾ ਵਿਚ ਕਮਰੇ ਦੇ ਫਰਸ਼ 'ਤੇ ਬੈਠੇ ਕੈਂਟਕੀ ਦਾ ਭੁੰਨਿਆ ਹੋਇਆ ਮੁਰਗਾ ਖਾ ਰਹੇ ਸਨ, ਜਿਸ ਨੂੰ ਉਹ ਦੱਸ ਰਹੇ ਸਨ ਕਿ ਇਹ ਰਾਸ਼ਟਰੀ ਬਿਪਤਾ ਦੇ ਮੌਕੇ ਦਾ ਰਾਹਤ ਦੇਣ ਵਾਲਾ ਖਾਣਾ ਹੈ । ਆਪਣੀ ਤਸੱਲੀ ਲਈ ਇਹ ਕਹਿਣਾ ਤਾਂ ਠੀਕ ਹੈ, ਪਰ ਥੋੜ੍ਹੀ ਦੇਰ ਬਾਅਦ ਜਿਨ੍ਹਾਂ ਅਣਗਿਣਤ ਲੋਕਾਂ ਨੂੰ ਅਮਰੀਕੀ ਬੰਬਾਂ ਦੀ ਕਰੋਪੀ ਸਹਿਣੀ ਪੈਣੀ ਸੀ, ਉਹਨਾਂ ਲਈ ਭਲਾ ਇਹ ਫਾਸਟ ਫੂਡ ਕਿਸੇ ਤਰ੍ਹਾਂ ਦੀ ਮੱਲ੍ਹਮ ਸਾਬਤ ਨਹੀਂ ਹੋਣੀ ਸੀ।

ਆਸਟਨ ਤੋਂ ਹਵਾਈ ਜਹਾਜ਼ ਰਾਹੀਂ ਮੈਂ ਵਾਇਆ ਨਿਊ ਯਾਰਕ, ਰੋਮ ਪਹੁੰਚੀ ।ਦੇਖਿਆ ਇਟਲੀ ਦਾ ਟੈਲੀਵਿਜ਼ਨ ਕਿਵੇਂ ਮੇਰਾ ਦੇਸ਼ ਅਮਰੀਕਾ ਅਫਗਾਨਿਸਤਾਨ ਵਿਚ ਦਿਨ-ਦਿਹਾੜੇ ਹੀ ਬੰਬਾਂ ਨਾਲ ਹਨੇਰਾ ਕਰਕੇ ਸਭਿਅਤਾ ਦੀ ਰਾਖੀ ਕਰ ਰਿਹਾ ਸੀ। ਇਸ ਜਨਤਕ ਕਤਲੇਆਮ ਦੀ ਕਾਰਵਾਈ ਨੇ ਭਵਿੱਖ 'ਚ ਇਰਾਕ ਉਪਰ ਹੋਣ ਵਾਲੇ ਹਮਲਿਆਂ ਦਾ ਰਾਹ ਖੋਲ੍ਹਿਆ (2003)। ਉਹ ਦੇਸ਼, ਜੋ ਪਹਿਲਾਂ ਹੀ ਜੰਗ ਦੇ ਸੰਤਾਪ ਹੰਢਾਉਣ ਦਾ ਆਦੀ ਹੋ ਚੁੱਕਿਆ ਸੀ । ਉਥੇ ਸਰਵੇਖਣ ਦੇ ਅਨੁਸਾਰ 1996 ਤੱਕ ਅਮਰੀਕੀ ਪਾਬੰਦੀਆਂ ਦੇ ਸਦਕਾ ਪੰਜ ਲੱਖ ਕਰੀਬ ਮਾਸੂਮ ਬੱਚਿਆਂ ਦੀ ਮੌਤ ਹੋ ਚੁੱਕੀ ਸੀ।

ਰਾਸ਼ਟਰਪਤੀ ਬੁਸ਼ ਦਾ ਇਹ ਕਥਨ , ਸ਼ਾਇਦ ਅਣਜਾਣੇ ਵਿਚ ਹੀ ਬੋਲਿਆ ਗਿਆ ਹੋਵੇ : ' ਤੁਸੀਂ ਜਾਣਦੇ ਹੋ ਕਿ ਮੇਰੇ ਪੇਸ਼ੇ ਦਾ ਇੱਕ ਬਹੁਤ ਮੁਸ਼ਕਲ ਕੰਮ ਹੈ ਇਰਾਕ ਨੂੰ ਵੀ ਇਸ ਦਹਿਸ਼ਤ ਵਿਰੋਧੀ ਵਿਸ਼ਵ ਜੰਗ ਵਿਚ ਸ਼ਾਮਲ ਕਰਨਾ ।' ਬੁਸ਼ ਅਮਰੀਕਾ ਦੇ ਵਾਸੀਆਂ ਦੇ ਦਿਲਾਂ ਵਿਚ ਮੌਤ ਦਾ ਖੌਫ ਪੈਦਾ ਕਰਨ ਦਾ ਮਾਹਰ ਤਾਂ ਹੈ ਹੀ ਸੀ, ਡਿਕ ਚੈਨੀ ਵਰਗੇ ਹੋਰ ਵੀ ਦੈਂਤ ਉਸ ਦੇ ਸਾਥੀ ਬੈਠੇ ਸਨ, ਜੋ ਅਫਵਾਹਾਂ ਘੜਨ ਦੇ ਮਾਹਰ ਸਨ, ਤਾਂ ਕਿ ਲੋਕਾਂ ਨੂੰ ਡਰਾ ਕੇ ਇਸ ਜੰਗ ਨੂੰ ਲਗਾਤਾਰ ਜਾਰੀ ਰੱਖਿਆ ਜਾ ਸਕੇ। ਡਿਕ ਚੈਨੀ ਬੁਸ਼ ਦਾ ਉਪ-ਰਾਸ਼ਟਰਪਤੀ ਸੀ, ਜੋ ਪਿਛੇ ਜਿਹੇ ਪ੍ਰਲੋਕ ਸੁਧਾਰ ਗਿਆ ਹੈ।

ਨੋਬਲ ਸ਼ਾਂਤੀ ਪੁਰਸਕਾਰ ਨਾਲ ਸਨਮਾਨਤ ਬਰਾਕ ਓਬਾਮਾ ਬੁਸ਼ ਦਾ ਉਤਰਾ-ਅਧਿਕਾਰੀ ਬਣਿਆ, ਜਿਸ ਨੇ ਆਪਣੇ ਰਾਜ ਦੇ ਆਖਰੀ ਵਰ੍ਹੇ ਵਿਚ ਹੀ ਸੱਤ ਦੇਸ਼ਾਂ ਉਪਰ 26,172 ਬੰਬਾਂ ਦੀ ਵਰਖਾ ਕੀਤੀ ਸੀ। ਇਨ੍ਹਾਂ ਦੇਸ਼ਾਂ ਵਿਚੋਂ ਇੱਕ ਸੀ ਯਮਨ ਜਿਥੇ ਓਬਾਮਾ ਦੇ ਡਰੋਨਾਂ ਨੇ ਲਾੜੀ ਵਿਆਹੁਣ ਜਾ ਰਹੇ ਬਰਾਤੀਆਂ ਉਪਰ ਬੰਬ ਸੁੱਟ ਕੇ ਵਿਸ਼ਵ ਪ੍ਰਸਿੱਧੀ ਪ੍ਰਾਪਤ ਕੀਤੀ ਸੀ।

2017 ਵਿਚ ਡੋਨਾਲਡ ਟਰੰਪ ਰਾਸ਼ਟਰਪਤੀ ਬਣਿਆ ਸੀ । ਲੰਡਨ ਸਥਿਤ ਬਿਊਰੋ ਆਫ ਇੰਵੈਸਟੀਗੇਟਿਵ ਜਰਨਲਿਜ਼ਮ ਨੇ ਰਿਪੋਰਟ ਜਾਰੀ ਕੀਤੀ ਸੀ : ਅਮਰੀਕਾ ਵੱਲੋਂ ਰਾਸ਼ਟਰਪਤੀ ਟਰੰਪ ਦੇ ਰਾਜ ਦੇ ਪਹਿਲੇ 100 ਦਿਨਾਂ ਦੌਰਾਨ ਯਮਨ ਉਪਰ ਵਰ੍ਹਾਏ ਗਏ ਬੰਬਾਂ ਦੀ ਗਿਣਤੀ ਪਿਛਲੇ ਦੋ ਸਾਲਾਂ ਵਿਚ ਵਰ੍ਹਾਏ ਬੰਬਾਂ ਦੀ ਕੁਲ ਗਿਣਤੀ ਤੋਂ ਜ਼ਿਆਦਾ ਹੈ ।ਟਰੰਪ ਨੇ ਤਾਂ ਫੌਜ ਲਈ ਨਿਯਮ ਵੀ ਬਦਲ ਦਿੱਤੇ ਕਿ ਤੁਹਾਨੂੰ ਬੰਬਾਰੀ ਦੀ ਇਜ਼ਾਜਤ ਲੈਣ ਲਈ ਵ੍ਹਾਈਟ ਹਾਊਸ ਜਾਂ ਸਰਕਾਰੀ ਨੌਕਰਸ਼ਾਹੀ ਕੋਲ ਜਾਣ ਦੀ ਜ਼ਰੂਰਤ ਨਹੀਂ ਹੈ।

ਪਹਿਲੇ ਟਰੰਪ ਰਾਜ ਤੋਂ ਬਾਅਦ ਜੋ ਬਾਈਡਨ ਅਮਰੀਕੀ ਮਹਾਂਸ਼ਕਤੀ ਦਾ ਮੁਖੀਆ ਬਣਦਾ ਹੈ, ਜੋ ਮੱਧ ਪੂਰਬ ਵਿੱਚ ਇਜ਼ਰਾਈਲ ਵੱਲੋਂ ਫਲਸਤੀਨੀ ਲੋਕਾਂ ਉਪਰ ਕੀਤੇ ਜਾ ਰਹੇ ਜ਼ੁਲਮਾਂ ਨੂੰ ਹੋਰ ਬਲ ਬਖਸ਼ਦਾ ਹੈ । ਅਰਬਾਂ ਡਾਲਰਾਂ ਦੇ ਹਥਿਆਰ ਅਤੇ ਗੋਲੀ-ਸਿੱਕਾ ਮੁਹੱਈਆ ਕਰਾ ਕੇ ਗਾਜ਼ਾ ਵਿਚ ਨਸਲਕੁਸ਼ੀ ਦੀ ਸ਼ਰੇਆਮ ਇਜ਼ਾਜਤ ਦੇ ਦਿੱਤੀ ਜਾਂਦੀ ਹੈ ।ਅਮਰੀਕੀ ਨਾਗਰਿਕਾਂ ਤੋਂ ਟੈਕਸਾਂ ਰਾਹੀਂ ਅਰਬਾਂ ਡਾਲਰ ਇਕੱਠੇ ਕਰਕੇ ਮੌਤ ਦਾ ਤਾਂਡਵ ਕਰਨ ਲਈ ਬਾਈਡਨ ਦੀ ਛਤਰ-ਛਾਇਆ ਹੇਠ ਨੇਤਨਯਾਹੂ ਨੂੰ ਦੇ ਦਿੱਤੇ ਜਾਂਦੇ ਹਨ।

ਇਜ਼ਰਾਈਲ, ਜੋ 9/11 ਤੋਂ ਬਾਅਦ ਸ਼ੁਰੂ ਤੋਂ ਹੀ ਅਮਰੀਕਾ ਦੇ ਦਹਿਸ਼ਤਵਾਦ ਵਿਰੁੱਧ ਵਿਸ਼ਵ ਯੁੱਧ ਦੇ ਲਸ਼ਕਰ ਵਿਚ ਸ਼ਾਮਲ ਹੋ ਗਿਆ ਸੀ, ਹੁਣ ਟਰੰਪ ਦੀ ਸੁਰੱਖਿਆ ਛਤਰੀ ਹੇਠ ਗਾਜ਼ਾ ਵਿਚ ਫਲਸਤੀਨੀਆਂ ਦੇ ਕਤਲੇਆਮ ਵਿਚ ਮਸਰੂਫ ਹੈ। ਇਹ ਕਾਰਵਾਈ ਟਰੰਪ ਵੱਲੋਂ ਕਰਵਾਈ ਗਈ ਗੋਲੀਬੰਦੀ ਦੇ ਬਾਵਜੂਦ ਜਾਰੀ ਹੈ।

ਨੋਬਲ ਸ਼ਾਂਤੀ ਪੁਰਸਕਾਰ ਦੇ ਸ਼ੌਕੀਨ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਵਿਸ਼ਵ ਅਮਨ ਪ੍ਰਤੀ ਇਮਾਨਦਾਰੀ ਸਪੱਸ਼ਟ ਹੋ ਜਾਂਦੀ ਹੈ, ਜਦ ਉਸ ਨੇ ਸਰਕਾਰ ਦੇ ਸੁਰੱਖਿਆ ਵਿਭਾਗ ਦਾ ਨਾਂਅ ਬਦਲ ਕੇ 'ਯੁੱਧ ਵਿਭਾਗ' ਰੱਖ ਦਿੱਤਾ ਹੈ। ਕੈਰੇਬੀਅਨ ਸਾਗਰ ਵਿਚ ਅਮਰੀਕੀ ਸਮੁੰਦਰੀ ਫੌਜ ਦੇ ਬੇੜੇ ਵੈਨੇਜ਼ੁਏਲਾ ਦੀਆਂ ਕਿਸ਼ਤੀਆਂ ਦਾ ਸ਼ਿਕਾਰ ਕਰ ਰਹੇ ਹਨ ।ਨਸ਼ਿਆਂ ਖਿਲਾਫ ਮੁਹਿੰਮ ਦੇ ਨਾਂਅ ਹੇਠ ਕਿਸ਼ਤੀਆਂ 'ਤੇ ਸਵਾਰ ਵਿਅਕਤੀਆਂ ਨੂੰ ਬਿਨਾਂ ਕਿਸੇ ਅੰਤਰ-ਰਾਸ਼ਟਰੀ ਕਾਨੂੰਨ ਦੀ ਪਰਵਾਹ ਕੀਤਿਆਂ ਕਤਲ ਕੀਤਾ ਜਾ ਰਿਹਾ। ਕਤਲਾਂ ਦੀ ਗਿਣਤੀ ਸੈਂਕੜੇ ਦਾ ਅੰਕੜਾ ਪਾਰ ਕਰ ਗਈ ਹੈ।

ਪੁਰਾਣੇ ਬੁਸ਼- ਚੈਨੀ ਦੇ ਦਿਨਾਂ ਦੌਰਾਨ ਘੱਟੋ-ਘੱਟ ਵਿਦੇਸ਼ੀ ਹਮਲਿਆਂ ਬਾਰੇ ਜਾਇਜ਼-ਨਾਜਾਇਜ਼ ਦਲੀਲ ਜ਼ਰੂਰ ਦਿੱਤੀ ਜਾਂਦੀ ਸੀ। ਟਰੰਪ ਦੇ ਫਲਸਫੇ ਵਿਚ ਇਹਦੀ ਕੋਈ ਆਵਸ਼ਕਤਾ ਨਹੀਂ । ਬਿਨਾਂ ਕਿਸੇ ਸਬੂਤ ਦੇ ਵੈਨੇਜ਼ੁਏਲਾ ਦੇ ਖਿਲਾਫ 'ਨੈਕਰੋ-ਟੈਰਰਇਜ਼ਮ' ਅਤੇ ਤੇਲਚੋਰੀ ਦਾ ਇਲਜ਼ਾਮ ਲਾਇਆ ਜਾ ਰਿਹਾ ਹੈ। ਅਜੋਕੇ ਸਮੇਂ ਦੌਰਾਨ ਅਮਰੀਕਾ ਦੀ ਫੌਜੀ ਤਾਨਾਸ਼ਾਹੀ ਦੀ ਲਗਾਮ ਇਕੋ ਵਿਅਕਤੀ ਦੇ ਦਿਮਾਗੀ ਸਨਕ 'ਤੇ ਅਧਾਰਤ ਹੈ। ਇਹ ਕਿਸੇ ਵੀ ਸਮੇਂ ਬਿਨਾਂ ਕਿਸੇ ਕਾਰਨ ਈਰਾਨ, ਯਮਨ, ਸੀਰੀਆ ਕਿਤੇ ਵੀ ਹਮਲੇ ਕਰਨ ਦੇ ਆਦੇਸ਼ ਦੇ ਸਕਦਾ ਹੈ।

ਹੁਣ ਜਦ ਅਸੀਂ 21ਵੀਂ ਸਦੀ ਦੇ ਦੂਸਰੇ ਚੌਥਾਈ ਹਿੱਸੇ ਵਿਚ ਪ੍ਰਵੇਸ਼ ਕਰ ਰਹੇ ਹਾਂ ਅਤੇ ਇਹ ਵੀ ਦੇਖ ਰਹੇ ਹਾਂ ਕਿ ਅਮਰੀਕਾ ਦੇ ਸ਼ਾਸਕਾਂ ਨੇ ਇਸ ਦੀ 'ਫੌਜੀਵਾਦ' ਦੀ ਰੂਪ-ਰੇਖਾ ਪਹਿਲਾਂ ਹੀ ਉਲੀਕੀ ਹੋਈ ਹੈ , ਅਸੀਂ ਬੁਸ਼ ਦੇ ਬਦਕਿਸਮਤ ਸ਼ਬਦ ਯਾਦ ਕਰਨੋਂ ਨਹੀਂ ਰਹਿ ਸਕਦੇ : ਦੇਸ਼ ਵਾਸੀਓ, ਫੌਜ ਨੂੰ ਕੂਚ ਕਰਨ ਦੇ ਹੁਕਮ ਹੋ ਗਏ, ਆਓ, ਮਾਰਚ ਕਰੀਏ। ਦੁਨੀਆ ਦੀ ਮਾੜੀ ਕਿਸਮਤ ਨੂੰ ਅਮਰੀਕਾ ਦਾ ਮਾਰਚ ਅਜੇ ਵੀ ਜਾਰੀ ਹੈ।

**(ਬੇਲੇਨ , ਅਮਰੀਕਾ ਦੀ ਨਾਗਰਿਕ ਹੈ, ਕਤਰ ਦੇ ਅਖਬਾਰ ਅਲ-ਜਜ਼ੀਰਾ ਲਈ ਲਿਖਦੀ ਹੈ । ਅਲ ਜਜ਼ੀਰਾ ਦੇ ਧੰਨਵਾਦ ਸਹਿਤ )**

**# ਸੰਪਰਕ : 94632-32402**

# ਅਰਾਵਲੀ ਪਹਾੜੀਆਂ ਦਾ ਮੁੱਦਾ—ਸਾਂਝੇ ਸੰਘਰਸ਼ ਦੀ ਲੋੜ



**ਐੱਮ ਐੱਸ ਭਾਟੀਆ**

ਆਲ ਇੰਡੀਆ ਕਿਸਾਨ ਸਭਾ (ਏ ਆਈ ਕੇ ਐੱਸ) ਨੇ ਸੁਪਰੀਮ ਕੋਰਟ ਆਫ਼ ਇੰਡੀਆ ਦੇ 29 ਦਸੰਬਰ, 2025 ਦੇ ਹੁਕਮ, ਜਿਸ ਵਿੱਚ ਇਸ ਨੇ ਆਪਣੇ ਪਹਿਲਾਂ ਦੇ ਫੈਸਲੇ 'ਤੇ ਰੋਕ ਲਗਾਈ ਸੀ ਅਤੇ ਅਰਾਵਲੀ ਰੇਂਜ ਦੀ ਪਰਿਭਾਸ਼ਾ ਅਤੇ ਸੁਰੱਖਿਆ ਦੀ ਜਾਂਚ ਕਰਨ ਲਈ ਇੱਕ ਨਵੀਂ, ਉੱਚ-ਸ਼ਕਤੀਸ਼ਾਲੀ ਕਮੇਟੀ ਦੀ ਮੰਗ ਕੀਤੀ ਸੀ, ਲਈ ਅੰਦੋਲਨਕਾਰੀ ਲੋਕਾਂ ਅਤੇ ਸਿਵਲ ਸੁਸਾਇਟੀ ਨੂੰ ਵਧਾਈ ਦਿੱਤੀ ਹੈ। ਏ ਆਈ ਕੇ ਐੱਸ ਅਦਾਲਤ ਦੇ ਆਪਣੇ ਫੈਸਲੇ ਦੇ ਸੁਧਾਰ ਦਾ ਸਵਾਗਤ ਕੀਤਾ ਹੈ ਅਤੇ ਇਸ ਵਰਤਾਰੇ ਨੂੰ ਬਹੁਤ ਸਾਵਧਾਨੀ ਨਾਲ ਵੇਖਦੇ ਹੋਏ ਅਤੇ ਇਸ ਨਾਜ਼ੁਕ ਵਾਤਾਵਰਣ ਪ੍ਰਣਾਲੀ ਲਈ ਤੁਰੰਤ, ਮਜ਼ਬੂਤ ਸੁਰੱਖਿਆ ਦੀ ਮੰਗ ਕੀਤੀ ਹੈ।

ਰਾਜਸਥਾਨ, ਗੁਜਰਾਤ, ਹਰਿਆਣਾ ਅਤੇ ਦਿੱਲੀ ਵਿੱਚ 670 ਕਿਲੋਮੀਟਰ ਫੈਲੀ ਅਰਾਵਲੀ ਰੇਂਜ ਸਿਰਫ਼ ਪਹਾੜੀਆਂ ਦਾ ਸੰਗ੍ਰਹਿ ਨਹੀਂ, ਇਹ ਦੋ ਅਰਬ ਸਾਲ ਪੁਰਾਣੀ ਭੂ-ਵਿਗਿਆਨਕ ਢਾਲ ਹੈ, ਜੋ ਥਾਰ ਮਾਰੂਥਲ ਦੇ ਪੂਰਬ ਵੱਲ ਫੈਲਣ, ਇੱਕ ਮਹੱਤਵਪੂਰਨ ਪਾਣੀ ਰੀਚਾਰਜ ਜ਼ੋਨ ਅਤੇ ਲੱਖਾਂ ਲੋਕਾਂ ਲਈ ਇੱਕ ਫੇਫੜੇ ਦਾ ਕੰਮ ਕਰਦੀ ਹੈ। ਪਿਛਲੀ ਪਾਬੰਦੀਸ਼ੁਦਾ ਪਰਿਭਾਸ਼ਾ, ਜੋ ਕਿ ਸਿਰਫ਼ 100 ਮੀਟਰ ਦੀ ਉਚਾਈ 'ਤੇ ਅਧਾਰਤ ਸੀ, ਨੇ ਇਹਨਾਂ ਪਹਾੜੀਆਂ ਵਿੱਚੋਂ 90 ਫੀਸਦੀ ਤੋਂ ਵੱਧ ਨੂੰ ਬਾਹਰ ਕੱਢਣ ਅਤੇ ਤਬਾਹੀ ਦੇ ਖ਼ਤਰੇ ਵਿੱਚ ਪਾਉਣ ਦੀ ਧਮਕੀ ਦਿੱਤੀ, ਜਿਸ ਨਾਲ ਵਾਤਾਵਰਣ ਵਿਗਿਆਨ ਅਤੇ ਜਨਤਕ ਵਿਸ਼ਵਾਸ ਦੋਵਾਂ ਨਾਲ ਧੋਖਾ ਹੋਇਆ ਸੀ।

ਸੁਪਰੀਮ ਕੋਰਟ ਨੇ ਨਿਰਪੱਖ ਅਤੇ ਸੁਤੰਤਰ ਮਾਹਰ ਰਾਇ ਦੀ ਜ਼ਰੂਰਤ ਦੀ ਸਹੀ ਪਛਾਣ ਕੀਤੀ ਹੈ। ਹਾਲਾਂਕਿ, ਪਿਛਲੇ ਤਜਰਬਿਆਂ, ਜਿਵੇਂ ਕਿ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) 'ਤੇ ਕਮੇਟੀ ਨੇ ਦਿਖਾਇਆ ਹੈ ਕਿ ਕਿਵੇਂ ਸਰਕਾਰਾਂ ਮਾਹਰ ਪੈਨਲਾਂ ਨੂੰ ਜਨਤਕ ਅਤੇ ਵਾਤਾਵਰਣ ਭਲਾਈ ਦੀ ਬਜਾਏ ਕਾਰਪੋਰੇਟ ਹਿੱਤਾਂ ਨੂੰ ਪੂਰਨ ਲਈ ਅਤੇ ਆਮ ਲੋਕਾਂ ਨੂੰ ਗੁੰਮਰਾਹ ਕਰਨ ਲਈ ਹੇਰਾਫੇਰੀ ਕਰ ਸਕਦੀਆਂ ਹਨ, ਅਸੀਂ ਅਰਾਵਲੀ ਵਿੱਚ ਇਸ ਧੋਖੇ ਨੂੰ ਦੁਹਰਾਉਣ ਦੀ ਇਜਾਜ਼ਤ ਨਹੀਂ ਦੇਵਾਂਗੇ।

ਇਸ ਲਈ ਏ ਆਈ ਕੇ ਐੱਸ ਸਾਰੀਆਂ ਕਿਸਾਨ ਯੂਨੀਅਨਾਂ, ਨਾਗਰਿਕ ਮੰਚਾਂ, ਵਾਤਾਵਰਣ ਪ੍ਰੇਮੀਆਂ ਨੂੰ ਹੇਠ ਲਿਖੀਆਂ ਮੰਗਾਂ ਲਈ ਅੰਦੋਲਨ ਅਤੇ ਜਨਤਕ ਦਬਾਅ ਨੂੰ ਹੋਰ ਤੇਜ਼ ਕਰਨ ਦੀ ਅਪੀਲ ਕਰਦੀ ਹੈ:

1. **ਇੱਕ ਸੱਚਮੁੱਚ ਸੁਤੰਤਰ ਅਤੇ ਪ੍ਰਤੀਨਿਧੀ ਕਮੇਟੀ:** ਪ੍ਰਸਤਾਵਿਤ ਉੱਚ-ਸ਼ਕਤੀਸ਼ਾਲੀ ਕਮੇਟੀ ਸਰਕਾਰੀ ਪ੍ਰਭਾਵ ਤੋਂ ਮੁਕਤ ਹੋਣੀ ਚਾਹੀਦੀ ਹੈ । ਇਸ ਦੀ ਰਚਨਾ ਵਿੱਚ ਮਾਨਤਾ ਪ੍ਰਾਪਤ ਸੁਤੰਤਰ ਵਾਤਾਵਰਣ ਵਿਗਿਆਨੀ, ਭੂ-ਵਿਗਿਆਨੀ, ਲੋਕ ਲਹਿਰਾਂ, ਕਿਸਾਨ ਯੂਨੀਅਨਾਂ ਅਤੇ ਜੰਗਲ-ਨਿਵਾਸ ਭਾਈਚਾਰਿਆਂ ਦੇ ਪ੍ਰਤੀਨਿਧੀ ਸ਼ਾਮਲ ਹੋਣੇ ਚਾਹੀਦੇ ਹਨ – ਨੌਕਰਸ਼ਾਹ ਜਾਂ ਸਰਕਾਰ ਨਾਲ ਸੰਬੰਧਤ ਮਾਹਰ ਨਹੀਂ। ਕਮੇਟੀ ਦੇ ਵਿਚਾਰ-ਵਟਾਂਦਰੇ ਅਤੇ ਡੇਟਾ ਪੂਰੀ ਤਰ੍ਹਾਂ ਪਾਰਦਰਸ਼ੀ ਹੋਣੇ ਚਾਹੀਦੇ ਹਨ ਅਤੇ ਜਨਤਕ ਜਾਂਚ ਦੇ ਅਧੀਨ ਹੋਣੇ ਚਾਹੀਦੇ ਹਨ।
2. **ਸਾਰੀਆਂ ਮਾਈਨਿੰਗ ਗਤੀਵਿਧੀਆਂ 'ਤੇ ਤੁਰੰਤ ਅਤੇ ਪੂਰੀ ਤਰ੍ਹਾਂ ਪਾਬੰਦੀ :** ਕੇਂਦਰੀ ਵਾਤਾਵਰਣ ਮੰਤਰਾਲੇ ਦੇ 25 ਦਸੰਬਰ ਦੇ ਹੁਕਮ ਵਿੱਚ ਸਿਰਫ਼ ਨਵੇਂ ਮਾਈਨਿੰਗ ਲੀਜ਼ ਦੇਣ 'ਤੇ ਪਾਬੰਦੀ ਹੈ। ਇਹ ਬਹੁਤ ਹੀ ਨਾਕਾਫ਼ੀ ਹੈ। ਅਸੀਂ ਕੇਂਦਰ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਸੁਪਰੀਮ ਕੋਰਟ ਦੀ ਸੁਣਵਾਈ ਪੂਰੀ ਹੋਣ ਤੱਕ ਅਤੇ ਇੱਕ ਅੰਤਮ, ਵਾਤਾਵਰਣਕ ਤੌਰ 'ਤੇ ਸਹੀ ਪਰਿਭਾਸ਼ਾ ਸਥਾਪਤ ਹੋਣ ਤੱਕ ਰਾਜਸਥਾਨ, ਗੁਜਰਾਤ, ਹਰਿਆਣਾ ਅਤੇ ਦਿੱਲੀ ਵਿੱਚ ਨਵੀਆਂ ਅਤੇ ਮੌਜੂਦਾ ਸਾਰੀਆਂ ਮਾਈਨਿੰਗ ਗਤੀਵਿਧੀਆਂ ਤੇ ਤੁਰੰਤ ਪੂਰੀ ਤਰ੍ਹਾਂ ਪਾਬੰਦੀ ਲਗਾਈ ਜਾਵੇ। ਅਦਾਲਤ ਨੇ ਖੁਦ ਅਟੱਲ ਵਾਤਾਵਰਣਕ ਕਾਰਵਾਈਆਂ ਦੇ ਜੋਖਮ ਨੂੰ ਨੋਟ ਕੀਤਾ ਹੈ। ਅੰਸ਼ਕ ਉਪਾਅ ਸਿਰਫ ਨਿਯਮ ਦੀ ਆੜ ਵਿੱਚ ਲਗਾਤਾਰ ਲੁੱਟ ਦੀ ਆਗਿਆ ਦੇਣਗੇ।
3. **ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰੀ ਅਸਤੀਫਾ ਦੇਵੇ :** ਭੂਪੇਂਦਰ ਯਾਦਵ ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰੀ, ਜਿਸ ਨੇ ਲੋਕਾਂ ਅਤੇ ਅਦਾਲਤ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ, ਸੱਤਾ ਵਿੱਚ ਰਹਿਣ ਦਾ ਨੈਤਿਕ ਆਧਾਰ ਗੁਆ ਚੁੱਕੇ ਹਨ। ਮੰਤਰਾਲੇ ਨਾਲ ਨਿਹਿਤ ਮਾਈਨਿੰਗ ਹਿੱਤਾਂ ਦਾ ਸਹਿਯੋਗ ਅਰਾਵਲੀਆਂ ਦੀ ਸੁਰੱਖਿਆ ਦੀ ਗਰੰਟੀ ਨਹੀਂ ਦੇ ਸਕਦਾ।
4. ਸਮੁੱਚੀ ਵਾਤਾਵਰਣਕ ਹਸਤੀ ਦੀ ਸੁਰੱਖਿਆ ਨਵੀਂ ਪਰਿਭਾਸ਼ਾ ਵਿੱਚ ਅਰਾਵਲੀਆਂ ਨੂੰ ਇੱਕ ਨਾਲ ਲੱਗਦੇ, ਜੀਵੰਤ ਵਾਤਾਵਰਣ ਪ੍ਰਣਾਲੀ ਵਜੋਂ ਮਾਨਤਾ ਦੇਣੀ ਚਾਹੀਦੀ ਹੈ। ਇਸ ਨੂੰ ਉਚਾਈ ਜਾਂ ਸਮੂਹ ਦੀ ਦੂਰੀ ਵਰਗੇ ਮਨਮਾਨੇ ਮਾਪਦੰਡਾਂ ਦੁਆਰਾ ਵੰਡਿਆ ਨਹੀਂ ਜਾ ਸਕਦਾ, ਜਿਸ ਬਾਰੇ ਅਦਾਲਤ ਨੇ ਖੁਦ ਚੇਤਾਵਨੀ ਦਿੱਤੀ ਸੀ ਕਿ ਇੱਕ ਢਾਂਚਾਗਤ ਵਿਰੋਧਾਭਾਸ ਪੈਦਾ ਹੁੰਦਾ ਹੈ, ਜੋ ਵਿਨਾਸ਼ ਨੂੰ ਸਮਰੱਥ ਬਣਾਉਂਦਾ ਹੈ। ਸੁਰੱਖਿਆ ਪੂਰੀ ਸ਼੍ਰੇਣੀ, ਇਸ ਦੇ ਜੰਗਲਾਂ, ਜੰਗਲੀ ਜੀਵ ਗਲਿਆਰਿਆਂ ਅਤੇ ਤਲਾਂ ਤੱਕ ਫੈਲਣੀ ਚਾਹੀਦੀ ਹੈ।

ਅਰਾਵਲੀਆਂ ਲਈ ਲੜਾਈ ਬਚਾਅ ਲਈ ਲੜਾਈ ਹੈ, ਉਹਨਾਂ ਕਿਸਾਨਾਂ ਲਈ ਜਿਨ੍ਹਾਂ ਦੀ ਪਾਣੀ ਸੁਰੱਖਿਆ ਦੀ ਇਹ ਗਰੰਟੀ ਦਿੰਦੀ ਹੈ, ਉਹਨਾਂ ਭਾਈਚਾਰਿਆਂ ਲਈ ਜਿਨ੍ਹਾਂ ਦੀ ਰੋਜ਼ੀ-ਰੋਟੀ ਦਾ ਇਹ ਸਮਰਥਨ ਕਰਦੀ ਹੈ ਅਤੇ ਦੇਸ਼ ਦੇ ਵਾਤਾਵਰਣ ਭਵਿੱਖ ਲਈ। ਏ ਆਈ ਕੇ ਐੱਸ ਇਸ ਉਦੇਸ਼ ਵਿੱਚ ਸਾਰੇ ਵਾਤਾਵਰਣ ਸਮੂਹਾਂ ਅਤੇ ਨਾਗਰਿਕਾਂ ਨਾਲ ਇੱਕਜੁੱਟ ਹੈ। ਅਸੀਂ ਪ੍ਰਭਾਵਤ ਰਾਜਾਂ ਵਿੱਚ ਆਪਣੇ ਮੈਂਬਰਾਂ ਨੂੰ ਲਾਮਬੰਦ ਕਰਾਂਗੇ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਖਣਨ ਹਿੱਤਾਂ ਦੇ ਰੌਲੇ 'ਤੇ ਲੋਕਾਂ ਦੀ ਆਵਾਜ਼ ਸੁਣੀ ਜਾਵੇ। ਅਸੀਂ ਅਰਾਵਲੀਆਂ ਦੀ ਸਥਾਈ ਅਤੇ ਵਿਆਪਕ ਸੁਰੱਖਿਆ ਤੋਂ ਘੱਟ ਕੁਝ ਵੀ ਸਵੀਕਾਰ ਨਹੀਂ ਕਰਾਂਗੇ।

ਸਪੱਸ਼ਟੀਕਰਨ ਅਤੇ ਕਮੇਟੀਆਂ ਦਾ ਸਮਾਂ ਖਤਮ ਹੋ ਗਿਆ ਹੈ। ਫੈਸਲਾਕੁੰਨ ਕਾਰਵਾਈ ਦਾ ਸਮਾਂ ਹੁਣ ਹੈ।

**(ਰਾਜਨ ਸ਼ੀਰਸਾਗਰ -ਪ੍ਰਧਾਨ ਅਤੇ ਰਵੁੱਲਾ ਵੈਂਕਈਆ - ਜਨਰਲ ਸਕੱਤਰ ਏ ਆਈ ਕੇ ਐੱਸ ਦੇ ਅੰਗਰੇਜ਼ੀ ਲੇਖਣ ਦਾ ਪੰਜਾਬੀ ਅਨੁਵਾਦ)**

**# ਸੰਪਰਕ : 99884-91002**

# 2025 ਤੱਕ ਕਿਉਂ ਨਾ ਖ਼ਤਮ ਹੋਈ ਤਪਦਿਕ ?

**ਡਾ. ਜਸਬੀਰ ਸਿੰਘ ਔਲਖ**

ਨਵੰਬਰ 2025 ਵਿੱਚ ਸੰਸਾਰ ਸਿਹਤ ਸੰਗਠਨ ਦੀ ਇੱਕ ਰਿਪੋਰਟ ਅਨੁਸਾਰ ਤਪਦਿਕ ਹਾਲਾਂ ਵੀ ਸੰਸਾਰ ਪੱਧਰ 'ਤੇ ਇੱਕ ਖ਼ਤਰਨਾਕ ਤੌਰ 'ਤੇ ਮੌਜੂਦ ਹੈ, ਜਿਸ ਨੇ 2024 ਵਿੱਚ ਬਾਰਾਂ ਲੱਖ ਜ਼ਿੰਦਗੀਆਂ ਖ਼ਤਮ ਕੀਤੀਆਂ ਸਨ ਅਤੇ ਇੱਕ ਕਰੋੜ ਸੱਤ ਲੱਖ ਮਰੀਜ਼ ਇਸ ਬਿਮਾਰੀ ਨਾਲ ਜੂਝ ਰਹੇ ਸਨ। ਇਹਨਾਂ ਕੁੱਲ ਮਰੀਜ਼ਾਂ ਵਿੱਚੋਂ 87 ਪ੍ਰਤੀਸ਼ਤ ਸਿਰਫ਼ ਤੀਹ ਦੇਸ਼ਾਂ ਵਿੱਚ ਪਾਏ ਜਾਂਦੇ ਹਨ, ਜਿਹਨਾਂ ਵਿੱਚੋਂ ਭਾਰਤ ਵਿੱਚ 25% ਤਪਦਿਕ ਦੇ ਮਰੀਜ਼ ਪਾਏ ਜਾਂਦੇ ਹਨ। ਭਾਰਤ ਵਿੱਚ ਤਪਦਿਕ ਦੇ ਸਭ ਤੋਂ ਜ਼ਿਆਦਾ ਮਰੀਜ਼ ਉੱਤਰ ਪ੍ਰਦੇਸ਼, ਮਹਾਂਰਾਸ਼ਟਰ, ਬਿਹਾਰ ਅਤੇ ਮੱਧ ਪ੍ਰਦੇਸ਼ ਵਿੱਚ ਹਨ।

ਆਮ ਕਰਕੇ ਤਪਦਿਕ ਨੂੰ ਛਾਤੀ ਦਾ ਰੋਗ ਸਮਝਿਆ ਜਾਂਦਾ ਹੈ, ਕਿਉਂਕਿ ਤਪਦਿਕ ਦੇ ਸਭ ਤੋਂ ਜ਼ਿਆਦਾ ਮਰੀਜ਼ ਛਾਤੀ ਦੀ ਤਪਦਿਕ ਨਾਲ ਸਾਹਮਣੇ ਆਉਂਦੇ ਹਨ, ਭਾਵੇਂ ਤਪਦਿਕ ਦੀ ਬਿਮਾਰੀ ਹੱਡੀਆਂ, ਦਿਮਾਗ, ਅੰਤੜੀਆਂ, ਲਿੰਫ ਗ੍ਰੰਥੀਆਂ, ਜਣਨ ਅੰਗਾਂ ਆਦਿ ਦੀ ਵੀ ਹੋ ਸਕਦੀ ਹੈ। ਬਾਂਝਪਨ ਦਾ ਵੱਡਾ ਕਾਰਨ ਤਪਦਿਕ ਰੋਗ ਹੋ ਸਕਦਾ ਹੈ।

**ਨਵਾਂ ਪ੍ਰੋਗਰਾਮ :** 2020 ਵਿੱਚ ਭਾਰਤ ਸਰਕਾਰ ਨੇ ਰੀਵਾਈਜ਼ਡ ਨੈਸ਼ਨਲ ਟੀ ਵੀ ਕੰਟਰੋਲ ਪ੍ਰੋਗਰਾਮ (RNTCP) ਦਾ ਨਾਂਅ ਬਦਲ ਕੇ ਕੌਮੀ ਤਪਦਿਕ ਖਾਤਮਾ ਪ੍ਰੋਗਰਾਮ ( National TB Elimination Program) ਕਰ ਦਿੱਤਾ, ਜਿਸ ਵਿੱਚ ਸੰਸਾਰ ਸਿਹਤ ਸੰਸਥਾ ਦੇ ਨਿਯਮਾਂ ਅਨੁਸਾਰ ਤਪਦਿਕ ਦੇ ਨਵੇਂ ਕੇਸਾਂ ਵਿੱਚ ਅੱਸੀ ਪ੍ਰਤੀਸ਼ਤ ਅਤੇ ਤਪਦਿਕ ਤੋਂ ਹੋਣ ਵਾਲੀਆਂ ਮੌਤਾਂ ਵਿੱਚ ਨੱਬੇ ਫੀਸਦੀ ਗਿਰਾਵਟ ਹੋਣੀ ਚਾਹੀਦੀ ਸੀ। ਕੌਮਾਂਤਰੀ ਪੱਧਰ 'ਤੇ ਤਪਦਿਕ ਨੂੰ 2030 ਤੱਕ ਖਤਮ ਕਰਨ ਦਾ ਟੀਚਾ ਰੱਖਿਆ ਗਿਆ। ਭਾਰਤ ਵਿੱਚ ਇਸ ਨੂੰ 2025 ਕਰ ਦਿੱਤਾ ਗਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ 9 ਸਤੰਬਰ 2022 ਨੂੰ ਪ੍ਰਧਾਨ ਮੰਤਰੀ ਟੀ ਬੀ ਮੁਕਤ ਭਾਰਤ ਅਭਿਆਨ ਦੀ ਸ਼ੁਰੂਆਤ ਕੀਤੀ। ਦੇਸ਼ ਭਰ ਵਿੱਚ ਇੱਕ ਲੱਖ ਅਠੱਤੀ ਹਜ਼ਾਰ ਹੈੱਲਥ ਵੈੱਲਨੈੱਸ ਕੇਂਦਰਾਂ 'ਤੇ ਬਲਗਮ ਜਾਂਚ ਲਈ ਪਹਿਲ ਕੀਤੀ ਗਈ। ਤਪਦਿਕ ਮਰੀਜ਼ਾਂ ਨੂੰ ਦਿੱਤੀ ਜਾਣ ਵਾਲੀ ਨਕਦ ਰਾਸ਼ੀ ਨਿਕਸ਼ੈ ਪੋਸ਼ਣ ਯੋਜਨਾ ਤਹਿਤ ਪੰਜ ਸੌ ਰੁਪਏ ਤੋਂ ਵਧਾ ਕੇ ਇੱਕ ਹਜ਼ਾਰ ਰੁਪਏ ਕੀਤੀ ਗਈ। ਆਸ਼ਾ ਵਰਕਰਾਂ ਨੂੰ ਨਵੇਂ ਤਪਦਿਕ ਮਰੀਜ਼ ਦਾ ਇਲਾਜ਼ ਸ਼ੁਰੂ ਕਰਵਾਉਣ ਲਈ ਪੰਜ ਸੌ ਰੁਪਏ ਅਤੇ ਇਲਾਜ ਪੂਰਾ ਹੋਣ 'ਤੇ ਹਜ਼ਾਰ ਰੁਪਏ ਮਾਣ- ਭੱਤਾ ਦਿੱਤਾ ਜਾਣ ਲੱਗਿਆ। ਤਪਦਿਕ ਦੇ ਮਰੀਜ਼ਾਂ ਦੇ ਇਲਾਜ ਦੀ ਦਰ ਜਿਹੜੀ 2023 ਦੇ ਸ਼ੁਰੂ ਵਿੱਚ ਵਿੱਚ 85% ਸੀ, ਉਹ 2024 ਦੇ ਸ਼ੁਰੂਆਤੀ ਦੌਰ ਤੱਕ 92% ਤੱਕ ਪਹੁੰਚ ਗਈ ਸੀ, ਪਰ 2025 ਦੇ ਅੰਤ ਤੱਕ ਤਪਦਿਕ ਦਾ ਖਾਤਮਾ ਤਾਂ ਦੂਰ ਦੀ ਗੱਲ ਹੈ, ਇਸ ਦੇ ਨੇੜੇ ਵੀ ਨਹੀਂ ਪਹੁੰਚਿਆ ਗਿਆ। ਇਸ ਬਿਮਾਰੀ ਨੇ ਬਹੁਤ ਸਾਰੀਆਂ ਚੁਣੌਤੀਆਂ ਸਾਹਮਣੇ ਲਿਆਂਦੀਆਂ ਹਨ, ਜਿਵੇਂ ਤਪਦਿਕ ਵਿਰੋਧੀ ਦਵਾਈਆਂ ਦਾ ਗੈਰ-ਅਸਰਦਾਰ (Drug Resistance) ਹੋਣਾ, ਮਾੜਾ ਸਿਹਤ ਪ੍ਰਬੰਧ ਅਤੇ ਆਰਥਿਕ/ ਸਮਾਜਿਕ ਪਛੜਾਪਣ।

**ਦਵਾਈਆਂ ਦੀ ਘਾਟ:** ਲਗਾਤਾਰ ਦਵਾਈਆਂ ਦੀ ਸਪਲਾਈ ਨਾ ਹੋਣਾ ਵੀ ਬਹੁਤ ਵੱਡੀ ਸਿਰਦਰਦੀ ਬਣੀ ਹੋਈ ਹੈ। ਅੰਗਰੇਜ਼ੀ ਅਖ਼ਬਾਰ 'ਦ ਹਿੰਦੂ' ਵਿੱਚ 10 ਅਪ੍ਰੈਲ 2024 ਨੂੰ ਛਪੀ ਖ਼ਬਰ ਨੇ ਦਵਾਈਆਂ ਦੀ ਘਾਟ ਦਾ ਮੁੱਦਾ ਕੌਮੀ ਪੱਧਰ 'ਤੇ ਉਜਾਗਰ ਕੀਤਾ ਸੀ, ਜਿਸ ਵਿੱਚ ਸਰਕਾਰੀ ਅਧਿਕਾਰੀਆਂ ਨੇ 'ਨਾਂ ਟਾਲੀਆਂ ਜਾਣ ਵਾਲੀਆਂ ਹਾਲਤਾਂ' ਨੂੰ ਇਸ ਸਮੱਸਿਆ ਲਈ ਜ਼ਿੰਮੇਵਾਰ ਦੱਸਿਆ ਸੀ। ਇਸ ਨਾਲ ਜੋ ਫਾਇਦੇ 2022 ਅਤੇ 2023 ਦੀ ਮੁਹਿੰਮ ਦੇ ਮਿਲਣੇ ਸ਼ੁਰੂ ਹੋਏ ਸਨ, ਉਹ ਦਵਾਈਆਂ ਦੀ ਘਾਟ ਨੇ ਬੁਰੀ ਤਰ੍ਹਾਂ ਪ੍ਰਭਾਵਤ ਕੀਤੇ। ਦਵਾਈਆਂ ਦੀ ਘਾਟ ਕਾਰਨ ਇਲਾਜ ਦੇਰੀ ਨਾਲ ਸ਼ੁਰੂ ਹੁੰਦਾ ਹੈ ਅਤੇ ਦਵਾਈਆਂ ਦੀ ਪ੍ਰਤੀਰੋਧਕ ਸਮਰੱਥਾ (Drug Resistance) ਵਧਦੀ ਹੈ। ਨਤੀਜਾ ਇਸ ਤਰ੍ਹਾਂ ਦੇ ਜਿਹੜੇ ਮਰੀਜ਼ਾਂ ਦੀ ਗਿਣਤੀ ਸਾਲ 2023 ਵਿੱਚ 1.26 ਲੱਖ ਸੀ, ਉਹ 2024 ਵਿੱਚ ਵਧਕੇ 1.27 ਹੋ ਗਈ।

ਦਵਾਈਆਂ ਦੀ ਘਾਟ ਨੇ ਉਹਨਾਂ ਨਵਜੰਮੇ ਬੱਚਿਆਂ ਨੂੰ ਵੀ ਬੁਰੀ ਤਰ੍ਹਾਂ ਪ੍ਰਭਾਵਤ ਕੀਤਾ, ਜਿਹਨਾਂ ਦੀਆਂ ਮਾਵਾਂ ਤਪਦਿਕ ਦੀਆਂ ਮਰੀਜ਼ ਸਨ । ਮਾਹਰ ਤਕਨੀਕੀ ਅਮਲੇ ਦੀ ਘਾਟ ਨੇ ਵੀ ਵੱਡੀ ਰੁਕਾਵਟ ਪਾਈ ਹੈ।

ਪ੍ਰਦੂਸ਼ਣ ਇੱਕ ਹੋਰ ਬਹੁਤ ਹੀ ਹਾਨੀਕਾਰਕ ਪਹਿਲੂ ਹੈ। ਦਿੱਲੀ ਵਰਗੇ ਸ਼ਹਿਰਾਂ ਵਿੱਚ ਖ਼ਤਰਨਾਕ ਪ੍ਰਦੂਸਣ ਤਪਦਿਕ ਦੇ ਮਰੀਜ਼ਾਂ ਲਈ ਸਭ ਤੋਂ ਖ਼ਤਰਨਾਕ ਅਲਾਮਤ ਹੈ, ਜਿਸ ਦਾ ਸਿੱਟਾ 2024 ਵਿੱਚ ਇਕੱਲੇ ਦਿੱਲੀ ਵਿੱਚ ਹੀ 3.2 ਲੱਖ ਤਪਦਿਕ ਦੇ ਕੇਸ ਰਿਪੋਰਟ ਹੋਏ।

**ਨਵੀਆਂ ਤਕਨੀਕਾਂ:** ਤਪਦਿਕ ਦੀ ਬਿਮਾਰੀ ਨੂੰ ਲੱਭਣ ਲਈ ਨਵੀਆਂ ਤਕਨੀਕਾਂ ਵੀ ਹੋਂਦ ਵਿੱਚ ਆਈਆਂ, ਜਿਹਨਾਂ ਨਾਲ ਬਹੁਤ ਛੇਤੀ ਨਾ ਸਿਰਫ਼ ਨਵੇਂ ਕੇਸ ਲੱਭਣ ਵਿੱਚ ਮਦਦ ਮਿਲਦੀ ਹੈ, ਬਲਕਿ ਜੋ ਕੇਸ ਤਪਦਿਕ ਵਿਰੋਧੀ ਦਵਾਈਆਂ ਲਈ ਪ੍ਰਤੀਰੋਧਕ ਸਮਰੱਥਾ ਵਿਕਸਤ ਕਰ ਲੈਂਦੇ ਹਨ, ਉਹਨਾਂ ਨੂੰ ਲੱਭਣ ਵਿੱਚ ਸਹਾਈ ਹੋ ਸਕਦੇ ਹਨ। ਪੁਰਾਣੇ ਤਰੀਕੇ ਜਿਵੇਂ ਬਲਗਮ ਜਾਂਚ ਅਤੇ ਐਕਸਰੇ ਜਾਂਚ ਜ਼ਿਆਦਾ ਕਾਰਗਰ ਨਹੀਂ ਰਹੀਆਂ। ਇਹਨਾਂ ਨਵੀਆਂ ਤਕਨੀਕਾਂ ਵਿੱਚ ਪੋਲੀਮੀਰੇਜ ਚੇਨ ਰੀਐਕਸ਼ਨ ( ਪੀ ਸੀ ਆਰ) ਟੈਸਟ ਹੈ, ਜਿਸ ਨੂੰ ਆਮ ਭਾਸ਼ਾ ਵਿੱਚ ਟਰੂਨੈਟ ਟੈਸਟ ਕਿਹਾ ਜਾਂਦਾ ਹੈ। ਅਫ਼ਰੀਕੀ ਦੇਸ਼ਾਂ ਵਿੱਚ ਇਹ ਟੈਸਟ ਤਪਦਿਕ ਵਿਰੋਧੀ ਮੁਹਿੰਮ ਵਿੱਚ ਕਾਫ਼ੀ ਕਾਰਗਰ ਸਾਬਤ ਹੋਇਆ ਹੈ। ਇਸ ਟੈਸਟ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਅਤੇ ਤਪਦਿਕ ਵਿਰੋਧੀ ਮੁਹਿੰਮ ਵਿੱਚ ਸ਼ਾਨਦਾਰ ਯੋਗਦਾਨ ਲਈ ਗੋਆ ਦੀ ਮੋਲਬੀਓ ਡਾਇਗਨੋਸਟਿਕ ਨੂੰ ਇਸ ਸਾਲ ਦਾ ਵਕਾਰੀ ਕੋਚਿਨ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ, ਜੋ ਕਿ ਕੌਮਾਂਤਰੀ ਪੱਧਰ 'ਤੇ ਤਪਦਿਕ ਦੇ ਇਲਾਜ ਲਈ ਸਭ ਤੋਂ ਵੱਡਾ ਇਨਾਮ ਹੈ।

**ਤਾਮਿਲਨਾਡੂ ਰਾਹ-ਦਸੇਰਾ:** ਤਾਮਿਲਨਾਡੂ ਸਾਰੇ ਮੁਲਕ ਵਿੱਚੋਂ ਤਪਦਿਕ ਵਿਰੋਧੀ ਮੁਹਿੰਮ ਨੂੰ ਲਾਗੂ ਕਰਨ ਵਿੱਚ ਮੋਹਰੀ ਸੂਬਾ ਹੈ। ਇਸ ਨੇ 'ਤਾਮਿਲਨਾਡੂ ਕਾਸਾਨੋਈ ਇਰਾਪਿਲਾ ਥੀਟਾ' (TN-KET) ਸਕੀਮ ਤਹਿਤ ਤਪਦਿਕ ਦੇ ਗੰਭੀਰ ਮਰੀਜ਼ਾਂ ਦਾ ਪਤਾ ਲੱਗਣ ਸਾਰ ਉਹਨਾਂ ਨੂੰ ਹਸਪਤਾਲਾਂ ਵਿੱਚ ਦਾਖਲ ਕਰਵਾ ਕੇ ਮੌਤ ਦੇ ਤੋਂ ਬਚਾਇਆ। ਇਸ ਵਿੱਚ ਏ ਆਈ ਆਧਾਰਤ ਮਾਡਲ ਵੀ ਸ਼ਾਮਲ ਹੈ, ਜਿਸ ਵਿੱਚ ਸੰਭਾਵਿਤ ਮੌਤ ਦਾ ਜਲਦੀ ਪਤਾ ਲਗਾਇਆ ਜਾ ਸਕਦਾ ਹੈ। ਇੱਕ ਸੌ ਵਨ-ਸਟਾਪ ਟੀ ਬੀ ਸੋਲੂਸ਼ਨ ਕੇਂਦਰ ਵੀ ਸਕਰੀਨਿੰਗ, ਟੈਸਟਿੰਗ, ਦਵਾਈਆਂ ਅਤੇ ਖੁਰਾਕੀ ਸੇਵਾਵਾਂ ਦੇ ਰਹੇ ਹਨ। ਅਠਾਈ ਸੌ ਮੁੱਢਲੇ ਸਿਹਤ ਕੇਂਦਰਾਂ ਤੋਂ ਲੈ ਕੇ ਮੈਡੀਕਲ ਕਾਲਜਾਂ ਤੱਕ ਸਿਹਤ ਸੰਸਥਾਵਾਂ TB-SEWA (Severe TB Web Application) ਨਾਲ ਜੋੜ ਕੇ ਆਪਸੀ ਤਾਲਮੇਲ ਵਧਾਇਆ। ਇਹਨਾਂ ਨਾਲ ਮੌਤ ਦਰ ਵਿੱਚ ਵੀਹ ਪ੍ਰਤੀਸ਼ਤ ਦੀ ਗਿਰਾਵਟ ਦਰਜ ਕੀਤੀ ਗਈ। ਪਹਿਲਾਂ ਤੋਂ ਮੌਜੂਦ ਚੌਦਾਂ ਮੋਬਾਇਲ ਡਾਇਗਨੋਸਟਿਕ ਯੂਨਿਟਾਂ ਵਿੱਚ 28 ਹੋਰ ਮੋਬਾਇਲ ਯੂਨਿਟਾਂ ਦਾ ਇਜ਼ਾਫਾ ਕੀਤਾ ਗਿਆ। ਜਿਹੜੇ ਮਰੀਜ਼ ਤਪਦਿਕ ਮੁਕਤ ਹੋ ਚੁੱਕੇ ਸਨ, ਉਹਨਾਂ ਨੂੰ ਇਸ ਮੁਹਿੰਮ ਦੇ ਅੰਬੈਸਡਰ ਬਣਾਇਆ ਗਿਆ।

**ਨੀਲਗਿਰੀ ਜ਼ਿਲ੍ਹੇ ਨੂੰ ਪ੍ਰਧਾਨ ਮੰਤਰੀ ਵੱਲੋਂ -ਤਪਦਿਕ ਮੁਕਤ ਰੁਤਬਾ:** ਹਾਸਲ ਕਰਨ ਲਈ ਗੋਲਡ ਮੈਡਲ ਨਾਲ ਸਨਮਾਨਤ ਕੀਤਾ ਗਿਆ। ਪ੍ਰਾਈਵੇਟ ਸਿਹਤ ਸੰਸਥਾਵਾਂ ਵਿੱਚੋਂ ਜਿਹੜੀ ਨੋਟੀਫਿਕੇਸ਼ਨ ਦਰ 2017 ਵਿੱਚ 44% ਸੀ, ਉਹ 2024 ਵਿੱਚ 89% ਹੋ ਗਈ।

**ਪੰਜਾਬ ਦੀ ਕਾਰਗੁਜ਼ਾਰੀ:** ਪੰਜਾਬ ਦੀ ਕਾਰਗੁਜ਼ਾਰੀ ਤਪਦਿਕ ਵਿਰੋਧੀ ਮੁਹਿੰਮ ਵਿੱਚ ਨਿਰਾਸ਼ਾਜਨਕ ਰਹੀ ਹੈ। ਪੰਜਾਬ ਵਿੱਚ ਜਦੋਂ 2024 ਸਾਲ ਦੇ ਦਸੰਬਰ ਤੋਂ 2025 ਦੇ ਸਤੰਬਰ ਤੱਕ ਅੰਕੜਿਆਂ ਦੀ ਫਰੋਲਾ-ਫਰਾਲੀ ਕੀਤੀ ਤਾਂ ਪਤਾ ਲੱਗਿਆ ਕਿ ਪੰਜਾਬ ਇਸ ਪ੍ਰੋਗਰਾਮ ਵਿੱਚ ਕਾਫ਼ੀ ਪਿੱਛੇ ਰਹਿ ਗਿਆ ਹੈ। ਇਹ ਵੀ ਹੈਰਾਨੀ ਦੀ ਗੱਲ ਹੈ ਕਿ ਜਿਸ ਪ੍ਰੋਗਰਾਮ ਤਹਿਤ ਦਸੰਬਰ 2025 ਤੱਕ ਤਪਦਿਕ ਦੇ ਖ਼ਾਤਮੇ ਦੀ ਟੀਚਾ ਮਿਥਿਆ ਗਿਆ ਸੀ, ਉਸ ਦੀ ਪੜਚੋਲ ਹਰ ਹਫ਼ਤੇ ਤਾਂ ਕੀ ਕਰਨੀ ਸੀ, ਹਰ ਮਹੀਨੇ ਵੀ ਨਹੀਂ ਕੀਤੀ ਗਈ ਅਤੇ ਜਦੋਂ ਅਕਤੂਬਰ ਵਿੱਚ ਇਹ ਰੀਵਿਊ ਕੀਤਾ ਤਾਂ ਹੱਥਾਂ-ਪੈਰਾਂ ਦੀ ਪੈਣੀਂ ਕੁਦਰਤੀ ਸੀ। ਇਹ ਕੋਈ ਪਹਿਲੀ ਵਾਰ ਨਹੀਂ ਹੋਇਆ। ਗੈਰ-ਸੰਚਾਰੀ ਬਿਮਾਰੀਆਂ ਜਿਵੇਂ ਸ਼ੂਗਰ, ਹਾਈਪੈਰਟੈਂਸਨ, ਕੈਂਸਰ ਆਦਿ ਦੀ ਸਕਰੀਨਿੰਗ ਅਤੇ ਇਲਾਜ ਵਿੱਚ ਵੀ ਪਿਛਲੇ ਵਿੱਤੀ ਵਰ੍ਹੇ ਦੌਰਾਨ ਪੰਜਾਬ ਹੇਠਾਂ ਹੀ ਰਿਹਾ ਸੀ, ਭਾਵੇਂ ਕਿ ਪੰਜਾਬੀ ਆਪਣੀਆਂ ਖਾਣ-ਪੀਣ ਦੀਆਂ ਆਦਤਾਂ ਅਤੇ ਰਹਿਣ-ਸਹਿਣ ਦੇ ਢੰਗ-ਤਰੀਕਿਆਂ ਨਾਲ ਇਸ ਦਾ ਵੱਡੇ ਪੱਧਰ 'ਤੇ ਸ਼ਿਕਾਰ ਹਨ। ਸਿੱਟਾ ਇਹ ਨਿਕਲਿਆ ਕਿ ਇਸ ਸਾਲ ਤੀਹ ਮਾਰਚ ਅਤੇ ਇਕੱਤੀ ਮਾਰਚ ਨੂੰ ਐਤਵਾਰ ਅਤੇ ਸੋਮਵਾਰ (ਈਦ-ਉਲ-ਫਿਤਰ) ਛੁੱਟੀਆਂ ਵਾਲੇ ਦਿਨ ਹਫ਼ੜਾ-ਦਫ਼ੜੀ ਵਿੱਚ ਹੈਲਥ ਤੰਦਰੁਸਤੀ ਸਿਹਤ ਕੇਂਦਰ ਖੁੱਲ੍ਹਵਾਏ ਗਏ, ਤਾਂ ਜੋ ਟੀਚੇ 'ਪ੍ਰਾਪਤ' ਕੀਤੇ ਜਾ ਸਕਣ। ਤਪਦਿਕ ਦੀ ਰੋਕਥਾਮ ਅਤੇ ਇਲਾਜ ਲਈ ਸਭ ਤੋਂ ਜ਼ਿਆਦਾ ਸੰਵੇਦਨਸ਼ੀਲ (Vulnerable) ਮਰੀਜ਼ ਹੁੰਦੇ ਹਨ। ਇਹਨਾਂ ਮਰੀਜ਼ਾਂ ਦੀ ਗਿਣਤੀ ਪੰਜਾਬ ਵਿੱਚ 41,23,106 ਆਂਕੀ ਗਈ ਸੀ, ਜਿਸ ਵਿੱਚੋਂ ਕੁੱਲ 6,19,237 ਮਰੀਜ਼ ਹੀ ਕਵਰ ਕੀਤੇ ਜਾ ਸਕੇ, ਜੋ ਕਿ ਸਿਰਫ਼ 15% ਬਣਦੇ ਹਨ। ਸਿਰਫ਼ ਦੋ ਜ਼ਿਲਿਆਂ ਫਿਰੋਜਪੁਰ ਅਤੇ ਅੰਮ੍ਰਿਤਸਰ ਨੇ ਹੀ 40% ਤੋਂ ਵੱਧ ਟੀਚਾ ਪ੍ਰਾਪਤ ਕੀਤਾ। ਤਪਦਿਕ ਮਰੀਜ਼ਾਂ ਨੂੰ ਪੋਸ਼ਣ ਕਿੱਟਾਂ ਦੇਣੀਆਂ ਤਪਦਿਕ ਵਿਰੋਧੀ ਮੁਹਿੰਮ ਦਾ ਇੱਕ ਜ਼ਰੂਰੀ ਅੰਗ ਹੈ। ਇਹ ਵਿੱਚ ਵੀ ਕੁੱਲ ਸਤਾਰਾਂ ਫ਼ੀਸਦੀ ਹੀ ਟੀਚਾ ਪ੍ਰਾਪਤ ਕੀਤਾ ਗਿਆ ਹੈ। ਤਪਦਿਕ ਦੇ ਜਿਹਨਾਂ ਮਰੀਜ਼ਾਂ ਖ਼ੂਨ ਦੇ ਟੈਸਟਾਂ ਵਿੱਚ ਕੋਈ ਗੜਬੜੀ ਪਾਈ ਜਾਵੇ ਤਾਂ ਉਹਨਾਂ ਦੀ ਗਿਣਤੀ ਪੰਜਾਬ ਵਿੱਚ ਕੁੱਲ 51840 ਸੀ, ਇਹਨਾਂ ਮਰੀਜ਼ਾਂ ਵੱਲ ਖਾਸ ਤਵੱਜੋ (Differentiated Care) ਦੀ ਲੋੜ ਹੁੰਦੀ ਹੈ, ਪਰ ਇਹਨਾਂ ਵਿੱਚੋਂ ਵੀ ਕੁੱਲ 10598 ਮਰੀਜ਼ ਹੀ ਸਿਹਤ ਵਿਭਾਗ ਦੀ ਰਾਡਾਰ ਤੇ ਰਹੇ, ਜੋ 20% ਹੀ ਬਣਦਾ ਹੈ।

ਤਾਮਿਲਨਾਡੂ ਵਿੱਚ ਤਾਂ ਮੁੱਢਲੇ ਸਿਹਤ ਕੇਂਦਰਾਂ ਤੋਂ ਲੈ ਕੇ ਮੈਡੀਕਲ ਕਾਲਜਾਂ ਤੱਕ ਤਾਲਮੇਲ ਬਿਠਾਇਆ ਗਿਆ ਹੈ, ਪਰ ਪੰਜਾਬ ਵਿੱਚ ਤਾਂ ਮੁੱਢਲੇ ਸਿਹਤ ਕੇਂਦਰਾਂ ਅਤੇ ਪੇਂਡੂ ਹਸਪਤਾਲਾਂ ਨੂੰ ਆਮ ਆਦਮੀ ਕਲੀਨਿਕਾਂ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ, ਜਿੱਥੇ ਮੈਡੀਕਲ ਅਫ਼ਸਰ ਐਨਪੈਨਿਲਮੈਂਟ ਮੋਡ ਤੇ ਹਨ। ਕਿਸੇ ਵੀ ਕੌਮੀ ਸਿਹਤ ਪ੍ਰੋਗਰਾਮ ਵਿੱਚ ਉਹਨਾਂ ਦੀ ਸ਼ਮੂਲੀਅਤ ਹੋ ਹੀ ਨਹੀਂ ਸਕਦੀ, ਕਿਉਂਕਿ ਇਹਨਾਂ ਡਾਕਟਰਾਂ ਨੂੰ ਓ ਪੀ ਡੀ ਕਰਨ ਦੇ ਇਵਜ਼ਾਨੇ ਵਜੋਂ ਪੰਜਾਹ ਰੁਪਏ ਪ੍ਰਤੀ ਮਰੀਜ਼ ਦੀ ਕਮਾਈ ਹੋਣੀਂ ਹੈ, ਨਾ ਕਿ ਕਿਸੇ ਹੋਰ ਕੰਮ ਦਾ ਕੋਈ ਫਾਇਦਾ ਮਿਲਣਾ ਹੈ। ਕਿਸੇ ਜ਼ਮਾਨੇ ਵਿੱਚ ਪੰਜਾਬ ਦੇ ਪੇਂਡੂ ਹਸਪਤਾਲਾਂ ਵਿੱਚ ਐਕਸਰੇ ਸਮੇਤ ਮਰੀਜ਼ ਦਾਖ਼ਲ ਕਰਨ ਦੀ ਸਹੂਲਤ ਵੀ ਰਹੀ ਹੈ। ਨਵੇਂ ਬਣੇ ਕਈ ਜ਼ਿਲ੍ਹਿਆਂ ਵਿੱਚ ਤਪਦਿਕ ਮਾਹਰ ਡਾਕਟਰਾਂ ਦੀਆਂ ਪੋਸਟਾਂ ਵੀ ਮਨਜ਼ੂਰ ਨਹੀਂ ਹੋਈਆਂ।

**# ਸੰਪਰਕ -98728-44163**

# ਦੋ ਪਿੰਡਾਂ ਦੇ ਚਿੱਪ ਵਾਲੇ ਸਮਾਰਟ ਮੀਟਰ ਲਾਹ ਕੇ ਜਥੇਬੰਦਕ ਦਬਾਅ ਨਾਲ ਮੋੜੇ

**ਜਗਰਾਉਂ, ਲੁਧਿਆਣਾ (ਨਛੱਤਰ ਸੰਧੂ, ਰੈਕਟਰ ਕਥੂਰੀਆ)** ਸਿੱਧਵਾਂ ਬੇਟ ਬਲਾਕ ਦੇ ਪਿੰਡਾਂ ਸਲੇਮਪੁਰਾ ਤੇ ਭਮਾਲ ਦੇ ਲੋਕਾਂ ਵਲੋ ਉਤਾਰੇ ਸਮਾਰਟ ਮੀਟਰ ਪਾਵਰਕਾਮ ਦਾ ਐਸ ਡੀ ਓ ਸਿੱਧਵਾਂ ਬੇਟ ਇਨਕਾਰੀ ਹੋ ਗਿਆ।ਸਿੱਟੇ ਵਜੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਮੀਤ ਪ੍ਰਧਾਨ

**● 16 ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਡੀ ਸੀ ਦਫਤਰ ਘਿਰਾਓ 'ਚ ਸ਼ਾਮਲ ਹੋਣ ਦਾ ਐਲਾਨ**

ਹਾਕਮ ਸਿੰਘ ਭੱਟੀਆਂ ਦੀ ਅਗਵਾਈ 'ਚ ਸਿੱਧਵਾਂ ਬੇਟ, ਜਗਰਾਓਂ, ਹੰਬੜਾਂ ਬਲਾਕ ਦੇ ਕਿਸਾਨਾਂ ਮਜ਼ਦੂਰਾਂ ਨੇ ਜਗਰਾਓਂ ਪਾਵਰਕਾਮ ਦੇ ਕਾਰਜਕਾਰੀ ਇੰਜੀਨੀਅਰ ਕੁਲਵੰਤ ਸਿੰਘ ਦਾ ਉਸ ਦੇ ਦਫ਼ਤਰ ਵਿਚ ਘਿਰਾਓ ਕਰ ਲਿਆ ਗਿਆ। ਵਿਸ਼ਾਲ ਧਰਨੇ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਵਿੱਤ ਸਕੱਤਰ ਤਰਸੇਮ ਸਿੰਘ ਬੱਸੂਵਾਲ, ਬਲਾਕ ਪ੍ਰਧਾਨ ਸਿੱਧਵਾਂ ਬੇਟ ਜਗਜੀਤ ਸਿੰਘ ਕਲੇਰ, ਸਹਾਇਕ ਸੱਕਤਰ ਜਸਵਿੰਦਰ ਸਿੰਘ ਭਮਾਲ, ਬਲਾਕ ਸੱਕਤਰ ਜਗਰਾਓਂ ਬਲਾਕ ਰਛਪਾਲ ਸਿੰਘ ਡੱਲਾ ਨੇ ਕਿਹਾ ਕਿ ਸੂਬੇ ਭਰ 'ਚ ਆਮ ਘਰਾਂ 'ਚ ਚਿੱਪ ਵਾਲੇ ਸਮਾਰਟ ਮੀਟਰ ਲਗਾ ਕੇ ਹਕੂਮਤ ਵੱਡੀ ਗਿਣਤੀ ਲੋਕਾਂ ਨੂੰ ਬਿਜਲੀ ਵਰਤਣ ਦੇ ਹੱਕ ਤੋਂ ਮਹਿਰੂਮ ਕਰਨਾ ਚਾਹੁੰਦੀ ਹੈ।ਆਉਂਦੇ ਬੱਜਟ ਸੈਸ਼ਨ 'ਚ ਮੋਦੀ ਸਰਕਾਰ ਬਿਜਲੀ ਐਕਟ 2025 ਪਾਸ ਕਰਾ ਕੇ ਕੁੱਲ ਬਿਜਲੀ ਮਹਿਕਮੇ ਨੂੰ ਵੱਡੇ ਕਾਰਪੋਰੇਟਾਂ ਦੇ ਹਵਾਲੇ ਕਰਨਾ ਚਾਹੁੰਦੀ ਹੈ, ਜਿਸ ਦੇ ਸਿੱਟੇ ਵਜੋਂ ਸਾਰੀਆਂ ਬਿਜਲੀ ਰਿਆਇਤਾਂ ਦਾ ਭੋਗ ਪਵੇਗਾ। ਖੇਤੀ ਮੋਟਰਾਂ 'ਤੇ ਸਮਾਰਟ ਮੀਟਰ ਲੱਗਣਗੇ, ਬਿੱਲ ਪਹਿਲਾਂ ਭਰਾਉਣਾ ਪਵੇਗਾ। ਕਾਰਪੋਰੇਟ ਮਰਜ਼ੀ ਨਾਲ ਬਿਜਲੀ ਦਰਾਂ ਵਧਾਉਣ ਲਈ ਆਜ਼ਾਦ ਹੋਣਗੇ।ਬਿਜਲੀ ਦੇਸ਼ ਦੇ ਵਿਕਾਸ ਦੀ ਥਾਂ ਮੁਨਾਫ਼ੇ ਦਾ ਧੰਦਾ ਬਣ ਜਾਵੇਗੀ।ਇਸ ਸਮੇਂ ਬੋਲਦਿਆਂ ਪੇਂਡੂ ਮਜ਼ਦੂਰ ਯੂਨੀਅਨ (ਮਸ਼ਾਲ) ਦੇ ਆਗੂ ਮਦਨ ਸਿੰਘ, ਕਿਸਾਨ ਆਗੂ ਬੇਅੰਤ ਸਿੰਘ ਬਾਣੀਏਵਾਲ, ਨਿਰਮਲ ਸਿੰਘ ਭੰਮੀਪੁਰਾ, ਹਰਦੇਵ ਸਿੰਘ ਅਖਾੜਾ, ਮਨਜਿੰਦਰ ਸਿੰਘ ਸਲੇਮਪੁਰਾ ਨੇ ਕਿਹਾ ਕਿ ਅਸਲ ਚ ਹਾਕਮਾਂ ਨੇ ਮਨਰੇਗਾ ਸਕੀਮ ਖਤਮ ਕਰਕੇ ਮਜ਼ਦੂਰ ਜਮਾਤ ਤੋਂ ਆਖਰੀ ਬੁਰਕੀ ਵੀ ਖੋਹ ਲਈ ਹੈ ਤੇ ਹੁਣ ਬਿਜਲੀ ਐਕਟ ਲਿਆ ਕੇ ਇਹ ਕਾਰਪੋਰੇਟ ਗਰੀਬਾਂ ਨੂੰ ਹਨੇਰੇ ਤੇ ਗਰਮੀ ਚ ਮਾਰਨਗੇ।ਇਸ ਸਮੇਂ ਸਦਰ ਥਾਣਾ ਜਗਰਾਓਂ ਦੇ ਪੁਲਸ ਅਧਿਕਾਰੀ ਦੀ ਹਾਜ਼ਰੀ 'ਚ ਚਾਲੀ ਘਰੇਲੂ ਮੀਟਰ ਕਾਰਜਕਾਰੀ ਇੰਜੀਨੀਅਰ ਮੰਡਲ, ਪਾਵਰਕਾਮ ਜਗਰਾਓਂ ਨੂੰ ਉਸ ਦੇ ਦਫ਼ਤਰ 'ਚ ਪੁਲਸ ਦੀ ਹਾਜ਼ਰੀ 'ਚ ਮੰਗ ਕੀਤੀ ਗਈ ਕਿ ਪੁਰਾਣੇ ਮੀਟਰ ਲਾਏ ਜਾਣ। ਉਨ੍ਹਾਂ ਕਿਹਾ ਕਿ ਪੰਜਾਬ ਭਰ 'ਚ ਚਿੱਪ ਵਾਲੇ ਮੀਟਰ ਉਤਾਰ ਕੇ ਵਾਪਸ ਕਰਨ ਦੀ ਮੁਹਿਮ ਜ਼ੋਰ ਫੜ ਰਹੀ ਹੈ।ਉਨ੍ਹਾਂ ਸੰਯੁਕਤ ਕਿਸਾਨ ਮੋਰਚੇ ਦੀ ਲੀਡਰਸ਼ਿਪ ਨੂੰ ਇਸ ਮਸਲੇ 'ਤੇ ਸਪੱਸ਼ਟ ਸਟੈਂਡ ਲੈਣ ਦੀ ਬੇਨਤੀ ਕੀਤੀ ਹੈ।ਸੰਯੁਕਤ ਕਿਸਾਨ ਮੋਰਚੇ ਨੇ ਪਹਿਲਾਂ ਹੀ ਬਿਜਲੀ ਐਕਟ ਖਿਲਾਫ ਆਰ-ਪਾਰ ਦੀ ਲੜਾਈ ਦਾ ਸੱਦਾ ਦਿੱਤਾ ਹੋਇਆ ਹੈ।ਇਸ ਸਮੇਂ ਕਿਸਾਨ ਆਗੂ ਤੇਜਾ ਸਿੰਘ ਲੱਖਾ, ਹਰਜਿੰਦਰ ਸਿੰਘ ਡਾਂਗੀਆਂ, ਬੇਅੰਤ ਸਿੰਘ ਦੇਹੜਕਾ, ਚਮਕੌਰ ਸਿੰਘ ਚਚਰਾੜੀ, ਪਿਰਤਪਾਲ ਸਿੰਘ ਭੰਮੀਪੁਰਾ ਨੇ ਸਮੂਹ ਕਿਸਾਨਾਂ ਨੂੰ 16 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਡੀ ਸੀ ਦਫਤਰ ਲੁਧਿਆਣਾ ਵਿਖੇ ਸਾਂਝੇ ਵਿਸ਼ਾਲ ਧਰਨੇ 'ਚ ਪੂਰੇ ਜ਼ੋਰ ਸ਼ੋਰ ਨਾਲ ਪੰਹੁਚਣ ਦਾ ਸੱਦਾ ਦਿਤਾ। ਉਨ੍ਹਾਂ ਕਿਹਾ ਕਿ ਇਸ ਸਮੇਂ ਬਿਜਲੀ ਐਕਟ, ਬੀਜ ਐਕਟ, ਸੰਸਾਰ ਵਪਾਰ ਸਮਝੌਤੇ, ਮਨਰੇਗਾ ਸਕੀਮ, ਕਿਰਤ ਕੋਡ ਵਾਪਸ ਕਰਾਉਣ ਬਾਰੇ ਜ਼ੋਰਦਾਰ ਆਵਾਜ਼ ਉਠਾਈ ਜਾਵੇਗੀ।



# ਗ੍ਰਾਮ ਸਭਾ ਨੇ ਪਾਇਆ ਮਤਾ, ਨਹੀਂ ਢਹਿਣ ਦਿੱਤੇ ਜਾਣਗੇ ਘਰ ਤੇ ਦੁਕਾਨਾਂ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਪਿੰਡ ਪੱਤੋ ਜਵਾਹਰ ਸਿੰਘ ਵਾਲਾ ਵਿਖੇ ਜੋ ਪੀੜਤ ਪਰਵਾਰਾਂ ਵੱਲੋਂ 10/09/2025 ਤੋਂ ਆਪਣੇ ਘਰ ਬਚਾਉਣ ਲਈ ਧਰਨਾ ਲਾਇਆ ਹੋਇਆ ਸੀ, ਦੇ ਸੰਬੰਧ ਵਿੱਚ ਪਿੰਡ ਵਾਸੀਆਂ ਤੇ ਗ੍ਰਾਮ ਪੰਚਾਇਤ ਵੱਲੋਂ ਗੁਰਦੁਆਰਾ ਸਾਹਿਬ ਦੇ ਵਿੱਚ ਵੱਡਾ ਇਕੱਠ ਕਰਕੇ ਪੀੜਤ ਪਰਵਾਰਾਂ ਦੇ ਹੱਕ ਦੇ ਵਿੱਚ ਗ੍ਰਾਮ ਸਭਾ ਦਾ ਮਤਾ ਪਾਇਆ ਗਿਆ, ਕਿਉਂਕਿ ਐਨ.ਐਚ 254 ਰੋਡ, ਜਿਸ ਵਿੱਚ ਲਗਭਗ 18 ਤੋਂ 20 ਮਕਾਨ ਤੇ ਦੁਕਾਨਾਂ ਬਿਨਾਂ ਵਜ੍ਹਾ ਰੋਡ ਪ੍ਰਸ਼ਾਸਨ ਉਨ੍ਹਾਂ ਨੂੰ ਖਾਲੀ ਕਰਾਉਣ ਲਈ ਤੰਗ ਪ੍ਰੇਸ਼ਾਨ ਕਰ ਰਿਹਾ ਸੀ। ਵਾਰ-ਵਾਰ ਐਸ ਡੀ ਐਮ ਤੇ ਡੀਸੀ ਮੋਗਾ ਨੂੰ ਮੰਗ ਪੱਤਰ ਦੇਣ 'ਤੇ ਕੋਈ ਵੀ ਸੁਣਵਾਈ ਨਹੀਂ ਹੋਈ। ਪਿੰਡ ਵਾਸੀਆਂ ਨੇ ਵੱਡਾ ਇਕੱਠ ਕਰਕੇ ਪੀੜਤ ਪਰਵਾਰਾਂ ਦੇ ਹੱਕ 'ਚ ਗ੍ਰਾਮ ਸਭਾ ਦਾ ਮਤਾ ਪਾਇਆ। ਸਾਰੇ ਪਿੰਡ ਨੇ ਸਹਿਯੋਗ ਦਿੱਤਾ ਤੇ ਫ਼ੈਸਲਾ ਕੀਤਾ ਗਿਆ ਕਿ ਇਨ੍ਹਾਂ ਪਰਵਾਰਾਂ ਦੇ ਘਰ ਅਤੇ ਦੁਕਾਨਾਂ ਨਹੀਂ ਢਹਿਣੇ ਚਾਹੀਦੇ। ਪਿੰਡ ਵਾਸੀਆਂ ਨੇ ਸਹਿਮਤੀ ਜਤਾਈ। ਕਿਸਾਨ ਜਥੇਬੰਦੀਆਂ ਦੇ ਆਗੂ ਸ਼ੇਰੇ ਪੰਜਾਬ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂਰਕੋਟ ਤੇ ਕਿਸਾਨ ਮਜ਼ਦੂਰ ਇਨਸਾਫ ਕਮੇਟੀ ਦੇ ਆਗੂ ਸਰਬਜੀਤ ਸਿੰਘ ਮਾਛੀਕੇ, ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ ਇਕਬਾਲ ਸਿੰਘ ਇਕਾਈ ਪ੍ਰਧਾਨ ਸੁਰਜੀਤ ਸਿੰਘ ਪੰਮਾ ਧੂਰਕੋਟ, ਇਕਾਈ ਪ੍ਰਧਾਨ ਪੱਤੋ ਹੀਰਾ ਸਿੰਘ, ਇਕਾਈ ਪ੍ਰਧਾਨ ਰਾਮ ਬਖ਼ਸ਼ ਸੈਦੋ ਤੇ ਸ਼ੇਰੇ ਪੰਜਾਬ ਯੂਨੀਅਨ ਦੇ ਆਗੂ ਮੁੱਖ ਬੁਲਾਰਾ ਹਰਜਿੰਦਰ ਸਿੰਘ ਗਿੱਲ ਐਕਸ਼ਨ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਅਤੇ ਮੈਂਬਰ ਮੋਤੀ ਸਿੰਘ ਪਿਆਰਾ ਸਿੰਘ, ਹਰਬੰਸ ਸਿੰਘ, ਸਿੰਦਰਪਾਲ ਸਿੰਘ ਸੁਖਦੀਪ ਕੌਰ, ਕਮਲ ਕੌਰ ਤੇ ਗੁਰਮੇਲ ਕੌਰ ਹਾਜ਼ਰ ਸਨ।

# ਸਾਢੇ 6 ਸਾਲਾ ਦੌੜਾਕ ਨੂੰ ਦਿੱਤੀ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਹੱਲਾਸ਼ੇਰੀ

**ਸੰਗਰੂਰ (ਪ੍ਰਵੀਨ ਸਿੰਘ)-** ਲੰਘੇ ਦਿਨੀਂ ਪਿੰਡ ਘਰਾਚੋਂ ਵਿੱਚ ਪ੍ਰਸਿੱਧ ਖੇਡ ਪ੍ਰਮੋਟਰ ਪਿੰਕਾ ਜਰਗ ਵੱਲੋਂ ਕਰਵਾਈਆਂ ਗਈਆਂ 10 ਸਾਲਾ ਬੱਚਿਆਂ ਦੀਆਂ ਖੇਡਾਂ ਵਿੱਚ ਦੌੜਾਕ ਜਸਰਾਜ ਸਿੰਘ ਨੇ ਸੋਨੇ ਦਾ ਤਗਮਾ ਜਿੱਤਿਆ ਸੀ। ਦੌੜਾਕ ਜਸਰਾਜ ਸਿੰਘ ਜ਼ਿਲ੍ਹਾ ਸੰਗਰੂਰ ਦੇ ਪਿੰਡ ਮੰਗਵਾਲ ਦਾ ਖ਼ਿਡਾਰੀ ਹੈ। ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਦੌੜਾਕ ਜਸਰਾਜ ਸਿੰਘ ਨੂੰ ਆਪਣੇ ਦਫ਼ਤਰ ਬੁਲਾ ਕੇ ਵਿਸ਼ੇਸ਼ ਤੌਰ 'ਤੇ ਹੱਲਾਸ਼ੇਰੀ ਦਿੱਤੀ। ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੂੰ ਜਸਰਾਜ ਸਿੰਘ ਦੇ ਪਿਤਾ ਜਗਪਾਲ ਸਿੰਘ ਨੇ ਦੱਸਿਆ ਕਿ ਜਸਰਾਜ ਸਿੰਘ ਦੀ ਉਮਰ ਇਸ ਵੇਲੇ ਸਾਢੇ 6 ਸਾਲ ਹੈ ਅਤੇ ਉਹ ਸਥਾਨਕ ਸਕੂਲ ਵਿੱਚ ਪਹਿਲੀ ਜਮਾਤ ਦਾ ਵਿਦਿਆਰਥੀ ਹੈ। ਉਹ ਜਨਮ ਤੋਂ ਹੀ ਖੇਡਾਂ ਪ੍ਰਤੀ ਬਹੁਤ ਉਤਸ਼ਾਹ ਰੱਖਦਾ ਹੈ। ਮੌਜੂਦਾ ਸਮੇਂ ਉਹ ਡਿਸਟ੍ਰਿਕਟ ਐਥਲੈਟਿਕ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਕੋਚ ਸ਼੍ਰੀ ਸੰਜੇ ਕੁਮਾਰ ਵੱਲੋਂ ਸਿਖਲਾਈ ਪ੍ਰਾਪਤ ਕਰ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਜਸਰਾਜ ਸਿੰਘ ਨੂੰ ਉਸ ਦੀ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆਂ ਭਵਿੱਖ ਵਿੱਚ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।



# ਬਾਰ ਐਸੋ. ਵੱਲੋਂ ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ

**ਨਾਭਾ, (ਵਰਿੰਦਰ ਵਰਮਾ)** ਬਾਰ ਐਸੋਸੀਏਸ਼ਨ ਵੱਲੋਂ ਨਵੇਂ ਸਾਲ ਦੀ ਆਮਦ 'ਤੇ ਸਰਬੱਤ ਦੇ ਭਲੇ ਲਈ ਸ਼੍ਰੀ ਅਖੰਡ ਪਾਠ ਸਾਹਿਬ 5 ਜਨਵਰੀ ਨੂੰ ਜੁਡੀਸ਼ੀਅਲ ਕੰਪਲੈਕਸ ਦੇ ਅੰਦਰ ਸਮੁੱਚੇ ਵਕੀਲ ਭਾਈਚਾਰੇ ਵੱਲੋਂ ਆਰੰਭ ਕਰਾਏ ਗਏ, ਜਿਨ੍ਹਾਂ ਦੇ ਭੋਗ ਪਾਏ ਜਾਣ ਉਪਰੰਤ ਗੁਰੂ ਦੀ ਇਲਾਹੀ ਬਾਣੀ ਦੇ ਕੀਰਤਨ ਤੇ ਕਥਾ ਵਿਚਾਰਾਂ ਹੋਈਆਂ।ਬਾਰ ਐਸੋਸੀਏਸ਼ਨ ਦੇ ਪ੍ਰਧਾਨ ਗਿਆਨ ਸਿੰਘ ਮੂੰਗੋ ਵੱਲੋਂ ਆਈਆਂ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਹਾਜਤ ਹੋਏ ਜ਼ਿਲ੍ਹਾ ਤੇ ਸੈਸ਼ਨਜ ਜੱਜ ਅਵਤਾਰ ਸਿੰਘ, ਵਰਿੰਦਰ ਕੁਮਾਰ (ਐਸਡੀਜੇਐਮ), ਜੇਐਮਆਈਸੀ ਤਨਿਸ਼ਠ ਗੋਇਲ, ਹਰਸ਼ਦੀਪ ਕੌਰ, ਮੂਨਕ ਗਰਗ ਅਤੇ ਜੀਆ ਗਰਗ ਆਦਿ ਨਿਆਇਕ ਜੱਜਾਂ, ਹਲਕਾ ਵਿਧਾਇਕ ਨਾਭਾ ਗੁਰਦੇਵ ਸਿੰਘ ਦੇਵ ਮਾਨ, ਐਸਡੀਐਮ ਕਨੂੰ ਗਰਗ, ਤਹਿਸੀਲਦਾਰ ਸੁਖਜਿੰਦਰ ਸਿੰਘ ਟਿਵਾਣਾ, ਨਾਭਾ ਥਾਣਾ ਕੋਤਵਾਲੀ ਮੁਖੀ ਸਰਬਜੀਤ ਸਿੰਘ ਚੀਮਾ, ਐਸਐਚਓ ਸਦਰ ਜਸਵਿੰਦਰ ਸਿੰਘ ਖੋਖਰ ਆਦਿ ਪ੍ਰਸ਼ਾਸਨਿਕ ਅਫਸਰ ਮੌਜੂਦ ਰਹੇ, ਜਿਨ੍ਹਾਂ ਨੂੰ ਨਾਭਾ ਬਾਰ ਐਸੋਸ਼ੀਏਸ਼ਨ ਪ੍ਰਧਾਨ ਗਿਆਨ ਸਿੰਘ ਮੂੰਗੋ ਤੇ ਟੀਮ ਵੱਲੋਂ ਸਨਮਾਨਤ ਕੀਤਾ ਗਿਆ। ਪ੍ਰਧਾਨ ਗਿਆਨ ਸਿੰਘ ਮੂੰਗੋ ਨੇ ਕਿਹਾ ਕਿ ਅਕਾਲ ਪੁਰਖ ਬਾਅਦ ਸਨਮਾਨਯੋਗ ਸਮਝੇ ਜਾਂਦੇ ਨਿਆਇਕ ਪ੍ਰਣਾਲੀ ਨਾਲ ਜੁੜੇ ਕੋਰਟ ਸਟਾਫ ਤੇ ਬਾਰ ਐਸੋਸੀਏਸ਼ਨ ਵੱਲੋਂ ਸਾਲਾਨਾ ਪੱਧਰ ਤੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਜਾਂਦੇ ਹਨ। ਇਸ ਮੌਕੇ ਗੁਰੂ ਘਰ ਤੋਂ ਇਲਾਵਾ ਨਾਭਾ ਨਗਰ ਕੌਂਸਲ ਦੇ ਐਕਟਿੰਗ ਪ੍ਰਧਾਨ ਜਸਦੀਪ ਸਿੰਘ ਖੰਨਾ, ਸਾਬਕਾ ਚੇਅਰਮੈਨ ਅਮਰਦੀਪ ਸਿੰਘ ਖੰਨਾ, ਆਈਐਮਏ ਪ੍ਰਧਾਨ ਡਾਕਟਰ ਜੇ ਪੀ ਨਰੂਲਾ, ਸਾਬਕਾ ਪ੍ਰਧਾਨ ਜੀ ਐਸ ਭੱਟੀ, ਸਰਪੰਚ ਗੁਰਜੰਟ ਸਿੰਘ ਦੁੱਲੱਦੀ, ਕਸ਼ਮੀਰ ਸਿੰਘ ਲਾਲਕਾ, ਐਡਵੋਕੇਟ ਨਰਿੰਦਰ ਸ਼ਰਮਾ, ਸੋਮ ਨਾਥ ਢੱਲ, ਐਡਵੋਕੇਟ ਮੋਹਨ ਲਾਲ ਵਰਮਾ, ਐਡਵੋਕੇਟ ਸੁਖਦੇਵ ਸਿੰਘ ਨੰਦਵਾਲ, ਐਡਵੋਕੇਟ ਸ਼ਿਵਦਰ ਪ੍ਰਤਾਪ ਸਿੰਘ, ਐਡਵੋਕੇਟ ਨਰੇਸ਼ ਸਿੰਗਲਾ, ਐਡਵੋਕੇਟ ਲਵਲੀ ਵਰਮਾ, ਐਡਵੋਕੇਟ ਅਤੁਲ ਬਾਂਸਲ, ਕੁਲਵੰਤ ਸਿੰਘ ਸਿਆਂਣ ਆਦਿ ਤੋ ਇਲਾਵਾ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਦੇ ਆਗੂ ਤੇ ਵਕੀਲ ਭਾਈਚਾਰਾ ਹਾਜ਼ਰ ਸਨ।ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।



# ਹਸਨਪ੍ਰੀਤ ਮੱਲ੍ਹੀ ਨੇ ਮਿਕਸਡ ਨੈੱਟਬਾਲ ਚੈਂਪੀਅਨਸ਼ਿਪ 'ਚ ਜਿੱਤਿਆ ਗੋਲਡ ਮੈਡਲ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਬਿਜਲੀ ਮੁਲਾਜ਼ਮ ਆਗੂ ਸੁਖਪਾਲ ਸਿੰਘ ਮੱਲੀ ਲਾਈਨਮੈਨ ਮਹਿਲ ਕਲਾਂ ਦੀ ਹੋਣਹਾਰ ਬੇਟੀ ਹਸਨਪ੍ਰੀਤ ਕੌਰ ਮੱਲੀ ਨੇ ਪੱਛਮੀ ਬੰਗਾਲ ਵਿੱਚ ਹੋਈ ਮਿਕਸਡ ਨੈੱਟਬਾਲ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਜਿੱਤ ਕੇ ਆਪਣੇ ਮਾਪਿਆਂ, ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਕਈ ਸਖ਼ਤ ਤੇ ਮੁਕਾਬਲੇਪੂਰਨ ਮੈਚਾਂ ਵਿੱਚ ਸ਼ਾਨਦਾਰ ਖੇਡ ਦਿਖਾਉਂਦਿਆਂ ਹਸਨਪ੍ਰੀਤ ਮੱਲੀ ਨੇ ਟੀਮ ਦੀ ਜਿੱਤ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਉਸ ਦੀ ਇਸ ਪ੍ਰਾਪਤੀ ਦੇ ਪਿੱਛੇ ਉਸ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਮਾਤਾ-ਪਿਤਾ ਵੱਲੋਂ ਮਿਲੀ ਲਗਾਤਾਰ ਹੌਸਲਾ ਅਫ਼ਜ਼ਾਈ ਮੁੱਖ ਕਾਰਨ ਮੰਨੇ ਜਾ ਰਹੇ ਹਨ।ਇਸ ਮਾਣਮੱਤੀ ਪ੍ਰਾਪਤੀ 'ਚ ਟੀਮ ਦੀਆਂ ਹੋਰ ਖਿਡਾਰਨਾਂ ਹਰਮਨਦੀਪ ਕੌਰ ਹੇਡਿਆਇਆ, ਅਰਸ਼ਵੀਰ ਕੌਰ ਤੇ ਅਨਮੋਲਦੀਪ ਕੌਰ ਦਾ ਵੀ ਵਿਸ਼ੇਸ਼ ਸਹਿਯੋਗ ਰਿਹਾ, ਜਿਨ੍ਹਾਂ ਨੇ ਮਿਲ ਕੇ ਹਸਨਪ੍ਰੀਤ ਨੇ ਟੀਮ ਨੂੰ ਜਿੱਤ ਦੀ ਉਚਾਈ 'ਤੇ ਪਹੁੰਚਾਇਆ। ਗੁਰਮੇਲ ਸਿੰਘ ਐਸ.ਡੀ.ਓ. ਮਹਿਲ ਕਲਾਂ, ਕੁਲਵੀਰ ਸਿੰਘ ਔਲਖ, ਜਸਵਿੰਦਰ ਸਿੰਘ ਚੰਨਣਵਾਲ, ਮਨਦੀਪ ਸਿੰਘ ਗਹਿਲ, ਐਮ.ਓ.ਯੂ. ਦੇ ਆਗੂ ਨਿਰਮਲ ਸਿੰਘ ਹਰਦਾਸਪੁਰਾ, ਹਰਭਜਨ ਸਿੰਘ ਠੀਕਰੀਵਾਲ, ਹਰਬੰਸ ਸਿੰਘ ਧਨੌਲਾ ਸਮੇਤ ਵੱਖ ਵੱਖ ਸਮੂਹ ਆਗੂਆਂ ਨੇ ਸੁਖਪਾਲ ਸਿੰਘ ਮੱਲੀ ਤੇ ਉਨ੍ਹਾਂ ਦੀ ਬੇਟੀ ਹਸਨਪ੍ਰੀਤ ਮੱਲੀ ਨੂੰ ਗੋਲਡ ਮੈਡਲ ਜਿੱਤਣ 'ਤੇ ਮੁਬਾਰਕਬਾਦ ਦਿੰਦਿਆਂ ਭਵਿੱਖ 'ਚ ਹੋਰ ਵੱਡੀਆਂ ਪ੍ਰਾਪਤੀਆਂ ਦੀ ਕਾਮਨਾ ਕੀਤੀ।



# ਜ਼ਿਲ੍ਹਾ ਕਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨਸ਼ਿਆਂ ਵਿਰੁੱਧ ਨੌਜਵਾਨ ਮੁਹਿੰਮ ਸਫ਼ਲਤਾਪੂਰਵਕ ਸੰਪੰਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਜ਼ਿਲ੍ਹਾ ਕਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਲਈ ਵਿੱਢੀ ਗਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਨੌਜਵਾਨ ਨਸ਼ਿਆਂ ਵਿਰੁੱਧ ਸਮਾਪਤ ਹੋ ਗਈ।ਵਿਸ਼ੇਸ਼ ਸਮਾਗਮ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਨੂੰਨੀ ਸੇਵਾਵਾਂ ਅਥਾਰਟੀ ਅਰੁਣ ਗੁਪਤਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਅਰੁਣ ਕੁਮਾਰ ਗੁਪਤਾ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਸਮਾਜ ਦੇ ਜ਼ਿੰਮੇਵਾਰ ਨਾਗਰਿਕ ਬਣਾਉਣ ਲਈ ਪ੍ਰੇਰਿਤ ਕਰਨਾ ਸੀ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਵੱਖ-ਵੱਖ ਪਿੰਡਾਂ, ਕਸਬਿਆਂ ਅਤੇ ਵਿਦਿਅਕ ਅਦਾਰਿਆਂ ਵਿੱਚ ਸੈਮੀਨਾਰ ਤੇ ਜਾਗਰੂਕਤਾ ਕੈਂਪ ਲਗਾ ਕੇ ਹਜ਼ਾਰਾਂ ਨੌਜਵਾਨਾਂ ਤੱਕ ਪਹੁੰਚ ਕੀਤੀ ਗਈ।ਮੁਹਿੰਮ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਸਰਕਾਰੀ ਵਿਭਾਗਾਂ ਦੇ ਅਧਿਕਾਰੀ, ਜੋ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਮਦਦਗਾਰ ਸਾਬਤ ਹੋਏ, ਵਿਦਿਅਕ ਅਦਾਰਿਆਂ ਦੇ ਮੁਖੀ ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਇਸ ਮੁਹਿੰਮ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਈ ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਟੀਮ ਮੈਂਬਰਾਂ ਅਤੇ ਵਲੰਟੀਅਰ, ਜਿਨ੍ਹਾਂ ਨੇ ਦਿਨ-ਰਾਤ ਮਿਹਨਤ ਕਰਕੇ ਨਸ਼ਾ ਮੁਕਤੀ ਦਾ ਸੰਦੇਸ਼ ਘਰ-ਘਰ ਪਹੁੰਚਾਇਆ, ਨੂੰ ਉਨ੍ਹਾਂ ਦੀਆਂ ਇਸ ਮੁਹਿੰਮ ਤਹਿਤ ਨਿਭਾਈਆਂ ਸ਼ਾਨਦਾਰ ਸੇਵਾਵਾਂ ਬਦਲੇ ਪ੍ਰਸ਼ੰਸਾ ਪੱਤਰ ਦੇ ਕੇ ਨਿਵਾਜਿਆ ਗਿਆ। ਜ਼ਿਲ੍ਹਾ ਤੇ ਸੈਸ਼ਨ ਜੱਜ ਅਰੁਣ ਗੁਪਤਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ ਕਾਨੂੰਨ ਰਾਹੀਂ ਸੰਭਵ ਨਹੀਂ ਹੈ। ਇਸ ਲਈ ਸਮਾਜ ਦੇ ਹਰ ਵਰਗ ਅਤੇ ਸਰਕਾਰੀ ਤੰਤਰ ਦਾ ਸਾਂਝਾ ਸਹਿਯੋਗ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਇਹ ਗੁਰੂਆਂ, ਪੀਰਾਂ ਫ਼ਕੀਰਾਂ ਦੀ ਮਹਾਨ ਧਰਤੀ ਹੈ, ਜਿਸ ਨੂੰ ਇਕਜੁਟ ਹੋ ਕੇ ਸਾਂਝੇ ਹੰਭਲੇ ਨਾਲ ਨਸ਼ਾ ਮੁਕਤ ਕਰਨ ਵਿੱਚ ਆਪੋ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ।



# ਲੋਕ ਸੇਵਾ ਸੁਸਾਇਟੀ ਦੇ ਮੈਂਬਰਾਂ ਨੇ ਸਮਾਜ ਸੇਵਾ ਕੰਮਾਂ ਦੀ ਕੀਤੀ ਸਮੀਖਿਆ

**ਜਗਰਾਉਂ (ਅਮਿਤ ਖੰਨਾ)-** ਸਮਾਜ ਸੇਵੀ ਸੰਸਥਾ ਲੋਕ ਸੇਵਾ ਸੋਸਾਇਟੀ ਜਗਰਾਉਂ ਦੀ ਸਾਲ 2026 ਦੇ ਜਨਰਲ ਹਾਊਸ ਦੀ ਪਲੇਠੀ ਮੀਟਿੰਗ ਚੇਅਰਮੈਨ ਗੁਲਸ਼ਨ ਅਰੋੜਾ ਅਤੇ ਪ੍ਰਧਾਨ ਮਦਨ ਲਾਲ ਅਰੋੜਾ ਦੀ ਪ੍ਰਧਾਨਗੀ ਹੇਠ ਫਰੈਂਡਜ਼ ਰੈਸਟੋਰੈਂਟ ਜਗਰਾਉਂ ਵਿਖੇ ਹੋਈ। ਜਨਰਲ ਹਾਊਸ ਦੀ ਇਸ ਮੀਟਿੰਗ ਵਿੱਚ ਆਉਣ ਵਾਲੇ ਸਮਾਜ ਸੇਵੀ ਕੰਮਾਂ ਦੀ ਸੂਚੀ ਬਣਾਉਣ ਤੋਂ ਇਲਾਵਾ ਪਿਛਲੇ ਸਾਲ ਦੇ ਹਿਸਾਬ ਕਿਤਾਬ ਦਾ ਲੇਖਾ ਜੋਖਾ ਵੀ ਕੀਤਾ ਗਿਆ ।ਮੀਟਿੰਗ ਵਿੱਚ ਕੈਸ਼ੀਅਰ ਸੁਨੀਲ ਬਜਾਜ ਅਤੇ ਪ੍ਰੋਜੈਕਟ ਕੈਸ਼ੀਅਰ ਰਜੀਵ ਗੁਪਤਾ ਨੇ ਸਾਲ 2025 ਵਿੱਚ ਲੋਕ ਸੇਵਾ ਸੋਸਾਇਟੀ ਵੱਲੋਂ ਸਮਾਜ ਸੇਵਾ ਦੇ ਕੰਮਾਂ 'ਤੇ ਕੀਤੇ ਖ਼ਰਚ ਦਾ ਲੇਖਾ ਜੋਖਾ ਬੜੇ ਵਿਸਥਾਰ ਨਾਲ ਪੇਸ਼ ਕੀਤਾ ਜਿਸ 'ਤੇ ਹਾਜ਼ਰ ਮੈਂਬਰਾਂ ਨੇ ਸਹਿਮਤੀ ਪ੍ਰਗਟਾਈ ਅਤੇ ਆਉਣ ਵਾਲੇ ਸਾਲ 2026 ਵਿੱਚ ਇਸ ਤੋਂ ਵੀ ਵੱਧ ਸਮਾਜ ਸੇਵਾ ਦੇ ਕੰਮਾਂ 'ਤੇ ਖਰਚਾ ਕਰਨ ਦੀ ਉਮੀਦ ਜਿਤਾਈ । ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਜਨਵਰੀ ਮਹੀਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਦੀ ਖ਼ੁਸ਼ੀ ਵਿੱਚ ਕੱਢੇ ਨਗਰ ਕੀਰਤਨ ਸਮੇਂ ਲੱਡੂ ਵੰਡ ਕੇ ਸਮਾਜ ਸੇਵੀ ਕੰਮਾਂ ਦੀ ਸ਼ੁਰੂਆਤ ਕੀਤੀ ਹੈ। ਇਸ ਮੌਕੇ ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ, ਕੈਸ਼ੀਅਰ ਸੁਨੀਲ ਬਜਾਜ ਪ੍ਰੋਜੈਕਟ ਕੈਸ਼ੀਅਰ ਰਜੀਵ ਗੁਪਤਾ ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ ਤੇ ਕੰਵਲ ਕੱਕੜ ਪੀ ਆਰ ਓ ਨੀਰਜ ਮਿੱਤਲ ਸੁਖਦੇਵ ਗਰਗ ਤੇ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਮੁਕੇਸ਼ ਗੁਪਤਾ ਪ੍ਰੇਮ ਬਾਂਸਲ ਸੁਮਿਤ ਕੁਮਾਰ ਸੰਜੇ ਬਾਂਸਲ, ਸੰਜੂ ਬਾਂਸਲ, ਯੋਗਰਾਜ ਗੋਇਲ ਦਿਵਾਕਰ ਜੈਨ ,ਇਕਬਾਲ ਸਿੰਘ ਕਟਾਰੀਆ, ਵਿਕਾਸ ਕਪੂਰ ,ਬਿਕਰਮ ਬਾਂਸਲ,ਡਾਕਟਰ ਗੁਰਦਰਸ਼ਨ ਮਿੱਤਲ, ਰਜੀਵ ਮਿੱਤਲ ,ਮਨੋਜ ਮਿੱਤਲ ਡਾਕਟਰ ਭਾਰਤ ਭੂਸ਼ਣ ਬਾਂਸਲ, ਸਤੀਸ਼ ਕਟਾਰੀਆ , ਜਗਦੀਪ ਸਿੰਘ ,ਗੋਪਾਲ ਗੁਪਤਾ , ਲੋਕੇਸ਼ ਟੰਡਨ, ਕਪਿਲ ਸ਼ਰਮਾ , ਆਰ ਕੇ ਗੋਇਲ ਆਦਿ ਸੁਸਾਇਟੀ ਮੈਂਬਰ ਹਾਜ਼ਰ ਸਨ।



# ਆਈ ਟੀ ਆਈ ਫਿਰੋਜ਼ਪੁਰ ਵਿਖੇ ਨੰਦੀ ਫਾਊਂਡੇਸ਼ਨ ਲੋਰੀਅਲ ਵੱਲੋਂ ਕੋਸਮੋਟੋਲੋਜੀ ਟਰੇਨਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)-** ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਇ.) ਫਿਰੋਜ਼ਪੁਰ ਵਿਖੇ ਨੰਦੀ ਫਾਊਂਡੇਸ਼ਨ ਦੇ ਸਹਿਯੋਗ ਨਾਲ ਆਯੋਜਿਤ 10 ਰੋਜ਼ਾ ਵਿਸ਼ੇਸ਼ ਕੋਸਮੋਟੋਲੋਜੀ ਟਰੇਨਿੰਗ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਹੋਇਆ। ਇਹ ਟਰੇਨਿੰਗ ਸੰਸਥਾ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਕਟਾਰੀਆ ਦੀ ਸੁਚੱਜੀ ਦੇਖ-ਰੇਖ ਹੇਠ ਕਰਵਾਈ ਗਈ। ਇਹ ਪ੍ਰੋਗਰਾਮ ਨੰਦੀ ਫਾਊਂਡੇਸ਼ਨ ਦੇ ਅਧੀਨ ਪ੍ਰਸਿੱਧ ਅੰਤਰਰਾਸ਼ਟਰੀ ਕੰਪਨੀ ਲੋਰੀਅਲ ਵੱਲੋਂ ਕਰਵਾਇਆ ਗਿਆ, ਜਿਸ ਵਿਚ ਲੋਰੀਅਲ ਦੀ ਮਾਹਿਰ ਟਰੇਨਰ ਮਿਸ ਕਲਯਾਨੀ ਵਰਮਾ ਵੱਲੋਂ ਕੋਸਮੋਟੋਲੋਜੀ ਟਰੇਡ ਦੇ ਸਿਖਿਆਰਥੀਆਂ ਨੂੰ ਆਧੁਨਿਕ ਤਕਨੀਕਾਂ ਅਤੇ ਉਦਯੋਗ-ਕੇਂਦ੍ਰਿਤ ਹੁਨਰਾਂ ਦੀ ਵਿਸਥਾਰਪੂਰਵਕ ਪ੍ਰੈਕਟੀਕਲ ਸਿਖਲਾਈ ਦਿੱਤੀ ਗਈ। ਇਸ ਟਰੇਨਿੰਗ ਵਿਚ ਸੰਸਥਾ ਵਿਖੇ ਚੱਲ ਰਹੀ ਕੋਸਮੋਟੋਲੋਜੀ ਟਰੇਡ ਦੇ ਸਿਖਿਆਰਥੀਆਂ ਨੇ ਬਹੁਤ ਉਤਸ਼ਾਹ ਅਤੇ ਦਿਲਚਸਪੀ ਨਾਲ ਭਾਗ ਲਿਆ। ਟਰੇਨਿੰਗ ਦੌਰਾਨ ਸਿਖਿਆਰਥੀਆਂ ਨੂੰ ਬਿਊਟੀ, ਸਕਿਨ ਕੇਅਰ, ਹੇਅਰ ਸਟਾਈਲਿੰਗ ਅਤੇ ਆਧੁਨਿਕ ਸੈਲੂਨ ਟੂਲਜ਼ ਦੀ ਵਰਤੋਂ ਸਬੰਧੀ ਨਵੀਆਂ ਤਕਨੀਕਾਂ ਨਾਲ ਰੂਬਰੂ ਕਰਵਾਇਆ ਗਿਆ। ਪ੍ਰਿੰਸੀਪਲ ਸੰਜੀਵ ਕੁਮਾਰ ਕਟਾਰੀਆ ਨੇ ਕਿਹਾ ਕਿ ਅਜਿਹੇ ਟਰੇਨਿੰਗ ਪ੍ਰੋਗਰਾਮ ਸਿਖਿਆਰਥੀਆਂ ਨੂੰ ਸਿਰਫ਼ ਸਿਧਾਂਤਕ ਗਿਆਨ ਹੀ ਨਹੀਂ ਦਿੰਦੇ, ਸਗੋਂ ਉਨ੍ਹਾਂ ਨੂੰ ਮੌਜੂਦਾ ਰੁਜ਼ਗਾਰ ਬਾਜ਼ਾਰ ਦੀ ਮੰਗ ਅਨੁਸਾਰ ਤਿਆਰ ਕਰਦੇ ਹਨ।

# ਪੱਤਰਕਾਰਾਂ ਖਿਲਾਫ਼ ਦਰਜ ਪਰਚਾ ਰੱਦ ਕਰਨ ਦੀ ਮੰਗ

**ਧੂਰੀ (ਮਨੋਹਰ ਸਿੰਘ ਸੱਗੂ)** ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ: ਤੇ ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ (ਰਾਮਬਾਗ) ਨੇ ਭਗਵੰਤ ਮਾਨ ਸਰਕਾਰ ਵੱਲੋਂ ਪ੍ਰੈੱਸ ਦੀ ਆਜ਼ਾਦੀ ਨੂੰ ਦਬਾਉਣ ਦੇ ਮਕਸਦ ਨਾਲ ਪੱਤਰਕਾਰਾਂ ਦੇ ਖਿਲਾਫ਼ ਦਰਜ ਕੀਤੇ ਪਰਚੇ ਦੇ ਨਿਖੇਧੀ ਕੀਤੀ। ਉਪਰੋਕਤ ਜਥੇਬੰਦੀਆਂ ਦੇ ਆਗੂਆਂ 'ਚ ਹਰਦੇਵ ਸਿੰਘ ਜਵੰਧਾ, ਜੈਦੇਵ ਸ਼ਰਮਾ ਤੇ ਜਸਵਿੰਦਰ ਸਿੰਘ ਮੂਲੋਵਾਲ ਅਤੇ ਅਵਤਾਰ ਸਿੰਘ, ਬਿੱਕਰ ਉੱਪਲ, ਰਾਜਿੰਦਰ ਸਿੰਘ ਹੈਪੀ, ਗੁਰਪਾਲ ਸਿੰਘ ਮਾਨ ਸਮੇਤ ਹੋਰ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਪੱਤਰਕਾਰਾਂ 'ਤੇ ਪਰਚੇ ਦਰਜ ਕਰਕੇ ਲੋਕਤੰਤਰ ਦੇ ਚੌਥੇ ਥੰਮ ਨੂੰ ਖਤਮ ਕਰਨਾ ਚਾਹੁੰਦੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਆਗੂਆਂ ਨੇ ਸਰਕਾਰ ਦੀ ਧੱਕੇਸ਼ਾਹੀ ਦੇ ਖਿਲਾਫ਼ ਪੱਤਰਕਾਰ ਭਾਈਚਾਰੇ ਨਾਲ ਖੜਨ ਦਾ ਐਲਾਨ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਪੱਤਰਕਾਰਾਂ ਦੇ ਖਿਲਾਫ਼ ਦਰਜ ਕੀਤਾ ਕਥਿਤ ਪਰਚਾ ਰੱਦ ਨਾ ਕੀਤਾ ਤਾਂ ਜਥੇਬੰਦੀਆਂ ਪੱਤਰਕਾਰਾਂ ਦੇ ਸ਼ੰਘਰਸ਼ 'ਚ ਡਟ ਕੇ ਸਾਥ ਦੇਣਗੀਆਂ।

# ਲਹਿਰਾਗਾਗਾ ਸਭਾ ਸੰਗਰੂਰ ਦੇ ਰਜਿੰਦਰ ਗੋਇਲ ਬਣੇ ਪ੍ਰਧਾਨ




**ਸੰਗਰੂਰ (ਪ੍ਰਵੀਨ ਸਿੰਘ)-** ਲੈਹਰਾ ਗਾਗਾ ਨਿਵਾਸੀ ਸਭਾ ਸੰਗਰੂਰ ਦੇ ਪ੍ਰਧਾਨ ਦੀ ਚੋਣ ਸਰਵਸੰਮਤੀ ਨਾਲ ਹੋਈ। ਸਭ ਤੋਂ ਪਹਿਲਾਂ ਐਨ ਡੀ ਸਿਗਲਾ, ਜੁਗਰਾਜ ਸਿੰਘ, ਗੁਰਇੰਦਰ ਪਾਲ ਸਿੰਘ ਨੇ ਰਜਿੰਦਰ ਗੋਇਲ ਦਾ ਨਾਮ ਪ੍ਰਧਾਨਗੀ ਲਈ ਪ੍ਰਪੋਜ਼ ਕੀਤਾ ਜਿਸ ਦੀ ਤਾਈਦ ਗੋਰਾ ਲਾਲ ਤੇ ਕਮਲੇਸ਼ ਕੁਮਾਰ ਨੇ ਕੀਤੀ ਜਿਸ ਤੇ ਸਾਰਿਆਂ ਮੈਂਬਰਾਂ ਨੇ ਰਜਿੰਦਰ ਗੋਇਲ ਨੂੰ ਦੁਬਾਰਾ ਸਰਵਸੰਮਤੀ ਨਾਲ ਪ੍ਰਧਾਨ ਚੁਣ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੈਂਬਰ ਮਾਸਟਰ ਫ਼ਕੀਰ ਚੰਦ ਅਤੇ ਹਰਿੰਦਰ ਪਾਲ ਸਿੰਘ ਖਾਲਸਾ ਨੇ ਦੱਸਿਆ ਕਿ ਲੈਹਰਾ ਸਭਾ ਦੀ ਸ਼ੁਰੂਆਤ 1983 ਵਿੱਚ ਹੋਈ । ਸੰਸਥਾ ਦੇ ਸਾਬਕਾ ਪ੍ਰਧਾਨ ਸਵ ਰਾਮਲਾਲ ਸ਼ਰਮਾ ਦੀ ਮੇਹਨਤ ਤੇ ਉਨ੍ਹਾਂ ਦੀ ਸੁਚੱਜੀ ਅਗਵਾਈ ਹੇਠ ਲੋੜਵੰਦ ਲੜਕੀਆਂ ਦੀ ਸ਼ਾਦੀਆਂ , ਰੇਲਵੇ ਸਟੇਸ਼ਨ ਅਤੇ ਬਸ ਸਟੈਂਡ 'ਤੇ ਗਰਮੀਆਂ ਵਿਚ ਠੰਡੇ ਪਾਣੀ ਦੀ ਸੇਵਾ, ਮੈਡੀਕਲ ਕੈਂਪ ਤੇ ਲੋੜਵੰਦ ਬੱਚਿਆਂ ਨੂੰ ਕਾਪੀਆਂ ਕਿਤਾਬਾਂ ਦੀ ਸੇਵਾ ਕਰਕੇ ਲੈਹਰਾ ਸਭਾ ਨੇ ਇਲਾਕੇ ਵਿੱਚ ਨਾਮਨਾ ਖੱਟਿਆ। ਉਨ੍ਹਾਂ ਕਿਹਾ ਕਿ ਰਜਿੰਦਰ ਗੋਇਲ ਦੀ ਮੇਹਨਤ ਤੇ ਲਗਨ ਸਦਕਾ ਉਨ੍ਹਾਂ ਨੂੰ ਦੁਬਾਰਾ ਸਰਵਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ ।ਬਾਕੀ ਕਮੇਟੀ ਨੂੰ ਚੁਨਣ ਦਾ ਅਧਿਕਾਰ ਵੀ ਪ੍ਰਧਾਨ ਨੂੰ ਦਿਤਾ ਗਿਆ । ਮੀਟਿੰਗ ਵਿਚ ਵਿਜੇ ਕੁਮਾਰ ਸਿੰਗਲਾ ਅਸ਼ਵਨੀ ਬਾਂਸਲ,ਰਵੀ ਗਰਗ ਸੁਰਿੰਦਰ ਕੁਮਾਰ,ਅਤੇ ਸੁੰਦਰ ਲਾਲ ਜੀ ਦਾ ਜਨਮ ਦਿਨ ਉਨ੍ਹਾਂ ਵੱਲੋਂ ਕੇਕ ਕੱਟਕੇ ਮਨਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰ ਨਾਥ, ਨਵਦੀਪ ਸਿੰਗਲਾ ਦੇਸ਼ ਰਾਜ ਬਾਂਸਲ ਹਾਜ਼ਰ ਸਨ ।

# ਅਦਾਲਤੀ ਕੰਪਲੈਕਸ ਸਮਾਣਾ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਜਾਗਰੂਕਤਾ ਰੈਲੀ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-** ਸ਼੍ਰੀ ਮਨਦੀਪ ਸਿੰਘ ਅਡੀਸ਼ਨਲ ਸਿਵਲ ਜੱਜ ਸੀਨੀਅਰ ਡਿਵੀਜ਼ਨ ਸਮਾਣਾ ਕਮ ਚੇਅਰਮੈਨ ਉਪ ਮੰਡਲ ਕਾਨੂੰਨੀ ਸੇਵਾਵਾਂ ਅਥਾਰਟੀ ਸਮਾਣਾ ਦੀ ਅਗਵਾਈ ਹੇਠ ਅਦਾਲਤੀ ਕੰਪਲੈਕਸ ਸਮਾਣਾ ਵਿਖੇ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ ' ਯੁੱਧ ਨਸ਼ਿਆਂ ਵਿਰੁੱਧ ' ਤਹਿਤ ਜਾਗਰੁਕਤਾ ਰੈਲੀ ਕੱਢੀ ਗਈ ਜਿਸ ਵਿੱਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਗਰੂਕ ਕੀਤਾ ਗਿਆ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਣਾ ਦਿੱਤੀ ਗਈ।ਇਸ ਰੈਲੀ ਵਿੱਚ ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਬਾਰ ਐਸੋਸੀਏਸ਼ਨ ਸਮਾਣਾ ਦੇ ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ, ਸੈਕਟਰੀ ਐਡਵੋਕੇਟ ਕਸ਼ਮੀਰ ਸਿੰਘ ਚੂੰਬਰ ਤੋਂ ਇਲਾਵਾ ਹੋਰ ਵਕੀਲ ਸਾਹਿਬਾਨਾਂ ਨੇ ਵੀ ਸ਼ਮੂਲੀਅਤ ਕੀਤੀ। ਇਸ ਰੈਲੀ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਨਵਦੀਪ ਸਿੰਘ ਢਿੱਲੋ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ ਤੋਂ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ। ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਗਰੂਕ ਕੀਤਾ ਜਾ ਰਿਹਾ ਹੈ । ਇਸ ਮੌਕੇ ਕਾਨੂੰਨੀ ਸੇਵਾਵਾਂ ਅਥਾਰਟੀ ਜਿਲਾ ਪਟਿਆਲਾ ਵੱਲੋਂ ਮੈਡਮ ਮੋਨਿਕਾ ਪਹੂੰਜਾ ਤੋਂ ਇਲਾਵਾ ਹੋਰ ਵੀ ਕਈ ਅਧਿਕਾਰੀ ਪੁੱਜੇ।

# 10 ਸਾਲ ਨੌਕਰੀ ਕਰ ਚੁੱਕੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ : ਚੰਡਾਲੀਆ

**ਮੋਗਾ (ਇਕਬਾਲ ਸਿੰਘ ਖਹਿਰਾ) –** ਦਰਜਾ ਚਾਰ, ਸਫਾਈ ਸੇਵਕ ਚੌਂਕੀਦਾਰ, ਮਿਡ ਡੇ ਮੀਲ ਕੁੱਕ ਯੂਨੀਅਨ ਦੀ ਇੱਕ ਸਾਂਝੀ ਮੀਟਿੰਗ ਨੇਚਰ ਪਾਰਕ ਮੋਗਾ ਵਿਖੇ ਸੂਬਾ ਸਕੱਤਰ ਕਮਲਜੀਤ ਕੌਰ ਮਧੋਕੇ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ, ਪੱਲੇਦਾਰਾਂ ਦੇ ਸੂਬਾ ਆਗੂ ਕੇਵਲ ਸਿੰਘ ਸਾਬਕਾ ਮੈਂਬਰ ਪਾਰਲੀਮੈਂਟ, ਐਲ ਪੀ ਜੀ ਗੈਸ ਸਪਲਾਈ ਵਰਕਰਜ ਯੂਨੀਅਨ ਦੇ ਪ੍ਰਧਾਨ ਰਾਮ ਬਚਨ ਰਾਓ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ, ਈ ਰਿਕਸ਼ਾ ਮਜ਼ਦੂਰ ਸੰਘ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਮੇ ਵਾਲਾ , ਜਨਰਲ ਸਕੱਤਰ ਮੇਜਰ ਸਿੰਘ ਲੰਡੇ ਕੇ ਅਤੇ ਵੱਖ-ਵੱਖ ਜ਼ਿਲਿਆਂ ਤੋਂ ਆਏ ਸਫਾਈ ਸੇਵਕ, ਚੌਂਕੀਦਾਰ , ਮਿਡ ਡੇ ਮੀਲ ਕੁੱਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਅਤੇ ਸੀਨੀਅਰ ਆਗੂਆਂ ਨੇ ਭਾਗ ਲਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਚੰਡਾਲੀਆ ਨੇ ਮੁਲਾਜਮਾਂ ਨੂੰ ਰੈਗੂਲਰ ਕਰਨ ਸਬੰਧੀ ਸੁਪਰੀਮ ਕੋਰਟ ਤੇ ਹਾਈਕੋਰਟ ਦੀਆਂ ਹਦਾਇਤਾਂ ਸਬੰਧੀ ਵਿਸਤਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਨੇ 10 ਸਾਲ ਨੌਕਰੀ ਕਰ ਚੁੱਕੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਮੰਗ ਕੀਤੀ। ਵਿਜੇ ਧੀਰ ਐਡਵੋਕੇਟ ਨੇ ਦੱਸਿਆ ਕਿ ਕਾਨੂੰਨੀ ਹਦਾਇਤਾਂ ਦੇ ਅਨੁਸਾਰ ਕਰਮਚਾਰੀਆਂ ਦੇ ਦਸਤਾਵੇਜ ਪੱਕੇ ਕਰਵਾਉਣ ਲਈ ਤਿਆਰ ਕੀਤੇ ਜਾਣਗੇ । ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ, ਸਰਬਜੀਤ ਸਿੰਘ, ਤਰਸੇਮ ਸਿੰਘ, ਸੁਰੇਸ਼ ਕੁਮਾਰ, ਕਰਮਜੀਤ ਸਿੰਘ, ਕਮਲਜੀਤ ਕੌਰ, ਸੰਦੀਪ ਕੌਰ, ਸੁਖਦੇਵ ਸਿੰਘ ਮੁਕਤਸਰ ਸਾਹਿਬ, ਜਗਸੀਰ ਸਿੰਘ, ਜਸਵੀਰ ਸਿੰਘ, ਸੁਰਜੀਤ ਸਿੰਘ, ਸੋਨੀਆ, ਵਰਿੰਦਰ ਕੁਮਾਰ, ਅਵਜਿੰਦਰ ਸਿੰਘ, ਮਨਪ੍ਰੀਤ ਕੌਰ, ਜਸਵੰਤ ਸਿੰਘ ਜੱਸਾ, ਰਿੰਪੀ, ਗੁਰ ਬੁੱਧ ਸਿੰਘ, ਬਲਵਿੰਦਰ ਸਿੰਘ, ਜਸਵੀਰ ਸਿੰਘ, ਤਰਸੇਮ ਸਿੰਘ, ਮਦਨ ਲਾਲ, ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਮਯੰਕ ਫਾਊਂਡੇਸ਼ਨ ਨੇ ਫਿਰੋਜ਼ਪੁਰ ਦੇ ਡੀ ਸੀ ਨਾਲ ਕੀਤੀ ਮੁਲਾਕਾਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)-** ਫ਼ਿਰੋਜ਼ਪੁਰ ਸਥਿਤ ਸਮਾਜਿਕ ਸੰਗਠਨ, ਮਯੰਕ ਫਾਊਂਡੇਸ਼ਨ ਦੇ ਇਕ ਵਫ਼ਦ ਨੇ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੌਰਾਨ ਪ੍ਰਸਤਾਵਿਤ ਗਤੀਵਿਧੀਆਂ 'ਤੇ ਚਰਚਾ ਕਰਨ ਲਈ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਨਾਲ ਮੁਲਾਕਾਤ ਕੀਤੀ। ਮੀਟਿੰਗ ਦਾ ਉਦੇਸ਼ ਜ਼ਿਲ੍ਹੇ ਵਿਚ ਸੜਕ ਸੁਰੱਖਿਆ ਜਾਗਰੂਕਤਾ ਨੂੰ ਮਜ਼ਬੂਤ ??ਕਰਨ ਅਤੇ ਸੜਕ ਹਾਦਸਿਆਂ ਨੂੰ ਘਟਾਉਣ ਲਈ ਸਾਂਝੇ ਯਤਨਾਂ 'ਤੇ ਚਰਚਾ ਕਰਨਾ ਸੀ। ਮੀਟਿੰਗ ਦੌਰਾਨ ਮਯੰਕ ਫਾਊਂਡੇਸ਼ਨ ਨੇ ਡਿਪਟੀ ਕਮਿਸ਼ਨਰ ਨੂੰ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਸੜਕ ਸੁਰੱਖਿਆ ਜਾਗਰੂਕਤਾ ਸੈਮੀਨਾਰ ਆਯੋਜਿਤ ਕਰਨ ਦੀਆਂ ਆਪਣੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਤਾਂ ਜੋ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਟਰੈਫਿਕ ਨਿਯਮਾਂ, ਸੁਰੱਖਿਅਤ ਡਰਾਈਵਿੰਗ ਅਤੇ ਪੈਦਲ ਯਾਤਰੀਆਂ ਦੀ ਸੁਰੱਖਿਆ ਬਾਰੇ ਜਾਗਰੂਕ ਕੀਤਾ ਜਾ ਸਕੇ। ਫ਼ਾਊਂਡੇਸ਼ਨ ਨੇ ਸਕੂਲ ਬੱਸ ਡਰਾਈਵਰਾਂ ਲਈ ਵਿਸ਼ੇਸ਼ ਵਰਕਸ਼ਾਪਾਂ ਦਾ ਆਯੋਜਨ ਕਰਨ ਦਾ ਵੀ ਪ੍ਰਸਤਾਵ ਰੱਖਿਆ, ਜਿਸ ਵਿਚ ਸੁਰੱਖਿਅਤ ਡਰਾਈਵਿੰਗ, ਬਾਲ ਸੁਰੱਖਿਆ ਪ੍ਰੋਟੋਕੋਲ ਅਤੇ ਐਮਰਜੈਂਸੀ ਸਥਿਤੀਆਂ ਪ੍ਰਤੀ ਢੁੱਕਵੀਂ ਪ੍ਰਤੀਕਿਰਿਆ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਇਸ ਤੋਂ ਇਲਾਵਾ ਟਰੱਕ ਅਤੇ ਵਪਾਰਕ ਵਾਹਨ ਚਾਲਕਾਂ ਲਈ ਅੱਖਾਂ ਦੀ ਜਾਂਚ ਕੈਂਪ ਲਗਾਏ ਜਾਣਗੇ, ਕਿਉਂਕਿ ਨਜ਼ਰ ਦੀਆਂ ਸਮੱਸਿਆਵਾਂ ਸੜਕ ਹਾਦਸਿਆਂ ਦਾ ਇਕ ਵੱਡਾ ਕਾਰਨ ਹਨ। ਡਿਪਟੀ ਕਮਿਸ਼ਨਰ ਨੇ ਮਯੰਕ ਫਾਊਂਡੇਸ਼ਨ ਦੇ ਸੜਕ ਸੁਰੱਖਿਆ ਦੇ ਖੇਤਰ ਵਿਚ ਨਿਰੰਤਰ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੇ ਸਫਲ ਆਯੋਜਨ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਪੂਰੇ ਸਮਰਥਨ ਦਾ ਭਰੋਸਾ ਦਿੱਤਾ।



# ਸੜਕ ਹਾਦਸੇ 'ਚ ਇੱਕ ਦੀ ਮੌਤ, ਦੋ ਗੰਭੀਰ ਜ਼ਖ਼ਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਖਮਾਣੋਂ ਨਜ਼ਦੀਕ ਸਥਿਤ ਸਰਦਾਰਾਂ ਦੇ ਢਾਬੇ ਕੋਲ ਵਾਪਰੇ ਇੱਕ ਸੜਕ ਹਾਦਸੇ ਵਿੱਚ ਦੋ ਵਿਅਕਤੀਆਂ ਦੇ ਗੰਭੀਰ ਜ਼ਖਮੀ ਹੋ ਜਾਣ ਤੇ ਇੱਕ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਮੌਰੀਆ ਮੂਲ ਵਾਸੀ ਉੱਤਰ ਪ੍ਰਦੇਸ਼ ਹਾਲ ਵਾਸੀ ਸਬਜ਼ੀ ਮੰਡੀ ਲੁਧਿਆਣਾ, ਵਰਿੰਦਰ ਵਾਸੀ ਜੌਨਪੁਰ ਉੱਤਰ ਪ੍ਰਦੇਸ਼ ਅਤੇ ਉਨ੍ਹਾਂ ਦਾ ਇੱਕ ਹੋਰ ਸਾਥੀ ਪੈਦਲ ਸਰਦਾਰਾਂ ਦੇ ਢਾਬੇ ਕੋਲੋਂ ਲੰਘ ਰਹੇ ਸਨ ਤਾਂ ਪਿੱਛੋਂ ਤੇਜ਼ ਰਫ਼ਤਾਰ ਨਾਲ ਆ ਰਹੀ ਇੱਕ ਕਾਰ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਹਾਦਸੇ ਕਾਰਨ ਗੰਭੀਰ ਜ਼ਖ਼ਮੀ ਹੋਏ ਵਰਿੰਦਰ ਦੀ ਮੌਤ ਹੋ ਗਈ, ਜਦੋਂ ਕਿ ਮੌਰੀਆ ਨੂੰ ਸਿਵਲ ਹਸਪਤਾਲ ਮੋਹਾਲੀ ਵਿਖੇ ਅਤੇ ਉਨ੍ਹਾਂ ਦੇ ਤੀਜੇ ਨਾਮਲੂਮ ਸਾਥੀ ਨੂੰ ਗੰਭੀਰ ਹਾਲਤ ਵਿੱਚ ਪੀ.ਜੀ.ਆਈ. ਚੰਡੀਗੜ੍ਹ ਵਿਖੇ ਦਾਖਲ ਕਰਾਇਆ ਗਿਆ ਹੈ।ਕਾਰ ਦੇ ਕਥਿਤ ਡਰਾਈਵਰ ਸ਼ੁਲਬ ਗੁਪਤਾ ਵਿਰੁੱਧ ਥਾਣਾ ਖਮਾਣੋਂ ਵਿਖੇ ਕੇਸ ਦਰਜ ਕਰਾ ਕੇ ਸੰਘੋਲ ਪੁਲਸ ਚੌਂਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਹਰਮਿੰਦਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨ ਯੂਨੀਅਨ ਵੱਲੋਂ ਕੈਲੰਡਰ ਜਾਰੀ

**ਸੰਗਾਲਾ/ਧੂਰੀ (ਰਣਜੀਤ ਸਿੰਘ ਪੇਧਨੀ)-** ਪਾਵਰਕੌਮ ਐਂਡ ਟਰਾਂਸਕੋ ਪੈਨਸ਼ਨ ਯੂਨੀਅਨ ਡਵੀਜ਼ਨ ਧੂਰੀ ਦੀ ਮਹੀਨਾਵਾਰ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਸਾਥੀ ਗੁਰਮੁਖ ਸਿੰਘ ਨੇ ਕੀਤੀ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕਾਮਰੇਡ ਸੁਖਦੇਵ ਰਾਮ ਸ਼ਰਮਾ ਅਤੇ ਕਾਮਰੇਡ ਸੁਰਿੰਦਰ ਸ਼ਰਮਾ ਨੇ ਸ਼ਿਰਕਤ ਕੀਤੀ ।ਮੀਟਿੰਗ ਵਿੱਚ ਕਈ ਅਹਿਮ ਮੁੱਦਿਆਂ ਉੱਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਨਵੇਂ ਸਾਲ 2026 ਦੇ ਕੈਲੰਡਰ ਸਾਰੇ ਸਾਥੀਆਂ ਨੂੰ ਦਿੱਤੇ ਗਏ ਅਤੇ ਮਹੀਨਾਵਾਰ ਮੀਟਿੰਗ ਹਰੇਕ ਮਹੀਨੇ ਦੀ ਸੱਤ ਤਰੀਕ ਨੂੰ ਕਰਨ ਦਾ ਫ਼ੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸਾਥੀ ਗੁਰਦੀਪ ਸਿੰਘ, ਸੱਤਪਾਲ, ਮੋਦਨ ਸਿੰਘ, ਕੁਲਦੀਪ ਸਿੰਘ, ਕਰਨੈਲ ਸਿੰਘ, ਗੁਰਧਿਆਨ ਸਿੰਘ, ਗਗਨਦੀਪ ਸਿੰਘ, ਬੇਅੰਤ ਸਿੰਘ ਨੇ ਵੀ ਸ਼ਮੂਲੀਅਤ ਕੀਤੀ।

# ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਤਸੰਗ ਪ੍ਰੋਗਰਾਮ



**ਜਲਾਲਾਬਾਦ (ਜੀਤ ਕੁਮਾਰ)-** ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਥਾਨਕ ਆਸ਼ਰਮ ਵਿਖੇ ਇਕ ਭਾਵਪੂਰਨ ਆਧਿਆਤਮਕ ਸਤਸੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ। ਇਸ ਮੌਕੇ ਆਸ਼ੂਤੋਸ਼ ਮਹਾਰਾਜ ਦੀ ਪਰਮ ਸ਼ਿਸ਼ ਸਾਧਵੀ ਪ੍ਰੀਤੀ ਭਾਰਤੀ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਨੁੱਖਾ ਜਨਮ ਵਾਰ-ਵਾਰ ਨਹੀਂ ਮਿਲਦਾ ਉਨ੍ਹਾਂ ਕਿਹਾ ਕਿ ਮਨੁੱਖਾ ਜਨਮ ਦਾ ਅਸਲ ਮਨੋਰਥ ਪੂਰਨ ਗੁਰੂ ਦੀ ਖੋਜ ਕਰਕੇ ਉਨ੍ਹਾਂ ਦੀ ਸ਼ਰਣ ਵਿੱਚ ਜਾ ਕੇ ਆਤਮਕ ਗਿਆਨ ਦੀ ਪ੍ਰਾਪਤੀ ਕਰਨੀ ਅਤੇ ਆਪਣੇ ਜੀਵਨ ਨੂੰ ਭਗਤੀ ਦੇ ਰਸਤੇ ਉੱਤੇ ਤੋਰਨਾ ਹੈ। ਸਾਧਵੀ ਨੇ ਸਮਝਾਇਆ ਕਿ ਮਨੁੱਖ ਦੇ ਅੰਦਰ ਹੀ ਪਰਮਾਤਮਾ ਪ੍ਰਕਾਸ਼ ਰੂਪ ਵਿੱਚ ਮੌਜੂਦ ਹੈ, ਪਰ ਅਗਿਆਨ ਦੇ ਪਰਦੇ ਕਾਰਨ ਮਨੁੱਖ ਉਸ ਦੀ ਪਹਿਚਾਣ ਨਹੀਂ ਕਰ ਪਾਂਦਾ। ਇਹ ਦਿਵਯ ਪ੍ਰਕਾਸ਼ ਪੂਰਨ ਗੁਰੂ ਦੀ ਕਿਰਪਾ ਨਾਲ ਹੀ ਪ੍ਰਗਟ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪੂਰਨ ਗੁਰੂ ਦੇ ਦਿੱਤੇ ਗਿਆਨ ਨਾਲ ਮਨੁੱਖ ਅੰਦਰ ਵੱਸਦੇ ਪਰਮਾਤਮਾ ਦੇ ਦਰਸ਼ਨ ਕਰ ਸਕਦਾ ਹੈ ਅਤੇ ਅਗਿਆਨ, ਦੁੱਖ, ਭਰਮ ਤੇ ਸੰਸਾਰਕ ਬੰਧਨਾਂ ਤੋਂ ਮੁਕਤੀ ਪ੍ਰਾਪਤ ਕਰਦਾ ਹੈ। ਗੁਰੂ ਦੀ ਰਹਿਨੁਮਾਈ ਨਾਲ ਹੀ ਮਨੁੱਖ ਸੱਚ, ਸ਼ਾਂਤੀ ਅਤੇ ਆਨੰਦ ਦੇ ਰਾਹ 'ਤੇ ਤੁਰ ਕੇ ਆਪਣੇ ਜੀਵਨ ਨੂੰ ਸਾਰਥਕ ਬਣਾ ਸਕਦਾ ਹੈ। ਪ੍ਰੋਗਰਾਮ ਦੇ ਅੰਤ ਵਿੱਚ ਸਾਧਵੀ ਅਮਰਾ ਭਾਰਤੀ ਵੱਲੋਂ ਭਾਵਪੂਰਣ ਭਜਨ ਗਾਇਨ ਕੀਤਾ ਗਿਆ।

# ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਤੇ ਪੈਨਸ਼ਨਰਾਂ ਦੀ ਅਹਿਮ ਮੀਟਿੰਗ

**ਜ਼ੀਰਾ (ਨਰਿੰਦਰ ਅਨੇਜਾ)** ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਬਿਜਲੀ ਸੋਧ ਬਿੱਲ 2025, ਬੀਜ, ਨਰੇਗਾ, ਪੁਰਾਣੀ ਪੈਨਸ਼ਨ ਬਹਾਲੀ ਤੇ ਹੋਰ ਜਾਰੀ ਕੀਤੇ ਬਿੱਲਾਂ ਤੋਂ ਇਲਾਵਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆ ਮੰਗਾਂ ਸਬੰਧੀ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਕ) ਵੱਲੋਂ ਐਲਾਨੇ ਗਏ ਸੰਘਰਸ਼ ਦਾ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਮਰਥਨ ਕਰਨ ਦਾ ਐਲਾਨ ਕੀਤਾ ਹੈ।ਇਸ ਸਬੰਧੀ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਕ) ਦੇ ਨਾਲ ਸਬੰਧਤ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ, ਕਿਸਾਨ ਯੂਨੀਅਨ ਸ਼ੇਰੇ ਏ ਪੰਜਾਬ ਤੋਂ ਇਲਾਵਾ ਪ ਸ ਸ ਫ 1406-22- ਚੰਡੀਗੜ੍ਹ, ਬਿਜਲੀ ਮੁਲਾਜ਼ਮਾਂ ਦੀ ਜਥੇਬੰਦੀ ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਆਗੂ ਤੇ ਪੈਨਸ਼ਨਰ ਮੁਲਾਜ਼ਮਾਂ ਦੀ ਸਾਂਝੀ ਮੀਟਿੰਗ ਕਿਸਾਨ ਆਗੂ ਮਨਪ੍ਰੀਤ ਸਿੰਘ ਗਿੱਲ ਦੇ ਦਫ਼ਤਰ ਸਾਹਵਾਂ ਦਾ ਰੋੜ ਜ਼ੀਰਾ ਵਿਖੇ ਹੋਈ। ਸੁਖਦੇਵ ਸਿੰਘ ਮੰਡ ਸੂਬਾ ਆਗੂ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ, ਮਨਪ੍ਰੀਤ ਸਿੰਘ ਗਿੱਲ ਸੂਬਾ ਆਗੂ ਕਿਸਾਨ ਯੂਨੀਅਨ ਸ਼ੇਰੇ ਏ ਪੰਜਾਬ, ਗੁਰਦੇਵ ਸਿੰਘ ਸਿੱਧੂ ਸੂਬਾ ਆਗੂ ਪ ਸ ਸ ਫ, ਅਵਤਾਰ ਸਿੰਘ ਪ੍ਰਧਾਨ ਟੈਕਨੀਕਲ ਸਰਵਿਸਿਜ਼ ਯੂਨੀਅਨ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਕ) ਵੱਲੋਂ ਕਿਸਾਨ, ਮਜ਼ਦੂਰ ਤੇ ਮੁਲਾਜ਼ਮਾਂ, ਪੈਨਸ਼ਨਰਾਂ ਦੇ ਹੱਕਾਂ ਲਈ ਸੰਘਰਸ਼ਾਂ ਦੀ ਲੜੀ ਤਹਿਤ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਨੂੰ 9 ਜਨਵਰੀ ਨੂੰ ਦਿੱਤੇ ਜਾ ਰਹੇ ਮੰਗ ਪੱਤਰ ਦਾ ਸਮਰਥਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕੇਂਦਰ ਦੇ ਬਿਜਲੀ ਬਿੱਲ, ਬੀਜ ਬਿੱਲ ਤੇ ਅਧੂਰੀ ਨਰੇਗਾ ਸਕੀਮ ਦੇ ਵਿਰੋਧ ਵਿੱਚ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਕਿਸਾਨ ਮਜ਼ਦੂਰ ਅਤੇ ਮੁਲਾਜ਼ਮ ਛੋਟੇ ਕਾਰੋਬਾਰੀਆਂ ਨੂੰ ਮਾਰਨ ਲਈ ਅਜਿਹੇ ਲੋਕ ਮਾਰੂ ਬਿੱਲ ਪਾਸ ਕਰ ਰਹੀ ਹੈ ਜੋ ਲੋਕ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਸਮੂਹ ਜਥੇਬੰਦੀਆਂ ਦੇ ਆਗੂਆਂ ਨੂੰ ਭਰਵੇਂ ਇਕੱਠ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਭਰਵੇਂ ਇਕੱਠ ਵਿਚ ਮੰਗ ਪੱਤਰ ਦਿੱਤਾ ਜਾਵੇ।



# ਸਲਾਈਟ ਦੇ ਵਿਦਿਆਰਥੀਆਂ ਵੱਲੋਂ ਫੌਜ ਲਈ ਸਮਾਰਟ ਆਟੋਮੇਸ਼ਨ 'ਚ ਪਹਿਲ

**ਲੌਂਗੋਵਾਲ (ਪ੍ਰਦੀਪ ਸੱਪਲ)-** ਪ੍ਰੋਫੈਸਰ ਮਨਿਕਾਂਤ ਪਾਸਵਾਨ, ਡਾਇਰੈਕਟਰ ਸਲਾਈਟ ਦੀ ਅਗਵਾਈ ਹੇਠ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਦੇ ਇਨੋਵੇਸ਼ਨ ਐਂਡ ਇਨਕਿਊਬੇਸ਼ਨ ਸੈੱਲ (ਆਈ ਆਈ ਸੀ) ਦੀ ਟੀਮ ਨੇ ਫੌਜ ਦੀ ਇੱਕ ਯੂਨਿਟ ਵਿੱਚ ਐਡਵਾਂਸਡ ਗਾਰਡ ਮੋਨਿਟਰਿੰਗ ਸਿਸਟਮ ਲਗਾ ਕੇ ਇੱਕ ਮਹੱਤਵਪੂਰਨ ਉਪਲਬਧੀ ਹਾਸਲ ਕੀਤੀ ਹੈ।ਟੀਮ ਨੂੰ ਗਾਰਡ ਟੋਕਨ ਅਤੇ ਡਿਊਟੀ ਵੈਰੀਫਿਕੇਸ਼ਨ ਸਿਸਟਮ ਦੀ ਆਟੋਮੇਸ਼ਨ ਨਾਮਕ ਇੱਕ ਨਵੀਂ ਸੋਚ ਵਾਲਾ ਪ੍ਰੋਜੈਕਟ ਸੌਂਪਿਆ ਗਿਆ ਸੀ। ਇਸ ਪ੍ਰੋਜੈਕਟ ਦੀ ਅਗਵਾਈ ਪ੍ਰਿਆਂਸ਼ੂ ਨੇ ਕਾਰਤਿਕ ਸਿੰਘ, ਅਵਿਕ ਛੋਕਰ, ਪ੍ਰਿਆਂਸ਼ੂ ਗਾਂਧੀ ਅਤੇ ਆਲੋਕ ਨਾਲ ਮਿਲ ਕੇ ਕੀਤੀ। ਉਨ੍ਹਾਂ ਨੂੰ ਪ੍ਰੋਫੈਸਰ ਅਜਾਤ ਸ਼ਤਰੂ ਅਰੋੜਾ, ਪ੍ਰੈਜ਼ੀਡੈਂਟ ਆਈ ਆਈ ਸੀ ਅਤੇ ਪ੍ਰੋਫੈਸਰ ਸੁਰਿਤਾ ਮੈਨੀ, ਵਾਈਸ ਪ੍ਰੈਜ਼ੀਡੈਂਟ ਆਈ ਆਈ ਸੀ ਵੱਲੋਂ ਕੀਮਤੀ ਮਾਰਗਦਰਸ਼ਨ ਅਤੇ ਲਗਾਤਾਰ ਸਹਿਯੋਗ ਮਿਲਿਆ। ਇਹ ਪ੍ਰੋਜੈਕਟ ਅਕਾਦਮਿਕ ਥਿਊਰੀ ਅਤੇ ਪ੍ਰੈਕਟੀਕਲ, ਇੰਡਸਟਰੀ-ਓਰੀਐਂਟੇਡ ਸਮੱਸਿਆ-ਹੱਲ ਦੇ ਦਰਮਿਆਨ ਮਜ਼ਬੂਤ ਤਾਲਮੇਲ ਦੀ ਸ਼ਾਨਦਾਰ ਮਿਸਾਲ ਹੈ।ਪ੍ਰੋਫੈਸਰ ਮਨਿਕਾਂਤ ਪਾਸਵਾਨ, ਡਾਇਰੈਕਟਰ ਸਲਾਈਟ ਨੇ ਇਸ ਸ਼ਾਨਦਾਰ ਉਪਲਬਧੀ ਲਈ ਟੀਮ ਨੂੰ ਵਧਾਈ ਦਿੱਤੀ। ਲਗਾਇਆ ਗਿਆ ਸਿਸਟਮ ਸੁਰੱਖਿਆ ਕਾਰਜਾਂ ਦੇ ਮਹੱਤਵਪੂਰਨ ਪੱਖਾਂ ਨੂੰ ਆਟੋਮੇਟ ਕਰਦਾ ਹੈ, ਜਿਸ ਵਿੱਚ ਗਾਰਡ ਪੈਟਰੋਲ ਮੋਨਿਟਰਿੰਗ, ਡਿਊਟੀ ਵੈਰੀਫਿਕੇਸ਼ਨ ਅਤੇ ਰੀਅਲ-ਟਾਈਮ ਰਿਪੋਰਟਿੰਗ ਸ਼ਾਮਲ ਹਨ।



# 16 ਦੇ ਬਰਨਾਲਾ ਧਰਨੇ ਦੀ ਤਿਆਰੀ 'ਚ ਮੀਟਿੰਗਾਂ ਦਾ ਦੌਰ ਜਾਰੀ

**ਮਹਿਲ ਕਲਾਂ, (ਬਵਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਸੰਘਰਸ਼ਸ਼ੀਲ ਕਿਸਾਨ ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਦੇ ਸੰਯੁਕਤ ਮੋਰਚੇ ਦੇ ਸੱਦੇ ਤਹਿਤ 16 ਜਨਵਰੀ ਨੂੰ ਡਿਪਟੀ ਕਮਿਸ਼ਨਰ ਬਰਨਾਲਾ ਦੇ ਦਫ਼ਤਰ ਅੱਗੇ ਦਿੱਤੇ ਜਾਣ ਵਾਲੇ ਧਰਨੇ ਦੀ ਤਿਆਰੀ 'ਚ ਪਿੰਡ ਠੀਕਰੀਵਾਲਾ, ਸੰਘੇੜਾ, ਕਰਮਗੜ੍ਹ ਵਿਖੇ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਭਰਵੀਆਂ ਮੀਟਿੰਗਾਂ ਕੀਤੀਆਂ ਗਈਆਂ। ਮੀਟਿੰਗਾਂ ਦੌਰਾਨ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਕਿਸਾਨ ਤੇ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਐਲਾਨ ਕੀਤਾ ਗਿਆ। ਭਾਕਿਯੂ ਉਗਰਾਹਾਂ ਦੇ ਬੁੱਕਣ ਸਿੰਘ ਸੱਦੋਵਾਲ, ਜੱਜ ਸਿੰਘ ਗਹਿਲ, ਭਾਕਿਯੂ ਡਕੌਂਦਾ-ਧਨੇਰ ਦੇ ਬਲਵੰਤ ਸਿੰਘ ਉਪਲੀ, ਬਲਵੰਤ ਸਿੰਘ ਠੀਕਰੀਵਾਲਾ, ਭਾਕਿਯੂ ਡਕੌਂਦਾ ਬੁਰਜ ਗਿੱਲ ਦੇ ਚਤਰ ਸਿੰਘ ਠੀਕਰੀਵਾਲਾ, ਪ੍ਰਧਾਨ ਦਰਸ਼ਨ ਸਿੰਘ, ਸੀਟੂ ਦੇ ਸੂਬਾ ਆਗੂ ਸ਼ੇਰ ਸਿੰਘ ਫਰਵਾਹੀ, ਏਟਕ ਆਗੂ ਖੁਸ਼ੀਆ ਸਿੰਘ ਨੇ ਕਿਹਾ ਕਿ ਬਿਜਲੀ ਸੋਧ ਬਿੱਲ, ਨਿੱਜੀਕਰਨ ਦੀ ਨੀਤੀ, ਮਜ਼ਦੂਰ ਵਿਰੋਧੀ ਕਿਰਤ ਕੋਡ ਅਤੇ ਸਰਕਾਰੀ ਸੰਸਥਾਵਾਂ ਦੀ ਵਿਕਰੀ ਰਾਹੀਂ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਦੇ ਹੱਕਾਂ 'ਤੇ ਸਿੱਧਾ ਹਮਲਾ ਕੀਤਾ ਜਾ ਰਿਹਾ ਹੈ। ਆਗੂਆਂ ਨੇ ਦੋਸ਼ ਲਾਇਆ ਕਿ ਬਿਜਲੀ ਖੇਤਰ 'ਚ ਨਿੱਜੀਕਰਨ ਨਾਲ ਖੇਤੀ ਦੀ ਲਾਗਤ ਵਧੇਗੀ, ਪਿੰਡਾਂ 'ਤੇ ਆਰਥਿਕ ਬੋਝ ਪਵੇਗਾ ਤੇ ਪਾਵਰਕਾਮ ਵਰਗੀਆਂ ਸਰਕਾਰੀ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਲਈ ਨੀਤੀਆਂ ਬਣਾਉਂਦੀਆਂ ਹੋਈਆਂ ਕਿਸਾਨਾਂ, ਮਜ਼ਦੂਰਾਂ ਤੇ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਸੰਘਰਸ਼ ਦੌਰਾਨ ਕਿਸਾਨ, ਮਜ਼ਦੂਰ ਆਗੂਆਂ ਤੇ ਪੱਤਰਕਾਰਾਂ 'ਤੇ ਝੂਠੇ ਪਰਚੇ ਦਰਜ ਕਰਨਾ ਅਤੇ ਧਮਕੀਆਂ ਦੇ ਕੇ ਆਵਾਜ਼ਾਂ ਨੂੰ ਦਬਾਉਣਾ ਸਰਕਾਰ ਦੀ ਤਾਨਾਸ਼ਾਹੀ ਸੋਚ ਨੂੰ ਦਰਸਾਉਂਦਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਜ਼ੁਲਮ, ਧਮਕੀਆਂ ਜਾਂ ਦਬਾਅ ਨਾਲ ਸ਼ੰਘਰਸ਼ ਨੂੰ ਰੋਕਿਆ ਨਹੀਂ ਜਾ ਸਕਦਾ। ਕਿਸਾਨ ਮਜ਼ਦੂਰ ਆਗੂਆਂ ਨੇ ਹਰ ਵਰਗ ਦੇ ਸਮੂਹ ਲੋਕਾਂ ਨੂੰ ਇਕਜੁਟ ਹੋ ਕੇ 16 ਜਨਵਰੀ ਦੇ ਬਰਨਾਲਾ ਧਰਨੇ 'ਚ ਵੱਡੀ ਗਿਣਤੀ ਨਾਲ ਪਹੁੰਚਣ ਦੀ ਅਪੀਲ ਕੀਤੀ।



# 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜਾਗਰੂਕਤਾ ਰੈਲੀ ਕੱਢੀ



**ਸਮਾਣਾ (ਇਕਬਾਲ ਸਿੰਘ ਬੱਲ)** ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਕਮ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਸੈਕਰਟਰੀ ਐਮ.ਐਸ ਅਮਨਦੀਪ ਕੰਬੋਜ ਦੀ ਅਗਵਾਈ ਹੇਠ ਸ਼੍ਰੀ ਮਨਦੀਪ ਸਿੰਘ ਅਡੀਸ਼ਨਲ ਸਿਵਲ ਜੱਜ ਸੀਨੀਅਰ ਡਵੀਜ਼ਨ ਕਮ ਚੇਅਰਮੈਨ ਉਪ ਮੰਡਲ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਹੇਠ ਅਦਾਲਤੀ ਕੰਪਲੈਕਸ ਵਿਖੇ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਵਿਸ਼ੇ ਤਹਿਤ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਵਿੱਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਗਰੂਕ ਕੀਤਾ ਗਿਆ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਣਾ ਦਿੱਤੀ ਗਈ। ਰੈਲੀ ਵਿੱਚ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਬਾਰ ਐਸੋਸੀਏਸ਼ਨ ਸਮਾਣਾ ਦੇ ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ, ਸੈਕਟਰੀ ਐਡਵੋਕੇਟ ਕਸ਼ਮੀਰ ਸਿੰਘ ਚੁੰਬਰ ਤੋਂ ਇਲਾਵਾ ਹੋਰ ਵਕੀਲ ਸਾਹਿਬਾਨਾਂ ਨੇ ਵੀ ਸ਼ਮੂਲੀਅਤ ਕੀਤੀ।ਰੈਲੀ ਨੂੰ ਸੰਬੋਧਨ ਕਰਦਿਆਂ ਬਾਰ ਐਸੋਸੀਏਸ਼ਨ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ-ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਗਰੂਕ ਕੀਤਾ ਜਾ ਰਿਹਾ ਹੈ। ਰੈਲੀ ਵੀ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਸਹਿਯੋਗ ਇਸੇ ਮਕਸਦ ਨੂੰ ਮੁੱਖ ਰੱਖ ਕੇ ਕੱਢੀ ਗਈ ਹੈ, ਅਦਾਲਤੀ ਕੰਪਲੈਕਸ 'ਚ ਆਉਣ ਵਾਲੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਗਰੂਕ ਕੀਤਾ ਗਿਆ ਹੈ ਤਾਂ ਜੁ ਲੋਕ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਸੁਚੇਤ ਰਹਿ ਕੇ ਪੈਸਿਆਂ ਦੀ ਬਰਬਾਦੀ ਤੇ ਬੇਫਜ਼ੂਲੀ ਹਰਾਸਮੈਂਟ ਤੋਂ ਬਚੇ ਰਹਿਣ।

# ਦੋ ਕਾਰਾਂ ਦੀ ਟੱਕਰ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)-** ਦਾਣਾ ਮੰਡੀ ਦੇ ਕੋਲ ਦੋ ਕਾਰਾਂ ਦੀ ਟੱਕਰ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧ ਵਿਚ ਥਾਣਾ ਕੁੱਲਗੜ੍ਹੀ ਪੁਲਿਸ ਨੇ ਇਕ ਕਾਰ ਚਾਲਕ ਖਿਲਾਫ 281, 324 (4) ਬੀ ਐੱਨ ਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਸਾਰਿਕਾ ਪਤਨੀ ਗੁਰਦਿਆਲ ਚੰਦ ਗੁਲਾਟੀ ਵਾਸੀ ਡੱਲੇ ਵਾਲੀ ਗਲੀ ਚੁੰਗੀ ਨੰਬਰ 8 ਪ੍ਰਤਾਪ ਨਗਰ ਫਰੀਦਕੋਟ ਰੋਡ ਸਤੀਏ ਵਾਲਾ ਨੇ ਦੱਸਿਆ ਕਿ ਉਹ ਆਪਣੀ ਕਾਰ ਨੰਬਰ ਪੀਬੀ 05 ਏਆਰ 6147 'ਤੇ ਦਾਣਾ ਮੰਡੀ ਫਰੀਦਕੋਟ ਰੋਡ ਪਾਸ ਪੁੱਜੀ ਤਾਂ ਇਕ ਕਾਰ ਮਾਰੂਤੀ ਨੰਬਰ ਪੀਬੀ 10 ਏ ਵੀ 6973 ਤੇਜ਼ ਰਫਤਾਰ ਨਾਲ ਆਈ ਤੇ ਉਸ ਦੀ ਗੱਡੀ ਦੇ ਪਿੱਛੇ ਲਿਆ ਕੇ ਮਾਰੀ, ਜਿਸ ਨਾਲ ਉਸ ਦੀ ਗੱਡੀ ਦਾ ਕਾਫੀ ਨੁਕਸਾਨ ਹੋ ਗਿਆ ਤੇ ਦੋਸ਼ੀ ਮੌਕੇ ਤੋਂ ਭੱਜ ਗਿਆ। ਸ਼ਿਕਾਇਤਕਰਤਾ ਸਾਰਿਕਾ ਨੇ ਦੱਸਿਆ ਕਿ ਕਾਰ ਚਾਲਕ ਦੀ ਪਛਾਣ ਮੋਹਿਤ ਪੁੱਤਰ ਓਮ ਪ੍ਰਕਾਸ਼ ਵਾਸੀ ਖਟੀਕ ਮੰਡੀ ਫਿਰੋਜ਼ਪੁਰ ਕੈਂਟ ਵਜੋਂ ਹੋਈ ਹੈ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਤਖ਼ਤੂਪੁਰਾ ਸਾਹਿਬ ਵਿਖੇ ਵਿਸ਼ਾਲ ਕਾਨਫਰੰਸ 15 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)-** ਮੋਗਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ, ਹਲਕਾ ਬਾਘਾਪੁਰਾਣਾ ਦੇ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਜੱਥੇਦਾਰ ਤੀਰਥ ਸਿੰਘ ਮਾਹਲਾ ਨੇ ਦੱਸਿਆ ਕਿ ਗੁਰੂ ਸਾਹਿਬਾਨਾਂ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਸਥਾਨ ਸ੍ਰੀ ਤਖ਼ਤੂਪੁਰਾ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ 15 ਜਨਵਰੀ ਨੂੰ ਵਿਸ਼ਾਲ ਕਾਨਫਰੰਸ ਕਰਵਾਈ ਜਾ ਰਹੀ ਹੈ। ਇਸ ਕਾਨਫਰੰਸ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਤੇ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਸੰਬੋਧਨ ਕਰੇਗੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਬਾਘਾ ਪੁਰਾਣਾ, ਬੱਧਨੀ ਕਲਾਂ, ਕੋਟ ਈਸੇ ਖਾਂ ਤੇ ਮੋਗਾ ਵਿਖੇ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਜਾਣਗੀਆਂ।


AXIS BANK LTD. AXIS Bank Ltd.Branch Address "2nd and 3rd Floor, Property No. 7-E, Malhar Road, Sarabha Nagar, Ludhiana -141001.
Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

ਸਕਿਉਰਿਟਾਈਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਪਬਲਿਕ ਨੋਟਿਸ

[illegible]

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ | ਐਨ ਪੀ ਏ ਮਿਤੀ |
|---|---|---|---|
| 1 | [illegible] | 20-DEC-2025 | 25-AUG-2025 |
| | | ਰੁ. 33,26,835/- [illegible] | |
| 2 | [illegible] | 29-DEC-2025 | 27-DEC-2025 |
| | | ਰੁ. 36,87,050/- [illegible] | |

[illegible]

ਮਿਤੀ : 08.01.2026, ਸਥਾਨ : ਪੰਜਾਬ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਿਟਿਡ


# ਪਲੇਸਮੈਂਟ ਕੈਂਪ ਭਲਕੇ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਾਉਣ ਲਈ 9 ਜਨਵਰੀ ਨੂੰ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਕੈਂਪ 'ਚ ਸੋਨਾਲਿਕਾ ਟਰੈਕਟਰ ਕੰਪਨੀ ਵੱਲੋਂ ਭਾਗ ਲਿਆ ਜਾਣਾ ਹੈ, ਜਿਸ ਵਿੱਚ 12ਵੀਂ ਪਾਸ ਤੇ ਆਈ.ਟੀ.ਆਈ ਪਾਸ (ਕੇਵਲ ਲੜਕੇ) ਜਿਨ੍ਹਾਂ ਦੀ ਉਮਰ 18 ਤੋਂ 30 ਸਾਲ ਵਾਲੇ ਪ੍ਰਾਰਥੀ ਭਾਗ ਲੈ ਸਕਦੇ ਹਨ।ਉਨ੍ਹਾਂ ਦੱਸਿਆ ਕਿ ਕੈਂਪ ਲਈ ਇੰਟਰਵਿਊ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ, ਫ਼ਤਹਿਗੜ੍ਹ ਸਾਹਿਬ ਦੇ ਕਮਰਾ ਨੰਬਰ 127, ਡੀ.ਸੀ ਕੰਪਲੈਕਸ, ਗਰਾਊਂਡ ਫਲੋਰ ਵਿਖੇ 9 ਜਨਵਰੀ ਨੂੰ ਸਵੇਰੇ 10.30 ਵਜੇ ਹੋਵੇਗੀ।



# ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਸਿਟੀ ਤੇ ਸਬ-ਅਰਬਨ ਨੇ ਪੈਨਸ਼ਨ ਦਿਵਸ ਮਨਾਇਆ

**ਮੋਗਾ (ਇਕਬਾਲ ਸਿੰਘ ਖਹਿਰਾ)-** ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਐਂਡ ਟਰਾਂਸਕੋ ਸਿਟੀ ਮੰਡਲ ਅਤੇ ਸਬ-ਅਰਬਨ ਮੰਡਲ ਮੋਗਾ ਵੱਲੋਂ ਸਾਥੀ ਬਲੌਰ ਸਿੰਘ ਪ੍ਰਧਾਨ ਅਤੇ ਸਾਥੀ ਜਗਰੂਪ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਸਾਂਝੇ ਤੌਰ 'ਤੇ ਸ਼ਹੀਦ ਨਛੱਤਰ ਸਿੰਘ ਯਾਦਗਾਰੀ ਭਵਨ, ਨੇੜੇ ਬੱਸ ਸਟੈਂਡ ਮੋਗਾ ਵਿਖੇ ਪੈਨਸ਼ਨ ਦਿਵਸ ਮਨਾਇਆ ਗਿਆ। ਜਿਸ ਵਿੱਚ ਦੋਨਾਂ ਮੰਡਲਾਂ ਦੇ ਪੈਨਸ਼ਨ ਸਾਥੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ। ਇਸ ਸਬੰਧੀ ਸਾਥੀ ਬਲਵਿੰਦਰ ਸਿੰਘ ਦਾਤੇਵਾਲਾ ਸਕੱਤਰ ਸਿਟੀ ਮੋਗਾ ਨੇ ਦੱਸਿਆ ਕਿ ਸਟੇਜ ਦੀ ਕਾਰਵਾਈ ਸ਼ੁਰੂ ਕਰਨ 'ਤੇ ਪਹਿਲਾਂ ਪਿਛਲੇ ਸਮੇਂ ਵਿਚ ਵਿਛੋੜਾ ਦੇ ਗਏ ਪੈਨਸ਼ਨ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਸਾਥੀ ਨੇ ਦੱਸਿਆ ਕਿ ਪਿਛਲੇ ਸਮੇਂ ਤੋਂ 70 ਸਾਲ ਦੀ ਉਮਰ ਪੂਰੀ ਕਰ ਚੁੱਕੇ ਪੈਨਸ਼ਨਰਜ਼ ਅਤੇ ਫੈਮਲੀ ਪੈਨਸ਼ਨਰਜ਼ ਨੂੰ ਪੈਨਸ਼ਨ ਦਿਵਸ ਮੌਕੇ ਗਿਫਟ ਦੇ ਕੇ ਸਨਮਾਨਤ ਕੀਤਾ ਗਿਆ। ਪੈਨਸ਼ਨਰਜ਼ ਸਾਥੀਆਂ ਨੂੰ ਸੰਬੋਧਨ ਕਰਦੇ ਹੋਏ ਅਵਿਨਾਸ਼ ਚੰਦਰ ਸ਼ਰਮਾ ਸੂਬਾ ਪ੍ਰਧਾਨ ਨੇ ਪੈਨਸ਼ਨ ਦਿਵਸ ਦੀ ਮਹੱਤਤਾ ਬਾਰੇ ਬੋਲਦੇ ਕਿਹਾ ਕਿ ਕੇਂਦਰੀ ਰੱਖਿਆ ਵਿਭਾਗ ਵਿੱਚ ਵਿੱਤ ਸਲਾਹਕਾਰ ਦੇ ਅਹੁਦੇ ਤੇ ਸੇਵਾ ਮੁਕਤ ਹੋਏ ਡੀ.ਐਸ. ਨਕਾਰਾ ਨੇ ਨਿਯਮਾਂ ਮੁਤਾਬਿਕ ਪੂਰੀ ਪੈਨਸ਼ਨ ਲੈਣ ਲਈ ਸੁਪਰੀਮ ਕੋਰਟ ਵਿਚ ਪਟੀਸ਼ਨ ਪਾਈ ਸੀ, ਉਨ੍ਹਾਂ ਵੱਲੋਂ ਇਸ ਸਬੰਧੀ ਪੂਰੀ ਚਾਰਾਜੋਈ ਕਰਨ 'ਤੇ ਸੁਪਰੀਮ ਕੋਰਟ ਵੱਲੋਂ ਨਿਯਮਾਂ ਮੁਤਾਬਿਕ ਪੈਨਸ਼ਨ ਦੇਣ ਦਾ ਫੈਸਲਾ ਪੈਨਸ਼ਨਰਜ਼ ਦੇ ਹੱਕ ਵਿਚ ਸੁਣਾਇਆ। ਜਿਸ ਤਹਿਤ ਅੱਜ ਅਸੀਂ ਪੈਨਸ਼ਨ ਲੈ ਰਹੇ ਹਾਂ। ਸੁਪਰੀਮ ਕੋਰਟ ਨੇ ਆਪਣੇ ਫੈਸਲੇ ਵਿਚ ਲਿਖਿਆ ਸੀ ਕਿ ਪੈਨਸ਼ਨ ਦੇਣਾ ਕੋਈ ਖਰਾਇਤ ਜਾਂ ਬਖਸ਼ਿਸ਼ ਨਹੀ। ਇਹ ਕਰਮਚਾਰੀ ਵੱਲੋਂ ਸਾਰੀ ਉਮਰ ਬਾਕੀ ਰਹਿੰਦੀ ਜ਼ਿੰਦਗੀ ਮਾਣ-ਸਨਮਾਨ ਨਾਲ ਬਤੀਤ ਕਰ ਸਕਣ।ਇਸ ਸਬੰਧੀ ਸੰਬੋਧਨ ਕਰਦੇ ਹੋਏ ਸਾਥੀ ਬਲੌਰ ਸਿੰਘ ਪ੍ਰਧਾਨ, ਸਾਥੀ ਜਗਰੂਮ ਸਿੰਘ ਪ੍ਰਧਾਨ ਨੇ ਦੱਸਿਆ ਕਿ ਸਮੇ-ਸਮੇ ਦੀਆਂ ਲੋਕ ਵਿਰੋਧੀ ਸਰਕਾਰਾਂ ਵੱਲੋ ਪੈਨਸ਼ਨ ਬੰਦ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਰਹੀਆਂ, ਆਖਰ 2003 ਵਿਚ ਕੇਂਦਰ ਦੀ ਵਾਜਪਾਈ ਸਰਕਾਰ ਵੱਲੋਂ ਪਾਰਲੀਮੈਂਟ ਵਿਚ ਬਿੱਲ ਲਿਆ ਕੇ ਪੁਰਾਣੀ ਪੈਨਸ਼ਨ ਬੰਦ ਕਰਕੇ ਨਵੀਂ ਪੈਨਸ਼ਨ ਸਕੀਮ ਲਾਗੂ ਕੀਤੀ ਗਈ। ਜਿਸ ਨਾਲ 1-1-2004 ਬਾਅਦ ਭਰਤੀ ਹੋਏ ਮੁਲਾਜਮਾਂ ਨੂੰ ਸੇਵਾ ਮੁਕਤ ਹੋਣ ਸਮੇ ਬਹੁਤ ਨੁਕਸਾਨ ਹੋਇਆ। ਅੱਜ ਵੀ ਸਮੁੱਚਾ ਮੁਲਾਜਮ ਪੁਰਾਣੀ ਪੈਨਸ਼ਨ ਬਹਾਲੀ ਲਈ ਸੰਘਰਸ਼ ਕਰ ਰਿਹਾ ਹੈ, ਸਾਲ 2022 ਵਿਚ ਗੁਜਰਾਤ ਅਤੇ ਹਿਮਾਚਲ ਪ੍ਰਦੇਸ਼ ਦੀਆਂ ਚੋਣਾਂ ਮੌਕੇ ਪੰਜਾਬ ਸਰਕਾਰ ਵੱਲੋਂ ਆਪਣੀ ਪਾਰਟੀ ਲਈ ਵੱਡਾ ਅੰਦੋਲਨ ਅਤੇ ਇਸ਼ਤਿਹਾਰ ਬਾਜ਼ੀ ਕਰਨ ਲਈ ਪੁਰਾਣੀ ਪੈਨਸ਼ਨ ਬਾਹਲੀ ਦਾ ਮਿਤੀ 18-11-2022 ਨੂੰ ਇਕ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਜਿਸ ਨੂੰ ਅੱਜ ਤੱਕ ਲਾਗੂ ਨਹੀ ਕੀਤਾ ਗਿਆ।ਸਾਥੀ ਜੰਗੀਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵਿੱਤੀ ਰਕਮ ਦਾ ਬਹਾਨਾ ਲਾ ਕੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇਣ ਤੋਂ ਵੀ ਭੱਜ ਰਹੀ ਹੈ। ਕੇਂਦਰ ਸਰਕਾਰ ਵਲੋਂ ਬਿਜਲੀ ਸੋਧ ਬਿੱਲ, ਬੀਜ ਸੋਧ ਬਿੱਲ ਅਤੇ ਪੰਜਾਬ ਸਰਕਾਰ ਵੱਲੋਂ ਪਾਵਰਕਾਮ ਅਤੇ ਹੋਰ ਅਦਾਰਿਆਂ ਜ਼ਮੀਨਾਂ ਵੇਚਣ, ਚਿਪ ਵਾਲੇ ਮੀਟਰਾਂ ਅਤੇ ਹੋਰ ਲੋਕ ਵਿਰੋਧ ਦੋਸ਼ ਲਿਆਂਦਾ ਤਾਂ ਪਾਵਰਕਾਮ ਪੈਨਸ਼ਨਰਜ਼ ਵਲੋਂ ਡਟਵਾਂ ਵਿਰੋਧ ਕੀਤਾ ਜਾਵੇਗਾ ਅਤੇ ਐਸ.ਕੇ.ਐਮ. ਅਤੇ ਹੋਰ ਜੱਥੇਬੰਦੀਆਂ ਵਲੋਂ ਦਿੱਤੇ ਸੰਘਰਸ਼ ਪ੍ਰੋਗਰਾਮਾਂ ਵਿਚ ਭਰਵੀਂ ਸ਼ਮੂਲੀਅਤ ਕੀਤੀ ਜਾਵੇ। ਲੋਕਾਂ ਦੀ ਅਵਾਜ ਚੁੱਕਣ ਵਾਲੇ ਪੱਤਰਕਾਰਾਂ ਉਪਰ ਪੰਜਾਬ ਸਰਕਾਰ ਵੱਲੋ ਕੀਤੇ ਝੂਠੇ ਪਰਚਿਆ ਦੀ ਪੁਰਜ਼ੋਰ ਸ਼ਬਦਾ ਨਾਲ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਝੂਠੇ ਪਰਚੇ ਦੇ ਰੱਦ ਕੀਤੇ ਜਾਣ। ਪੈਨਸ਼ਨ ਦਿਵਸ ਮੌਕੇ ਬੰਤ ਸਿੰਘ, ਜੋਗਿੰਦਰ ਸਿੰਘ ਸਕੱਤਰ, ਸਟੇਟ ਆਗੂ ਸਿੰਦਰ ਸਿੰਘ ਧੌਲਾ, ਸਾਥੀ ਯਸ਼ਪਾਲ ਸਕੱਤਰ ਮੰਡਲ ਸੰਗਰੂਰ, ਸੁਰਿੰਦਰਪਾਲ ਸਿੰਘ ਸਰਕਲ ਸਕੱਤਰ, ਸਾਥੀ ਰੇਸ਼ਮ ਸਿੰਘ, ਮੀਤ ਪ੍ਰਧਾਨ ਕੋਟਕਪੂਰਾ ਮੰਡਲ, ਸਾਥੀ ਮਿੱਠੂ ਸਿੰਘ ਪ੍ਰਧਾਨ, ਬਲਵੰਤ ਸਿੰਘ ਪ੍ਰਧਾਨ, ਭਜਨ ਸਿੰਘ ਗਿੱਲ ਸੂਬਾ ਪ੍ਰਧਾਨ ਗੌਰਮੈਂਟ ਪੈਨਸ਼ਨਰ ਐਸੋਸੀਏਸ਼ਨ ਪੰਜਾਬ, ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।






AXIS BANK Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana- 141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025
Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

[ਰੂਲ 8 (1)]

(ਅਚੱਲ ਜਾਇਦਾਦ ਵਾਸਤੇ)

[illegible] ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਵਰਨਣ ਜਾਇਦਾਦ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਕਰਨ 'ਤੇ ਰਕਮ ਅਤੇ ਉਸ ਉਪਰ ਵਿਆਜ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।


| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ ਅਤੇ ਪਤਾ | ਡਿਮਾਂਡ ਨੋਟਿਸ ਦੀ ਮਿਤੀ/ਕਬਜ਼ੇ ਦੀ ਮਿਤੀ |
|---|---|---|
| 1. | 1. ਸ੍ਰੀ ਵਿਸ਼ਾਲ ਜੈਨ ਪੁੱਤਰ ਵਿਨੋਦ ਕੁਮਾਰ ਜੈਨ (ਕਰਜ਼ਦਾਰ/ਰਹਿਨਕਾਰ) ਅਤੇ ਮਿਸਜ਼ ਵੀਨਾ ਜੈਨ ਪਤਨੀ ਵਿਨੋਦ ਕੁਮਾਰ ਜੈਨ (ਸਹਿ-ਕਰਜ਼ਦਾਰ) | ਡਿਮਾਂਡ ਨੋਟਿਸ 'ਚ ਰਕਮ (ਰੁਪਏ)<br>04 ਦਸੰਬਰ 2023/6 ਜਨਵਰੀ 2026<br>ਰੁਪਏ 15,74,033/- ਪੰਦਰਾਂ ਲੱਖ ਚੌਹੱਤਰ ਹਜ਼ਾਰ ਤੇ ਤੇਤੀ ਰੁਪਏ ਕੇਵਲ) |

ਜਾਇਦਾਦ ਦਾ ਵੇਰਵਾ-ਰਿਹਾਇਸ਼ੀ ਜਾਇਦਾਦ/ਮਕਾਨ ਦਾ ਸਮੁੱਚਾ ਅਟੁੱਟ ਹਿੱਸਾ, ਰਕਬਾ 60 ਵਰਗ ਗਜ਼, ਖਸਰਾ ਨੰ. 5//16/2, ਖਾਤਾ ਨੰ. 1916/2134, ਜਮ੍ਹਾਂਬੰਦੀ ਸਾਲ 2011-2012 ਅਨੁਸਾਰ, ਪਤਾ ਤਰਸੇਮ ਕਾਲੋਨੀ, ਨੇੜੇ ਚੂੜਪੁਰ, ਰੋਡ, ਹੈਬੋਵਾਲ ਕਲਾਂ, ਹਦਬਸਤ ਨੰ. 102, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਸ੍ਰੀ ਵਿਸ਼ਾਲ ਜੈਨ ਪੁੱਤਰ ਵਿਨੋਦ ਕੁਮਾਰ ਜੈਨ ਦੇ ਨਾਂਅ ਰਜਿਸਟਰਡ, ਸੇਲ ਡੀਡ ਡਾਕੂਮੈਂਟ ਨੰ. 2020-21/101/1/12966 ਮਿਤੀ 23 ਫਰਵਰੀ 2021, ਹੱਦਬੰਦੀ (ਦਸਤਾਵੇਜ਼ਾਂ ਅਨੁਸਾਰ) ਪੂਰਬ : ਗਲੀ, ਪੱਛਮ : ਗਵਾਂਢੀ ਸ਼ਾਮ ਲਾਲ, ਉੱਤਰ : ਗਵਾਂਢੀ, ਦੱਖਣ : ਰਮਨ ਧੀਰ

ਉਪਰੋਕਤ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਰਕਮ ਵਾਪਸ ਮੋੜਨ ਲਈ 30 ਦਿਨਾਂ ਦਾ ਨੋਟਿਸ ਦਿੱਤਾ ਗਿਆ ਹੈ, ਨਹੀਂ ਤਾਂ ਰਹਿਣ ਕੀਤੀਆਂ ਜਾਇਦਾਦਾਂ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 30 ਦਿਨ ਗੁਜ਼ਰ ਜਾਣ 'ਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਅਤੇ 9 ਦੀਆਂ ਵਿਵਸਥਾਵਾਂ ਤਹਿਤ ਵੇਚ ਦਿੱਤੀਆਂ ਜਾਣਗੀਆਂ।

ਮਿਤੀ : 08.01.2026, ਸਥਾਨ : ਲੁਧਿਆਣਾ ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ


# ਫਰੀਡਮ ਫਾਈਟਰ ਪਰਵਾਰਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਤਿੱਖੇ ਸੰਘਰਸ਼ ਦਾ ਐਲਾਨ



**ਨਾਭਾ (ਵਰਿੰਦਰ ਵਰਮਾ)-** ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ, ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੀ ਅਗਵਾਈ ਹੇਠ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਗਟ ਕੀਤਾ ਗਿਆ। ਮਿੰਨੀ ਸਕੱਤਰੇਤ ਵਿਖੇ ਸਹਾਇਕ ਕਮਿਸ਼ਨਰ (ਜ) ਸਿਮਰਪ੍ਰੀਤ ਕੌਰ ਦੀ ਪ੍ਰਧਾਨਗੀ ਹੇਠ ਫਰੀਡਮ ਫਾਈਟਰ ਪਰਿਵਾਰਾਂ ਦੀਆਂ ਸਮੱਸਿਆਂਵਾਂ ਦੇ ਹੱਲ ਲਈ ਮੀਟਿੰਗ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਅਤੇ ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੌਬੀ ਨੇ ਕਿਹਾ ਕਿ ਮੀਟਿੰਗ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀ ਫਰੀਡਮ ਫਾਈਟਰ ਪਰਿਵਾਰਾਂ ਦੇ ਮਸਲਿਆਂ ਨੂੰ ਬਿਨ੍ਹਾਂ ਹੱਲ ਕੀਤੇ ਹੀ ਹਾਜ਼ਰ ਹੋਏ। ਜਿਸ ਸਬੰਧੀ ਮੌਜੂਦ ਪਰਿਵਾਰਾਂ ਨੇ ਸਹਾਇਕ ਕਮਿਸ਼ਨਰ ਸਾਹਮਣੇ ਤਿੱਖਾ ਰੋਸ ਜ਼ਾਹਿਰ ਕਰਦਿਆਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਤੋਂ ਜ਼ਿਲ੍ਹਾ ਪਟਿਆਲਾ ਦਾ ਪ੍ਰਸ਼ਾਸਨ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਆਮ ਸਮੱਸਿਆਵਾਂ ਜਿਨ੍ਹਾਂ ਵਿੱਚ ਸੁਤੰਤਰਤਾ ਸੰਗਰਾਮੀ ਨਾਲ ਸਬੰਧਤ ਸਕੂਲ ਦਾ ਸੁੰਦਰੀਕਰਨ, ਸੁਤੰਤਰਤਾ ਸੰਗਰਾਮੀ ਨਾਲ ਸਬੰਧਤ ਸੜਕ ਦਾ ਉਦਘਾਟਨ, ਸਕੂਲਾਂ ਦੇ ਨਾਂ ਰੱਖਣ ਦੀ ਪ੍ਰਕਿਰਿਆ, ਸਰਕਾਰੀ ਦਫ਼ਤਰਾਂ ਵਿੱਚ ਮਾਣ ਸਨਮਾਨ ਆਦਿ ਸ਼ਾਮਿਲ ਹਨ, ਨੂੰ ਲਾਗੂ ਕਰਵਾਉਣ ਵਿੱਚ ਅਸਫ਼ਲ ਸਾਬਤ ਹੋਇਆ ਹੈ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਮਹੀਨੇ ਫਰੀਡਮ ਫਾਈਟਰ ਪਰਿਵਾਰਾਂ ਨਾਲ ਮੀਟਿੰਗ ਕਰਨ ਅਤੇ ਸਮੱਸਿਆਵਾਂ ਦੇ ਹੱਲ ਲਈ ਡਿਪਟੀ ਕਮਿਸ਼ਨਰਾਂ ਦੀ ਮੌਜੂਦਗੀ ਨੂੰ ਲਾਜ਼ਮੀ ਕੀਤਾ ਗਿਆ ਹੈ,ਪ੍ਰੰਤੂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰ ਦੇ ਹੁਕਮਾਂ ਨੂੰ ਛਿੱਕੇ ਟੰਗ ਕੇ ਛੇ ਮਹੀਨੇ ਬਾਅਦ ਮੀਟਿੰਗ ਰੱਖ ਕੇ ਮਨਮਾਨੀਆਂ ਕੀਤੀਆਂ ਜਾ ਰਹੀਆਂ ਹਨ। ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਦੇ ਆਗੂਆਂ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਨੂੰ 15 ਜਨਵਰੀ ਤੱਕ ਦਾ ਅਲਟੀਮੇਟਮ ਦਿੰਦੇ ਹੋਏ ਕਿਹਾ ਕਿ ਜੇਕਰ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਵਿਚਾਰ ਕੇ ਹੱਲ ਨਾ ਕੀਤਾ ਗਿਆ ਤਾਂ ਪੰਜਾਬ ਸਰਕਾਰ ਵਿਰੁੱਧ ਤਿੱਖਾ ਸੰਘਰਸ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਗਣਤੰਤਰ ਦਿਵਸ ਸਮਾਗਮਾਂ ਵਿੱਚ ਸਮੂਲੀਅਤ ਕਰਨ ਸਬੰਧੀ 15 ਜਨਵਰੀ ਤੋਂ ਬਾਅਦ ਸੂਬਾ ਕਮੇਟੀ ਵਲੋਂ ਫੈਸਲਾ ਲਿਆ ਜਾਵੇਗਾ। ਸਹਾਇਕ ਕਮਿਸ਼ਨਰ ਜਨਰਲ ਸਿਮਰਪ੍ਰੀਤ ਕੌਰ ਨੂੰ ਪੰਜਾਬ ਸਰਕਾਰ ਦੇ ਨਾਂ ਮੰਗ ਪੱਤਰ ਵੀ ਦਿੱਤਾ। ਇਸ ਮੌਕੇ ਜਥੇਬੰਦੀ ਦੇ ਆਗੂ ਇੰਦਰਪਾਲ ਸਿੰਘ ਧਾਲੀਵਾਲ ਸੋਨੀ, ਅਮਰਪ੍ਰੀਤ ਸਿੰਘ ਬੋਬੀ, ਪ੍ਰੀਤਮ ਸਿੰਘ ਮਾਨ, ਗੁਰਇੰਕਬਾਲ ਸਿੰਘ ਸੰਧੂ, ਰਾਜ ਕੁਮਾਰ ਡਕਾਲਾ, ਅਜੇ ਖੰਨਾ, ਕਮਲਦੀਪ ਸਿੰਘ ਗਿੱਲ ਪਰਮਜੀਤ ਸਿੰਘ, ਪ੍ਰਭਜੀਤ ਸਿੰਘ, ਵਰਿੰਦਰ ਧੀਮਾਨ, ਬਲਵਿੰਦਰ ਸਿੰਘ, ਹਰਦੀਪ ਸਿੰਘ, ਰਾਜਿੰਦਰ ਵਡੇਰਾ, ਰਘਬੀਰ ਸਿੰਘ, ਰਾਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਇੰਦਰਪਾਲ ਸਿੰਘ ਵਿਰਕ, ਨਰਿੰਦਰ ਸਿੰਘ ਆਦਿ ਹਾਜ਼ਰ ਸਨ।

# ਦਸੰਬਰ ਮਹੀਨੇ ਦੀਆਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ 'ਚ ਰੋਸ



**ਲੌਂਗੋਵਾਲ / ਸੰਗਰੂਰ (ਪ੍ਰਦੀਪ ਸੱਪਲ)-** ਜ਼ਿਲ੍ਹਾ ਸੰਗਰੂਰ ਦੇ ਚੀਮਾ ਅਤੇ ਸੁਨਾਮ-1 ਬਲਾਕ ਦੇ ਸੈਂਕੜੇ ਅਧਿਆਪਕਾਂ ਨੂੰ ਦਸੰਬਰ ਮਹੀਨੇ ਦੀਆਂ ਤਨਖਾਹਾਂ ਹਾਲੇ ਤੱਕ ਨਾ ਮਿਲਣ 'ਤੇ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਦਾ ਵਫ਼ਦ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਸੰਗਰੂਰ ਨੂੰ ਮਿਲਿਆ ਅਤੇ ਇਸ ਵਿਰੁੱਧ ਰੋਸ ਪ੍ਰਗਟ ਕੀਤਾ।ਖਜ਼ਾਨਾ ਅਫ਼ਸਰ ਨੇ ਦੱਸਿਆ ਕਿ ਜਿਹੜੇ ਬਿੱਲ 1 ਜਨਵਰੀ ਤੋਂ ਪਹਿਲਾਂ ਖਜ਼ਾਨੇ ਵਿੱਚ ਪਹੁੰਚ ਗਏ ਸਨ, ਉਹਨਾਂ ਦਾ ਭੁਗਤਾਨ 1 ਤਾਰੀਖ ਨੂੰ ਕਰ ਦਿੱਤਾ ਗਿਆ ਸੀ ਅਤੇ ਉਸ ਤੋਂ ਬਾਅਦ ਪਹੁੰਚੇ ਬਿੱਲਾਂ ਦੇ ਭੁਗਤਾਨ ਉੱਤੇ ਸਰਕਾਰ ਵੱਲੋਂ ਜ਼ੁਬਾਨੀ ਪਾਬੰਦੀ ਲਗਾਈ ਹੋਈ ਹੈ। ਵਫ਼ਦ ਨੇ ਇਸ ਦਾ ਵਿਰੋਧ ਕਰਦਿਆਂ ਚੇਤਾਵਨੀ ਦਿੱਤੀ ਕਿ ਤਨਖਾਹਾਂ ਤੁਰੰਤ ਜਾਰੀ ਨਾ ਹੋਣ ਦੀ ਸੂਰਤ ਵਿੱਚ ਜਲਦ ਹੀ ਜਥੇਬੰਦਕ ਐਕਸ਼ਨ ਕੀਤਾ ਜਾਵੇਗਾ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਅਤੇ ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ ਨੇ ਦੱਸਿਆ ਕਿ ਇਹ ਪਿਛਲੇ ਕਈ ਮਹੀਨਿਆਂ ਤੋਂ ਪੰਜਾਬ ਸਰਕਾਰ ਨੇ ਮੁਲਾਜ਼ਮ ਵਿਰੋਧੀ ਨੀਤੀ ਬਣਾ ਲਈ ਹੈ ਜਿਸ ਅਧੀਨ ਤਨਖਾਹਾਂ ਦੇ ਬਿੱਲਾਂ ਦਾ ਭੁਗਤਾਨ ਕਈ-ਕਈ ਦਿਨ ਜ਼ੁਬਾਨੀ ਤੌਰ 'ਤੇ ਰੋਕਿਆ ਜਾਂਦਾ ਹੈ, ਜਿਸ ਕਾਰਨ ਮੁਲਾਜ਼ਮਾਂ ਨੂੰ ਬਹੁਤ ਸਾਰੀਆਂ ਵਿੱਤੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਨੀਤੀ ਨੂੰ ਤੁਰੰਤ ਰੋਕਿਆ ਜਾਵੇ ਅਤੇ ਅਜਿਹਾ ਨਾ ਕਰਨ 'ਤੇ ਜਥੇਬੰਦੀ ਭਵਿੱਖ ਵਿੱਚ ਇਸ ਖਿਲਾਫ਼ ਲਗਾਤਾਰ ਸੰਘਰਸ਼ ਵਿੱਢੇਗੀ। ਉਹਨਾਂ ਮੰਗ ਕੀਤੀ ਕਿ ਜਿੱਥੇ ਕਿਤੇ ਵੀ ਕਲਰਕਾਂ ਦੀ ਅਸਾਮੀਆਂ ਖਾਲੀ ਹਨ, ਉਹ ਵੀ ਤੁਰੰਤ ਭਰੀਆਂ ਜਾਣ ਤਾਂ ਕਿ ਇਸ ਕਾਰਨ ਤਨਖਾਹ ਦੇ ਬਿੱਲਾਂ ਦਾ ਭੁਗਤਾਨ ਦੇਰੀ ਨਾਲ ਨਾ ਹੋਵੇ। ਉਹਨਾਂ ਜ਼ਿਲ੍ਹੇ ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਅਤੇ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲਾਂ ਦੇ ਦਫਤਰਾਂ ਨੂੰ ਵੀ ਤਾਕੀਦ ਕੀਤੀ ਕਿ ਅਧਿਆਪਕਾਂ ਦੀਆਂ ਤਨਖ਼ਾਹਾਂ ਦੇ ਬਿੱਲ ਸਰਕਾਰੀ ਨਿਯਮਾਂ ਅਨੁਸਾਰ ਮਹੀਨੇ ਦੇ ਆਖਰੀ ਦਿਨ ਤੋਂ ਦੋ-ਤਿੰਨ ਦੀ ਦਿਨ ਪਹਿਲਾਂ ਖ਼ਜ਼ਾਨਾ ਦਫ਼ਤਰ ਪਹੁੰਚਾ ਦਿੱਤੇ ਜਾਣ।ਵਫ਼ਦ ਵਿੱਚ ਉਕਤ ਤੋਂ ਇਲਾਵਾ ਸੀਨੀਅਰ ਆਗੂ ਬਲਬੀਰ ਲੌਂਗੋਵਾਲ ਅਤੇ ਬਲਾਕਾਂ ਦੇ ਆਗੂ ਚੰਦਰ ਸ਼ੇਖਰ, ਜਗਦੀਪ ਸਿੰਘ ਅਤੇ ਸੰਜੀਵ ਕੁਮਾਰ ਸ਼ਾਮਲ ਸਨ।

# 3 ਨਾਜਾਇਜ਼ ਪਿਸਟਲ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ) -** ਥਾਣਾ ਮੱਲਾਂਵਾਲਾ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ ਤਿੰਨ ਨਾਜਾਇਜ਼ ਪਿਸਟਲਾਂ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਦਿਲਬਾਗ ਸਿੰਘ ਨੇ ਦੱਸਿਆ ਕਿ ਸਰਵਨ ਪੁੱਤਰ ਤਰਸੇਮ ਵਾਸੀ ਵਾਰਡ ਨੰਬਰ 17 ਭਾਰਤ ਨਗਰ, ਸਿਟੀ ਫਿਰੋਜ਼ਪੁਰ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ ਇਕ ਗਲੋਕ ਪਿਸਟਲ ਸਮੇਤ 3 ਰੌਂਦ, ਇਕ ਦੇਸੀ ਕੱਟਾ ਸਮੇਤ 3 ਰੌਂਦ ਅਤੇ ਇਕ 32 ਬੋਰ ਪਿਸਟਲ ਸਮੇਤ 3 ਰੌਂਦ ਬਰਾਮਦ ਕੀਤੇ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਲੇਖਾਕਾਰ ਵਜੋਂ ਦਿਉਲ ਚੰਦ ਨੇ ਕਾਰਜਭਾਰ ਸੰਭਾਲਿਆ



**ਜਲਾਲਾਬਾਦ (ਜੀਤ ਕੁਮਾਰ)-** ਮਾਰਕਿਟ ਕਮੇਟੀ ਜਲਾਲਾਬਾਦ ਦੇ ਦਫਤਰ ਵਿਖੇ ਦਿਉਲ ਚੰਦ ਨੇ ਲੇਖਾਕਾਰ ਵਜੋਂ ਪਦਉਨਤ ਦਾ ਚਾਰਜ ਸੰਭਾਲ ਲਿਆ ਹੈ। ਮਾਰਕਿਟ ਕਮੇਟੀ ਜਲਾਲਾਬਾਦ ਦੇ ਸਮੁੱਚੇ ਸਟਾਫ ਨੇ ਦਿਉਲ ਚੰਦ ਨੂੰ ਅਹੁਦਾ ਸੰਭਾਲਣ ਉਪਰੰਤ ਵਧਾਈ ਦਿੱਤੀ। ਇਸ ਤੋਂ ਪਹਿਲਾਂ ਮਾਰਕਿਟ ਕਮੇਟੀ ਦੇ ਮੰਡੀ ਸੁਪਰਵਾਈਜ਼ਰ ਦੀ ਪੋਸਟ 'ਤੇ ਕੰਮ ਕਰ ਰਹੇ ਸਨ। ਇਸ ਮੌਕੇ ਮਾਰਕਿਟ ਕਮੇਟੀ ਜਲਾਲਾਬਾਦ ਦੇ ਚੇਅਰਮੈਨ ਦੇਵ ਰਾਜ ਸ਼ਰਮਾ, ਸਕੱਤਰ ਸੌਰਵ ਝੋਰੜ, ਅਮਿਤ ਵਰਮਾ, ਰਾਜੇਸ਼ ਬਜਾਜ, ਗਗਨ ਕਮਰਾ, ਜੀਵਨਜੀਤ ਸਿੰਘ, ਮਨਜਿੰਦਰ ਪਾਲ ਸਿੰਘ, ਮਨਜੋਤ ਸਿੰਘ, ਸ਼ਿਲਪਾ, ਅਮਰਜੀਤ ਕੌਰ, ਸੰਨੀ, ਸੁਰਿੰਦਰ ਆਦਿ ਮੌਜੂਦ ਸਨ।


ਉੱਤਰ ਰੇਲਵੇ

ਈ-ਟੈਂਡਰ ਸੂਚਨਾ

ਸੀਨੀ.ਮੰਡਲ ਵਿਯੁਤ ਇੰਜੀਨੀਅਰ/ਸ., ਉੱਤਰ ਰੇਲਵੇ ਜੰਮੂ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ (www.ireps.gov.in) ਮੰਗ ਕੀਤੀ ਜਾਂਦੀ ਹੈ। ਟੈਂਡਰਕਾਰ ਅਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (ਰੁ:) | ਬਿਆਨਾ ਰਾਸ਼ੀ (ਰੁ:) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|
| 251-J-ਵਿਯੁਤ/ਟੀ-22-2025-26 | ਜੰਮੂ ਡਵੀਜਨ ਦੇ ਅੰਤਰਗਤ ਪੀਟੀਕੇ-ਐਮਸੀਟੀਐਮ (ਪਠਾਨਕੋਟ-ਉਧਮਪੁਰ) ਸੈਕਸ਼ਨ ਦੇ ਲਈ ਪ੍ਰਸਤਾਵਿਤ ਜੀ ਐਮ ਨਿਰੀਖਸ਼ਨ ਲਈ ਵਿਦਯੁਤ ਸੰਪਤੀਆਂ ਦੀ ਮੁਰੰਮਤ, ਸੁਧਾਰ ਅਤੇ ਵਿਸ਼ੇਸ਼ ਰੱਖ-ਰੱਖਾਵ ਸਹਿਤ ਵਿਦਯੁਤ ਕੰਮ। | 1,67,88,865.51 | 2,34,000.00 | 06 ਮਹੀਨੇ | 28.01.2026 15:00 ਵਜੇ ਦੇ ਬਾਦ | www.ireps.gov.in |

ਨੰਬਰ 251-J-ਵਿਯੁਤ-ਟੈਂਡਰ ਨੋਟਿਸ ਨੰ: 22/2025-26 ਮਿਤੀ : 06.01.2026 64/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਉਤਰ ਰੇਲਵੇ

ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸ.,ਉਤਰ ਰੇਲਵੇ, ਜੰਮੂ ਤਵੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (ਰੁ) | ਬਿਆਨਾ ਰਾਸ਼ੀ (ਰੁ) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-J-ਬਿਜਲੀ-T-23-2025-26 | ਜੇ ਏ ਟੀ (ਜੰਮੂ ਤਵੀ) ਦੀ ਈਸਟ ਕਾਲੋਨੀ ਵਿਚ ਪਲੰਬਿੰਗ ਪਾਈਪਾਂ ਸਮੇਤ 225 ਕਿਲੋਲੀਟਰ ਆਰਸੀਸੀ ਓਐਚ ਪਾਣੀ ਦੀ ਟੰਕੀ ਲਗਾਉਣ ਦੇ ਸਬੰਧ ਵਿਚ ਬਿਜਲੀ ਕੰਮ। | Rs. 13,96,762.39 | 27,900.00 | 6 ਮਹੀਨੇ | 29.01.2026 15:00 Hrs ਦੇ ਬਾਅਦ | www.ireps.gov.in |

ਨੰ.- 251J-ਬਿਜਲੀ/ਟੈਂਡਰ ਨੋਟਿਸ ਨੰ. 23/2025-26 ਮਿਤੀ:- 07.01.2026 72/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਉਤਰ ਰੇਲਵੇ

ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਨਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR26-01 | 20/01/2026 ਨੂੰ 11:00 Hrs. | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):14633/F1, 14632/R1, 22486/F1, 14630/R1, 19614/F1, 14616/F1, 14604/F1, 12422/F1, 13308/R1 & 14633/F2. |
| EAFZR-SLR26-02 | 22/01/2026 ਨੂੰ 11:00 Hrs. | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):12014/F1, 14601/F2, 20424/F1, 13308/F1, 14632/F1, 14601/R1, 14633/R1, 14601/F1, 12412/F1 & 14542/F1. |
| EAFZR-SLR26-03 | 23/01/2026 ਨੂੰ 11:00 Hrs. | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):14626/F1, 14622/F1, 14508/F2, 15532/F1, 12030/F1, 14680/F1, 14614/F1, 22552/F1, 14614/R1, 19326/F1, 14682/F1 & 22446/F1. |
| EAFZR-DLock-02 | 20/01/2026 ਨੂੰ 11:00 Hrs. | ਫਿਰੋਜਪੁਰ ਡਵੀਜਨ ਦੇ ਫਿਰੋਜਪੁਰ ਕੈਂਟ ਅਤੇ ਜਲੰਧਰ ਸਿਟੀ ਰੇਲਵੇ ਸਟੇਸ਼ਨਾਂ ਉਤੇ ਡਿਜਿਟਲ ਸਟੋਰੇਜ ਲਾਕਰਸ ਦੀ ਸਥਾਪਨਾ, ਰਖਰਖਾਅ ਅਤੇ ਸੰਚਾਲਨ ਦੇ ਲਈ ਤਿੰਨ (03) ਸਾਲਾਂ ਦੇ ਸਮੇਂ ਦੇ ਲਈ ਕਾਂਟਰੈਕਟ। |
| EAFZR-PACKING39 | 21/01/2026 ਨੂੰ 11:00 Hrs. | ਫਿਰੋਜਪੁਰ ਕੈਂਟ ਵਿਚ ਦੋ ਪਹੀਆ ਵਾਹਨਾਂ ਅਤੇ ਹੋਰ ਪਾਰਸਲ ਪੈਕੇਜਾਂ ਦੀ ਪੇਕਿੰਗ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |
| EAFZR-SCANNER-26 | 22/01/2026 ਨੂੰ 11:00 Hrs. | ਫਿਰੋਜਪੁਰ ਕੈਂਟ, ਜਲੰਧਰ ਕੈਂਟ ਅਤੇ ਜਲੰਧਰ ਸਿਟੀ ਰੇਲਵੇ ਸਟੇਸ਼ਨ ਉਤੇ ਸਾਰੇ ਆਊਟਗੋਇੰਗ ਪਾਰਸਲਾਂ ਦੀ ਸਕੈਨਿੰਗ ਦੇ ਲਈ ਪਾਰਸਲ ਸਕੈਨਰ ਮਸ਼ੀਨ ਦੇ ਪ੍ਰਾਵਧਾਨ ਦੇ ਕੰਮ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |
| EAFZR-SLR26-04 | 27/01/2026 ਨੂੰ 11:00 Hrs. | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 15015/F1, 14654/F2, 14720/F1, 19612/F1, 11058/R1, 12032/F1, 14654/R1 & 14654/F1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 62/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਉਤਰ ਰੇਲਵੇ

ਖੁਲੀ ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ./ ਜੰਮੂ ਤਵੀ ਉ.ਰੇ., ਫਿਰੋਜਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 29.01.2026 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਨਿਵਿਦਾਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 29.01.2026 ਨੂੰ 15:00 ਵਜੇ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (ਰੁ.) | ਟੈਂਡਰ ਦੀ ਕੀਮਤ (ਰੁ.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 760A-ਟੀ.ਆਰ.ਡੀ.-ਜੰਮੂ ਤਵੀ -2025-26 | ਸੁਚੀ ਪਿੰਡ (SCPD) - ਜੰਮੂ ਤਵੀ (JAT) - ਸ੍ਰੀ ਮਾਤਾ ਵੈਸ਼ਨੋ ਦੇਵੀ ਕਟਰਾ (SVDK) ਸੈਕਸ਼ਨ ਵਿਚ SCADA ਸਿਸਟਮ ਅਤੇ ਜੰਮੂ ਡਵੀਜਨ ਦੇ ਰਿਮੋਟ ਕੰਟ੍ਰੋਲ ਸੇਂਟਰ (RCC/JAT) ਉਤੇ ਓਪਨ ਅਕਸੇਸ ਦੇ ਲਈ ਚਾਲੂ ਕੀਤੇ ਗਏ ਥਝਛ ਸੇਟਅਪ ਦਾ ਸਲਾਨਾ ਰਖਰਖਾਅ ਕਾਂਟਰੈਕਟ (ਵਿਆਪਕ) 4 (ਚਾਰ) ਸਾਲਾਂ ਦੇ ਸਮੇਂ ਦੇ ਲਈ ਕੰਮ। | 1,01,75,894.82 | ਜੀਰੋ | 29.01.2026 15:00 ਵਜੇ ਤਕ | 2,00,900/- | 48 ਮਹੀਨੇ | 29.01.2026 15:00 ਵਜੇ ਦੇ ਬਾਅਦ | www.ireps.gov.in |

ਨੋਟ: #ਨਿਵਿਦਾਕਰਤਾ ਕਿਰਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਿਨਾ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਮਾਧਿਅਮ ਨਾਲ ਨਕਦ ਵਿਚ ਜਾਂ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਨਿਜਕ ਬੇਂਕ ਤੋਂ ਬੈਂਕ ਗਾਰੰਟੀ ਬਾਂਡ ਦੇ ਰੂਪ ਵਿਚ ਜਾਂ ਨਿਵਿਦਾ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਲਿਡ ਹਨ। ਬੋਲੀ ਦੀ ਵੈਧਤਾ ਅਵਧੀ ਦੇ ਬਾਅਦ 90 ਦਿਨ ਦੇ ਲਈ ਅਧੂਰੇ ਅਤੇ ਅਣਵੈਲਿਡ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸ ਦੇ ਲਈ ਠੇਕੇਦਾਰ ਦਾ ਰੇਲਵੇ ਤੇ ਕੋਈ ਦਾਅਵਾ ਨਹੀਂ ਹੋਵੇਗਾ।

ਨੰ.:760ਏ-ਟੀ.ਆਰ.ਡੀ.-ਜੰਮੂ ਤਵੀ-2025-26 ਮਿਤੀ: 06.01.2026 65/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਉੱਤਰ ਰੇਲਵੇ

ਈ-ਟੈਂਡਰ ਸੂਚਨਾ

Sr.DEN-I/JAT ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ ਕੰਮ ਕਰਦੇ ਹੋਏ ਹੇਠਾ ਦਿਤੀ ਗਈ ਟੈਂਡਰਾਂ ਦੇ ਲਈ ਖੁਲੀ ਟੈਂਡਰਾ (ਈ-ਟੈਂਡਰਾ) ਮੰਗ ਕਰਦੀ ਹੈ ਅਤੇ ਪੂਰਾ ਕਰਨ ਦੀ ਮਿਤੀ ਦੇ ਨਾਲ www.ireps.gov.in ਉਤੇ ਉਪਲਬਧ ਹੈ 28.01.2026 ਨੂੰ 15:00 ਘੰਟੇ ਬੋਲੀਦਾਤਾ ਅਪਣੀ ਮੂਲ/ਸੰਸ਼ੋਧਿਤ ਬੋਲੀਆਂ ਆਖਰੀ ਮਿਤੀ ਅਤੇ ਸਮੇਂ ਤਕ ਹੀ ਜਮਾਂ ਕਰ ਸਕਣਗੇ। ਇਸ ਟੈਂਡਰ ਦੇ ਵਿਰੁਧ ਮੈਨੂੰਅਲ ਆਫਰ ਦੀ ਅਨੁਮਤੀ ਨਹੀ ਹੈ, ਅਤੇ ਪ੍ਰਾਪਤ ਐਸੇ ਕਿਸੀ ਵੀ ਮੈਨੂੰਅਲ ਆਫਰ ਨੂੰ ਅਣਦੇਖਿਆ ਕਰ ਦਿਤਾ ਜਾਵੇਗਾ। ਠੇਕੇਦਾਰ ਨੂੰ ਇਸ ਟੈਂਡਰ ਦੇ ਲਈ ਟੈਂਡਰ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਉਤੇ ਉਪਲਬਧ ਭੁਗਤਾਨ ਮੋਡ ਦੇ ਦੁਆਰਾ ਤੋਂ ਕਰਨ ਦੀ ਅਨੁਮਤੀ ਹੈ। ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਜਿਸਤਰ੍ਹਾਂ ਪੋਰਟਲ, ਡਿਮਾਂਡ ਡਰਾਫਟ, ਬੈਂਕਰ ਚੈਕ, ਜਮਾਂ ਰਸੀਦਾਂ, ਐਫਡੀਆਰ ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਦੀ ਅਨੁਮਤੀ ਨਹੀਂ ਹੈ। ਜ਼ਿਆਦਾ ਜਾਣਕਾਰੀ ਦੇ ਲਈ ਲਾਗਆਨ ਕਰੋ www.ireps.gov.in

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਟੈਂਡਰ ਸ਼ੁਰੂ ਹੋਣ ਦੀ ਮਿਤੀ | ਟੈਂਡਰ ਬੰਦ ਕਰਨ ਦੀ ਮਿਤੀ/ਸਮਾਂ |
| 06.01.2026 | 14.01.2026 | 28.01.2026 |

| ਲ. ਨੰ: | ਟੈਂਡਰ ਨੰ: | ਟੈਂਡਰ ਦਾ ਵੇਰਵਾ | | |
|---|---|---|---|---|
| 1. | 76-2025-26-MCTM-DRM-JAT | JAT-SVDK ਖੰਡ ਉਤੇ ਰੇਲਵੇ ਟ੍ਰੈਕ ਦੇ ਕਿਨਾਰੇ ਜਲ ਨਿਕਾਸੀ ਨਾਲੀਆਂ ਦੀ ਸਫਾਈ ਅਤੇ ਝਾੜੀਆਂ ਅਤੇ ਵਨਸਪਤੀਆਂ ਦੀ ਨਿਰਾਈ-ਗੁਡਾਈ ਕਰਨਾ | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 74,98,948.13 | 1,50,000.00 | 60 ਦਿਨ | 12 ਮਹੀਨੇ |
| | ਕੰਮ ਦੀ ਸਮਾਨ ਪ੍ਰਕ੍ਰਿਤੀ :- "ਟ੍ਰੈਕ ਨਿਰਮਾਣ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ"। | | | |

ਨੋਟ:- 1. ਬੋਲੀ ਲਗਾਣ ਤੋਂ ਪਹਿਲਾ, ਬੋਲੀ ਲਗਾਣ ਵਾਲਿਆਂ ਨੂੰ ਜਾਂਚ ਕਰਨੀ ਹੋਵੇਗੀ ਟੈਂਡਰ ਦੇ ਵਿਰੁਧ ਜਾਰੀ ਕਿਸੀ ਵੀ ਸ਼ੁੱਧੀਪੱਤਰ ਦੇ ਲਈ। 2. ਜੇਕਰ ਹਿੰਦੀ ਅਤੇ ਅੰਗ੍ਰੇਜ਼ੀ ਸੰਸਕਰਣ ਦੇ ਵਿਚ ਅਰਥ ਵਿਚ ਕੋਈ ਵਿਸੰਗਤੀ ਹੈ, ਤਾਂ ਅੰਗ੍ਰੇਜ਼ੀ ਸੰਸਕਰਣ ਨੂੰ ਸਹੀ ਅਤੇ ਆਖਰੀ ਮੰਨਿਆ ਜਾਵੇਗਾ।

ਨੰ: 770-W/01/WA/JAT/2025-26 ਮਿਤੀ: 07.01.2026 69/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਉੱਤਰ ਰੇਲਵੇ

ਈ-ਟੈਂਡਰ ਸੂਚਨਾ

Sr.DEN-I/JAT ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ ਕੰਮ ਕਰਦੇ ਹੋਏ ਹੇਠਾ ਦਿਤੀ ਗਈ ਟੈਂਡਰਾਂ ਦੇ ਲਈ ਖੁਲੀ ਟੈਂਡਰਾ (ਈ-ਟੈਂਡਰਾ) ਮੰਗ ਕਰਦੀ ਹੈ ਅਤੇ ਪੂਰਾ ਕਰਨ ਦੀ ਮਿਤੀ ਦੇ ਨਾਲ www.ireps.gov.in ਉਤੇ ਉਪਲਬਧ ਹੈ 24.01.2026 ਨੂੰ 15:00 ਘੰਟੇ ਬੋਲੀਦਾਤਾ ਅਪਣੀ ਮੂਲ/ਸੰਸ਼ੋਧਿਤ ਬੋਲੀਆਂ ਆਖਰੀ ਮਿਤੀ ਅਤੇ ਸਮੇਂ ਤਕ ਹੀ ਜਮਾਂ ਕਰ ਸਕਣਗੇ। ਇਸ ਟੈਂਡਰ ਦੇ ਵਿਰੁਧ ਮੈਨੂੰਅਲ ਆਫਰ ਦੀ ਅਨੁਮਤੀ ਨਹੀ ਹੈ, ਅਤੇ ਪ੍ਰਾਪਤ ਐਸੇ ਕਿਸੀ ਵੀ ਮੈਨੂੰਅਲ ਆਫਰ ਨੂੰ ਅਣਦੇਖਿਆ ਕਰ ਦਿਤਾ ਜਾਵੇਗਾ। ਠੇਕੇਦਾਰ ਨੂੰ ਇਸ ਟੈਂਡਰ ਦੇ ਲਈ ਟੈਂਡਰ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਉਤੇ ਉਪਲਬਧ ਭੁਗਤਾਨ ਮੋਡ ਦੇ ਦੁਆਰਾ ਤੋਂ ਕਰਨ ਦੀ ਅਨੁਮਤੀ ਹੈ। ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਜਿਸਤਰ੍ਹਾਂ ਪੋਰਟਲ, ਡਿਮਾਂਡ ਡਰਾਫਟ, ਬੈਂਕਰ ਚੈਕ, ਜਮਾਂ ਰਸੀਦਾਂ, ਐਫਡੀਆਰ ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਦੀ ਅਨੁਮਤੀ ਨਹੀਂ ਹੈ। ਜ਼ਿਆਦਾ ਜਾਣਕਾਰੀ ਦੇ ਲਈ ਲਾਗਆਨ ਕਰੋ www.ireps.gov.in

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਟੈਂਡਰ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਟੈਂਡਰ ਸ਼ੁਰੂ ਹੋਣ ਦੀ ਮਿਤੀ | ਟੈਂਡਰ ਬੰਦ ਕਰਨ ਦੀ ਮਿਤੀ/ਸਮਾਂ |
| 02.01.2026 | 10.01.2026 | 24.01.2026 |

| ਲ. ਨੰ: | ਟੈਂਡਰ ਨੰ: | ਟੈਂਡਰ ਦਾ ਵੇਰਵਾ | | |
|---|---|---|---|---|
| 1. | 72-2025-26-MCTM-DRM-JAT | SVDK ਸਟੇਸ਼ਨ ਉਤੇ GRP/RPF ਬੈਰਕ, ਰਨਿੰਗ ਰੂਮ ਆਦਿ ਦਾ ਰੱਖਰੱਖਾਵ ਅਤੇ ADEN/MCTM ਦੇ ਅੰਤਰਗਤ ਉਧਮਪੁਰ ਵਿਚ RPF ਬੈਰਕ, ਰਨਿੰਗ ਰੂਮ, ਏਡੀਈਐਨ ਦਫਤਰ ਆਦਿ ਦਾ ਰੱਖਰੱਖਾਵ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 9499369.30 | 190000.00 | 60 ਦਿਨ | 12 ਮਹੀਨੇ |
| | ਕੰਮ ਦੀ ਸਮਾਨ ਪ੍ਰਕ੍ਰਿਤੀ :- "ਟ੍ਰੈਕ ਨਿਰਮਾਣ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ"। | | | |
| 2. | 73-2025-26-BDGM-DRM-JAT | ADEN/BDGM ਦੇ ਅੰਤਰਗਤ BAHL-BRML ਸੈਕਸ਼ਨ ਵਿਚ BDGM ਗਾਰਡ ਰਨਿੰਗ ਰੂਮ ਅਤੇ HME, PTTN, ATPA, BAHL ਸਥਿਤ RPF ਬੈਰਕਾਂ ਵਿਚ ਬੁਨਿਯਾਦੀ ਸੁਵਿਧਾਵਾਂ ਦਾ ਸੁਧਾਰ ਅਤੇ ਪ੍ਰਾਵਧਾਨ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 9498651.15 | 190000.00 | 60 ਦਿਨ | 12 ਮਹੀਨੇ |
| | ਕੰਮ ਦੀ ਸਮਾਨ ਪ੍ਰਕ੍ਰਿਤੀ :- "ਟ੍ਰੈਕ ਨਿਰਮਾਣ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ"। | | | |

ਨੋਟ:- 1. ਬੋਲੀ ਲਗਾਣ ਤੋਂ ਪਹਿਲਾ, ਬੋਲੀ ਲਗਾਣ ਵਾਲਿਆਂ ਨੂੰ ਜਾਂਚ ਕਰਨੀ ਹੋਵੇਗੀ ਟੈਂਡਰ ਦੇ ਵਿਰੁਧ ਜਾਰੀ ਕਿਸੀ ਵੀ ਸ਼ੁੱਧੀਪੱਤਰ ਦੇ ਲਈ। 2. ਜੇਕਰ ਹਿੰਦੀ ਅਤੇ ਅੰਗ੍ਰੇਜ਼ੀ ਸੰਸਕਰਣ ਦੇ ਵਿਚ ਅਰਥ ਵਿਚ ਕੋਈ ਵਿਸੰਗਤੀ ਹੈ, ਤਾਂ ਅੰਗ੍ਰੇਜ਼ੀ ਸੰਸਕਰਣ ਨੂੰ ਸਹੀ ਅਤੇ ਆਖਰੀ ਮੰਨਿਆ ਜਾਵੇਗਾ।

ਲ. ਨੰ: 770-W/01/WA/JAT/2025-26 ਮਿਤੀ: 05.01.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 67/26

# ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਦੀ ਮਾਘੀ ਦੀ ਕਾਨਫਰੰਸ ਸੰਬੰਧੀ ਅਹਿਮ ਮੀਟਿੰਗ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਗੁਰਦੁਆਰਾ ਬਾਬਾ ਕਾਲੇ ਮਹਿਰ, ਪਿੰਡ ਜੱਲੂਪੁਰ ਖੈੜੇ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਮਾਝਾ ਜ਼ੋਨ ਦੇ ਸਰਗਰਮ ਆਗੂਆਂ ਅਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਬਾਪੂ ਤਰਸੇਮ ਸਿੰਘ ਤੋਂ ਇਲਾਵਾ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਚਾਚਾ ਸੁਖਚੈਨ ਸਿੰਘ ਜੀ, ਚਾਚਾ ਪ੍ਰਗਟ ਸਿੰਘ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਅਜੈਪਾਲ ਸਿੰਘ ਢਿੱਲੋਂ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਬਾਬਾ ਬਿਬੇਕ ਸਿੰਘ, ਭਾਈ ਚਮਕੌਰ ਸਿੰਘ ਧੁੰਨ, ਭਾਈ ਜਤਿੰਦਰ ਸਿੰਘ ਮਹਿਤਾ, ਬਾਬਾ ਜਰਮਨਜੀਤ ਸਿੰਘ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਮਨਜਿੰਦਰ ਸਿੰਘ ਕਲੇਰ, ਭਾਈ ਨਵਤੇਜ ਸਿੰਘ ਛੱਜਲਵੱਡੀ, ਭਾਈ ਦਇਆ ਸਿੰਘ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਜਸਕਰਨ ਸਿੰਘ ਰਿਆੜ, ਭਾਈ ਨਰਿੰਦਰ ਸਿੰਘ ਕਲਸੀਆਂ, ਬਾਬਾ ਹਰਪ੍ਰੀਤ ਸਿੰਘ, ਭਾਈ ਦਲੀਪ ਸਿੰਘ ਏਕਗੱਡਾ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਸਵਰਨ ਸਿੰਘ ਗੋਲਡਨ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਹਰਪ੍ਰੀਤ ਸਿੰਘ, ਭਾਈ ਪ੍ਰਿਤਪਾਲ ਸਿੰਘ ਮੀਰਾਂਕੋਟ, ਐਡਵੋਕੇਟ ਗੁਰਜੀਤ ਸਿੰਘ, ਹਰਕਮਲਪ੍ਰੀਤ ਸਿੰਘ ਅਤੇ ਭਾਈ ਸਿਕੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ। ਇਹ ਮੀਟਿੰਗ 14 ਜਨਵਰੀ ਨੂੰ ਮਾਘੀ ਦੇ ਪਵਿੱਤਰ ਦਿਹਾੜੇ ਮੌਕੇ ਹੋਣ ਜਾ ਰਹੀ ਪੰਥਕ ਕਾਨਫਰੰਸ ਦੇ ਸਬੰਧ ਵਿੱਚ ਕੀਤੀ ਗਈ। ਮੀਟਿੰਗ ਦੌਰਾਨ ਮਾਝਾ ਖੇਤਰ ਦੇ ਵੱਖ-ਵੱਖ ਹਲਕਿਆਂ ਤੋਂ ਪਹੁੰਚੇ ਆਗੂਆਂ ਨੇ ਕਾਨਫਰੰਸ ਦੀ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਇਹ ਫੈਸਲਾ ਕੀਤਾ ਕਿ ਮਾਝਾ ਜ਼ੋਨ ਵੱਲੋਂ ਵੱਡੀ ਗਿਣਤੀ ਵਿੱਚ, ਵੱਡੇ-ਵੱਡੇ ਕਾਫਲਿਆਂ ਦੇ ਰੂਪ ਵਿੱਚ ਮਾਘੀ ਦੀ ਪੰਥਕ ਕਾਨਫਰੰਸ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਆਗੂਆਂ ਨੇ ਕਿਹਾ ਕਿ ਇਹ ਪੰਥਕ ਕਾਨਫਰੰਸ ਪੰਜਾਬ, ਪੰਥ ਅਤੇ ਸਿੱਖ ਨੌਜਵਾਨੀ ਨਾਲ ਜੁੜੇ ਮੁੱਦਿਆਂ ਉਤੇ ਇਕ ਮਜ਼ਬੂਤ ਆਵਾਜ਼ ਬਣ ਕੇ ਉਭਰੇਗੀ ਅਤੇ ਇਸ ਰਾਹੀਂ ਸਿੱਖ ਕੌਮ ਦੀ ਇਕਜੁੱਟਤਾ ਅਤੇ ਹੱਕਾਂ ਲਈ ਸੰਘਰਸ਼ ਨੂੰ ਹੋਰ ਮਜ਼ਬੂਤੀ ਮਿਲੇਗੀ।ਅਖੀਰ ਵਿੱਚ ਪਾਰਟੀ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਨੇ ਸਮੂਹ ਆਗੂ ਅਤੇ ਵਰਕਰਾਂ ਦਾ ਮੀਟਿੰਗ ਵਿੱਚ ਪਹੁੰਚਣ ਤੇ ਧੰਨਵਾਦ ਕੀਤਾ ਅਤੇ ਮਾਘੀ ਦੀ ਇਸ ਪੰਥਕ ਕਾਨਫਰੰਸ ਤੇ ਇਕ ਵੱਡਾ ਇਕੱਠ ਕਰਕੇ ਮਿਸਾਲ ਕਾਇਮ ਕਰਨ ਲਈ ਕਿਹਾ।

# 'ਆਪ' ਵਰਕਰ 2027 ਦੀਆਂ ਚੋਣਾਂ ਲਈ ਹੁਣੇ ਤੋਂ ਹੀ ਕਮਰਕੱਸੇ ਕਰ ਲੈਣ : ਦਲਜੀਤ ਘਰਾਚੋਂ



**ਧੂਰੀ: (ਮੋਹਿਤ ਗਰਗ, ਮਨੋਹਰ ਸੱਗੂ)**- ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਘਰਾਚੋਂ ਨੇ ਪਾਰਟੀ ਵਰਕਰਾਂ ਨੂੰ ਸੱਦਾ ਦਿੱਤਾ ਹੈ ਕਿ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਲਈ ਹੁਣੇ ਤੋਂ ਹੀ ਮੈਦਾਨ ਵਿੱਚ ਡਟ ਜਾਣ।ਸਥਾਨਕ ਮੁੱਖ ਮੰਤਰੀ ਕੈਂਪ ਆਫ਼ਿਸ ਵਿਖੇ ਆਯੋਜਿਤ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਵਰਕਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਦੇ ਵਿਕਾਸ ਲਈ ਜੋ ਇਤਿਹਾਸਕ ਕਦਮ ਚੁੱਕੇ ਹਨ, ਉਨ੍ਹਾਂ ਨੂੰ ਘਰ-ਘਰ ਤੱਕ ਪਹੁੰਚਾਉਣਾ ਹਰ ਵਰਕਰ ਦੀ ਜ਼ਿੰਮੇਵਾਰੀ ਹੈ।ਮੀਟਿੰਗ ਦਾ ਮੁੱਖ ਉਦੇਸ਼ 15 ਜਨਵਰੀ ਨੂੰ ਪੂਰੇ ਸੂਬੇ ਵਿੱਚ ਲਾਂਚ ਕੀਤੀ ਜਾ ਰਹੀ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਬਾਰੇ ਜਾਣਕਾਰੀ ਸਾਂਝੀ ਕਰਨਾ ਸੀ।ਘਰਾਚੋਂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਹੁਣ ਪੰਜਾਬ ਦੇ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ।ਉਨ੍ਹਾਂ ਵਰਕਰਾਂ ਨੂੰ ਤਾਕੀਦ ਕੀਤੀ ਕਿ ਪਿੰਡਾਂ ਅਤੇ ਸ਼ਹਿਰਾਂ ਦੇ ਵਾਰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਦੇ ਸਿਹਤ ਕਾਰਡ ਬਣਾਏ ਜਾਣ ਤਾਂ ਜੋ ਕੋਈ ਵੀ ਲੋੜਵੰਦ ਇਸ ਸਹੂਲਤ ਤੋਂ ਵਾਂਝਾ ਨਾ ਰਹੇ।ਆਪਣੇ ਸੰਬੋਧਨ ਦੌਰਾਨ ਦਲਜੀਤ ਸਿੰਘ ਘਰਾਚੋਂ ਨੇ ਮਾਨ ਸਰਕਾਰ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬੇ ਦੇ ਲਗਭਗ 90 ਫੀਸਦੀ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ 'ਸਕੂਲ ਆਫ਼ ਐਮੀਨੈਂਸ' ਰਾਹੀਂ ਸਰਕਾਰੀ ਸਕੂਲਾਂ ਦਾ ਕਾਇਆ-ਕਲਪ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਹਜ਼ਾਰਾਂ ਨੌਜਵਾਨਾਂ ਨੂੰ ਪਾਰਦਰਸ਼ੀ ਤਰੀਕੇ ਨਾਲ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਹੁਣ ਕੋਈ ਮੁੱਦਾ ਨਹੀਂ ਬਚਿਆ ਹੈ ਕਿਉਂਕਿ 'ਆਪ' ਸਰਕਾਰ ਨੇ ਆਪਣੇ ਕੀਤੇ ਵਾਅਦੇ ਪੂਰੇ ਕਰਕੇ ਪੰਜਾਬ ਹਿਤੈਸ਼ੀ ਹੋਣ ਦਾ ਸਬੂਤ ਦਿੱਤਾ ਹੈ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੇ ਮਸਲੇ ਹੱਲ ਕਰਵਾਉਣ ਲਈ ਤਤਪਰ ਰਹਿਣ ਅਤੇ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਬਾਰੇ ਜਾਗਰੂਕਤਾ ਫੈਲਾਉਣ।

## ਸੋਧ

ਦੀ ਗੁਰਾਇਆ ਸਹਿਕਾਰੀ ਮਾਰਕੀਟਿੰਗ ਸਭਾ ਲਿਮ: ਗੁਰਾਇਆ ਦੇ ਜ਼ੋਨਾਂ ਦੀ ਪ੍ਰਵਾਨਗੀ ਲਈ ਇਤਰਾਜ਼ਾਂ ਸੰਬੰਧੀ ਚੋਣ ਨੋਟਿਸ ਅਖ਼ਬਾਰ ਮਿਤੀ 31.12.2025 ਵਿਚ ਪ੍ਰਕਾਸ਼ਤ ਕੀਤਾ ਗਿਆ ਸੀ, ਵਿਚ ਮਿਤੀ 19.01.2025 ਦੀ ਥਾਂ 'ਤੇ ਮਿਤੀ 19.01.2026 ਅਤੇ ਮਿਤੀ 20.01.2025 ਦੀ ਥਾਂ 'ਤੇ ਮਿਤੀ 20.01.2026 ਪੜ੍ਹਿਆ ਜਾਵੇ।

(ਗੁਰਵਿੰਦਰਜੀਤ ਸਿੰਘ) ਪੀ.ਸੀ.ਐੱਸ.-1
ਉੱਪ ਰਜਿਸਟਰਾਰ ਸਹਿਕਾਰੀ ਸਭਾਵਾਂ, ਜਲੰਧਰ।

**Punjab & Sind Bank** (A Govt. of India Undertaking)
**BRANCH: IBD, Gill Road, Ludhiana**
ਬ੍ਰਾਂਚ : ਆਈ ਬੀ ਡੀ, ਗਿੱਲ ਰੋਡ, ਲੁਧਿਆਣਾ

**ਸੋਧ**

'ਫਾਇਨਾਂਸ਼ੀਅਲ ਐਕਸਪ੍ਰੈੱਸ' ਅਤੇ ਰੋਜ਼ਾਨਾ 'ਨਵਾਂ ਜ਼ਮਾਨਾ' 'ਚ 02.01.2026 ਨੂੰ ਛਪੇ ਈ ਨਿਲਾਮੀ ਵਿਕਰੀ ਨੋਟਿਸ ਦਾ ਹਵਾਲਾ ਲਿਆ ਜਾਵੇ, ਜਿਸ 'ਚ ਹੇਠਾਂ ਲਿਖੀ ਸੋਧ ਕੀਤੀ ਜਾਣੀ ਹੈ :

ਲੜੀ ਨੰ. 2 'ਚ ਸ੍ਰੀ ਸ਼ਲਿੰਦਰ ਕੁਮਾਰ ਪੁੱਤਰ ਸ੍ਰੀ ਜੀਤ ਲਾਲ 'ਚ ਕ੍ਰਿਪਾ ਕਰਕੇ ਸੰਕੇਤਕ ਕਬਜ਼ੇ ਦੀ ਥਾਂ ਭੌਤਿਕ ਕਬਜ਼ਾ ਪੜ੍ਹਿਆ ਜਾਏ। ਬਾਕੀ ਸਭ ਕੁਝ ਉਹੀ ਰਹੇਗਾ।

ਅਧਿਕਾਰਤ ਅਫਸਰ

**YES BANK** Regd.Off: Yes Bank House, Off Western Express Highway, Santacruz East, Mumbai–400055 Branch Office: Panipat website: www.yesbank.in

**ਸੋਧ**

'ਦ ਫਾਇਨਾਂਸ਼ੀਅਲ ਐਕਸਪ੍ਰੈੱਸ' (ਅੰਗਰੇਜ਼ੀ)- ਚੰਡੀਗੜ੍ਹ ਐਡੀਸ਼ਨ (ਸਾਰੇ ਪੰਜਾਬ ਨੂੰ ਕਵਰ ਕਰਦਾ ਹੈ) ਅਤੇ 'ਨਵਾਂ ਜ਼ਮਾਨਾ' (ਪੰਜਾਬੀ)- ਪੰਜਾਬ ਐਡੀਸ਼ਨ 'ਚ 04.01.2026 ਨੂੰ ਪ੍ਰਕਾਸ਼ਤ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ ਦੀ ਨਿਰੰਤਰਤਾ 'ਚ [illegible] ਕਿ ਟਾਈਪੋਗ੍ਰਾਫੀਕਲ ਗਲਤੀ ਨਾਲ ਸਕਿਉਰਡ ਐੱਸਟ ਦੀ ਵਿਕਰੀ ਨਾਲ ਸੰਬੰਧਤ ਵਾਕ 'ਚ ਦੱਸੀ ਗਈ ਮਿਤੀ ਗਲਤ ਛਾਪੀ ਗਈ ਹੈ।
ਪਹਿਲਾਂ ਇਸ ਤਰ੍ਹਾਂ ਛਾਪਿਆ ਗਿਆ : "…. ਸਕਿਉਰਡ ਕ੍ਰੈਡਿਟਰ 21 ਜਨਵਰੀ 2026 ਨੂੰ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਜੋ ਹੈ' ਦੇ ਆਧਾਰ 'ਤੇ ਸਕਿਉਰਡ ਐੱਸਟ ਨੂੰ ਵੇਚੇਗਾ।"
ਇਸ ਨੂੰ ਇਸ ਤਰ੍ਹਾਂ ਪੜ੍ਹਿਆ ਜਾਵੇਗਾ : "…. ਸਕਿਉਰਡ ਕ੍ਰੈਡਿਟਰ 05 ਫਰਵਰੀ 2026 ਨੂੰ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਜੋ ਹੈ' ਦੇ ਆਧਾਰ 'ਤੇ ਸਕਿਉਰਡ ਐੱਸਟ ਨੂੰ ਵੇਚੇਗਾ।"
ਉਕਤ ਵਿਕਰੀ ਨੋਟਿਸ ਦੀਆਂ ਹੋਰ ਸਾਰੀਆਂ ਸਮੱਗਰੀਆਂ, ਨਿਯਮ ਅਤੇ ਸ਼ਰਤਾਂ ਉਹੀ ਰਹਿਣਗੀਆਂ ਅਤੇ ਵੈਧ ਹੋਣਗੀਆਂ।
ਮਿਤੀ: 08.01.2026, ਸਥਾਨ: ਜਲੰਧਰ ਅਧਿਕਾਰਤ ਅਫ਼ਸਰ: ਯੈੱਸ ਬੈਂਕ ਲਿਮਟਿਡ

**YES BANK** Regd.Off: Yes Bank House, Off Western Express Highway, Santacruz East, Mumbai–400055 Branch Office: Panipat website: www.yesbank.in

**ਸੋਧ**

'ਦ ਫਾਇਨਾਂਸ਼ੀਅਲ ਐਕਸਪ੍ਰੈੱਸ' (ਅੰਗਰੇਜ਼ੀ)- ਚੰਡੀਗੜ੍ਹ ਐਡੀਸ਼ਨ (ਸਾਰੇ ਪੰਜਾਬ ਨੂੰ ਕਵਰ ਕਰਦਾ ਹੈ) ਅਤੇ 'ਨਵਾਂ ਜ਼ਮਾਨਾ' (ਪੰਜਾਬੀ)- ਪੰਜਾਬ ਐਡੀਸ਼ਨ 'ਚ 04.01.2026 ਨੂੰ ਪ੍ਰਕਾਸ਼ਤ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ ਦੀ ਨਿਰੰਤਰਤਾ 'ਚ [illegible] ਕਿ ਟਾਈਪੋਗ੍ਰਾਫੀਕਲ ਗਲਤੀ ਨਾਲ ਸਕਿਉਰਡ ਐੱਸਟ ਦੀ ਵਿਕਰੀ ਨਾਲ ਸੰਬੰਧਤ ਵਾਕ 'ਚ ਦੱਸੀ ਗਈ ਮਿਤੀ ਗਲਤ ਛਾਪੀ ਗਈ ਹੈ।
ਪਹਿਲਾਂ ਇਸ ਤਰ੍ਹਾਂ ਛਾਪਿਆ ਗਿਆ : "…. ਸਕਿਉਰਡ ਕ੍ਰੈਡਿਟਰ 21 ਜਨਵਰੀ 2026 ਨੂੰ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਜੋ ਹੈ' ਦੇ ਆਧਾਰ 'ਤੇ ਸਕਿਉਰਡ ਐੱਸਟ ਨੂੰ ਵੇਚੇਗਾ।"
ਇਸ ਨੂੰ ਇਸ ਤਰ੍ਹਾਂ ਪੜ੍ਹਿਆ ਜਾਵੇਗਾ : "…. ਸਕਿਉਰਡ ਕ੍ਰੈਡਿਟਰ 05 ਫਰਵਰੀ 2026 ਨੂੰ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਜੋ ਹੈ' ਦੇ ਆਧਾਰ 'ਤੇ ਸਕਿਉਰਡ ਐੱਸਟ ਨੂੰ ਵੇਚੇਗਾ।"
ਉਕਤ ਵਿਕਰੀ ਨੋਟਿਸ ਦੀਆਂ ਹੋਰ ਸਾਰੀਆਂ ਸਮੱਗਰੀਆਂ, ਨਿਯਮ ਅਤੇ ਸ਼ਰਤਾਂ ਉਹੀ ਰਹਿਣਗੀਆਂ ਅਤੇ ਵੈਧ ਹੋਣਗੀਆਂ।
ਮਿਤੀ: 08.01.2026, ਸਥਾਨ: ਜਲੰਧਰ ਅਧਿਕਾਰਤ ਅਫ਼ਸਰ: ਯੈੱਸ ਬੈਂਕ ਲਿਮਟਿਡ

## ਨਿਲਾਮੀ ਨੋਟਿਸ

ਟਰੱਕ ਨੰਬਰ PB 29X 0392, ਜੋ ਮਾਲਖਾਨਾ ਅਹਾਤਾ ਥਾਣਾ ਸਿਟੀ ਮੋਗਾ ਵਿਚ ਖੜ੍ਹਾ ਹੈ, ਮਾਨਯੋਗ ਅਦਾਲਤ ਸ੍ਰੀ ਬਿਸ਼ਨ ਸਰੂਪ ASJ/Moga ਜੀ ਵੱਲੋਂ ਹੁਕਮ ਫਰਮਾਇਆ ਗਿਆ ਹੈ, ਜਿਸ ਨੂੰ ਮਿਤੀ 12.1.2026 ਦਿਨ ਸੋਮਵਾਰ ਨੂੰ ਸਵੇਰੇ 10 ਵਜੇ ਪੁਰਾਣੀ ਕਚਹਿਰੀ ਮੋਗਾ ਨਿਲਾਮੀ ਕੀਤੀ ਜਾਵੇਗੀ।

## COURT NOTICE

**(U/o 5 Rule 20 CPC)**
**(UNDER GUARDIAN AND WARD ACT)**
**In The Court of Sh. Jasvir Singh Additional Principal Judge Family Court, Jalandhar Camp Court at Phillaur**
Gw/105/25
CNR No. PBJLF3-001050-2025
Next Date:- 30-01-2026
Navjot Mani
Vs.
Sandeep Singh
Notice To:
General Public
General Public
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 30-01-2026 at 10:00 a.m.
For details logon to https://highcourtchd.gov.in/?mod=district_notice&district=Jalandhar
Additional Principal Judge Family Court, Jalandhar Camp Court at Phillaur
Dated, this day of 07-01-2026

# ਸਿਹਤ ਵਿਭਾਗ ਵੱਲੋਂ ਸੀਤ ਲਹਿਰ ਤੋਂ ਬਚਾਅ ਲਈ ਅਡਵਾਈਜ਼ਰੀ ਜਾਰੀ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਸ਼ੀਤ ਲਹਿਰ ਦੇ ਕਹਿਰ ਕਾਰਨ ਸਿਹਤ ਸੰਬਧੀ ਸਮੱਸਿਆਵਾਂ ਵੱਧ ਜਾਂਦੀਆਂ ਹਨ। ਇਸ ਨੂੰ ਮੁੱਖ ਰੱਖਦਿਆਂ ਸਿਹਤ ਵਿਭਾਗ ਵੱਲੋਂ ਅਡਵਾਈਜਰੀ ਜਾਰੀ ਕੀਤੀ ਗਈ ਹੈ। ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਨੇ ਦੱਸਿਆ ਕਿ ਇਸ ਮੌਸਮ ਦੌਰਾਨ ਬਜ਼ੁਰਗਾਂ, ਬੱਚਿਆਂ, [illegible] ਖਾਸ ਖਿਆਲ ਰੱਖਣਾ ਜ਼ਰੂਰੀ ਹੈ। [illegible] ਹੋਣ 'ਤੇ ਸਰੀਰ ਠੰਡਾ ਪੈ ਸਕਦਾ ਹੈ, ਬਹੁਤ ਜ਼ਿਆਦਾ ਕਾਂਬਾ, ਯਾਦਾਸ਼ਤ ਚਲੇ ਜਾਣਾ, ਬੇਹੋਸ਼ੀ, ਕਮਜ਼ੋਰੀ ਆਦਿ ਲੱਛਣ ਹੋ ਸਕਦੇ ਹਨ। ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਨੇ ਇਹ ਵੀ ਦੱਸਿਆ ਕਿ ਇਸ ਮੌਸਮ ਦੌਰਾਨ ਸ਼ਰੀਰ ਦੀ ਰੋਗਾਂ ਨਾਲ ਲੜਨ ਦੀ ਸਮੱਰਥਾ ਘੱਟ ਜਾਂਦੀ ਹੈ। ਇਸ ਲਈ ਸੰਤੁਲਤ ਖੁਰਾਕ ਲਈ ਜਾਏ ਤੇ ਵਿਟਾਮਿਨ ਸੀ ਭਰਪੂਰ ਖਾਧ ਪਦਾਰਥ ਲਏ ਜਾਣ। ਮੌਸਮੀ ਫਲਾਂ ਅਤੇ ਸਬਜ਼ੀਆਂ ਲਈਆਂ ਜਾਣ ਤੇ ਬਾਹਰ ਦੇ ਜੰਕ ਫੂਡ ਤੋਂ ਬਚਿਆ ਜਾਏ। ਇਹੀ ਨਹੀਂ ਭੋਜਨ ਹਮੇਸ਼ਾ ਤਾਜ਼ਾ ਬਣਿਆ ਹੀ ਲਿਆ ਜਾਏ। ਗਰਮ ਪਾਣੀ, ਸੂਪ ਆਦਿ ਦਾ ਸੇਵਨ ਕੀਤਾ ਜਾਏ। ਸ਼ਰਾਬ ਦੇ ਸੇਵਨ ਤੋਂ ਬਚਿਆ ਜਾਵੇ। ਉਨ੍ਹਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਸਵੇਰੇ ਅਤੇ ਸ਼ਾਮ ਬਾਹਰ ਨਾ ਨਿਕਲਿਆ ਜਾਏ ਖਾਸ ਕਰ ਬਜ਼ੁਰਗਾਂ, ਬੱਚਿਆਂ ਨੂੰ ਬਾਹਰ ਲਿਜਾਣ ਤੋਂ ਗੁਰੇਜ਼ ਕੀਤਾ ਜਾਏ। ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਤੇ ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਅਤੇ ਨੇਹਾ ਭੰਡਾਰੀ ਨੇ ਦੱਸਿਆ ਕਿ ਫਲੂ, ਖਾਂਸੀ, ਜ਼ੁਕਾਮ, ਸਰਦੀ, ਬੁਖਾਰ ਹੋਣ ਤੇ ਤੁਰੰਤ ਡਾਕਟਰ ਨਾਲ ਸੰਪਰਕ ਕੀਤਾ ਜਾਏ। ਇਹੀ ਨਹੀਂ ਬਾਹਰ ਨਿਕਲਣ ਵੇਲੇ ਤੇ ਵਾਹਨ ਆਦਿ ਡਰਾਈਵ ਕਰਨ ਵੇਲੇ ਵਿੰਡਪਰੂਫ ਗਰਮ ਕੱਪੜੇ ਪਾਏ ਜਾਣ, ਹੱਥਾਂ ਤੇ ਪੈਰਾਂ ਦੀਆਂ ਉਂਗਲੀਆਂ ਨੂੰ ਠੰਡ ਤੋਂ ਬਚਾਉਣ ਲਈ ਚੰਗੀ ਤਰ੍ਹਾਂ ਢੱਕ ਕੇ ਰੱਖੋ, ਦਸਤਾਨੇ, ਟੋਪੀ ਮਫਲਰ ਆਦਿ ਤੋਂ ਬਿਨਾਂ ਬਾਹਰ ਨਾ ਨਿਕਲੋ।

**YES BANK** Regd.Off: Yes Bank House, Off Western Express Highway, Santacruz East, Mumbai–400055 Branch Office: Panipat website: www.yesbank.in

**ਸੋਧ**

ਦਾ ਫਾਇਨਾਂਸ਼ੀਅਲ ਐਕਸਪ੍ਰੈੱਸ (ਅੰਗਰੇਜ਼ੀ)- ਚੰਡੀਗੜ੍ਹ ਐਡੀਸ਼ਨ (ਸਾਰੇ ਪੰਜਾਬ ਨੂੰ ਕਵਰ ਕਰਦਾ ਹੈ) ਅਤੇ 'ਨਵਾਂ ਜ਼ਮਾਨਾ' (ਪੰਜਾਬੀ)- ਪੰਜਾਬ ਐਡੀਸ਼ਨ 'ਚ 04.01.2026 ਨੂੰ ਪ੍ਰਕਾਸ਼ਤ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ ਦੀ ਨਿਰੰਤਰਤਾ 'ਚ ਕਰਜ਼ਦਾਰ ਸ੍ਰੀ ਵਿਜੇ ਕੁਮਾਰ ਪੁੱਤਰ ਸਾਦਕ ਅਤੇ ਸਹਿ-ਕਰਜ਼ਦਾਰ ਅਤੇ ਰਹਿਣਕਾਰ : ਸ੍ਰੀਮਤੀ ਮਧੂ ਪਤਨੀ ਵਿਜੇ ਕੁਮਾਰ ਦੇ ਸੰਬੰਧ 'ਚ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਟਾਈਪੋਗ੍ਰਾਫੀਕਲ ਗਲਤੀ ਨਾਲ ਸਕਿਉਰਡ ਐੱਸਟ ਦੀ ਵਿਕਰੀ ਨਾਲ ਸੰਬੰਧਤ ਵਾਕ 'ਚ ਦੱਸੀ ਗਈ ਮਿਤੀ ਗਲਤ ਛਾਪੀ ਗਈ ਹੈ।
ਪਹਿਲਾਂ ਇਸ ਤਰ੍ਹਾਂ ਛਾਪਿਆ ਗਿਆ : "…. ਸਕਿਉਰਡ ਕ੍ਰੈਡਿਟਰ 21 ਜਨਵਰੀ 2026 ਨੂੰ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਜੋ ਹੈ' ਦੇ ਆਧਾਰ 'ਤੇ ਸਕਿਉਰਡ ਐੱਸਟ ਨੂੰ ਵੇਚੇਗਾ।"
ਇਸ ਨੂੰ ਇਸ ਤਰ੍ਹਾਂ ਪੜ੍ਹਿਆ ਜਾਵੇਗਾ : "…. ਸਕਿਉਰਡ ਕ੍ਰੈਡਿਟਰ 05 ਫਰਵਰੀ 2026 ਨੂੰ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਜੋ ਹੈ' ਦੇ ਆਧਾਰ 'ਤੇ ਸਕਿਉਰਡ ਐੱਸਟ ਨੂੰ ਵੇਚੇਗਾ।"
ਉਕਤ ਵਿਕਰੀ ਨੋਟਿਸ ਦੀਆਂ ਹੋਰ ਸਾਰੀਆ ਸਮੱਗਰੀਆਂ, ਨਿਯਮ ਅਤੇ ਸ਼ਰਤਾਂ ਉਹੀ ਰਹਿਣਗੀਆਂ ਅਤੇ ਵੈਧ ਰਹਿਣਗੀਆਂ।
ਮਿਤੀ : 08.01.2026, ਸਥਾਨ : ਜਲੰਧਰ ਅਧਿਕਾਰਤ ਅਫ਼ਸਰ : ਯੈੱਸ ਬੈਂਕ ਲਿਮਟਿਡ

**YES BANK** Regd.Off: Yes Bank House, Off Western Express Highway, Santacruz East, Mumbai–400055 Branch Office: Panipat website: www.yesbank.in

**ਸੋਧ**

ਨਵਾਂ ਜ਼ਮਾਨਾ (ਪੰਜਾਬੀ) - ਜਲੰਧਰ ਅਤੇ 'ਦਾ ਫਾਇਨਾਂਸ਼ੀਅਲ ਐਕਸਪ੍ਰੈੱਸ' (ਅੰਗਰੇਜ਼ੀ) - ਚੰਡੀਗੜ੍ਹ 'ਚ ਮਿਤੀ 27.12.2025 ਨੂੰ ਪ੍ਰਕਾਸ਼ਿਤ ਅਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ ਦੇ ਹਵਾਲੇ ਤਹਿਤ ਨਿਮਨਲਿਖਤ ਕਰਜ਼ਦਾਰਾਂ/ਗਰੰਟਰਾਂ (1) ਸ੍ਰੀ ਅਮਨਦੀਪ ਸਿੰਘ ਪੁੱਤਰ ਜਸਵੰਤ ਸਿੰਘ (2) ਸ੍ਰੀ ਵਰਿੰਦਰਜੀਤ ਸਿੰਘ ਪੁੱਤਰ ਜਸਵੰਤ ਸਿੰਘ (3) ਸ੍ਰੀ ਜਸਵੰਤ ਸਿੰਘ ਪੁੱਤਰ ਕਰਤਾਰ ਸਿੰਘ (4) ਸ੍ਰੀਮਤੀ ਹਰਵਿੰਦਰ ਕੌਰ ਮਾਰਫਤ ਵਰਿੰਦਰਜੀਤ ਸਿੰਘ ਦੇ ਸੰਬੰਧ ਵਿਚ ਇਹ ਸੂਚਿਤ ਕੀਤਾ ਜਾਂਦਾ ਹੈ ਕਿ ਟਾਈਪੋਗ੍ਰਾਫੀਕਲ ਗਲਤੀ ਕਾਰਨ ਜਾਇਦਾਦ ਦੇ ਵੇਰਵੇ 'ਚ ਦਰਸਾਈ 'ਪੱਛਮ' ਦੇ ਅਧੀਨ ਹੱਦ ਗਲਤ ਛਪ ਗਈ ਹੈ। ਪਹਿਲਾਂ ਇਸ ਤਰ੍ਹਾਂ ਛਪਿਆ ਹੈ : ਪੱਛਮ : ਰਸਤਾ ਜਾਇਦਾਦ ਦਾ ਬਾਕੀ ਸਭ ਕੁਝ ਮੌਜੂਦਾ ਰਿਹਾਇਸ਼ੀ ਇਮਾਰਤ, ਵਾਕਾ ਮੌਜਾ ਗਨੌਰ ਅਬਾਦੀ, ਅਸ਼ੋਕ ਨਗਰ, ਐੱਮ ਸੀ ਹੱਦ ਦੇ ਅੰਦਰਵਾਰ, ਤਹਿਸੀਲ ਗਨੌਰ, ਜ਼ਿਲ੍ਹਾ ਸੋਨੀਪਤ ਰਕਬਾ ਲਗਭਗ 200 ਵਰਗ ਗਜ਼। ਸਹੀ ਹੱਦ ਨੂੰ ਇਸ ਤਰ੍ਹਾਂ ਪੜ੍ਹਿਆ ਜਾਵੇ - ਪੱਛਮ : ਰਸਤਾ।
ਬਾਕੀ ਉਕਤ ਵਿਕਰੀ ਨੋਟਿਸ 'ਚ ਸਭ ਕੁਝ ਉਹੀ ਰਹੇਗਾ।
ਮਿਤੀ : 08.01.2026, ਸਥਾਨ : ਜਲੰਧਰ ਅਧਿਕਾਰਤ ਅਫਸਰ, ਯੈੱਸ ਬੈਂਕ, ਲਿਮਟਿਡ

## PUBLIC NOTICE

Under the instruction of GRIHUM HOUSING FINANCE LIMITED I hereby informed the general pubic that Sharanjit Kaur W/o S. Maninder Singh is absolute owner of Property having old House No. 3509/27, Present no. 8083, Private Plot No. 64 Full & 65 min., Total Area measuring 75 Sq. Yards, Forming part of Khasra no. 299(0-3-1.88) min., Comprised in Khewat/Khatoni no. 488/516, Hadbast no. 387, as per Jamabandi for the Year 2020-21, situated at Amritsar Urban Circle no. 107, Abadi Kot Khan Muhammad Shah, Bahadur Nagar, Tehsil & Distt. Amritsar (Punjab.)
At present owner of the property is Smt. Sharanjit Kaur W/o S. Maninder Singh vide a Sale Deed Dated: 21.07.2020, bearing Document No. 2020-21/89/1/1307, Book no. 1 and Sale Mutation has been sanctioned vide mutation no. 19682 as corroborated vide Jamabandi of the Year 2015-2016.
Now vide an Agreement to Sell out of the said owner Smt. Sharanjit Kaur W/o S. Maninder Singh agreed to sell the property in question to Smt. Kulwant Kaur W/o S. Hardeep Singh as per terms and conditions stipulated in the said Agreement to Sell. Now Kulwant Kaur W/o S. Hardeep Singh are taking loan on said property from of GRIHUM HOUSING FINANCE LIMITED Plot No. 3, Above SBI Bank, Lawrence Road, Amritsar.
Sharanjit Kaur W/o S. Maninder Singh has lost previous documents i.e. 1. Original Sale Deed Dated 10.06.1970, bearing Vasika no. 857, Bahi no. 1, executed by S. Natha Singh, S. Jaswant Singh Ss/o. S. Vajir Singh out of their respective larger share sold the property in question i.e. 75 Sq. Yards in favour of S. Surinder Singh S/o S. Vajir Singh. A Lost Information report dt. 19.12.2025 no 660868/2025 has also been got registered in this respect. Anybody having claim or claiming any prior rights or interest in any manner in this property or has raised loan by depositing the aforesaid Sale Deed to any person/bank/corporation/financial institution may approach the undersigned and may submit objections in writing within 7 days in writing from the date of this public notice. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with GRIHUM HOUSING FINANCE LIMITED FORMERLY KNOWN AS POONAWALA HOUSING FINANCE LIMITED.
**Vikas Verma (Advocate)**
Distt. Courts, Amritsar, MB. 9815156302

## PUBLIC NOTICE

Under the instruction of GRIHUM HOUSING FINANCE LIMITED I hereby informed the general pubic that Sagar S/o Harmesh Pal is absolute owner of Property Plot Private no 43 Salam, 44 min, Total measuring 77 Square Yards Khasra no. 35//1/3 min, situated at Kot Khalsa Sub Urban Abadi Prem Nagar, Tehsil & Distict Amritsar. Bounded East : Plot no. 42, West : Remaining portion of Plot no 44, North ; Plot no 24-25, South : Passage 15 feet wide. That in the Jamabandi for the year 2009-10 Charan Singh s/o Bara Singh is the owner of 5 Maralas and in the Jamabandi for the year 2014-15 Charan Singh s/o Bara Singh is shown as owner of 2.5 Marlas of property. Then Charan Singh s/o Bara Singh through GPA Gurcharan Singh s/o Baljit Singh sold 77 Sq Yards of property to Kulbir Kaur w/o Majinder Singh & Majinder Singh s/o Sawinder Singh vide sale deed regd dated 12.08.2016 as doc no. 6987 of which mutation no. 22109 has been sanctioned by revenue authorities. Then Kulbir Kaur w/o Majinder Singh & Majinder Singh s/o Sawinder Singh sold 77 sq yards of property to Chandani w/o Rakesh Kumar vide sale deed regd dated 10.01.2018 as doc no. 13033 of which mutation no. 22987 has been sanctioned by revenue authorities and same is shown as owner of 2.5 Marlas in the Jamabandi for the year 2019-20. Then Chandani w/o Rakesh Kumar sold 77 sq yards of property to Rajbir Kaur w/o Jasbir Singh vide sale deed regd dated 29.03.2023 as doc no. 2022-23/93/1/12487 of which mutation no 27632 has been sanctioned by revenue authorities. Then Rajbir Kaur w/o Jasbir Singh sold 77 sq yards of property to Sagar s/o Harmesh Pal vide sale deed regd dated 12.12.2023 as doc no. 2023-24/93/1/7979 of which mutation no. 28218 has been sanctioned by revenue authorities. Now Sagar s/o Harmesh Pal is selling 77 sq yards of property to Atinderpal Singh s/o Jagir Singh who is taking loan on said property from of GRIHUM HOUSING FINANCE LIMITED Plot No. 3, Above SBI Bank, Lawrence Road, Amritsar Sagar s/o Harmesh Pal has lost previous documents i.e. Original GPA executed by Charan Singh s/o Bara Singh in favour of Gurcharan Singh s/o Baljit Singh regd dated 29.06.2016 as doc no. 682. A Lost Information report dt 6.1.2026 no 666372/2026 has also been got registered in this respect. Anybody having claim or claiming any prior rights or interest in any manner in this property or has raised loan by depositing the aforesaid Sale Deed to any person/bank/corporation/financial institution may approach the undersigned and may submit objections in writing within 7 days in writing from the date of this public notice. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with GRIHUM HOUSING FINANCE LIMITED FORMERLY KNOWN AS POONAWALA HOUSING FINANCE LIMITED. **Vikas Verma (Advocate)**
Distt. Courts, Amritsar
MB. 9815156302

# ਕਲਾਸੀਫਾਈਡ ਇਸ਼ਤਿਹਾਰ

## Change of Name

I, Joginder Kaur W/o No. GS175496W, Rank Driver M.T. Grade 1, Name Kashmir Singh 853 DMPL/141 DMC (GREF), resident of Village Dharamabad, Post Office Singhpura, Tehsil Dera Baba Nanak, District Gurdaspur (Punjab) Pin-143604, declare that my date of birth is not recorded in my husband's GREF records. My correct date of birth is 01 Jan 1967. All concerned Please note.

I, Manbir Kaur Sidhu W/O Yadwinder Singh R/O Amritsar Road, Gurdawara Baba Nawab Kapoor Ji, Bhikhiwind,VPO Singhpura Distt. Tarn Taran, Punjab have changed my name from Manbir Kaur Sidhu to Manbir Kaur. Concerned note.

I, Sawinder Singh Malhi S/O Kartar Singh R/O VPO Kohali Distt. Amritsar, Punjab have changed my name from Sawinder Singh Malhi to Sawinder Singh. Concerned note.

I, Malkiat Singh s/o Harbhajan Singh r/o Vill. Allewali, Po. Bara Sidhpur, Jalandhar (PB) have changed my name from Malkiat Singh to Malkit Singh. All Please Note.

I, Shivani D/O Chander Mohan R/O Hno. 67A, Gulab Devi Road, Rose Park, Jalandhar - 144008, Punjab have added my surname 'Sharma' so I shall hereafter be known as Shivani Sharma. All concerned please note.

I, Jyoti Paul W/o Sh. Ashok Kumar R/o 86, Sagarpur, Nurmahal, Phillaur, Distt. Jalandhar declare that Jyoti is my given name and Paul is my Surname. Please note (12935)

I, Amanpreet Singh Thind S/o Kulwant Singh R/o Village Devi Dasspura, Distt Amritsar Punjab changed my name from Amanpreet Singh Thind to Singh Amanpreet where Singh is my Surname Amanpreet is my given name

I, Iqbal Singh S/o Joginder Singh R/o Vill. Maan Sandal Tehsil Batala Distt.Gurdaspur have changed the name of my minor son from Panthpreet Singh Mann to Panthpreet Singh Maan.

I, Harmeen Kaur Samra D/o Gurjant Singh R/o Khawaja kharak, PO shakur, Ferozepur have changed my name from Harmeen kaur Samra to Harmeen kaur.

I, Tejinder Kaur W/o Jasminder Pal Singh Resident of H.No.586, SG Enclave Phase 1 Majitha Road Amritsar have changed my name from Tejinder Kaur to Tajinder Kaur.

I, Balwant Singh S/o Mukhtiar Singh R/o Village Talwandi, PO Malowal, Distt Amritsar Punjab have declare that Singh is my Surname Balwant is my given name

I Amandeep Kaur W/o Lakhbir Singh R/o Vill. Gurala, Teh. Jalalpur, Hoshiarpur -144202, Punjab, have changed my name from Amandeep Kaur to Kaur Amandeep in which given name Amandeep and surname as Kaur. All concerned please note.

I, hitherto known as Yousuf Masih S/o Wilson Masih residing at Dhupsari, Tehsil Batala, Distt. Gurdaspur, Punjab-143506 have changed my name and shall hereafter be known as Gajjan Masih.

I, hitherto known as Sham Lal S/o Mangal Nath residing at Street No. 8, Mohalla Prempura, Phagwara, District Kapurthala-144401, Punjab have changed my name and shall hereafter be known as Shyam Lal Gill.

I, Sandeep Kaur W/o Ranjeet Singh R/o VPO. Muridwal, H.No. 50, Tehsil Shahkot, District Jalandhar, Punjab-144701 have changed the name of my minor daughter from Yashleen Kaur To Nirbaanjot Kaur. All concerned please note.

I, Pooja w/o Pawan Kumar r/o # 6, Janak Nagar, Madan Enclave, Basti Sheikh, Jalandhar have changed my minor daughter name from Lavani to Lavanni Dalia. All Please Note.

I, Rekha w/o Sanjeev Kumar H.No. 80, New Rasila Nagar, Phase-2, Basti Danishmanda, Jalandhar, Punjab have changed my name from Rekha to Rekha Sonik. All Please Note.

## Change of Name

I, Amarjit Kaur w/o Amrik Singh r/o Vill. Raipur Guzra, Po. Umarwal Billa, Distt. Jalandhar-144041, Punjab have changed my name from Amarjit Kaur to Amar Kaur. All Please Note.

I, Jagjit Singh S/o. Kirpa Singh, Aadhaar No. (5146 2000 1939) R/o Village Bhaini Mattuan P/O Jhabhal , Tehsil & Distt. Tarn Taran. Pin-143301. Have Changed my name Jagjit Singh to Joga Singh .

I, Arpna d/o Sodhi Ram Kailey r/o H.No. C-101, Bhojowal, Jalandhar have changed my name from Arpna to Arpana Kailey (Kailey as Surname) All Please Note.

I, Balwinder Kumar @ Balwinder Sandhu s/o Gurbachan Lal r/o H.No.3, Sai Colony Kot Sadiq, Jalandhar have changed my name to Balwinder Sandhu. All Please Note.

I, Pooja w/o Pawan Kumar r/o # 6, Janak Nagar, Madan Enclave, Basti Sheikh, Jalandhar have changed my minor son name from Bhavya to Bhavya Dalia. All Please Note.

I, Malkit Chnad S/o Chintu Ram R/o Village Dainwind, Po. Lakhan Kalan, Distt. Kapurthala-144601, Punjab have changed my name from Malkit Chnad to Malkit Chand. All Please Note.

I, Teshween Kaur D/o Harpal Singh R/o K-16/230, 2, Sultanwind Road, Ram Nagar, Amritsar have changed my name from Teshween Kaur to Teshween Kaur Jaura. All concerns, Please note.

I, Manish Kumar S/o Dharampal Chaudhary R/o Village Harike, Tehsil Patti, Distt. TarnTaran have changed my name from Manish Kumar to Munish Kumar.

## ਆਮ ਸੂਚਨਾ

ਮੈਂ ਤਜਿੰਦਰ ਸਿੰਘ ਪੁੱਤਰ ਗੁਰਮਿੰਦਰ ਸਿੰਘ ਵਾਸੀ ਸ੍ਰੀ ਹਰਗੋਬਿੰਦਪੁਰ ਆਰੀਆ ਮੁਹੱਲਾ ਮਕਾਨ ਨੰਬਰ 44 ਵਾਰਡ ਨੰਬਰ 5, ਤਹਿਸੀਲ ਬਟਾਲਾ, ਜਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਮਾਲਕੀ ਦਾ ਇੱਕ ਖਸਤਾ ਹਾਲਤ ਵਿੱਚ ਮਕਾਨ ਤਕਰੀਬਨ 2 ਮਰਲੇ ਜਿਸ ਦਾ ਆਈ. ਡੀ ਨੰਬਰ 202-0169 ਹੈ. ਜਿਸ ਦੀਆਂ ਸਾਈਡਾ ਚੜਦੇ ਪਸੇ ਗਲੀ, ਲਹਿੰਦੇ ਪਾਸੇ ਸਕੱਤਰ ਸਿੰਘ ਦਾ ਮਕਾਨ, ਪਹਾੜ ਪਾਸੇ ਆਮ ਰਸਤਾ, ਦੱਖਣ ਪਾਸੇ ਮੰਗਲ ਸਿੰਘ ਦੀ ਮਾਲਕੀ ਵਾਕਿਆ ਸ਼੍ਰੀ ਹਰਗੋਬਿੰਦਪੁਰ, ਤਹਿਸੀਲ ਬਟਾਲਾ, ਜਿਲ੍ਹਾ ਗੁਰਦਾਸਪੁਰ ਵਿਖੇ ਹੈ। ਉਕਤ ਮਕਾਨ ਮੇਰੀ ਮਾਲਕੀ ਅਤੇ ਕਬਜਾ ਹੈ।ਮੇਰੀ ਮਾਲਕੀ ਦੇ ਉਕਤ ਮਕਾਨ ਦੇ ਨਾਲ ਕਿਸੇ ਦਾ ਕੋਈ ਲੜਾਈ ਝੱਗੜਾ ਕੋਰਟ ਕੇਸ ਨਹੀ ਹੈ ਅਤੇ ਮੇਰੇ ਦੂਰੋ ਨੇੜੇ ਕਿਸੇ ਰਿਸਤੇਦਾਰ ਭੈਣ ਭਰਾ ਦੇ ਨਾਲ ਕੋਈ ਲੈਣ ਦੇਣ ਨਹੀਂ ਹੈ। ਮਕਾਨ ਤੇ ਮੇਰਾ ਕਬਜਾ ਹੈ ਜੋ ਕਿ ਮੈਨੂੰ ਮੇਰੇ ਪਿਤਾ ਪੁਰਖੀ ਵਿਰਾਸਤ ਵਿੱਚ ਮਿਲਿਆ , ਮੇਰੀ ਉਕਤ ਮਾਲਕੀ ਸਬੰਧੀ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ 10 ਦਿਨ ਦੇ ਅੰਦਰ ਅੰਦਰ ਆਪਣਾ ਇਤਰਾਜ ਸਬ ਤਹਿਸੀਲ ਸ੍ਰੀ ਹਰਗੋਬਿੰਦਪੁਰ ਵਿਖੇ ਪੇਸ਼ ਕਰੇ।

ਟਿਊਬਵੈੱਲ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ05/1159 ਸ੍ਰੀ ਤਰਲੋਚਨ ਸਿੰਘ ਪੁੱਤਰ ਸ੍ਰੀ ਮੋਹਨ ਸਿੰਘ ਪਿੰਡ ਖਜੂਰਲਾ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਦੇ ਨਾਂਅ 'ਤੇ ਚੱਲ ਰਿਹਾ ਹੈ। ਇਹ ਮੋਟਰ ਕੁਨੈਕਸ਼ਨ ਤਬਦੀਲ ਹੋਣ ਲਈ ਉਪ ਮੰਡਲ ਦਫ਼ਤਰ ਵਿਖੇ ਸ੍ਰੀ ਤਰਨਜੀਤ ਸਿੰਘ ਪੁੱਤਰ ਸ੍ਰੀ ਮਲਕੀਤ ਸਿੰਘ ਦੇ ਨਾਂਅ ਤਬਦੀਲ ਕੀਤਾ ਜਾ ਰਿਹਾ ਹੈ। ਜਿਸ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ ਲਿਖਤੀ ਰੂਪ ਵਿਚ ਪੀ ਐੱਸ ਪੀ ਸੀ ਐੱਲ ਚਹੇੜੂ ਉੱਪ ਮੰਡਲ ਦਫ਼ਤਰ ਵਿਖੇ 30 ਦਿਨਾਂ ਦੇ ਅੰਦਰ-ਅੰਦਰ ਸੂਚਿਤ ਕੀਤਾ ਜਾਵੇ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP 3/88 ਗੱਜਣ ਸਿੰਘ ਪੁੱਤਰ ਹਜਾਰਾ ਸਿੰਘ, ਵਾਸੀ ਅਕਬਰਪੁਰ ਖੁਰਦ ਤੋਂ ਨਾਂਅ ਬਦਲੀ ਕਰਕੇ ਜਸਵੰਤ ਸਿੰਘ ਪੁੱਤਰ ਗੱਜਣ ਸਿੰਘ ਵਾਸੀ ਅਕਬਰਪੁਰ ਖੁਰਦ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾ ਅੰਦਰ ਵਧੀਕ ਸਹਾਇਕ ਇੰਜੀਨੀਅਰ ਪਾਵਰਕਾਮ ਲਿਮਟਿਡ ਪਰਜੀਆਂ ਕਲਾਂ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP 3/58 ਗੱਜਣ ਸਿੰਘ ਪੁੱਤਰ ਹਜਾਰਾ ਸਿੰਘ, ਵਾਸੀ ਅਕਬਰਪੁਰ ਖੁਰਦ ਤੋਂ ਨਾਂਅ ਬਦਲੀ ਕਰਕੇ ਮਨਜਿੰਦਰ ਸਿੰਘ ਪਵਾਰ ਪੁੱਤਰ ਦਰਸ਼ਨ ਸਿੰਘ ਵਾਸੀ ਸੀਚੇਵਾਲ (ਰਕਬਾ ਅਕਬਰਪੁਰ ਖੁਰਦ, ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾ ਅੰਦਰ ਵਧੀਕ ਸਹਾਇਕ ਇੰਜੀਨੀਅਰ ਪਾਵਰਕਾਮ ਲਿਮਟਿਡ ਪਰਜੀਆਂ ਕਲਾਂ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP 04/1697 ਅਮਰਜੀਤ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਮਹਿਤਪੁਰ ਤੋਂ ਨਾਂਅ ਬਦਲੀ ਕਰਕੇ ਪਰਮਿੰਦਰ ਸਿੰਘ ਮਾਨ ਪੁੱਤਰ ਜਸਵਿੰਦਰ ਸਿੰਘ ਮਾਨ ਵਾਸੀ ਬਾਲੋਕੀ ਦੇ ਨਾਂਅ ਪਰ ਕਰਨਾ ਹੈ ਕੋਈ ਵੀ ਇਤਰਾਜ਼ ਪੰਦਰਾਂ ਦਿਨਾ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP 17/1211 ਮਹਿੰਦਰ ਕੌਰ ਪਤਨੀ ਮਲੂਕ ਸਿੰਘ, ਵਾਸੀ ਬੀੜ ਬਾਲੋਕੀ ਤੋਂ ਨਾਂਅ ਬਦਲੀ ਕਰਕੇ ਸੁਖਦੇਵ ਸਿੰਘ ਪੁੱਤਰ ਬਹਾਦਰ ਸਿੰਘ ਵਾਸੀ ਮਾਣਕ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

## ਨਾਂਅ ਦੀ ਬਦਲੀ

ਮੈਂ, ਗੁਰਮੀਤ ਸਿੰਘ ਛਿਨਾ ਪੁੱਤਰ ਮਹਿੰਦਰ ਸਿੰਘ, ਵਾਸੀ ਪਿੰਡ ਡਾਲਾ, ਡਾਕਖਾਨਾ ਬਹਿਰਾਮਪੁਰ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ। ਮੈਂ ਆਪਣਾ ਨਾਂਅ ਗੁਰਮੀਤ ਸਿੰਘ ਛਿਨਾ ਤੋਂ ਬਦਲ ਕੇ ਗੁਰਮੀਤ ਸਿੰਘ ਰੱਖ ਲਿਆ ਹੈ।

ਮੈਂ, ਰਾਜ ਕੌਰ ਵਾਸੀ ਲੁਭਾਇਆ ਵਾਸੀ ਪਿੰਡ ਕੁਰਾਲੀਆਂ ਤਹਿਸੀਲ ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਨੇ ਮੇਰਾ ਨਾਂ ਰਾਜ ਕੌਰ ਤੋਂ ਬਦਲ ਕੇ ਰਾਜ ਯੂਸਫ਼ ਰੱਖ ਦਿੱਤਾ ਹੈ।

ਮੈਂ, ਰਾਜ ਯੂਸਫ਼ ਪਤਨੀ ਲੁਭਾਇਆ ਵਾਸੀ ਪਿੰਡ ਕੁਰਾਲੀਆਂ ਤਹਿਸੀਲ ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਨੇ ਆਪਣੀ ਨਾਬਾਲਗ ਧੀ ਦਾ ਨਾਮ ਨਵਪ੍ਰੀਤ ਕੌਰ ਤੋਂ ਬਦਲ ਕੇ ਨਵ ਯੂਸਫ਼ ਰੱਖ ਦਿੱਤਾ ਹੈ।

ਮੈਂ, ਪ੍ਰਿੰਸ ਪੁੱਤਰ ਸ਼੍ਰੀ ਗਿਆਨ ਸਿੰਘ ਵਾਸੀ ਪਿੰਡ ਖੁਸਰੋਪੁਰ, ਡਾਕਖਾਨਾ ਪੱਤੜ ਕਲਾਂ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਮ ਪ੍ਰਿੰਸ ਤੋਂ ਬਦਲ ਕੇ ਪ੍ਰਿੰਸ ਸਭਰਵਾਲ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਗੁਰਮੀਤ ਸਿੰਘ ਪੁੱਤਰ ਹਰਦਿਆਲ ਸਿੰਘ, ਵਾਸੀ ਕਾਦੀਆਂਵਾਲੀ, ਡਾਕਖਾਨਾ ਜਮਸ਼ੇਰ, ਜ਼ਿਲ੍ਹਾ ਜਲੰਧਰ, ਪੰਜਾਬ-144020 ਬਿਆਨ ਕਰਦਾ ਹਾਂ ਕਿ ਮੇਰੀਆਂ ਲੜਕੀਆਂ ਸਮਨਦੀਪ ਕੌਰ (ਸ਼ਾਦੀਸ਼ੁਦਾ) ਅਤੇ ਮਨਪ੍ਰੀਤ ਕੌਰ (ਕੁਆਰੀ) ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹਨ। ਮੈਨੂੰ ਤੰਗ-ਪ੍ਰੇਸ਼ਾਨ ਕਰਦੀਆਂ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਮਮਤਾ ਰਾਣੀ ਪਤਨੀ ਸ਼ਿਵ ਦਿਆਲ, ਵਾਸੀ ਪਿੰਡ ਅਰਗੋਵਾਲ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੇ ਹਾਂ ਕਿ ਸਾਡਾ ਵੱਡਾ ਲੜਕਾ ਮੁਕੇਸ਼ ਕੁਮਾਰ, ਉਸ ਦੀ ਪਤਨੀ ਕਾਮਨਾ ਅਤੇ ਦੂਸਰਾ ਲੜਕਾ ਨੰਦ ਕਿਸ਼ੋਰ, ਉਸ ਦੀ ਪਤਨੀ ਸ਼ਿਲਪਾ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਚਾਰਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਦੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੇ ਅਸੀਂ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਆਪਣੇ ਕੀਤੇ ਕੰਮਾਂ ਦੇ ਖੁਦ ਜ਼ਿੰਮੇਵਾਰ ਹੋਣਗੇ। ਸੰਬੰਧਤ ਨੋਟ ਕਰਨ।

ਮੈਂ, ਦਿਆਲ ਦਾਸ ਪੁੱਤਰ ਗੁਰਬਚਨ ਦਾਸ ਪਿੰਡ ਦਿਆਲਪੁਰ, ਜ਼ਿਲ੍ਹਾ ਜਲੰਧਰ ਦਾ ਵਸਨੀਕ ਹਾਂ। ਮੇਰਾ ਲੜਕਾ ਵਿਨੋਦ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਅਗਾਂਹ ਤੋਂ ਉਸ ਨਾਲ ਲੈਣ-ਦੇਣ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ। (12924)

ਮੈਂ, ਕੰਵਲਜੀਤ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪਰਿੰਗੜੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਪੁੱਤਰ ਸ਼ਨੀ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਪੁੱਤਰ ਸ਼ਨੀ ਸਿੰਘ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ੁੰਮੇਵਾਰ ਹੋਵੇਗਾ।

ਮੈਂ, ਸਰਵਨ ਸਿੰਘ ਪੁੱਤਰ ਧਰਮ ਸਿੰਘ ਵਾਸੀ ਮਕਾਨ ਨੰ: 2, ਡੀ ਬਲਾਕ, ਫਰੈਂਡਸ ਐਵੇਨਿਊ, ਨੇੜੇ ਗੁਰਦੁਆਰਾ ਪਲਾਹ ਸਾਹਿਬ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਸੁਖਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਵਾਰ ਇਸ ਦੀ ਕਿਸੇ ਕਥਨੀ-ਕਰਨੀ ਅਤੇ ਲੈਣ- ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਕੁਲਦੀਪ ਸਿੰਘ ਪੁੱਤਰ ਗੁਰਚਰਨ ਸਿੰਘ, ਵਾਸੀ ਪਿੰਡ ਢੱਡਾ ਦੌਲਤਪੁਰ, ਤਹਿਸੀਲ ਸ਼ਾਹਕੋਟ, ਥਾਣਾ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕੁਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਜੱਜ ਸਿੰਘ ਪੁੱਤਰ ਧੰਨਾ ਸਿੰਘ, ਵਾਸੀ ਗੋਬਿੰਦ ਨਗਰੀ, ਜਲਾਲਾਬਾਦ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਰਨ ਸਿੰਘ ਤੇ ਮੇਰੀ ਨੂੰਹ ਸੰਜਨਾ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਹਰਜਿੰਦਰ ਸਿੰਘ ਪੁੱਤਰ ਅਜੀਤ ਸਿੰਘ, ਵਾਸੀ ਨੰਗਲ ਲੁਬਾਣਾ, ਤਹਿ. ਭੁਲੱਥ, ਜ਼ਿਲ੍ਹਾ ਕਪੂਰਥਲਾ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਪਵਨ ਸਿੰਘ ਮੇਰੇ ਕਹਿਣੇਕਾਰ ਵਿਚ ਨਹੀਂ ਹੈ। ਇਸ ਲਈ ਮੈਂ ਇਸ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੁਲੱਖਣ ਪੁੱਤਰ ਫਕੀਰ ਵਾਸੀ ਡਾਕਖਾਨਾ ਪੱਤੜ ਕਲਾਂ, ਪਾੜਾ ਪਿੰਡ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਵਨ ਕੁਮਾਰ ਅਤੇ ਉਸਦੀ ਪਤਨੀ ਰਿਤੂ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਅਮਰਚੰਦ ਪੁੱਤਰ ਸ੍ਰੀ ਵੇਦ ਪ੍ਰਕਾਸ਼ ਪਿੰਡ ਦੇਹਕਲਾਂ,ਤਹਿਸੀਲ ਖਰੜ,ਜ਼ਿਲ੍ਹਾ ਮੋਹਾਲੀ ਦਾ ਰਹਿਣ ਵਾਲਾ ਹਾਂ। ਇਹ ਕਿ ਮੇਰਾ ਪੁੱਤਰ ਅਸ਼ਵਨੀ ਕੁਮਾਰ, ਮਨੀਸ਼ ਕੁਮਾਰ ਤੇ ਉਸਦੀ ਪਤਨੀ ਸੋਨੀਆ ਅਤੇ ਰਜਨੀਸ਼ ਕੁਮਾਰ ਤੇ ਉਸਦੀ ਪਤਨੀ ਪੂਜਾ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ ਇਸ ਲਈ ਅੱਜ ਤੋਂ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਪਿਆਰ ਕੌਰ ਵਿਧਵਾ ਨਾਜਰ ਸਿੰਘ ਵਾਸੀ ਪਿੰਡ ਬੁਡੇ ਨੰਗਲ, ਤਹਿ: ਬਟਾਲਾ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਬੂਟਾ ਸਿੰਘ ਦੀ ਮੌਤ ਹੋ ਚੁੱਕੀ ਹੈ। ਇਸਦੀ ਪਤਨੀ ਪਲਵਿੰਦਰ ਕੌਰ ਕਿਸੇ ਦੂਸਰੇ ਲੜਕੇ ਰਣਜੋਧ ਸਿੰਘ ਨਾਲ ਭੱਜ ਕੇ ਸ਼ਾਦੀ ਕਰਵਾ ਲਈ ਹੋਈ ਹੈ। ਮੈਂ ਆਪਣੀ ਨੂੰਹ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਚੰਗੇ ਮਾੜੇ ਕੰਮਾਂ ਦੀ ਖੁਦ ਜ਼ਿੰਮੇਵਾਰ ਹੋਵੇਗੀ। ਮੇਰਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੋਵੇਗਾ।

ਮੈਂ, ਗੁਲਸ਼ਨ ਕੁਮਾਰ ਪੁੱਤਰ ਤੀਰਥ ਰਾਮ ਵਾਸੀ ਮਕਾਨ ਨੰਬਰ 512/15, ਮੁਹੱਲਾ ਪ੍ਰੇਮ ਨਗਰ, ਪਿਛੇ ਡਾਕਖਾਨਾ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਪੁੱਤਰ ਆਸ਼ੂ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚਲ ਤੇ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੀ ਕਿਸੇ ਵੀ ਦੇਣਦਾਰੀ, ਮਾੜੇ ਚੰਗੇ ਕੰਮ, ਝਗੜਾ ਆਦਿ ਦਾ ਮੈਂ ਤੇ ਮੇਰੇ ਪਰਿਵਾਰ ਹੁਣ ਅਤੇ ਭੱਵਿਖ ਵਿੱਚ ਜਿੰਮੇਵਾਰ ਨਹੀਂ ਹੋਵੇਗਾ।

ਮੈਂ ਲਖਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ 94, ਗਲੀ ਨੰ. 9, ਸੁੰਦਰ ਨਗਰ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਛੋਟਾ ਲੜਕਾ ਮਨਿੰਦਰ ਸਿੰਘ ਉਰਫ ਮੋਨੂੰ ਜੋ ਕਿ ਮੇਰੇ ਕਹਿਣੇ, ਸੁਨਣੇ ਤੋਂ ਬਾਹਰ ਹੈ, ਮਾੜੀ ਸੰਗਤ ਵਿਚ ਪੈ ਗਿਆ ਹੈ, ਆਪਣੀ ਪਤਨੀ ਅਤੇ ਸਾਨੂੰ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਆਪਣੇ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰੇ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ ਹੈ।

ਮੈਂ, ਬਾਬੀ ਪੁੱਤਰ ਗਿਆਨ, ਵਾਸੀ ਠੱਠਾ, ਤਹਿਸੀਲ ਵਾ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਲਸ਼ਨ ਸਿੰਘ ਅਤੇ ਉਸ ਦੀ ਪਤਨੀ ਮਨਦੀਪ ਕੌਰ ਤੇ ਉਸ ਦੇ ਤਿੰਨ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕੀਮਤ ਸਿੰਘ ਪੁੱਤਰ ਅਮਰ ਸਿੰਘ, ਵਾਸੀ ਮਕਾਨ ਨੰਬਰ ਐੱਲ-3/921, ਗਲੀ ਨੰਬਰ 02, ਨਿਊ ਜਸਪਾਲ ਨਗਰ, ਅੰਮ੍ਰਿਤਸਰ, ਪੰਜਾਬ-143006 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਹਰਜਿੰਦਰ ਸਿੰਘ ਪੁੱਤਰ ਭਾਨ ਸਿੰਘ, ਵਾਸੀ ਗੁਰੂ ਕੀ ਵਡਾਲੀ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਵਿਜੇ ਲਕਸ਼ਮੀ ਪਤਨੀ ਅਮਨ ਕੁਮਾਰ, ਵਾਸੀ ਨਿਊ ਜਵਾਹਰ ਨਗਰ, ਮੇਨ ਬਾਜ਼ਾਰ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਭਰਾ ਪ੍ਰਦੀਪ ਕੁਮਾਰ ਅਤੇ ਉਸ ਦੀ ਪਤਨੀ ਸ਼ਵੇਤਾ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਸਾਡੇ ਨਾਲ ਚੰਗਾ ਵਿਹਾਰ ਨਹੀਂ ਕਰਦੇ। ਮੈਂ ਇਨ੍ਹਾਂ ਨੂੰ ਆਪਣੇ ਸਾਰਿਆਂ ਰਿਸ਼ਤਿਆਂ ਤੋਂ ਬੇਦਖਲ ਕਰ ਰਹੀ ਹਾਂ। ਇਹ ਆਪਣੇ ਕੀਤੇ ਕੰਮਾਂ ਦੇ ਆਪ ਜ਼ਿੰਮੇਵਾਰ ਹੋਣਗੇ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਅਮਨ ਕੁਮਾਰ ਪੁੱਤਰ ਕੇਵਲ ਕ੍ਰਿਸ਼ਨ, ਵਾਸੀ ਨਿਊ ਜਵਾਹਰ ਨਗਰ, ਮੇਨ ਬਾਜ਼ਾਰ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਸਾਲਾ ਪ੍ਰਦੀਪ ਕੁਮਾਰ ਅਤੇ ਉਸ ਦੀ ਪਤਨੀ ਸ਼ਵੇਤਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਸਾਡੇ ਨਾਲ ਚੰਗਾ ਵਿਹਾਰ ਨਹੀਂ ਕਰਦੇ। ਮੈਂ ਇਨ੍ਹਾਂ ਨੂੰ ਆਪਣੇ ਸਾਰਿਆਂ ਰਿਸ਼ਤਿਆਂ ਤੋਂ ਬੇਦਖਲ ਕਰਦਾ ਹਾਂ। ਇਹ ਆਪਣੇ ਕੀਤੇ ਕੰਮਾਂ ਦੇ ਆਪ ਜ਼ਿੰਮੇਵਾਰ ਹੋਣਗੇ। ਇਨ੍ਹਾਂ ਨਾਲ ਲੈਣ-ਦੇਣ ਅਤੇ ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਕਸ਼ਮੀਰ ਕੌਰ ਪਤਨੀ ਲੇਟ ਪਰਮਜੀਤ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਢਾਡਾ ਕਲਾਂ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਹਰਜੀਤ ਕੌਰ ਅਤੇ ਉਸਦਾ ਪਤੀ ਮਨਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

(U/o 5 Rule 20 CPC)
In The Court of Ms. Simranpreet Kaur
Civil Judge Junior Division - 5 Rajpura
CNR No. PBPTA0-001065-2025
Next Date: 06-02-2026
Ram Kumar
Vs.
General Public
Suit For Declaration
Publication Issued To:
General Public
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 06-02-2026 at 10:00 a.m.
For details logon to https://highcourtchd.gov.in/?mod=district_notice&district=patiala
Civil Judge Junior Division - 5 Rajpura
Dated, this day of 06-01-2026

## COURT NOTICE

(U/o 5 Rule 20 CPC)
In The Court of Ms. Gurpreet Kaur-II
Civil Judge Junior Division-2, Zira
CNR No. PBFZA0-000733-2025
Next Date:- 12-01-2026
Karam Singh
Vs.
Jaspal Singh Etc.
Publication Issued To:
Jaspal Singh Etc
Father :- Mohinder Singh
Vill. Sodhiwala Teh. Zira
2. Pritpal Singh S/o Mohinder Singh, 3. Jasvir Singh S/o Gurmail Singh. All R/o Village Sodhiwala, Tehsil Zira.
In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 12-01-2026 at 10:00 a.m.
For details logon to https://highcourtchd.gov.in/?mod=district_notice&district=mogacourt
Civil Judge Junior Division-2, Zira
Dated, this day of 19-12-2025

## COURT NOTICE

(U/o 5 Rule 20 CPC)
In The Court of Mandeep Kaur
Civil Judge (Junior Division), Amritsar
CNR No. PBAS02-005104-2025
Next Date:- 09-02-2026
Harinder Singh
Vs.
Manjinder Kaur
Publication Issued To:
Manjinder Kaur
Spouse :- Gurpreet Singh
Plot No. 172K/680, Gali No. 6, Sant Avenue, G.T. Road, Tehsil and District Amritsar
In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 09-02-2026 at 10:00 a.m.
For details logon to https://highcourtchd.gov.in/?trs=district_notice&district=Amritsar
Civil Judge (Junior Division) Amritsar
Dated this day of 05-01-2026

## COURT NOTICE

(U/o 5 Rule 20 CPC)
In The Court of
Sh. Mandeep Singh Kainth
Civil Judge (Junior Division), Kharar
CNR No. PBSAA0-001551-2022
Next Date: 14-01-2026
Swaran Singh Mavi Through SPA Rupinder Singh
Vs.
Narinder Pal Singh
Publication Issued To:
Narinder Pal Singh
S/o Satgur Singh, R/o Village Meemsa Distt. Sangrur Mob. 96152-00059
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 14-01-2026 at 10:00 a.m.
For details logon to https://highcourtchd.gov.in/?mod=district_notice&district=mogacourt
Civil Judge (Junior Division), Kharar
Dated, this day of 24-12-2025

## COURT NOTICE

(U/o 5 Rule 20 CPC)
In The Court of Sh. Tanveer Singh Madhav
Civil Judge (Junior Division), Kharar
CNR No. PBSAA0-000504-2025
Next Date:- 23-01-2026
Gaurav Mehta
Vs.
Rohit Sharma
Publication Issued To:
3. Kamaljit Singh Son of Surjant Singh
Village Rampur Tehsil and Distt. Fatehgarh Sahib.
In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 23-01-2026 at 10:00 am.
For details logon to https://highcourtchd.gov.in/?mod=district_notice&district=mogacourt
Civil Judge (Junior Division), Kharar
Dated, this day of 03-01-2026

## Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 29.12.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਚ ਐੱਲ 'ਚ ਕਰਜ਼ਦਾਰ) : ਸ੍ਰੀ ਅਮਨਦੀਪ ਪੁੱਤਰ ਬਾਰੀ ਰਾਮ ਵਾਸੀ ਪਿੰਡ ਉਮਰਵਾਲ ਬਿੱਲਾ, ਤਹਿਸੀਲ ਨਕੋਦਰ, ਜਲੰਧਰ, ਪੰਜਾਬ-144041
2. (ਐੱਚ ਐੱਲ 'ਚ ਕਰਜ਼ਦਾਰ) : ਸ੍ਰੀਮਤੀ ਕਮਲਜੀਤ ਕੌਰ ਪਤਨੀ ਸ੍ਰੀ ਅਮਨਦੀਪ ਵਾਸੀ ਪਿੰਡ ਉਮਰਵਾਲ ਬਿੱਲਾ, ਤਹਿਸੀਲ ਨਕੋਦਰ, ਜਲੰਧਰ, ਪੰਜਾਬ-144041
3. (ਐੱਚ ਐੱਲ 'ਚ ਗਰੰਟਰ) : ਸ੍ਰੀ ਬਲਜੀਤ ਰਾਮ ਪੁੱਤਰ ਪਰਮਜੀਤ ਰਾਮ ਵਾਸੀ ਧਰਮੀਵਾਲ, ਰੌਂਤ, ਜਲੰਧਰ, ਪੰਜਾਬ-144703

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.12.2025 ਤੋਂ ਬਿਨਾਂ ਵਿਆਜ) |
|---|---|---|
| HL/073611000018 | Rs. 20,00,000/- | Rs. 23,87,347.15 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਬੈਨਾਮਾ ਦਸਤਾਵੇਜ਼ 2021-22/182/1/636 ਮਿਤੀ 28.02.2022 ਅਨੁਸਾਰ ਸ੍ਰੀ ਅਮਨਦੀਪ ਪੁੱਤਰ ਬਾਰੀ ਰਾਮ ਦੀ ਮਲਕੀਅਤ ਜਾਇਦਾਦ ਰਕਬਾ 5 ਮਰਲੇ, ਉਮਰਵਾਲ ਬਿੱਲਾ/350 ਵਿਖੇ ਸਥਿਤ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ।

ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਟੁੱਟ ਕਲਾਂ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 06.01.2026 | ਅਧਿਕਾਰਤ ਅਫਸਰ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.:- 216-2025-26-ADEN-LDH & 217-2025-26-ADEN-JRC | ਤਾਰੀਕ: 06.01.2026

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 27.01.2026 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦੇ ਲਈ ਇਸ ਨਿਵਿਦਾ ਦੇ ਲਈ ਭੁਗਤਾਨ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁੱਲਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 02.01.2026 | 13.01.2026 | 27.01.2026 / 15:00 ਵਜੇ |

| ਲ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ |
|---|---|---|
| 1 | 216-2025-26-ADEN-LDH | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਪੀ.ਵੇ./ਨਵਾਂਸ਼ਹਿਰ ਦੋਆਬਾ ਦੇ ਵਖ-ਵਖ ਯਾਰਡਾਂ ਵਿਚ ਸੁਧਾਰ ਕੰਮ। |

| ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 3,59,46,891.52 | 3,29,700.00 | 60 ਦਿਨ | 10 ਮਹੀਨੇ |

ਸਮਾਨ ਨੇਚਰ ਦਾ ਕੰਮ : "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ/ਸਕ੍ਰੀਨਿੰਗ ਟ੍ਰੈਕ ਨੂੰ ਤਣਾਅਮੁਕਤ ਕਰਨਾ/ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਵਿਚ ਕੰਮ ਸ਼ਾਮਲ ਹਨ, ਟੀ-28 ਦੁਆਰਾ।"

| ਲ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ |
|---|---|---|
| 2 | 217-2025-26-ADEN-JRC | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਜਲੰਧਰ ਕੈਂਟ ਵਿਚ ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਦੇ ਵਖ-ਵਖ ਯਾਰਡਾਂ ਵਿਚ ਸੁਧਾਰ ਕੰਮ। |

| ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 4,35,95,429.66 | 3,68,000.00 | 60 ਦਿਨ | 10 ਮਹੀਨੇ |

ਸਮਾਨ ਨੇਚਰ ਦਾ ਕੰਮ : "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ/ਸਕ੍ਰੀਨਿੰਗ ਟ੍ਰੈਕ ਨੂੰ ਤਣਾਅਮੁਕਤ ਕਰਨਾ/ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਵਿਚ ਕੰਮ ਸ਼ਾਮਲ ਹਨ, ਟੀ-28 ਦੁਆਰਾ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨਹੀ ਮਾਨਯ ਹੋਣਗੇ। 59/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਪੰਜਾਬ 'ਚ ਅਮਨ-ਕਾਨੂੰਨ ਸੁਰੱਖਿਅਤ ਹੱਥਾਂ 'ਚ : ਬਲਤੇਜ ਪੰਨੂ



**ਚੰਡੀਗੜ੍ਹ,(ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਵਲਟੋਹਾ ਸਰਪੰਚ ਹੱਤਿਆਕਾਂਡ ਦੇ ਮੁੱਖ ਮੁਲਜ਼ਮ ਦੇ ਪੁਲਸ ਮੁਕਾਬਲੇ ਵਿੱਚ ਮਾਰੇ ਜਾਣ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਪੂਰੀ ਤਰ੍ਹਾਂ ਸੁਰੱਖਿਅਤ ਹੱਥਾਂ ਵਿੱਚ ਹੈ ਤੇ ਪੰਜਾਬ ਪੁਲਸ ਆਪਣਾ ਫਰਜ਼ ਬਾਖ਼ੂਬੀ ਨਿਭਾ ਰਹੀ ਹੈ।ਵਲਟੋਹਾ ਸਰਪੰਚ ਹੱਤਿਆਕਾਂਡ ਮਾਮਲੇ ਵਿੱਚ ਤਰਨ ਤਾਰਨ ਦੇ ਨਜ਼ਦੀਕ ਪੰਜਾਬ ਪੁਲਸ ਅਤੇ ਹੱਤਿਆਰਿਆਂ ਵਿਚਾਲੇ ਹੋਈ ਮੁੱਠਭੇੜ ਦੌਰਾਨ ਮੁੱਖ ਮੁਲਜ਼ਮ ਦੀ ਮੌਤ ਹੋ ਗਈ ਹੈ। ਇਸ ਘਟਨਾਕ੍ਰਮ 'ਤੇ ਪ੍ਰਤੀਕਿਰਿਆ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਸੁਰੱਖਿਅਤ ਹੱਥਾਂ ਵਿੱਚ ਹੈ। ਉਨ੍ਹਾਂ ਨੇ ਸਾਫ਼ ਲਫ਼ਜ਼ਾਂ ਵਿੱਚ ਕਿਹਾ ਕਿ ਕੋਈ ਵੀ ਵਿਅਕਤੀ ਭਾਵੇਂ ਉਹ ਕਿੰਨਾ ਵੀ ਪਾਵਰਫੁੱਲ ਕਿਉਂ ਨਾ ਹੋਵੇ, ਜੇਕਰ ਉਹ ਕਾਨੂੰਨ ਆਪਣੇ ਹੱਥਾਂ ਵਿੱਚ ਲਵੇਗਾ ਤਾਂ ਪੰਜਾਬ ਪੁਲਸ ਆਪਣਾ ਕੰਮ ਬਾਖ਼ੂਬੀ ਕਰੇਗੀ।ਬਲਤੇਜ ਪੰਨੂ ਨੇ ਪੰਜਾਬ ਪੁਲਿਸ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਅਪਰਾਧੀਆਂ ਖ਼ਿਲਾਫ਼ ਸਖ਼ਤ ਕਾਰਵਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਮਨਰੇਗਾ ਸਕੀਮ ਬੰਦ ਕਰਨ ਦੇ ਵਿਰੋਧ 'ਚ ਵਿਸ਼ਾਲ ਰੈਲੀ ਭਲਕੇ : ਥਾਂਦੀਆ



**ਬੰਗਾ (ਅਵਤਾਰ ਕਲੇਰ)**

ਮੋਦੀ ਸਰਕਾਰ ਵੱਲੋਂ ਮਨਰੇਗਾ ਸਕੀਮ ਨੂੰ ਬੰਦ ਕਰਨ ਅਤੇ ਨਵੇਂ ਕਾਨੂੰਨੀ ਪ੍ਰਬੰਧਾਂ ਦੇ ਵਿਰੋਧ ਵਜੋਂ 9 ਜਨਵਰੀ ਨੂੰ ਬਲਾਚੌਰ ਦੀ ਦਾਣਾ ਮੰਡੀ ਵਿੱਚ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦੀ ਅਗਵਾਈ ਵਿੱਚ ਸਵੇਰੇ 10 ਵਜੇ ਵਿਸ਼ਾਲ ਰੋਸ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ ਦੀ ਤਿਆਰੀਆਂ ਸਬੰਧੀ ਮੀਨਾ ਸੂੰਢ ਦੀ ਅਗਵਾਈ ਹੇਠ ਬੰਗਾ ਵਿਖੇ ਕਾਂਗਰਸ ਆਗੂਆਂ ਅਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਆਯੋਜਿਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਾਕ ਕਾਂਗਰਸ ਪ੍ਰਧਾਨ ਕੁਲਵਰਨ ਸਿੰਘ ਥਾਂਦੀਆਂ ਨੇ ਦੱਸਿਆ ਕਿ ਇਸ ਰੋਸ ਰੈਲੀ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ,ਪੰਜਾਬ ਵਿਧਾਨ ਸਭਾ ਵਿੱਚ ਮੁੱਖ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਐਮ ਐਲ ਏ ਰਾਣਾ ਗੁਰਜੀਤ ਸਿੰਘ ਅਤੇ ਪੰਜਾਬ ਪ੍ਰਭਾਰੀ ਭੂਪੇਸ਼ ਬਗੇਲ ਸਮੇਤ ਕਈ ਹੋਰ ਸੀਨੀਅਰ ਕਾਂਗਰਸ ਆਗੂ ਸ਼ਾਮਲ ਹੋਣਗੇ।ਮੀਟਿੰਗ ਦੌਰਾਨ ਮੀਨਾ ਸੂੰਢ, ਕਾਂਗਰਸ ਜ਼ਿਲ੍ਹਾ ਵਾਈਸ ਪ੍ਰਧਾਨ ਰਜਿੰਦਰ ਸ਼ਰਮਾ ਤੇ ਜ਼ਿਲ੍ਹਾ ਮਹਿਲਾ ਕਾਂਗਰਸ ਪ੍ਰਧਾਨ ਜਤਿੰਦਰ ਕੌਰ ਮੂੰਗਾ ਨੇ ਕੇਂਦਰ ਸਰਕਾਰ ਦੀ ਨੀਤੀ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਮਨਰੇਗਾ ਵਰਗੀ ਲੋਕ-ਹਿਤੈਸ਼ੀ ਸਕੀਮ ਨੂੰ ਕਮਜ਼ੋਰ ਕਰਨਾ ਜਾਂ ਬੰਦ ਕਰਨਾ ਬਹੁਤ ਹੀ ਮੰਦਭਾਗਾ ਕਦਮ ਹੈ।ਉਹਨਾਂ ਕਿਹਾ ਕਿ ਨਵੇਂ ਨਿਯਮਾਂ ਤਹਿਤ ਮਨਰੇਗਾ ਵਿੱਚ ਸੂਬਾ ਸਰਕਾਰ ਵੱਲੋਂ 40 ਫੀਸਦੀ ਹਿੱਸੇਦਾਰੀ ਪਾਉਣ ਦੀ ਸ਼ਰਤ ਲਾਗੂ ਕਰਨਾ ਕੇਂਦਰ ਸਰਕਾਰ ਦੀ ਇੱਕ ਸੋਚੀ-ਸਮਝੀ ਸਾਜ਼ਿਸ਼ ਹੈ, ਕਿਉਂਕਿ ਜ਼ਿਆਦਾਤਰ ਸੂਬਾ ਸਰਕਾਰਾਂ ਇਹ ਭਾਰ ਝੱਲਣ ਦੇ ਯੋਗ ਨਹੀਂ ਹਨ। ਇਸ ਨਾਲ ਪਿੰਡਾਂ ਦੇ ਗਰੀਬ ਅਤੇ ਮਜ਼ਦੂਰ ਵਰਗ ਨਾਲ ਵੱਡਾ ਅਨਿਆਏ ਹੋਵੇਗਾ।ਕਾਂਗਰਸ ਆਗੂਆਂ ਨੇ ਦੋਹਰਾਇਆ ਕਿ ਮਨਰੇਗਾ ਸਕੀਮ ਨੂੰ ਬਚਾਉਣ ਅਤੇ ਮਜ਼ਦੂਰਾਂ ਦੇ ਹੱਕਾਂ ਲਈ ਪਾਰਟੀ ਵੱਲੋਂ ਤਿੱਖਾ ਸੰਘਰਸ਼ ਜਾਰੀ ਰਹੇਗਾ ਅਤੇ 9 ਜਨਵਰੀ ਦੀ ਰੈਲੀ ਇਸ ਸੰਘਰਸ਼ ਦਾ ਅਹਿਮ ਹਿੱਸਾ ਹੋਵੇਗੀ। ਉਹਨਾਂ ਸਮੂਹ ਹਲਕਾ ਬੰਗਾ ਦੇ ਕਾਂਗਰਸ ਵਰਕਰਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਰੈਲੀ ਵਿੱਚ ਵੱਧ ਚੜ੍ਹ ਕੇ ਹਾਜ਼ਰੀ ਲਾਉਣ ਤਾਂ ਜੋ ਕੇਂਦਰ ਸਰਕਾਰ ਦੇ ਗਰੀਬ ਵਿਰੋਧੀ ਕਾਨੂੰਨਾਂ ਨੂੰ ਵਾਪਸ ਕਰਾਇਆ ਜਾ ਸਕੇ। ਇਸ ਮੌਕੇ ਮੀਨਾ ਸੂੰਢ, ਬਲਾਕ ਪ੍ਰਧਾਨ ਕੁਲਵਰਨ ਸਿੰਘ ਥਾਂਦੀਆਂ,ਜ਼ਿਲ੍ਹਾ ਸੀਨੀਅਰ ਵਾਈਸ ਪ੍ਰਧਾਨ ਰਜਿੰਦਰ ਸ਼ਰਮਾ, ਹਰਬੰਤ ਸਿੰਘ ਸਾਬਕਾ ਚੇਅਰਮੈਨ, ਜਤਿੰਦਰ ਕੌਰ ਮੂੰਗਾ ਜਿਲ੍ਹਾ ਮਹਿਲਾ ਪ੍ਰਧਾਨ, ਪੁਸ਼ਪਾ ਦੇਵੀ,ਰਾਮਦਾਸ ਸਿੰਘ ਪ੍ਰਧਾਨ ਬਲਾਕ ਔੜ, ਕੁਲਵੰਤ ਸਿੰਘ ਕਲੇਰਾਂ, ਕਮਲਜੀਤ ਕੌਰ ਸੰਧੂ, ਯੋਗੇਸ਼ ਕੁਮਾਰ ਸ਼ਰਮਾ, ਤਰਸੇਮ ਸਿੰਘ, ਕਮਲਜੀਤ ਸਿੰਘ ਕਵਰ, ਸੁਖਵਿੰਦਰ ਸਿੰਘ, ਅਮਰਜੀਤ ਕਲਸੀ, ਡਾ. ਅਮਰੀਕ ਸਿੰਘ ਸੋਢੀ ਆਦਿ ਹਾਜ਼ਰ ਸਨ।

## ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦਾ ਬਰਸੀ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਇਆ

**ਮੋਹਾਲੀ (ਗੁਰਜੀਤ ਬਿੱਲਾ)**




ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸੱਚਖੰਡ ਵਾਸੀ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦਾ ਬਰਸੀ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਦਿਨ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਗੁਰਮਤਿ ਸਮਾਗਮ ਵਿੱਚ ਭਾਈ ਸਤਨਾਮ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦਾ ਜੀਵਨ ਬ੍ਰਿਤਾਂਤ ਅਤੇ 1 ਜਨਵਰੀ 2015 ਨੂੰ ਸੱਚਖੰਡ ਗਮਨ ਹੋਣ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸੁਣਾਇਆ। ਭਾਈ ਗੁਰਵਿੰਦਰ ਸਿੰਘ ਗੁਰਦੁਆਰਾ ਲੁਧਿਆਣੇ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਸੁੱਚਾ ਸਿੰਘ ਜੀ ਜਵੱਦੀ ਟਕਸਾਲ ਵਾਲਿਆਂ ਨੇ ਹੰਸਾਲੀ ਵਾਲੇ ਬਾਬਾ ਜੀ ਦੁਆਰਾ ਕੀਤੇ ਸਮਾਜ ਸੇਵੀ ਕੰਮਾਂ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਕੁਲਦੀਪ ਸਿੰਘ, ਭਾਈ ਸਰੂਪ ਸਿੰਘ, ਭਾਈ ਮਨਜੀਤ ਸਿੰਘ, ਬਾਬਾ ਦੀਪ ਸਿੰਘ ਜੀ ਕਵੀਸ਼ਰੀ ਜੱਥਾ, ਭਾਈ ਸਾਹਿਬ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਹਰਬਖਸ਼ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਭਾਈ ਗੁਰਮੀਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ ਹਜਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸਨਾਨ ਕੀਤਾ। ਇਸ ਮੌਕੇ ਸੰਤ ਬਾਬਾ ਪਰਮਜੀਤ ਸਿੰਘ ਜੀ ਹੰਸਾਲੀ ਵਾਲੇ ਤੇ ਕਈ ਮਹਾਪੁਰਸ਼ਾਂ ਨੇ ਵਿਸ਼ੇਸ਼ ਤੌਰ ਤੇ ਆ ਕੇ ਸੰਗਤਾਂ ਦੇ ਦਰਸ਼ਨ ਕੀਤੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ ਇਸ ਅਸਥਾਨ ਤੇ ਸਮੂਹ ਸੰਗਤ ਦੀ ਸਹੂਲਤ ਨੂੰ ਮੁੱਖ ਰਖੱਦੇ ਹੋਏ ਐੱਮ ਆਰ ਆਈ, ਸੀ ਟੀ ਸਕੈਨ, ਅਲਟਰਾ ਸਾਊਂਡ, ਡੈਂਟਲ ਵਿੰਗ ਦੀਆਂ ਅਤਿਅਧੁਨਿਕ ਮਸ਼ੀਨਾਂ ਲਗਾਈਆਂ ਗਈਆਂ ਹਨ।

## ਚੋਣ ਡਿਊਟੀ ਦੌਰਾਨ ਜਾਨ ਗਵਾਉਣ ਵਾਲੇ ਅਧਿਆਪਕ ਜੋੜੇ ਦੀ ਯਾਦ 'ਚ ਕੈਂਡਲ ਮਾਰਚ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਲੰਘੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੌਰਾਨ ਮੋਗਾ ਦੇ ਅਧਿਆਪਕ ਜੋੜੇ ਜਿਸਨੂੰ ਚੋਣ ਡਿਊਟੀ ਦੌਰਾਨ ਸਰਕਾਰ ਦੇ ਨਾਕਸ ਪ੍ਰਬੰਧ ਕਾਰਣ ਜਾਨ ਗਵਾਉਣੀ ਪਈ ਸੀ ਦੇ ਪਰਵਾਰ ਨੂੰ ਮੁਆਵਜ਼ਾ ਦਿਵਾਉਣ, ਦੁਰਘਟਨਾਗ੍ਰਸਤ ਐਸੋਸੀਏਟ ਅਧਿਆਪਕ ਰਾਜਵੀਰ ਕੌਰ ਦੇ ਇਲਾਜ ਲਈ ਤੇ ਚੋਣਾਂ ਵਿੱਚ ਅਧਿਆਪਕਾਂ/ਮੁਲਾਜ਼ਮਾਂ ਦੇ ਰਾਹਤ ਲਈ ਪੱਕੇ ਪ੍ਰਬੰਧ ਕਰਵਾਉਣ ਲਈ ਚਲ ਰਹੇ ਸੰਘਰਸ਼ ਤਹਿਤ ਅੱਜ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਵਿਖੇ ਜਾਨ ਗਵਾਉਣ ਵਾਲੇ ਅਧਿਆਪਕ ਜੋੜੇ ਦੀ ਯਾਦ ਵਿੱਚ ਕੈਂਡਲ ਮਾਰਚ ਕੀਤਾ ਗਿਆ ਜਿਸ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ (ਡੀ ਟੀ ਐੱਫ), ਗੌਰਮਿੰਟ ਟੀਚਰਜ਼ ਯੂਨੀਅਨ (ਵਿਗਿਆਨਕ), ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ, ਅਧਿਆਪਕ ਦਲ ਅਤੇ ਐਲੀਮੈਂਟਰੀ ਟੀਚਰਜ਼ ਯੂਨੀਅਨ ਦੇ ਸਰਗਰਮ ਆਗੂਆਂ ਤੇ ਵਰਕਰਾਂ ਨੇ ਭਾਗ ਲਿਆ।ਇਸ ਮੌਕੇ ਸੰਬੋਧਨ ਕਰਦਿਆਂ ਮੁਕੇਸ਼ ਕੁਮਾਰ, ਸੁਖਦੇਵ ਡਾਨਸੀਵਾਲ, ਮਨਜੀਤ ਸਿੰਘ ਦਸੂਹਾ, ਜਤਿੰਦਰ ਸੋਨੀ, ਕਮਲ ਕਿਸ਼ੋਰ, ਵਿਕਾਸ ਸ਼ਰਮਾਂ, ਪ੍ਰਿੰਸ ਕੁਮਾਰ, ਓਂਕਾਰ ਸਿੰਘ ਸੂਸ, ਸਰਬਜੀਤ ਕੰਗ ਅਤੇ ਮਨਜੀਤ ਸਿੰਘ ਕਠਾਣਾ ਆਦਿ ਅਧਿਆਪਕ ਆਗੂਆਂ ਨੇ ਕਿਹਾ ਕਿ ਸਰਕਾਰ ਦੇ ਸਰਕਾਰ ਦੇ ਨਾਕਸ ਪ੍ਰਬੰਧਾਂ ਕਾਰਣ ਅਧਿਆਪਕ ਜੋੜੇ ਦੀ ਚੋਣ ਡਿਊਟੀ ਦੌਰਾਨ ਮੌਤ ਹੋਈ ਅਤੇ ਉਹ ਮੰਗ ਕਰਦੇ ਹਨ ਕਿ ਜਸਕਰਨ ਸਿੰਘ ਅਤੇ ਉਸ ਦੀ ਪਤਨੀ ਕਮਲਜੀਤ ਕੌਰ ਦੇ ਪਰਿਵਾਰ ਨੂੰ ਦੋ-ਦੋ ਕਰੋੜ ਦਿੱਤੇ ਜਾਣ ਅਤੇ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਸਾਰਾ ਖਰਚਾ ਸਰਕਾਰ ਚੁੱਕੇ ਤੇ ਪੜ੍ਹਾਈ ਪੂਰੀ ਕਰਨ ਉਪਰੰਤ ਬੱਚਿਆਂ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਇਸੇ ਤਰ੍ਹਾਂ ਮੂਨਕ ਵਿਖੇ ਜ਼ਖ਼ਮੀ ਹੋਈ ਐਸੋਸੀਏਟ ਅਧਿਆਪਕਾ ਨੂੰ 20 ਲੱਖ ਦਾ ਮੁਆਵਜ਼ਾ ਜਾਰੀ ਕੀਤੀ ਜਾਵੇ, ਚੋਣਾਂ ਤੋਂ



ਬਿਨਾਂ ਅਧਿਆਪਕਾਂ ਤੋਂ ਹਰ ਤਰ੍ਹਾਂ ਦੇ ਗੈਰ ਵਿਦਿਅਕ ਕੰਮ ਲੈਣੇ ਬੰਦ ਕੀਤੇ ਜਾਣ, ਭਵਿੱਖ ਵਿੱਚ ਚੋਣਾਂ ਦੌਰਾਨ ਡਿਊਟੀ ਲਗਾਉਣ ਸਮੇਂ ਕਪਲ ਕੇਸਾਂ ਵਿੱਚ ਔਰਤਾਂ ਨੂੰ ਡਿਊਟੀ ਤੋਂ ਛੋਟ ਦੇਣਾ ਯਕੀਨੀ ਬਣਾਇਆ ਜਾਵੇ, ਕਰਮਚਾਰੀ ਦੀ ਡਿਊਟੀ ਉਸ ਦੇ ਵਰਕਿੰਗ ਬਲਾਕ ਵਿੱਚ ਲਗਾਉਣ ਦਾ ਨਿਯਮ ਬਣਾਇਆ ਜਾਵੇ, ਪੋਲਿੰਗ ਬੂਥ ਤੇ ਖਾਣੇ, ਰਿਹਾਇਸ਼ ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾਣ, ਚੋਣਾਂ ਵਿੱਚ ਬੀ ਐੱਲ ਓ ਦੀ ਡਿਊਟੀ ਨਾ ਲਗਾਈ ਜਾਵੇ, ਰਿਟਰਨਿੰਗ ਅਫ਼ਸਰ ਪੱਧਰ ਤੇ ਬੂਥ ਉੱਪਰ ਚੋਣ ਸਮਗਰੀ ਪਹੁੰਚਾਉਣ ਦਾ ਪ੍ਰਬੰਧ ਕੀਤਾ ਜਾਵੇ ਅਤੇ ਚੋਣਾਂ ਦਾ ਮਿਹਨਤਾਨਾ ਮੌਕੇ ਉੱਪਰ ਹੀ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਮੰਨੀਆਂ ਜਾਂਦੀਆਂ ਤਾਂ ਉਹ 18 ਜਨਵਰੀ ਨੂੰ ਮੋਗਾ ਵਿਖੇ ਸੂਬਾ ਪੱਧਰੀ ਰੈਲੀ ਕਰਨਗੇ। ਇਸ ਮੌਕੇ ਬਲਜੀਤ ਸਿੰਘ ਮਹਿਮੋਵਾਲ, ਨੰਦ ਰਾਮ, ਸਤਪਾਲ ਕਲੇਰ, ਜਗਦੀਪ ਕੁਮਾਰ, ਵਰਿੰਦਰ ਸੈਣੀ, ਬਲਜਿੰਦਰ ਸਿੰਘ ਸਹੋਤਾ, ਰਾਕੇਸ਼ ਕੁਮਾਰ, ਪ੍ਰਵੀਨ ਕੁਮਾਰ, ਮਨਦੀਪ ਸਿੰਘ, ਗੁਰਦੇਵ ਸਿੰਘ ਲਾਲਪੁਰ, ਬਲਵੀਰ ਸਿੰਘ ਧਾਮੀ, ਹਰਵਿੰਦਰ ਸਿੰਘ, ਜਰਨੈਲ ਸਿੰਘ ਸੀਕਰੀ, ਗਗਨਦੀਪ ਸਿੰਘ, ਪ੍ਰਦੀਪ ਅਗਨੀਹੋਤਰੀ, ਸਵਰਨ ਸਿੰਘ ਭੁਪਿੰਦਰ ਪਾਲ, ਰਾਜ ਕੁਮਾਰ, ਰਣਵੀਰ ਸਿੰਘ, ਦਵਿੰਦਰ ਸਿੰਘ ਅਤੇ ਜਗਤਜੀਤ ਸਿੰਘ ਆਦਿ ਵੀ ਹਾਜ਼ਰ ਸਨ।

## ਅੰਤਰ 'ਵਰਸਿਟੀ ਫੁੱਟਬਾਲ ਟੂਰਨਾਮੈਂਟ ਦਾ ਦੂਸਰਾ ਦਿਨ ਸਫਲਤਾਪੂਰਵਕ ਸੰਪੰਨ

**ਆਦਮਪੁਰ (ਪਰਮਜੀਤ ਸਿੰਘ)**

ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿੱਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵੱਲੋਂ ਨਾਰਥ ਜ਼ੋਨ ਅੰਤਰ-ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਦਾ ਦੂਜਾ ਦਿਨ ਸਫਲਤਾ ਪੂਰਵਕ ਸੰਪੰਨ ਹੋਇਆ। ਇਸ ਮੌਕੇ ਮੁੱਖ ਮਹਿਮਾਨ ਵੱਜੋਂ ਸਰਬਜੀਤ ਸਿੰਘ ਮੱਕੜ (ਸਾਬਕਾ ਐੱਮ ਐੱਲ ਏ) ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਦੇ ਨਾਲ-ਨਾਲ ਅਨੁਸ਼ਾਸਨ ਅਤੇ ਖੇਡ ਭਾਵਨਾ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬਾਬਾ ਜਨਕ ਸਿੰਘ, ਸੰਤ ਬਾਬਾ ਸਰਵਣ ਸਿੰਘ, ਗੁਰਪ੍ਰੀਤ ਸਿੰਘ ਬਾਜਵਾ (ਡੀ ਐੱਸ ਓ) ਡਾ. ਮਨਜੀਤ ਸਿੰਘ (ਪ੍ਰਿੰਸੀਪਲ ਰਾਮਗੜ੍ਹੀਆ ਕਾਲਜ ਫਗਵਾੜਾ) ਨੇ ਵਿਸ਼ੇਸ਼ ਮਹਿਮਾਨਾਂ ਵੱਜੋਂ ਸ਼ਿਰਕਤ ਕੀਤੀ। ਡਾ.ਅਮਰਜੀਤ ਸਿੰਘ ਐੱਚ ਓ ਡੀ ਤੇ ਸਪੋਰਟਸ ਡਾਇਰੈਕਟਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ ਦੱਸਿਆ ਕਿ ਅੱਜ ਪੰਜ ਮੁਕਾਬਲੇ ਕਰਵਾਏ ਗਏ ਜਿਸ ਵਿਚ ਪਹਿਲਾ ਮੁਕਾਬਲਾ ਸ਼ੋਬਨ ਸਿੰਘ ਜੀਨਾ ਯੂਨੀਵਰਸਿਟੀ ਅਤੇ ਸੀ ਯੂ ਮੋਹਾਲੀ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਸ਼ੋਬਨ ਸਿੰਘ ਜਿਨਾਂ ਯੂਨੀਵਰਸਿਟੀ 4-0 ਨਾਲ ਜੇਤੂ ਰਹੀ। ਦੂਸਰਾ ਮੁਕਾਬਲਾ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਤੇ ਉੱਤਰਾਂਚਲ ਯੂਨੀਵਰਸਿਟੀ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ 6-0 ਨਾਲ ਜੇਤੂ ਰਹੀ। ਤੀਸਰਾ ਮੁਕਾਬਲਾ ਡੀ ਏ ਵੀ ਯੂਨੀਵਰਸਿਟੀ ਤੇ ਯੂਨੀਵਰਸਿਟੀ ਆਫ ਕਸ਼ਮੀਰ ਵਿਚਕਾਰ ਖੇਡਿਆ



ਗਿਆ ਜਿਸ ਵਿੱਚ ਡੀ ਏ ਵੀ ਯੂਨੀਵਰਸਿਟੀ ਜੇਤੂ ਰਹੀ। ਚੌਥਾ ਮੁਕਾਬਲਾ ਹਿਮਾਚਲ ਯੂਨੀਵਰਸਿਟੀ ਤੇ ਗੁਰੂ ਅੰਗਦ ਦੇਵ ਵੈਟਰੀ ਯੂਨੀਵਰਸਿਟੀ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਹਿਮਾਚਲ ਯੂਨੀਵਰਸਿਟੀ ਜੇਤੂ ਰਹੀ। ਪੰਜਵਾਂ ਮੁਕਾਬਲਾ ਸ਼ੋਬਨ ਸਿੰਘ ਜੀਨਾ ਯੂਨੀਵਰਸਿਟੀ ਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਲਵਲੀ ਯੂਨੀਵਰਸਿਟੀ ਜੇਤੂ ਰਹੀ। ਟੂਰਨਾਮੈਂਟ ਦੌਰਾਨ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਡਾ. ਸਰਬਜੀਤ ਸਿੰਘ ਨੇ ਬਾਖੂਬੀ ਨਿਭਾਈ।

## ਜਲ ਸ਼ੋਧ ਐਕਟ 2024 ਦੇ ਸੰਬੰਧ 'ਚ ਹਰਿਆਣਾ ਨੇ ਕੀਤਾ ਸਮਿਤੀ ਦਾ ਗਠਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਰਾਜ ਵਿੱਚ ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟੋਲਰ) ਸ਼ੋਧ ਐਕਟ 2024 ਨੂੰ ਅਪਨਾਉਣ ਦੇ ਸਬੰਧ ਵਿੱਚ ਵਿਚਾਰ-ਵਟਾਂਦਰਾ ਅਤੇ ਸਮੀਖਿਆ ਲਈ ਮੁੱਖ ਸਕੱਤਰ ਅਨੁਰਾਗ ਰਸਤੋਗੀ ਦੀ ਅਗਵਾਈ ਵਿੱਚ ਇੱਕ ਉੱਚ ਪੱਧਰੀ ਸਮਿਤੀ ਦਾ ਗਠਨ ਕੀਤਾ ਹੈ।ਇਹ ਸਮਿਤੀ ਕੇਂਦਰੀ ਵਾਤਾਵਰਣ, ਵਣ ਅਤੇ ਜਲਵਾਯੂ ਬਦਲਾਵ ਮੰਤਰਾਲੇ ਦੇ ਨਿਰਦੇਸ਼ਾਂ ਅਤੇ ਸ਼ੋਧ ਐਕਟ ਦੇ ਪ੍ਰਾਵਧਾਨਾਂ ਅਨੁਸਾਰ ਗਠਿਤ ਕੀਤੀ ਗਈ ਹੈ। ਵਾਤਾਵਰਣ, ਵਣ ਅਤੇ ਜੰਗਲੀਜੀਵ ਵਿਭਾਗ ਦੇ ਵਧੀਕ ਮੁੱਖ ਸਕੱਤਰ ਹਰਿਆਣਾ ਰਾਜ ਪ੍ਰਦੂਸ਼ਣ ਕੰਟੋਲ ਬੋਰਡ ਦੇ ਚੇਅਰਮੈਨ, ਨਗਰ ਅਤੇ ਗ੍ਰਾਮ ਆਯੋਜਨ ਅਤੇ ਸ਼ਹਿਰੀ ਸੰਪਦਾ ਵਿਭਾਗ, ਸ਼ਹਿਰੀ ਸਥਾਨਕ ਸੰਗਠਨ ਵਿਭਾਗ ਅਤੇ ਸਿੰਚਾਈ ਅਤੇ ਜਲ ਸਰੋਤ ਵਿਭਾਗ ਦੇ ਵਧੀਕ ਮੁੱਖ ਸਕੱਤਰ, ਵਾਤਾਵਰਣ ਵਿਭਾਗ ਦੇ ਨਿਦੇਸ਼ਕ ਅਤੇ ਵਾਤਾਵਰਣ, ਵਣ ਅਤੇ ਜੰਗਲੀਜੀਵ ਵਿਭਾਗ ਦੇ ਵਿਸ਼ੇਸ਼ ਸਕੱਤਰ ਅਤੇ ਹਰਿਆਣਾ ਰਾਜ ਪ੍ਰਦੂਸ਼ਣ ਕੰਟ੍ਰੋਲ ਬੋਰਡ ਦੇ ਉਪ ਜ਼ਿਲ੍ਹਾ ਨਿਆਂਵਾਦੀ ਸਮਿਤੀ ਦੇ ਮੈਂਬਰ ਹੋਣਗੇ। ਹਰਿਆਣਾ ਰਾਜ ਪ੍ਰਦੂਸ਼ਣ ਕੰਟ੍ਰੋਲ ਬੋਰਡ ਦੇ ਮੁੱਖ ਵਾਤਾਵਰਨ ਇੰਜੀਨੀਅਰ ਸ੍ਰੀ ਭੂਪੇਂਦਰ ਰਿਣਵਾ ਸਮਿਤੀ ਦੇ ਸੰਯੋਜਕ ਹੋਣਗੇ।ਇਹ ਸਮਿਤੀ ਸ਼ੋਧ ਐਕਟ ਨੂੰ ਅਪਨਾਉਣ ਨਾਲ ਸਬੰਧਿਤ ਸਾਰੇ ਪਹਿਲੂਆਂ ਦੀ ਵਿਸਥਾਰ ਜਾਂਚ ਕਰੇਗੀ ਅਤੇ ਆਪਣੀ ਸਿਫਾਰਿਸ਼ਾਂ ਰਾਜ ਸਰਕਾਰ ਨੂੰ ਪੇਸ਼ ਕਰੇਗੀ।

## ਜੀਂਦ-ਸੋਨੀਪਤ ਵਿਚਕਾਰ ਚਲਣ ਵਾਲੀ ਹਾਇਡ੍ਰੋਜਨ ਟ੍ਰੇਨ ਨੂੰ ਲੈ ਕੇ ਤਿਆਰਿਆਂ ਅੰਤਮ ਦੌਰ 'ਚ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਵਿੱਚ ਜਲਦ ਹੀ ਦੇਸ਼ ਦੀ ਪਹਿਲੀ ਹਾਇਡ੍ਰੋਜਨ ਟ੍ਰੇਨ ਦੀ ਸੀਟੀ ਵਜਣ ਵਾਲੀ ਹੈ। ਉਤਰ ਰੇਲਵੇ ਵੱਲੋਂ ਜੀਂਦ-ਸੋਨੀਪਤ ਵਿੱਚਕਾਰ ਚਲਣ ਵਾਲੀ ਇਸ ਟ੍ਰੇਨ ਨੂੰ ਲੈ ਕੇ ਤਿਆਰਿਆਂ ਨੂੰ ਅੰਤਮ ਰੂਪ ਦਿੱਤਾ ਜਾ ਚੁੱਕਾ ਹੈ। ਇਸ ਟ੍ਰੇਨ ਨੂੰ ਇੰਧਨ ਸਪਲਾਈ ਲਈ ਜੀਂਦ ਵਿੱਚ ਸਥਾਪਿਤ ਕੀਤੇ ਗਏ ਹਾਇਡ੍ਰੋਜਨ ਪਲਾਂਟ ਨੂੰ ਅੰਤਮ ਕਮੀਸ਼ਨਿੰਗ ਅਤੇ ਨਿੰਮਤ ਸੰਚਾਲਨ ਦੌਰਾਨ ਸਥਿਰ ਅਤੇ ਬਿਨਾ ਰੁਕਾਵਟ ਦੇ 11 ਕੇ ਵੀ ਬਿਜਲੀ ਸਪਲਾਈ ਯਕੀਨੀ ਕੀਤੀ ਗਈ ਹੈ।ਮੁੱਖ ਸਕੱਤਰ ਅਨੁਰਾਗ ਰਸਤੋਗੀ ਵੱਲੋਂ ਇਸ ਸਬੰਧ ਵਿੱਚ ਦੱਖਣ ਹਰਿਆਣਾ ਬਿਜਲੀ ਵੰਡ ਨਿਗਮ ਦੇ ਅਧਿਕਾਰਿਆਂ ਨਾਲ ਹਾਇਬ੍ਰਿਡ ਮੋਡ ਵਿੱਚ ਇੱਕ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਪਲਾਂਟ ਦੀ ਮੌਜੂਦਾ ਬਿਜਲੀ ਸਪਲਾਈ ਸਥਿਤੀ, ਬੈਕ-ਅਪ ਵਿਵਸਥਾਵਾਂ ਤੇ ਭਵਿੱਖ ਦੀ ਜਰੂਰਤਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਮੁੱਖ ਸਕੱਤਰ ਨੇ ਨਿਰਦੇਸ਼ ਦਿੱਤੇ ਕਿ ਇਸ ਪਰਿਯੋਜਨਾ ਲਈ ਭਵਿੱਖ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ, ਇਸ ਦੇ ਲਈ ਬਿਜਲੀ ਸਪਲਾਈ ਪ੍ਰਣਾਲੀ ਦੀ ਨਿੰਮਤ ਸਮੀਖਿਆ ਕੀਤੀ ਜਾਵੇ ਅਤੇ ਵੈਕਲਪਿਕ ਵਿਵਸਥਾ ਅਤੇ ਤੁਰੰਤ ਪ੍ਰਤੀਕਿਰਿਆ ਤੰਤਰ ਨੂੰ ਵੀ ਮਜਬੂਤ ਰੱਖਿਆ ਜਾਵੇ।

## ਪ੍ਰਕਾਸ਼ ਪੁਰਬ ਸੰਬੰਧੀ ਨਗਰ ਕੀਰਤਨ ਤੇ ਦੀਵਾਨ ਸਜਾਏ




**ਮਹਿਤਪੁਰ, (ਰਾਜਾ)**

ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਹਲਟੀ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜਾਂ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ ਕੀਰਤਨ ਸਜਾਏ ਗਏ, ਜੋ ਗੁਰਦੁਆਰਾ ਹਲਟੀ ਸਾਹਿਬ ਤੋ ਆਰੰਭ ਹੋਏ ਅਤੇ ਦਸਮੇਸ਼ ਕਲੋਨੀ, ਮਾਡਲ ਟਾਊਨ, ਕਵਾਟਰਾਂ, ਮੇਨ ਬਾਜ਼ਾਰ, ਸ਼ਾਹਪੁਰ ਅਤੇ ਖੁਰਮਪੁਰ ਦੇ ਗਲੀ ਮਹੁੱਲਿਆ ਤੋ ਹੁੰਦਾ ਹੋਇਆ ਵਾਪਿਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਕੀਤਾ। ਜਿਸ 'ਚ ਸ਼ਾਮਿਲ ਸੰਗਤਾਂ ਦੇ ਛੱਕਣ ਲਈ ਵੱਖ ਵੱਖ ਪੜਾਵਾਂ 'ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।ਢਾਡੀ ਹਰਨੇਕ ਸਿੰਘ ਜੀ ਬੁਲੰਦਾ ਵੱਲੋਂ ਢਾਡੀ ਵਾਰਾਂ ਗਾਂ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਸਟੇਜ ਸਕੱਤਰ ਦੀ ਭੂਮਿਕਾ ਸੁਖਵਿੰਦਰ ਸਿੰਘ ਢਿਲੋ ਵੱਲੋਂ ਨਿਭਾਈ ਗਈ।ਗੁਰਦੁਆਰਾ ਹਲਟੀ ਸਾਹਿਬ ਪ੍ਰਭਾਤਫੇਰੀ ਕਮੇਟੀ ਵਲੋਂ ਆਰੰਭ ਕੀਤੀਆਂ ਪ੍ਰਭਾਤਫੇਰੀਆਂ ਦੀ ਸਮਾਪਤੀ ਗੁਰਦੁਆਰਾ ਬੇਰ ਸਾਹਿਬ ਵਿਖੇ ਸਮਾਪਤੀ ਕੀਤੀ ਗਈ ਅਤੇ ਸ਼ਾਹਪੁਰ ਦੀਆਂ ਬੀਬੀਆਂ ਵਲੋਂ ਸ਼ਬਦ ਗਾਉਣ ਦੀ ਸੇਵਾ ਕੀਤੀ ਗਈ। ਪ੍ਰਬੰਧਕ ਕਮੇਟੀ ਵਲੋਂ ਸੇਵਾਦਾਰਾਂ ਤੇ ਸਹਿਯੋਗੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਬੀਬੀ ਰਣਜੀਤ ਕੌਰ ਕਾਕੜ ਡਾਇਰੈਕਟਰ ਇੰਫੋਟੈਕ ਪੰਜਾਬ ਨੇ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਲਵਾਕੇ ਗੁਰੂ ਸਾਹਿਬ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ, ਟ੍ਰੈਫ਼ਿਕ ਅਤੇ ਸੁਰਖਿਆਂ ਦੇ ਪ੍ਰਬੰਧ ਪੁਲਿਸ ਵਲੋਂ ਸੁਚਾਰੂ ਢੰਗ ਨਾਲ ਚਲਾਏ ਗਏ। ਦੂਸਰੇ ਦਿਨ ਆਰੰਭ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਬੱਚਿਆਂ ਨੇ ਕਵੀਤਾਵਾਂ ਗਾਈਆਂ, ਗੁਰਦੁਆਰਾ ਸਾਹਿਬ ਦੇ ਜਥੇ ਵਲੋਂ ਕੀਰਤਨ ਅਤੇ ਢਾਡੀ ਦੀਵਾਨ ਸਜਾਏ ਗਏ। ਇਸ ਮੌਕੇ ਪ੍ਰਧਾਨ ਸਾਧੂ ਸਿੰਘ ਗੁਰਦੁਆਰਾ ਬੇਰ ਸਾਹਿਬ, ਸੁਖਵਿੰਦਰ ਸਿੰਘ ਫੋਜੀ, ਰਛਪਾਲ ਸਿੰਘ, ਨਰਿੰਦਰ ਸਿੰਘ ਬਾਜਵਾ, ਸਤਨਾਮ ਸਿੰਘ, ਸੋਨੂੰ, ਪਰਮਿੰਦਰ ਸਿੰਘ, ਸੰਤੋਖ ਸਿੰਘ, ਗੁਰਮੁੱਖ ਸਿੰਘ, ਬਿਕਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਗ੍ਰੰਥੀ ਅਮਰਪਾਲ ਸਿੰਘ, ਗ੍ਰੰਥੀ ਕੁਲਵਿੰਦਰ ਸਿੰਘ, ਬਲਵਿੰਦਰ ਸਿੰਘ ਜੋਸਨ, ਬਲਜੀਤ ਸਿੰਘ ਸਾਬੀ, ਹਰਬੰਸ ਸਿੰਘ, ਸੰਜੀਵ ਪ੍ਰਿੰਸ, ਸੁਖਜੀਤ ਸਿੰਘ, ਜਗਦੀਪ ਸਿੰਘ, ਲਖਜੀਤ ਸਿੰਘ ਸ਼ੇਰੀ, ਮਹਿੰਦਰਪਾਲ ਸਿੰਘ, ਰਣਜੀਤ ਸਿੰਘ, ਨਿਰਮਲ ਸਿੰਘ ਆਦਿ ਹਾਜ਼ਰ ਸਨ।

## ਸੜਕ ਸੁਰੱਖਿਆ ਤਹਿਤ ਵਾਹਨਾਂ 'ਤੇ ਲਗਾਏ ਰਿਫਲੈਕਟਰ

**ਜਲੰਧਰ (ਇਕਬਾਲ ਸਿੰਘ ਉਭੀ)**- ਸੜਕ ਹਾਦਸਿਆਂ ਨੂੰ ਰੋਕਣ ਅਤੇ ਆਮ ਲੋਕਾਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨਾ-2026 ਤਹਿਤ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਵਿਭਾਗ ਦੇ ਸਹਿਯੋਗ ਨਾਲ ਰੀਜਨਲ ਟਰਾਂਸਪੋਰਟ ਅਫ਼ਸਰ ਅਮਨਪਾਲ ਸਿੰਘ ਵਲੋਂ ਬੀ.ਐਸ.ਐਫ. ਚੌਕ ਵਿਖੇ ਵਾਹਨਾਂ 'ਤੇ ਰਿਫਲੈਕਟਰ ਲਗਾਏ ਗਏ। ਸੜਕ ਸੁਰੱਖਿਆ ਨਿਯਮਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਰੀਜਨਲ ਟਰਾਂਸਪੋਰਟ ਅਫ਼ਸਰ ਅਮਨਮਾਲ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਕੇ ਹਰੇਕ ਲਈ ਸੁਰੱਖਿਅਤ ਯਾਤਰਾ ਨੂੰ ਯਕੀਨੀ ਬਣਾਉਣ ਵਿੱਚ ਯੋਗਦਾਨ ਪਾਇਆ ਜਾਵੇ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ-2026 ਦੌਰਾਨ ਸੜਕ ਸੁਰੱਖਿਆ ਨਿਯਮਾਂ ਪ੍ਰਤੀ ਜਾਗਰੂਕ ਕਰਨ ਲਈ ਜ਼ਿਲ੍ਹੇ ਵਿੱਚ ਹੋਰ ਵੀ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾਣਗੀਆਂ।ਇਸ ਮੌਕੇ ਸਹਾਇਕ ਟਰਾਂਸਪੋਰਟ ਅਫ਼ਸਰ ਵਿਸ਼ਾਲ ਗੋਇਲ ਅਤੇ ਕਮਲੇਸ਼ ਕੁਮਾਰੀ ਵਲੋਂ ਵੀ ਲੋਕਾਂ ਨੂੰ ਸੜਕੀ ਹਾਦਸਿਆਂ ਨੂੰ ਰੋਕਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਲੋਕਾਂ ਨੂੰ ਦੁਪਹੀਆ ਵਾਹਨ ਚਲਾਉਂਦੇ ਸਮੇਂ ਹੈਲਮਟ ਅਤੇ ਚੌਪਹੀਆ ਵਾਹਨ ਚਲਾਉਂਦੇ ਸਮੇਂ ਸੀਟ ਬੈਲਟ ਦੀ ਲਾਜ਼ਮੀ ਵਰਤੋਂ ਕਰਨ, ਵਾਹਨ ਚਲਾਉਂਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਾ ਕਰਨ ਅਤੇ ਸਹੀ ਰਫ਼ਤਾਰ ਵਿੱਚ ਵਾਹਨ ਚਲਾਉਣ ਬਾਰੇ ਜਾਗਰੂਕ ਕੀਤਾ। ਉਨ੍ਹਾਂ ਲੋਕਾਂ ਨੂੰ ਸ਼ਰਾਬ ਪੀ ਕੇ ਵਾਹਨ ਨਾ ਚਲਾਉਣ ਅਤੇ ਧੁੰਦ ਦੇ ਮੌਸਮ ਦੌਰਾਨ ਪੂਰੀ ਸਾਵਧਾਨੀ ਵਰਤਣ ਦੀ ਅਪੀਲ ਵੀ ਕੀਤੀ।

## ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਨਜ਼ਦੀਕੀ ਪਿੰਡ ਬਿੰਜੋ ਵਿਖੇ ਗੁੱਜਰ ਸਮਾਜ ਮੁਸਲਿਮ ਭਾਈਚਾਰੇ ਵੱਲੋਂ ਲਿਆਕਤ ਅਲੀ ਦੀ ਅਗਵਾਈ ਵਿਚ ਸਰਬੱਤ ਦੇ ਭਲੇ ਲਈ ਇੱਕ ਧਾਰਮਿਕ ਸਮਾਗਮ ਸ਼ਰਧਾਪੂਰਵਕ ਕਰਵਾਇਆ ਗਿਆ।ਇਸ ਧਾਰਮਿਕ ਸਮਾਗਮ ਮੌਕੇ ਮੁੱਖ ਮਹਿਮਾਨ ਮੀਆਂ ਮੁਹੰਮਦ ਮਕਬੂਲ ਬਾਜ਼ੀ ਸਾਹਿਬ ਜੰਮੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਪਵਿੱਤਰ ਕੁਰਾਨ ਸ਼ਰੀਫ ਦੀ ਤਲਾਵਤ ਦੇ ਭੋਗ ਪਾਏ ਗਏ ਤੇ ਤਲਾਵਤ ਕਰਦਿਆਂ ਦੇਸ਼ ਵਿੱਚ ਸ਼ਾਂਤੀ, ਆਪਸੀ ਭਾਈਚਾਰਕ ਸਾਂਝ ਅਤੇ ਸਰਬੱਤ ਦੇ ਭਲੇ ਦੀ (ਦੁਆ) ਅਰਦਾਸ ਕੀਤੀ ਗਈ। ਇਸ ਮੌਕੇ ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ ਮੀਆਂ ਮੁਹੰਮਦ ਮਕਬੂਲ ਬਾਜ਼ੀ ਸਾਹਿਬ ਜੰਮੂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪੀਰਾਂ ਦੇ ਭੰਡਾਰੇ ਅਤੁੱਟ ਵਰਤਾਏ ਗਏ।

ਇਸ ਮੌਕੇ ਮੀਆਂ ਲਿਆਕਤ ਅਲੀ, ਮੁਫਤੀ ਨਜ਼ੀਰ ਅਹਿਮਦ ਜੰਮੂ, ਅਲਹਾਜ ਮੁਹੰਮਦ ਸਫੀ ਜੰਮੂ, ਹਾਜੀ ਹੁਸੈਨ ਸ਼ਾਹ, ਰਮੇਸ਼ ਬਾਬਾ ਪੰਡੋਰੀ ਲੱਧਾ ਸਿੰਘ, ਨਿੰਦਰ ਬਲਾਕੀਪੁਰ, ਗੁਲਾਮ ਨਬੀ, ਆਲਮ ਹੁਸੈਨ, ਨੂਰ ਮੁਹੰਮਦ, ਗੁਲਾਮ ਹੁਸੈਨ, ਹਾਜੀ ਹਾਸ਼ਮਦੀਨ ਜੰਮੂ ਸਮੇਤ ਭਾਰੀ ਗਿਣਤੀ ਵਿਚ ਮੁਸਲਿਮ, ਗੁੱਜਰ ਭਾਈਚਾਰੇ ਦੇ ਲੋਕ ਹਾਜ਼ਰ ਸਨ।

## ਪਦਉੱਨਤ ਹੋਏ ਅਧਿਆਪਕਾਂ ਲਈ ਸਟੇਸ਼ਨ ਚੋਣ 'ਚ ਪਾਰਦਰਸ਼ਤਾ ਰੱਖੀ ਜਾਵੇ : ਜੀ ਟੀ ਯੂ

**ਫਿਲੌਰ (ਨਿਰਮਲ)**

ਅਧਿਆਪਕ ਜਥੇਬੰਦੀਆਂ ਦੇ ਸੰਘਰਸ਼ ਤੋਂ ਬਾਅਦ ਸਿੱਖਿਆ ਵਿਭਾਗ ਵੱਲੋਂ ਤਿੰਨ ਹਜ਼ਾਰ ਦੇ ਕਰੀਬ ਅਧਿਆਪਕ ਮਾਸਟਰ ਕੇਡਰ ਵਿੱਚ ਪਦਉੱਨਤ ਹੋਏ ਹਨ, ਜਿਸ ਲਈ ਸਟੇਸ਼ਨ ਚੋਣ ਲਈ ਜ਼ਿਲ੍ਹਾ ਪੱਧਰ ਤੇ ਆਧਿਆਪਕਾਂ ਨੂੰ ਬੁਲਾਇਆ ਹੈ ਅਤੇ ਪਦਉੱਨਤ ਹੋਏ ਹਰ ਅਧਿਆਪਕ ਤੋਂ ਦਸ ਦੇ ਲੱਗਭਗ ਤਰਜੀਹਾਂ ਭਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆਂ ਪ੍ਰਧਾਨ ਸੁੱਖਵਿੰਦਰ ਸਿੰਘ ਚਾਹਲ, ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾਂ ਅਤੇ ਪ੍ਰੈੱਸ ਸਕੱਤਰ ਕਰਨੈਲ ਫ਼ਿਲੌਰ ਨੇ ਮੰਗ ਕੀਤੀ ਕਿ ਮਾਸਟਰ ਕੇਡਰ ਦੀ ਸਟੇਸ਼ਨ ਚੋਣ ਵਿੱਚ ਬਿਲਕੁੱਲ ਪਾਰਦਰਸ਼ਤਾ ਰੱਖੀ ਜਾਵੇ ਅਤੇ ਮੈਰਿਟ ਅਨੁਸਾਰ ਅਧਿਆਪਕਾਂ ਨੂੰ ਬੁਲਾ ਕੇ ਪਹਿਲੀ ਤਰਜੀਹ ਦੇ ਸਟੇਸ਼ਨ ਦਿੱਤੇ ਜਾਣ। ਸਰਕਾਰ ਵਲੋਂ ਪਹਿਲਾਂ ਪ੍ਰਿੰਸੀਪਲਾਂ ਤੇ ਲੈਕਚਰਾਰਾਂ ਦੀਆਂ ਸਟੇਸ਼ਨ ਚੋਣਾਂ ਦੌਰਾਨ ਕੋਈ ਮੈਰਿਟ ਜਾਂ ਪਾਰਦਰਸ਼ਤਾ ਨਹੀਂ ਰੱਖੀ ਗਈ ਤੇ ਅਧਿਆਪਕਾਂ ਨੂੰ ਦੂਰ ਦੂਰ ਸਟੇਸ਼ਨ ਦੇ ਕੇ ਖੱਜਲ ਕੀਤਾ ਗਿਆ।ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆਂ ਨੇ ਹੁਣ ਵੀ ਖ਼ਦਸ਼ਾ ਪ੍ਰਗਟਾਇਆ ਹੈ ਕਿ ਜ਼ਿਲ੍ਹਾ ਪੱਧਰ ਤੇ ਸਟੇਸ਼ਨ ਚੋਣ ਸਮੇਂ ਰਾਜਨੀਤਿਕ ਦਖਲ ਅੰਦਾਜੀ ਹੋ ਸਕਦੀ ਹੈ। ਇਸ ਮੌਕੇ ਆਗੂਆਂ ਨੇ ਮੰਗ ਕੀਤੀ ਕਿ ਈ ਟੀ ਟੀ ਤੋਂ ਮਾਸਟਰ ਕੇਡਰ ਵਿੱਚ ਪਦਉੱਨਤ ਹੋਏ ਅਧਿਆਪਕਾਂ ਤੇ ਦੋ ਸਾਲ ਵਿੱਚ ਟੈੱਟ ਪਾਸ ਕਰਨ ਦੀ ਲਾਈ ਬੇਲੋੜੀ ਸ਼ਰਤ ਨੂੰ ਖ਼ਤਮ ਕੀਤਾ ਜਾਵੇ ਅਤੇ ਤਰੱਕੀ ਤੋਂ ਵਾਂਝੇ ਰਹਿ ਗਏ ਉਮੀਦਵਾਰਾਂ ਨੂੰ ਵੀ ਵਿਚਾਰਿਆ ਜਾਵੇ ਤਾਂ ਜੋ ਉਹਨਾਂ ਨੂੰ ਹੱਕ ਮਿਲ ਸਕੇ।ਇਸ ਮੌਕੇ ਸੂਬਾ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ, ਕੁਲਦੀਪ ਸਿੰਘ ਪੁਰੋਵਾਲ, ਗੁਰਪ੍ਰੀਤ ਸਿੰਘ ਅਮੀਵਾਲ, ਮੀਤ ਪ੍ਰਧਾਨ ਰਛਪਾਲ ਸਿੰਘ ਵੜੈਚ, ਗੁਰਦੀਪ ਬਾਜਵਾ, ਹਰਿੰਦਰ ਮੱਲੀਆਂ, ਫਤਿਹਗੜ੍ਹ ਸਾਹਿਬ ਤੋਂ ਰਾਜੇਸ਼ ਅਮਲੋਹ , ਰੋਪੜ ਤੋਂ ਧਰਮਿੰਦਰ ਸਿੰਘ ਭੰਗੂ, ਹੁਸ਼ਿਆਰਪੁਰ ਤੋਂ ਪ੍ਰਿਤਪਾਲ ਚੋਟਾਲਾ ਜਸਵੀਰ ਤਲਵਾੜਾ, ਜਲੰਧਰ ਤੋਂ ਸੁਖਵਿੰਦਰ ਮੱਕੜ ਮੋਗਾ ਤੋਂ ਜੱਜਪਾਲ ਬਾਜੇ ਕੇ ਗੁਰਦਾਸਪੁਰ ਤੋਂ, ਦਿਲਦਾਰ ਭੰਡਾਲ ਮੁਕਤਸਰ ਸਾਹਿਬ ਤੋਂ ਮਨਜੀਤ ਸਿੰਘ ਬਰਾੜ ਅੰਮ੍ਰਿਤਸਰ ਤੋਂ ਸੁੱਚਾ ਸਿੰਘ ਟਰਪਈ, ਹਰਵਿੰਦਰ ਸਿੰਘ ਸੁਲਤਾਨਵਿੰਡ ਸੰਗਰੂਰ ਤੋਂ ਦੇਵੀ ਦਿਆਲ,ਸਤਵੰਤ ਆਲਮਪੁਰ, ਬਰਨਾਲਾ ਤੋਂ ਤੇਜਿੰਦਰ ਸਿੰਘ ਤੇਜੀ, ਜਲੰਧਰ ਤੋਂ ਸ੍ਰੀ ਗਣੇਸ਼ ਭਗਤ ਫਿਰੋਜਪੁਰ ਤੋਂ ਰਾਜੀਵ ਹਾਂਡਾ, ਬਲਵਿੰਦਰ ਸਿੰਘ ਭੁੱਟੋ,ਫਾਜਿਲਕਾ ਤੋਂ ਪਰਮਜੀਤ ਸਿੰਘ ਸੋਰੇਵਾਲ, ਨਿਸ਼ਾਂਤ ਅਗਰਵਾਲ ਪਟਿਆਲਾ ਤੋਂ ਜਸਵਿੰਦਰ ਸਿੰਘ ਸਮਾਣਾ,ਪਰਮਜੀਤ ਪਟਿਆਲਾ ਮਲੇਰਕੋਟਲਾ ਤੋਂ ਨੂਰ ਮੁਹੰਮਦ, ਕਮਲ ਜੈਨ,ਪਠਾਨਕੋਟ ਤੋਂ ਸੁਭਾਸ਼ ਚੰਦਰ, ਅਮ੍ਰਿਤਪਾਲ ਸਿੰਘ ,ਗੁਰਮੇਲ ਸਿੰਘ ਕੁਰੜੀਆਂ ਮਾਨਸਾ ਤੋਂ ਨਰਿੰਦਰ ਸਿੰਘ ਮਾਖਾ, ਗੁਰਦਾਸ ਸਿੰਘ ਸਿੱਧੂ ਮੁਹਾਲੀ ਤੋਂ ਰਵਿੰਦਰ ਸਿੰਘ ਪੱਪੀ, ਮਨਪ੍ਰੀਤ ਸਿੰਘ, ਕਪੂਰਥਲਾ ਤੋਂ ਸੁਖਚੈਨ ਸਿੰਘ ਬੱਧਣ,ਜੀਵਨਜੋਤ ਮੱਲੀ,ਫਰੀਦਕੋਟ ਤੋਂ ਸਰਬਜੀਤ ਸਿੰਘ ਬਰਾੜ, ਨਵਾਂਸ਼ਹਿਰ ਤੋਂ ਬਿਕਰਮਜੀਤ ਸਿੰਘ, ਲੁਧਿਆਣਾ ਤੋਂ ਜਗਜੀਤ ਸਿੰਘ ਮਾਨ, ਪ੍ਰਭਜੀਤ ਰਸੂਲਪੁਰ,ਤਰਨਤਾਰਨ ਤੋਂ ਸਰਬਜੀਤ ਸਿੰਘ ਸੰਧੂ, ਗੁਰਦੀਪ ਸਿੰਘ ,ਬਠਿੰਡਾ ਤੋਂ ਬਲਦੇਵ ਸਿੰਘ ਬਠਿੰਡਾ ਹਾਜ਼ਰ ਸਨ।

## ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰਕੀਰਤਨ ਸਜਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸੰਬੰਧੀ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਜੀ ਮੁਹੱਲਾ ਰਾਜਪੂਤਾਂ ਤੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਏ ਗਏ ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤੇ। ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਨਗਰ ਕੀਰਤਨ ਗੁਰੂਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਪੜਾਵਾਂ ਹੁੰਦਾ ਹੋਇਆ ਜਿਵੇਂ ਕਿ ਗੁਰਦੁਆਰਾ ਪੱਥਰੀਧਰ ਸਾਹਿਬ, ਮੁਹੱਲਾ ਰਾਜਪੂਤਾਂ, ਮੁਹੱਲਾ ਆਰਨਹਾਲੀ, ਮੇਨ ਬੱਸ ਸਟੈਂਡ, ਮੁਹੱਲਾ ਰੌਂਤਾਂ, ਨੇੜੇ ਸਾਈਂ ਮੰਦਿਰ, ਦਿੱਲੀ ਗੇਟ ਨਜ਼ਦੀਕ ਤੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਇਆ। ਇਹਨਾਂ ਪੜਾਵਾਂ ਦੌਰਾਨ ਇੰਟਰਨੈਸ਼ਨਲ ਢਾਡੀ ਜੱਥਾ ਗਿ. ਦੀਦਾਰ ਸਿੰਘ ਸੰਗਤਪੁਰ ਤੇ ਉਹਨਾਂ ਦੇ ਸਾਥੀ ਢਾਡੀ ਕਰਮਜੀਤ ਸਿੰਘ ਕੋਮਲ, ਰਣਜੀਤ ਸਿੰਘ ਸੰਧੂ, ਢਾਡੀ ਹਰਦੀਪ ਸਿੰਘ ਦੀਪ ਵਲੋਂ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ ਗਿਆ। ਇਸ ਵਿਸ਼ਾਲ ਨਗਰ ਕੀਰਤਨ ਵਿੱਚ ਸੰਗਤਾਂ ਵੱਲੋਂ ਵੱਡੀ ਗਿਣਤੀ ਵਿੱਚ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਹਾਜ਼ਰੀ ਭਰੀ ਗਈ। ਇਸ ਮੌਕੇ ਜੱਥੇਦਾਰ ਤਰਲੋਚਨ ਸਿੰਘ ਤੇ ਮਾਸਟਰ ਦਿਲਬਾਗ ਸਿੰਘ ਵੱਲੋਂ ਸਟੇਜ ਸੈਕਟਰੀ ਦੀ ਸੇਵਾ ਨਿਭਾਈ ਗਈ। ਇਸ ਮੌਕੇ ਹਲਕਾ ਵਿਧਾਇਕ ਡਾ. ਨਛੱਤਰ ਪਾਲ, ਸਾਬਕਾ ਵਿਧਾਇਕ ਅੰਗਦ ਸਿੰਘ ਨਵਾਂਸ਼ਹਿਰ, ਪ੍ਰਧਾਨ ਬਲਜੀਤ ਸਿੰਘ ਬਾਜਵਾ, ਕੌਂਸਲਰ ਕਰਨੈਲ ਸਿੰਘ ਭਿੰਡਰ, ਰਜਵੰਤ ਸਿੰਘ ਬਾਜਵਾ, ਸਤਪਾਲ ਸਿੰਘ ਛੀਨਾ, ਲਖਵਿੰਦਰ ਸਿੰਘ ਕਾਹਲੋਂ, ਸੁਖਵਿੰਦਰ ਸਿੰਘ ਛੀਨਾ, ਮਲਕੀਤ ਸਿੰਘ ਕਾਹਲੋਂ, ਉਂਕਾਰ ਸਿੰਘ, ਮਹਿੰਦਰ ਸਿੰਘ ਬਾਜਵਾ, ਅਮਰਜੀਤ ਸਿੰਘ ਚੀਮਾ, ਬਲਿਹਾਰ ਸਿੰਘ ਭਿੰਡਰ, ਪ੍ਰਧਾਨ ਅਮਰਜੀਤ ਸਿੰਘ ਜੌਹਲ, ਦਵਿੰਦਰ ਜਾਂਗੜਾ, ਜਗਜੀਤ ਸਿੰਘ, ਦਲੇਰ ਸਿੰਘ, ਰਣਵੀਰ ਸਿੰਘ, ਗੁਰਪਰਤੀਕ ਸਿੰਘ ਬਾਜਵਾ, ਗੁਰਪ੍ਰੀਤ ਸਿੰਘ, ਅੰਮ੍ਰਿਤਪਾਲ ਸਿੰਘ ਕਾਹਲੋਂ, ਰਣਧੀਰ ਸਿੰਘ, ਸਤਿੰਦਰ ਸਿੰਘ ਤੂਰ, ਬਲਜਿੰਦਰ ਸਿੰਘ ਭੰਗਲ, ਏਵਨ ਸਿੰਘ, ਅਮਰਜੀਤ ਸਿੰਘ ਪਾਬਲਾ ਤੇ ਹੋਰ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



## ਕਾਮਰੇਡ ਨਿਰਮਲ ਸਿੱਧਮ ਨਮਿੱਤ ਭੋਗ 18 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਸਾਥੀ ਨਿਰਮਲ ਸਿੱਧਮ ਜੋ ਬੀਤੇ ਦਿਨੀ ਸਾਨੂੰ ਸਾਰਿਆਂ ਨੂੰ ਸਦੀਵੀ ਵਿਛੋੜਾ ਦੇ ਗਏ ਤੇ ਸਾਥੀ ਦਾ ਸੇਜਲ ਅੱਖਾਂ ਨਾਲ ਪਿੰਡ ਸਿੱਧਮਤਾਲ ਦੇ ਸ਼ਮਸ਼ਾਨਘਾਟ ਵਿੱਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਹੈ। ਸਾਥੀ ਪੇਂਡੂ ਮਜਦੂਰ ਯੂਨੀਅਨ ਦੇ ਇਲਾਕਾ ਨੂਰਮਹਿਲ ਦੇ ਪ੍ਰਧਾਨ ਵੀ ਰਹੇ ਅਤੇ ਹੁਣ ਇਲਾਕਾ ਕਮੇਟੀ ਮੈਂਬਰ ਸਨ। ਆਪਣੀ ਜ਼ਿੰਦਗੀ ਦਾ ਲੰਬਾ ਸਮਾਂ ਸਾਥੀ ਨੇ ਮਜ਼ਦੂਰ ਜਮਾਤ ਦੀ ਮੁਕਤੀ ਲਈ ਲਗਾ ਦਿੱਤਾ। ਜਦੋਂ ਵੀ ਕਿਸਾਨਾ ਮਜਦੂਰਾਂ ਦਾ ਰੇਲ ਰੋਕੋ ਸੰਘਰਸ਼



ਹੁੰਦਾ ਤਾਂ ਨੂਰਮਹਿਲ ਦੀ ਪੁਲਸ ਸਾਥੀ ਦੇ ਘਰ ਰੇਡ ਕਰਦੀ ਤੇ ਸਾਥੀ ਜੇਲਾਂ ਵਿੱਚ ਵੀ ਗਿਆ। ਸਿਹਤ ਠੀਕ ਨਾ ਹੋਣ ਦੇ ਬਾਵਜੂਦ ਵੀ ਸਾਥੀ ਮਨਰੇਗਾ ਸਕੀਮ ਨੂੰ ਬਹਾਲ ਕਰਾਉਣ ਲਈ, ਪਿੰਡਾਂ ਵਿੱਚ ਚਿੱਪ ਵਾਲੇ ਮੀਟਰ ਲਗਾਉਣ ਦਾ ਵਿਰੋਧ ਕਰਦਾ ਰਿਹਾ। ਜੀਂਦ ਰਿਆਸਤ ਦੇ ਰਾਜੇ ਦੀ ਵਾਧੂ ਜ਼ਮੀਨ, ਲੈਂਡ ਸੀਲਿੰਗ ਐਕਟ ਦੇ ਮੁਤਾਬਕ ਗਰੀਬ ਕਿਸਾਨਾਂ ਅਤੇ ਮਜ਼ਦੂਰਾਂ ਵਿੱਚ ਵੰਡਣ ਦੀ ਗੱਲ ਕਰਦਾ ਸੀ। ਮਜਦੂਰਾਂ ਨੂੰ ਜ਼ਮੀਨਾਂ ਦੇ ਮਾਲਿਕ ਬਣਾਕੇ, ਗਰੀਬ ਅਮੀਰ ਦਾ ਪਾੜਾ ਖਤਮ ਕਰਕੇ, ਬਰਾਬਰਤਾ ਦਾ ਸਮਾਜ ਸਿਰਜਣਾ ਸਾਥੀ ਜੀ ਦਾ ਜਿੰਦਗੀ ਦਾ ਏਮ ਸੀ। ਸਾਥੀ ਨਿਰਮਲ ਸਿੱਧਮ ਦਾ ਸ਼ਰਧਾਂਜਲੀ ਸਮਾਗਮ 18 ਜਨਵਰੀ ਨੂੰ ਕੀਤਾ ਜਾ ਰਿਹਾ ਹੈ।


## ਖੇਡ ਸਟੇਡੀਅਮ ਦਾ ਨੀਂਹ ਪੱਥਰ ਅੱਜ ਰੱਖਣਗੇ ਡਾ. ਇਸ਼ਾਂਕ ਕੁਮਾਰ ਚੱਬੇਵਾਲ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਹਲਕਾ ਚੱਬੇਵਾਲ ਤੋਂ ਐੱਮ ਐੱਲ ਏ ਡਾ. ਇਸ਼ਾਕ ਕੁਮਾਰ ਵੱਲੋਂ ਪਿੰਡ ਬੱਡਲਾ ਵਿਖੇ ਬਣਨ ਜਾ ਰਹੇ ਖੇਡ ਸਟੇਡੀਅਮ ਦਾ 8 ਜਨਵਰੀ ਨੂੰ ਨੀਂਹ ਪੱਥਰ ਰੱਖਿਆ ਜਾਵੇਗਾ।ਜਿਸ ਦੀ ਉਸਾਰੀ ਕਰਨ ਤੇ 26 ਲੱਖ ਰੁ: ਦੀ ਰਾਸ਼ੀ ਖਰਚ ਕੀਤੀ ਜਾਵੇਗੀ। ਇਨਾ ਗੱਲਾਂ ਦਾ ਪ੍ਰਗਟਾਵਾ ਸਰਪੰਚ ਕਮਲੇਸ਼ ਰਾਣੀ ਨੇ ਕੀਤਾ ਅਤੇ ਇਹ ਵੀ ਦੱਸਿਆ ਕਿ ਪਿੰਡ ਬੱਡਲਾ ਵਿੱਚ ਬਹੁਤ ਸਾਰੇ ਵਿਕਾਸ ਦੇ ਕਾਰਜ ਕੀਤੇ ਗਏ ਜਿਵੇਂ ਕਿ ਪਿੰਡ ਵਿੱਚ ਸੀਵਰੇਜ ਦੀ ਪਾਈਪ ਲਾਈਨ, ਨੌਜਵਾਨਾ ਲਈ ਜਿੰਮ, ਪਿੰਡ ਦੀ ਗਲੀਆਂ ਨੂੰ ਪੱਕਾ ਕਰਨਾ, ਪਿੰਡ ਦੀ ਫਿਰਨੀ ਤੇ ਸੋਲਰ ਲਾਈਟਾ, ਐੱਸ ਸੀ ਸ਼ਮਸ਼ਾਨਘਾਟ ਵਿੱਚ ਚਾਰ ਦੀਵਾਰੀ, ਮਸਜਿਦ ਦਾ ਰਸਤਾ, ਕਬਰਿਸਤਾਨ ਦੀ ਚਾਰ ਦੀਵਾਰੀ, ਮਸਜਿਦ ਦੇ ਲਈ ਪਾਣੀ ਦਾ ਬੋਰ ਜਿਸ ਨਾਲ ਪਿੰਡ ਬੱਡਲਾ ਵਿਕਾਸ ਦੇ ਕੰਮਾਂ ਵਿੱਚ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ।

## ਪੱਤਰਕਾਰਾਂ 'ਤੇ ਦਰਜ ਕੀਤੇ ਝੂਠੇ ਪਰਚੇ ਰੱਦ ਕਰਨ ਦੀ ਮੰਗ


**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਗੜ੍ਹਸ਼ੰਕਰ ਦੇ ਸਮੂਹ ਪੱਤਰਕਾਰ ਭਾਈਚਾਰੇ ਨੇ ਇਲਾਕੇ ਦੀਆਂ ਜਨਤਕ ਜਥੇਬੰਦੀਆਂ ਨਾਲ ਲੁਧਿਆਣਾ ਵਿਖੇ ਪੱਤਰਕਾਰਾਂ ਖ਼ਿਲਾਫ਼ ਦਰਜ ਕੀਤੇ ਝੂਠੇ ਪਰਚੇ ਨੂੰ ਰੱਦ ਕਰਨ ਦੀ ਮੰਗ ਨੂੰ ਲੈ ਕੇ ਸ਼ਹਿਰ ਵਿੱਚ ਰੋਸ ਪ੍ਰਦਰਸ਼ਨ ਕਰਕੇ ਐੱਸ ਡੀ ਐੱਮ




ਗੜ੍ਹਸ਼ੰਕਰ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜਿਆ। ਇਸ ਮੌਕੇ ਪੱਤਰਕਾਰ ਅਜਾਇਬ ਸਿੰਘ ਬੋਪਾਰਾਏ ਅਤੇ ਪੱਤਰਕਾਰ ਜੋਗਿੰਦਰ ਸਿੰਘ ਕੁੱਲੇਵਾਲ ਨੇ ਦੱਸਿਆ ਕਿ ਲੋਕ ਮਸਲਿਆਂ 'ਤੇ ਸੂਬੇ ਦੇ ਲੋਕਾਂ ਦੀ ਆਵਾਜ ਬਣਨ ਵਾਲੇ ਪੱਤਰਕਾਰਾਂ ਤੇ ਆਰ ਟੀ ਆਈ ਐਕਟੀਵਿਸਟ 'ਤੇ ਲੁਧਿਆਣਾ ਵਿਖੇ ਸਾਈਬਰ ਕ੍ਰਾਈਮ ਥਾਣੇ ਵਿੱਚ ਪਰਚਾ ਦਰਜ ਕਰਕੇ ਲੋਕਤੰਤਰ ਦਾ ਘਾਣ ਕੀਤਾ ਗਿਆ ਹੈ, ਜਿਸ ਨੂੰ ਪੱਤਰਕਾਰ ਭਾਈਚਾਰਾ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਜੇਕਰ ਉਕਤ ਪਰਚਾ ਰੱਦ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਤਿੱਖਾ ਸੰਘਰਸ਼ ਉਲੀਕਿਆ ਜਾਵੇਗਾ ਜਿਸ ਦੀ ਸਾਰੀ ਜ਼ੁੰਮੇਵਾਰੀ ਸਰਕਾਰ ਦੀ ਹੋਵੇਗੀ।ਇਸ ਮੌਕੇ ਕਾਮਰੇਡ ਗੁਰਨੇਕ ਸਿੰਘ ਭੱਜਲ,ਕਿਸਾਨ ਆਗੂ ਤਲਵਿੰਦਰ ਸਿੰਘ ਹੀਰ, ਜੈ ਗੋਪਾਲ ਧੀਮਾਨ, ਹਰਵੇਲ ਸਿੰਘ ਸੈਣੀ, ਸਤੀਸ਼ ਕੁਮਾਰ ਸੋਨੀ, ਜਸਵੀਰ ਸਿੰਘ ਪੁਰਖੋਵਾਲ, ਰਾਮ ਜੀ ਦਾਸ ਚੌਹਾਨ, ਕੁਲਭੂਸ਼ਨ ਮਹਿਦਵਾਣੀ, ਮੋਹਣ ਲਾਲ ਬੀਨੇਵਾਲ,ਦਰਸ਼ਨ ਸਿੰਘ ਮੱਟੂ, ਸੁਭਾਸ਼ ਮੱਟੂ,ਕੁਲਵਿੰਦਰ ਸੰਘਾ,ਲੋਕੇਸ਼ ਵਾਲੀਆ, ਮਾਸਟਰ ਮੁਕੇਸ਼ ਕੁਮਾਰ, ਸੁਖਦੇਵ ਡਾਨਸੀਵਾਲ, ਅਸ਼ਵਨੀ ਰਾਣਾ, ਪ੍ਰਦੀਪ ਕੁਮਾਰ, ਹਰਪ੍ਰੀਤ ਸਿੰਘ ਬੇਦੀ, ਕੁਲਵਿੰਦਰ ਚਾਹਲ,ਧਰਮਜੀਤ ਰਾਜ਼ਾ,ਡਾ ਲਖਵਿੰਦਰ ਬਿਲੜੋ,ਸੈਡੀ ਭੱਜਲਾ ਆਦਿ ਤੋਂ ਇਲਾਵਾ ਪੱਤਰਕਾਰ ਅਜਾਇਬ ਸਿੰਘ ਬੋਪਾਰਾਏ, ਜੋਗਿੰਦਰ ਸਿੰਘ ਕੁੱਲੇਵਾਲ, ਦਲਵਿੰਦਰ ਸਿੰਘ ਮਨੋਚਾ, ਲਖਵਿੰਦਰ ਧਾਲੀਵਾਲ, ਸੰਜੀਵ ਕੁਮਾਰ, ਪੰਕਜ ਸ਼ੌਰੀ, ਬਿੱਟੂ ਚੌਹਾਨ, ਜੇ.ਬੀ ਸੇਖੋਂ, ਅਸ਼ਵਨੀ ਸਹਿਜਪਾਲ, ਰਾਮਪਾਲ ਭਾਰਦਵਾਜ, ਰਾਜੇਸ਼ ਅਰੋੜਾ, ਜਸਵੀਰ ਝੱਲੀ, ਫੂਲਾ ਰਾਮ ਬੀਰਮਪੁਰ, ਮੋਹਿਤ ਕੁਮਾਰ, ਰਜਿੰਦਰ ਸਿੰਘ, ਸਤਨਾਮ ਲੋਈ,ਬਲਜਿੰਦਰ ਕਿਤਨਾ ਤੋਂ ਇਲਾਵਾ ਵੱਖ-ਵੱਖ ਜਨਤਕ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

## ਕੈਬਨਿਟ ਮੰਤਰੀ ਨੇ ਮੇਅਰ ਵਿਨੀਤ ਧੀਰ ਦੇ ਪਿਤਾ ਦੇ ਦੇਹਾਂਤ 'ਤੇ ਦੁੱਖ ਪ੍ਰਗਟਾਇਆ



**ਜਲੰਧਰ (ਇਕਬਾਲ ਸਿੰਘ ਉਭੀ)**-ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਮੇਅਰ ਵਿਨੀਤ ਧੀਰ ਦੇ ਪਿਤਾ ਵਿਨੋਦ ਕੁਮਾਰ ਧੀਰ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ।ਮੇਅਰ ਦੀ ਰਿਹਾਇਸ਼ ਵਿਖੇ ਪਹੁੰਚ ਕੇ ਕੈਬਨਿਟ ਮੰਤਰੀ ਨੇ ਇਸ ਦੁੱਖ ਦੀ ਘੜੀ ਵਿੱਚ ਪਰਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕੀਤੀ। ਇਸ ਮੌਕੇ ਸੀਨੀਅਰ 'ਆਪ' ਆਗੂ ਨਿਤਿਨ ਕੋਹਲੀ ਵੀ ਮੌਜੂਦ ਸਨ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਵਿਨੋਦ ਕੁਮਾਰ ਧੀਰ ਦੇ ਵਿਛੋੜੇ ਨਾਲ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਕੈਬਨਿਟ ਮੰਤਰੀ ਨੇ ਸਵ.ਵਿਨੋਦ ਕੁਮਾਰ ਧੀਰ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਚਲੇ ਜਾਣ ਨਾਲ ਨਾ ਸਿਰਫ਼ ਪਰਵਾਰ ਨੂੰ, ਸਗੋਂ ਸਮਾਜ ਨੂੰ ਵੀ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪਰਵਾਰ ਦੇ ਨਾਲ ਖੜ੍ਹੀ ਹੈ।

## ਇੱਕ ਸਾਲ 'ਚ 5 ਲੱਖ ਤੋਂ ਵੱਧ ਲੋਕਾਂ ਵੱਲੋਂ ਛੱਤਬੀੜ ਚਿੜੀਆਘਰ ਦਾ ਦੌਰਾ

**ਚੰਡੀਗੜ੍ਹ, (ਗੁਰਜੀਤ ਬਿੱਲਾ )**

ਸੂਬੇ ਦੇ ਜੰਗਲੀ ਜੀਵਾਂ ਬਾਰੇ ਜਾਣਨ ਦੀ ਵਿਦਿਆਰਥੀਆਂ ਦੀ ਤੀਬਰ ਇੱਛਾ ਤੇ ਵਧਦੀ ਦਿਲਚਸਪੀ ਨੂੰ ਦੇਖਦਿਆਂ ਛੱਤਬੀੜ ਚਿੜੀਆਘਰ ਵਿੱਚ ਆਉਣ ਵਾਲੇ ਵਿਦਿਆਰਥੀਆਂ ਅਤੇ ਖ਼ਾਸ ਕਰਕੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ ਵਿੱਚ ਹੈਰਾਨੀਜਨਕ ਵਾਧਾ ਦੇਖਣ ਨੂੰ ਮਿਲਿਆ ਹੈ। ਜਨਵਰੀ ਤੋਂ ਦਸੰਬਰ 2025 ਤੱਕ 5 ਲੱਖ ਤੋਂ ਵੱਧ ਲੋਕ ਛੱਤਬੀੜ ਚਿੜੀਆਘਰ ਦਾ ਦੌਰਾ ਕਰ ਚੁੱਕੇ ਹਨ। ਇਨ੍ਹਾਂ ਵਿੱਚੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ 62 ਹਜ਼ਾਰ ਤੋਂ ਵੱਧ ਹੈ।ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸਖ਼ਤ ਯਤਨਾਂ ਅਤੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਕੀਤੇ ਗਏ ਅਨੇਕਾਂ ਉਪਰਾਲਿਆਂ ਸਦਕਾ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੇ ਮਹਿੰਦਰ ਚੌਧਰੀ ਜ਼ੂਓਲੌਜੀਕਲ ਪਾਰਕ, ਜਿਸਨੂੰ ਛੱਤਬੀੜ ਚਿੜੀਆਘਰ ਵਜੋਂ ਵੀ ਜਾਣਿਆ ਜਾਂਦਾ ਹੈ, ਦਾ ਦੌਰਾ ਕੀਤਾ ਹੈ।ਦੱਸਣਯੋਗ ਹੈ ਕਿ ਪ੍ਰਾਈਵੇਟ ਪ੍ਰਾਇਮਰੀ ਸਕੂਲਾਂ ਦੇ 18000 ਤੋਂ ਵੱਧ ਅਤੇ ਪ੍ਰਾਈਵੇਟ ਹਾਈ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ 16000 ਤੋਂ ਵੱਧ ਸੀ।ਇਹ ਵੱਡੀ ਗਿਣਤੀ ਪੰਜਾਬ ਦੀ ਨੌਜਵਾਨ ਪੀੜ੍ਹੀ ਵਿੱਚ ਸੂਬੇ ਦੇ ਜੰਗਲੀ ਜੀਵਾਂ ਤੋਂ ਇਲਾਵਾ ਵਿਭਿੰਨ ਬਨਸਪਤੀ ਅਤੇ ਜੀਵ-ਜੰਤੂਆਂ ਬਾਰੇ ਵਧ ਰਹੀ ਉਤਸੁਕਤਾ ਅਤੇ ਸੂਬਾ ਸਰਕਾਰ ਵੱਲੋਂ ਜੰਗਲੀ ਜਾਨਵਰਾਂ ਪ੍ਰਤੀ ਹਮਦਰਦੀ ਦੀ ਭਾਵਨਾ ਪੈਦਾ ਕਰਨ ਲਈ ਚੁੱਕੇ ਗਏ ਵਿਸ਼ੇਸ਼ ਕਦਮਾਂ ਨੂੰ ਦਰਸਾਉਂਦੀ ਹੈ ਕਿਉਂਕਿ ਇਹ ਜੰਗਲੀ ਜੀਵ ਵੀ ਕੁਦਰਤ ਦਾ ਇੱਕ ਮਹੱਤਵਪੂਰਨ ਹਿੱਸਾ ਹਨ।ਇਹ ਵੀ ਜ਼ਿਕਰਯੋਗ ਹੈ ਕਿ 1977 ਵਿੱਚ ਵਜੂਦ ਵਿੱਚ ਆਏ ਚਿੜੀਆਘਰ ਛੱਤਬੀੜ ਵਿਖੇ ਸਮੇਂ ਸਮੇਂ ਸਿਰ ਲੋਕਾਂ ਵਿੱਚ ਜੰਗਲੀ ਜੀਵਾਂ ਪ੍ਰਤੀ ਸੰਵੇਦਨਸ਼ੀਲਤਾ ਪੈਦਾ ਕਰਨ ਲਈ ਵੱਖੋ ਵੱਖਰੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ, ਜਿਨ੍ਹਾਂ ਵਿੱਚ ਖ਼ੂਨਦਾਨ ਕੈਂਪ, ਦੌੜ ਮੁਕਾਬਲਾ (ਰਨ ਫਾਰ ਵਾਈਲਡ), ਜ਼ੂ ਐਜੂਕੇਸ਼ਨ ਪ੍ਰੋਗਰਾਮ ਆਦਿ ਸ਼ਾਮਲ ਹਨ। ਇਹਨਾਂ ਗਤੀਵਿਧੀਆਂ ਨਾਲ ਬੱਚਿਆਂ, ਨੌਜਵਾਨਾਂ ਅਤੇ ਆਮ ਜਨਤਾ ਨੂੰ ਜੰਗਲੀ ਜੀਵਾਂ ਪ੍ਰਤੀ ਪ੍ਰੇਰਿਤ ਕੀਤਾ ਜਾਂਦਾ ਹੈ।ਚਿੜੀਆਘਰ ਵਿੱਚ ਦੇਸ਼ ਦਾ ਸਭ ਤੋਂ ਵੱਡਾ ਅਤੇ ਸਭ ਤੋਂ ਲੰਬੀ ਵਾਕ-ਇਨ-ਐਵੀਅਰੀ (ਬਹੁਤ ਵੱਡਾ ਪਿੰਜਰਾ ਜਿੱਥੇ ਸੈਲਾਨੀ ਪੰਛੀਆਂ ਨੂੰ ਦੇਖ ਸਕਦੇ ਹਨ) ਸੈਲਾਨੀਆਂ ਲਈ ਖਿੱਚ ਦਾ ਕੇਂਦਰ ਬਣੀ ਹੋਈ ਹੈ। ਇਸ ਤੋਂ ਇਲਾਵਾ ਇੱਥੇ ਇੱਕ ਅਤਿ-ਆਧੁਨਿਕ ਡਾਇਨਾਸੌਰ ਪਾਰਕ ਵੀ ਬਣਾਇਆ ਗਿਆ ਹੈ। ਲਗਭਗ 1200 ਮੀਟਰ ਦੇ ਵਾਈਲਡਲਾਈਫ ਸਫ਼ਾਰੀ ਖੇਤਰ ਵਿੱਚ, 260 ਕੇ.ਵੀ. ਸਮਰੱਥਾ ਵਾਲਾ ਸੋਲਰ ਪਲਾਂਟ ਲਗਾਉਣ ਦੇ ਨਾਲ-ਨਾਲ ਚਾਰ ਦੀਵਾਰੀ ਨੂੰ ਵੀ ਮਜ਼ਬੂਤ ਕੀਤਾ ਗਿਆ ਹੈ।ਸ਼ੇਰ ਸਫਾਰੀ ਵਿਖੇ ਮਾਸਾਹਾਰੀ ਜਾਨਵਰਾਂ ਲਈ ਇੱਕ ਮਹੱਤਵਪੂਰਨ ਦੇਖਭਾਲ ਕੇਂਦਰ ਦੀ ਉਸਾਰੀ ਵੀ ਕੀਤੀ ਗਈ ਹੈ ਅਤੇ ਸੈਲਾਨੀਆਂ, ਖਾਸ ਕਰਕੇ ਸਕੂਲੀ ਬੱਚਿਆਂ, ਦੀ ਸਹਾਇਤਾ ਲਈ ਇੱਕ ਓਪਨ ਏਅਰ ਜ਼ੂ ਐਜੂਕੇਸ਼ਨ ਪਲਾਜ਼ਾ ਵੀ ਬਣਾਇਆ ਗਿਆ ਹੈ।

# ਮਜ਼ਦੂਰਾਂ ਤੇ ਕਿਸਾਨਾਂ ਵੱਲੋਂ ਕੇਂਦਰ ਸਰਕਾਰ ਦਾ ਅਰਥੀ ਫੂਕ ਮੁਜ਼ਾਹਰਾ



**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**

ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ (ਸਬੰਧਤ) ਇਫਟੂ ਅਤੇ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਵਰਕਰਾਂ ਨੇ ਕੇਂਦਰ ਸਰਕਾਰ ਵੱਲੋਂ ਲੇਬਰ ਦੀ ਭਲਾਈ ਲਈ ਬਣੇ 29 ਕਾਨੂੰਨਾਂ ਨੂੰ ਰੱਦ ਕਰਕੇ ਚਾਰ ਕੋਡਾਂ ਵਿੱਚ ਤਬਦੀਲ ਕਰਨ, ਬਿਜਲੀ ਬਿੱਲ 2025, ਬੀਜ ਐਕਟ ਤੇ ਮਨਰੇਗਾ ਕਾਨੂੰਨਾਂ ਵਿੱਚੋਂ ਗਰੰਟੀ ਖਤਮ ਕਰਨ ਵਿਰੁੱਧ ਠੇਕੇਦਾਰ ਬਲਵਿੰਦਰ ਸਿੰਘ ਸਿਮਰੂ ਅਤੇ ਕਿਸਾਨ ਆਗੂ ਲਖਵੀਰ ਸਿੰਘ ਲੱਖੀ ਦੀ ਪ੍ਰਧਾਨਗੀ ਹੇਠ ਲੇਬਰ ਚੌਂਕ ਵਿਖੇ ਕੇਂਦਰ ਸਰਕਾਰ ਦੀ ਅਰਥੀ ਫੂਕ ਕੇ ਮੁਜ਼ਾਹਰਾ ਕੀਤਾ ਗਿਆ। ਮਜ਼ਦੂਰਾਂ, ਕਿਸਾਨਾਂ ਅਤੇ ਮੁਲਾਜ਼ਮਾਂ ਦੇ ਇਕੱਠ ਨੂੰ ਲੇਬਰ ਯੂਨੀਅਨ ਦੇ ਪ੍ਰੈੱਸ ਸਕੱਤਰ ਸਤਵਿੰਦਰ ਸਿੰਘ ਨੀਟਾ, ਖੋਸਾ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਜਸਪ੍ਰੀਤ ਸਿੰਘ, ਜੁਝਾਰ ਸਿੰਘ, ਦੀਦਾਰ ਸਿੰਘ, ਚਮਕੌਰ ਸਾਹਿਬ ਮੋਰਚਾ ਦੇ ਆਗੂ ਅਵਤਾਰ ਸਿੰਘ ਅਤੇ ਮੁਲਾਜ਼ਮ ਆਗੂ ਮਲਾਗਰ ਸਿੰਘ ਖਮਾਣੋ ਨੇ ਕਿਹਾ ਕਿ ਲੇਬਰ ਦੇ 29 ਕਾਨੂੰਨ ਜੋ ਅੰਗਰੇਜ਼ਾਂ ਤੋਂ ਆਜ਼ਾਦ ਹੋਣ ਤੋਂ ਬਾਅਦ ਭਾਰਤ ਸਰਕਾਰ ਨੇ ਬਣਾਏ ਸਨ, ਜਿਸ ਤਹਿਤ ਮਜ਼ਦੂਰਾਂ, ਮੁਲਾਜ਼ਮਾਂ ਨੂੰ ਜਥੇਬੰਦ ਹੋਣ, ਮੰਗਾਂ ਤੇ ਸੰਘਰਸ਼ ਕਰਨ, ਪੈਨਸ਼ਨ, ਮੈਡੀਕਲ ਸਹੂਲਤ ਦੀ ਗਰੰਟੀ, ਕੰਮ ਦੀ ਦਿਹਾੜੀ ਅੱਠ ਘੰਟੇ ਅਤੇ ਘੱਟੋ ਘੱਟ ਉਜਰਤਾਂ ਦੇਣ ਆਦਿ ਦੀ ਗਰੰਟੀ ਕਰਦੇ ਸਨ, ਨੂੰ ਰੱਦ ਕਰਕੇ ਚਾਰ ਕਾਰਪੋਰੇਟ ਪੱਖੀ ਕੋਡਾਂ ਵਿੱਚ ਤਬਦੀਲ ਕਰ ਦਿੱਤਾ ਹੈ। ਉਸੇ ਤਰ੍ਹਾਂ ਬਿਜਲੀ ਐਕਟ 2025 ਜਿਸ ਤਹਿਤ ਸਮਾਰਟ ਮੀਟਰ ਲੱਗਣੇ ਹਨ, ਮੁਫ਼ਤ ਬਿਜਲੀ ਖਤਮ ਕਰਕੇ ਸੂਬਿਆਂ ਦੇ ਬਿਜਲੀ ਬੋਰਡ ਸਿੱਧੇ ਕੇਂਦਰ ਸਰਕਾਰ ਦੇ ਅਧੀਨ ਚਲੇ ਜਾਣਗੇ। ਉਨ੍ਹਾਂ ਕਿਹਾ ਕਿ ਬੀਜ ਕਾਨੂੰਨ ਵਿੱਚ ਕੀਤੀਆਂ ਕਾਰਪੋਰੇਟ ਪੱਖੀ ਤਬਦੀਲੀਆਂ ਰਾਹੀਂ ਕਾਰਪੋਰੇਟਾਂ ਦੇ ਮੁਨਾਫਿਆਂ ਦੀ ਗਰੰਟੀ ਕੀਤੀ ਗਈ ਹੈ, ਜਿਸ ਦੀ ਉਹ ਜ਼ੋਰਦਾਰ ਨਿਖੇਧੀ ਕਰਦੇ ਹੋਏ ਕੇਂਦਰ ਸਰਕਾਰ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕਰ ਰਹੇ ਹਨ। ਆਗੂਆਂ ਨੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਇਨ੍ਹਾਂ ਕਾਨੂੰਨਾਂ ਵਿਰੁੱਧ 16 ਜਨਵਰੀ ਨੂੰ ਬਿਜਲੀ ਬੋਰਡ ਦੇ ਨਿਗਰਾਨ ਇੰਜੀਨੀਅਰ ਰੂਪਨਗਰ ਵਿਖੇ ਲਗਾਏ ਜਾ ਰਹੇ ਵੱਡੇ ਧਰਨੇ ਵਿੱਚ ਮਜ਼ਦੂਰਾਂ, ਕਿਸਾਨਾਂ ਅਤੇ ਮੁਲਾਜ਼ਮਾਂ ਨੂੰ ਪਹੁੰਚਣ ਦੀ ਅਪੀਲ ਕੀਤੀ। ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਤੇ ਕੇਸ ਦਰਜ ਕਰਕੇ ਹੱਕ ਸੱਚ ਦੀ ਆਵਾਜ਼ ਨੂੰ ਦਬਾਉਣ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕੀਤੀ। ਇਸ ਮੌਕੇ ਸਮਾਜਸੇਵੀ ਅਮਨਦੀਪ ਸਿੰਘ ਮਾਂਗਟ, ਸੰਗਤ ਸਿੰਘ, ਦਲਵੀਰ ਸਿੰਘ, ਗੁਰਮੇਲ ਸਿੰਘ, ਦਵਿੰਦਰ ਸਿੰਘ, ਗੁਲਾਬ ਚੰਦ ਚੌਹਾਨ, ਮਨਮੋਹਨ ਸਿੰਘ, ਜਸਬੀਰ ਸਿੰਘ, ਰਮੇਸ਼ ਕੁਮਾਰ ਅਤੇ ਹਰਜੀਤ ਸਿੰਘ ਆਦਿ ਹਾਜ਼ਰ ਸਨ।

# ਮੁਫਤ ਮੈਡੀਕਲ ਚੈੱਕਅੱਪ ਕੈਂਪ ਭਲਕੇ

**ਬਲਾਚੌਰ (ਜਸਵਿੰਦਰ ਬੈਂਸ)**-ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਮਸ਼ਹੂਰ ਨਿਊ ਕੇਅਰ, ਨਿਊਰੋ, ਸਪਾਈਨ, ਕਾਰਡੀਓ ਕਲੀਨਿਕ ਨੇੜੇ ਪ੍ਰਾਇਮਰੀ ਸਕੂਲ ਮਹਿੰਦੀਪੁਰ,ਬਲਾਚੌਰ ਵਿਖੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮੁਫਤ ਮੈਡੀਕਲ ਚੈੱਕ ਲਗਾਇਆ ਜਾ ਰਿਹਾ ਹੈ।ਬਲਾਚੌਰ ਵਿਖੇ ਪੱਤਰਕਾਰ ਭਾਈਚਾਰੇ ਨਾਲ ਗੱਲ ਕਰਦੇ ਹੋਏ ਡਾਕਟਰ ਜਸਦੀਪ ਸਿੰਘ ਸੈਣੀ (ਦਿਮਾਗ ਅਤੇ ਰੀੜ ਦੀ ਹੱਡੀ ) ਦੇ ਸੁਪਰ ਸਪੈਸ਼ਲਿਸਟ ਤੇ ਡਾਕਟਰ ਅਮੀਸ਼ਾ ਸਿੱਧੂ ਐੱਮ ਬੀ ਬੀ ਐਸ, ਐੱਮ ਡੀ (ਇੰਟਰਲ ਮੈਡੀਸਿਨ) ਨੇ ਇਹ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਦੱਸਿਆ ਕਿ ਇਹ ਕੈਂਪ ਸਵੇਰੇ 9 ਤੋਂ 2 ਵਜੇ ਤੱਕ ਲੱਗੇਗਾ। ਜਿਸ ਵਿੱਚ ਮਨੁੱਖੀ ਸਰੀਰ ਦੇ ਜ਼ਰੂਰੀ ਅਲੱਗ-ਅਲੱਗ ਟੈਸਟ ਜਿਨ੍ਹਾਂ ਵਿੱਚ ਸ਼ੂਗਰ,ਥਾਇਰਡ, ਅੰਤੜੀਆਂ ਦਾ ਟੈਸਟ,ਲਿਵਰ ਦੀ ਸਕੈਨ, ਫੇਫੜਿਆ ਦਾ ਟੈਸਟ ਅਤੇ ਹੱਡੀਆਂ ਦੇ ਟੈਸਟ, ਆਧੁਨਿਕ ਤਕਨੀਕ ਨਾਲ ਮੁਫ਼ਤ ਕੀਤੇ ਜਾਣਗੇ। ਮਰੀਜ਼ਾਂ ਨੂੰ ਤਿੰਨ ਦਿਨ ਦੀ ਦਵਾਈ ਫਰੀ ਦਿੱਤੀ ਜਾਵੇਗੀ।ਇੱਥੇ ਵਰਨਣ ਯੋਗ ਹੈ ਕਿ ਨਿਊਰੋ ਕੇਅਰ ਹਸਪਤਾਲ ਵੱਲੋਂ ਸਮੇਂ ਸਮੇਂ ਤੇ ਇਹਨਾਂ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ। ਜਿਸ ਰਾਹੀਂ ਸੈਂਕੜਿਆਂ ਦੀ ਗਿਣਤੀ ਵਿੱਚ ਮਰੀਜ਼ ਆਪਣੇ ਸਰੀਰ ਦੀ ਜਾਂਚ ਕਰਾ ਕੇ, ਭਵਿੱਖ ਵਿੱਚ ਹੋਣ ਵਾਲੀਆਂ ਬਿਮਾਰੀਆਂ ਤੋਂ ਜਾਗਰੂਕ ਹੋ ਕੇ ਆਪਣਾ ਸਮੇਂ ਸਿਰ ਇਲਾਜ/ਪ੍ਰਹੇਜ਼ ਸ਼ੁਰੂ ਕਰ ਕੇ ਇੱਕ ਤੰਦਰੁਸਤ ਜੀਵਨ ਸ਼ੈਲੀ ਅਪਣਾ ਸਕਦੇ ਹਨ।

# ਨਜਾਇਜ਼ ਮਾਈਨਿੰਗ ਨੂੰ ਤੁਰੰਤ ਰੋਕਿਆ ਜਾਵੇ : ਅਸ਼ੋਕ ਕੁਮਾਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਹਲਕਾ ਗੜ੍ਹਸ਼ੰਕਰ ਦੀ ਗੱਲ ਕੀਤੀ ਜਾਵੇ ਤਾਂ ਇਸ ਇਲਾਕੇ ਦਾ ਪਹਾੜੀ ਖੇਤਰ ਕੁਦਰਤੀ ਸਰੋਤਾਂ ਨਾਲ ਹਰਿਆ ਭਰਿਆ ਹੈ ਪਰ ਪਿਛਲੇ ਲੰਬੇ ਸਮੇਂ ਤੋਂ ਇਸ ਹਰੇ ਭਰੇ ਕੁਦਰਤੀ ਇਲਾਕੇ ਨੂੰ ਮਾਈਨਿੰਗ ਮਾਫੀਏ ਨੇ ਉਜਾੜਨ ਵਿੱਚ ਕੋਈ ਕਸਰ ਨਹੀਂ ਛੱਡੀ।ਇੱਥੋਂ ਤੱਕ ਸਥਾਨਕ ਪ੍ਰਸ਼ਾਸਨ ਅਤੇ ਮੌਜੂਦਾ ਸਰਕਾਰ ਇਸ ਮਾਈਨਿੰਗ ਨੂੰ ਨੱਥ ਪਾਉਣ ਵਿੱਚ ਅਸਫਲ ਰਹੀ ਹੈ।ਇਸ ਇਲਾਕੇ ਦੇ ਪਹਾੜੀ ਖੇਤਰ ਦੇ ਨਾਲ ਪੈਂਦੇ ਪਿੰਡਾਂ ਦੇ ਖੇਤਾਂ ਵਿੱਚੋਂ ਕਰੀਬ 20-25 ਫੁੱਟ ਤੱਕ ਬਿਨਾਂ ਪਰਮਿਸ਼ਨ ਤੋਂ ਮਿੱਟੀ ਚੁੱਕੀ ਗਈ ਹੈ ਤੇ ਚੁੱਕੀ ਜਾ ਰਹੀ ਹੈ।ਇਸ ਸਬੰਧੀ ਜਦੋਂ ਵੀ ਸਥਾਨਕ ਪ੍ਰਸ਼ਾਸਨ ਨੂੰ ਸੰਪਰਕ ਕੀਤਾ ਜਾਂਦਾ ਹੈ ਤਾਂ ਉਹਨਾਂ ਦਾ ਇੱਕੋ ਹੀ ਕਹਿਣਾ ਹੁੰਦਾ ਹੈ ਕਿ ਮੌਕਾ ਦੇਖ ਕੇ ਕਾਰਵਾਈ ਕੀਤੀ ਜਾਵੇਗੀ ਪਰ ਅੱਜ ਤੱਕ ਕੋਈ ਠੋਸ ਕਾਰਵਾਈ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਨਹੀਂ ਕੀਤੀ ਜਾਂਦੀ। ਇਹਨਾਂ ਮਾਈਨਿੰਗ ਵਾਲੇ ਵਾਹਨਾਂ ਨੇ ਇਲਾਕੇ ਦੀਆਂ ਸੜਕਾਂ ਨੂੰ ਵੀ ਤਹਿਸ ਨਹਿਸ ਕੀਤਾ ਹੋਇਆ ਹੈ। ਦਿਨ ਰਾਤ ਵੱਡੇ ਪੱਧਰ ਤੇ ਮਾਈਨਿੰਗ ਹੋ ਰਹੀ ਹੈ। ਇਸ ਮਾਮਲੇ ਵਿੱਚ ਭਾਵੇਂ ਮੀਡੀਆ ਵੱਲੋਂ ਸਮੇਂ-ਸਮੇਂ ਤੇ ਖਬਰਾਂ ਪ੍ਰਕਾਸ਼ਤ ਵੀ ਹੋਈਆਂ ਹਨ ਅਤੇ ਵਾਤਾਵਰਨ ਪ੍ਰੇਮੀਆਂ ਵੱਲੋਂ ਰੋਸ ਵੀ ਜਤਾਇਆ ਗਿਆ ਪਰ ਇਲਾਕੇ ਵਿੱਚੋਂ ਨਜਾਇਜ਼ ਮਾਈਨਿੰਗ ਰੁਕਣ ਦਾ ਨਾਂ ਲੈਣ ਦੀ ਬਜਾਏ ਦਿਨੋ ਦਿਨ ਵਧੀ ਹੈ। ਇੱਥੇ ਇਹ ਵੀ ਦੱਸਣਾ ਹੈ ਕਿ ਮਿੱਟੀ ਢੋਣ ਵਾਲੇ



ਵਾਹਨਾ ਦੀ ਇਹ ਸਥਿਤੀ ਬਣ ਗਈ ਹੈ ਕਿ ਟਰਾਲੀਆਂ ਨੂੰ ਮੋਡੀਫਾਈ ਕਰਕੇ ਓਵਰਲੋਡ ਮਿੱਟੀ ਚੁੱਕੀ ਜਾ ਰਹੀ ਹੈ ਅਤੇ ਮਹਿੰਗੇ ਭਾਅ ਵਿੱਚ ਵੇਚੀ ਜਾ ਰਹੀ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕਾਂਗਰਸੀ ਆਗੂ ਜਸਬੀਰ ਸਿੰਘ ਪੁਰਖੋਵਾਲ ਨੇ ਕਿਹਾ ਕਿ ਇਸ ਤਰਾਂ ਕਦੇ ਨਹੀਂ ਦੇਖਿਆ ਕਿ ਏਨੇ ਵੱਡੇ ਪੱਧਰ ਤੇ ਨਾਜਾਇਜ਼ ਮਾਈਨਿੰਗ ਹੋਣੀ ਇਸ ਕੁਦਰਤੀ ਸਰੋਤਾਂ ਨੂੰ ਲਗਭਗ ਖਤਮ ਹੀ ਕੀਤਾ ਜਾ ਚੁੱਕਾ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਗੁਰਨੇਕ ਸਿੰਘ ਭੱਜਲ ਨੇ ਕਿਹਾ ਕਿ ਅੱਤ ਦੀ ਮਾਈਨਿੰਗ ਹੋਣਾ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੇ ਸਵਾਲੀਆ ਚਿੰਨ ਲਾਉਂਦੀ ਹੈ। ਉਹਨਾਂ ਕਿਹਾ ਕਿ ਇਸ ਇਲਾਕੇ ਵਿੱਚੋਂ ਦਿਨ ਰਾਤ ਵੱਡੇ ਪੱਧਰ ਤੇ ਮਿੱਟੀ ਚੁੱਕੀ ਹੈ ਜੋ ਆਉਣ ਵਾਲੇ ਸਮੇਂ ਲਈ ਘਾਤਕ ਸਾਬਤ ਹੋ ਸਕਦੀ ਹੈ। ਬਸਪਾ ਆਗੂ ਅਸ਼ੋਕ ਕੁਮਾਰ ਨੇ ਵੀ ਇਸ ਇਲਾਕੇ ਵਿੱਚ ਲਗਾਤਾਰ ਹੋ ਰਹੀ ਨਾਜਾਇਜ਼ ਮਾਈਨਿੰਗ ਦੀ ਆਲੋਚਨਾ ਕੀਤੀ ਹੈ ਅਤੇ ਮੰਗ ਕੀਤੀ ਹੈ ਕਿ ਇਸ ਹੋ ਰਹੀ ਨਾਜਾਇਜ਼ ਮਾਈਨਿੰਗ ਨੂੰ ਤੁਰੰਤ ਰੋਕਿਆ ਜਾਵੇ।

# ਨਸ਼ੀਲੀਆ ਵਸਤੂਆਂ ਦੀ ਸਮੱਗਲਿੰਗ ਕਰਨ ਵਾਲੇ ਵਿਅਕਤੀ ਕਾਬੂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁਧ ਚਲਾਈ ਮੁਹਿੰਮ ਤਹਿਤ ਸੰਦੀਪ ਮਲਿਕ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਨਸ਼ੀਲੀਆਂ ਵਸਤੂਆਂ ਦੀ ਸਮੱਗਲਿਗ ਕਰਨ ਵਾਲੇ ਵਿਅਕਤੀਆ ਖਿਲਾਫ ਮੁਹਿੰਮ ਸ਼ੁਰੂ ਕੀਤੀ ਗਈ।ਇਸ ਮੁਹਿੰਮ ਤਹਿਤ ਪਲਵਿੰਦਰ ਸਿੰਘ ਉਪ ਪੁਲਸ ਕਪਤਾਨ ਚੱਬੇਵਾਲ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਵੱਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ 05 ਜਨਵਰੀ ਨੂੰ 83 ਪਰਮਵੀਰ ਸਿੰਘ ਹੁਸ਼ਿ: ਸੀ.ਆਈ.ਏ ਸਟਾਫ ਸਮੇਤ ਸਾਥੀ ਕਰਮਚਾਰੀਆਂ ਦੇ ਬਰਾਏ ਗਸ਼ਤ ਦੇ ਸਬੰਧ ਵਿੱਚ ਖਨੌੜਾ ਮੋੜ ਨਜ਼ਦੀਕ ਮੌਜੂਦ ਸੀ ਤਾਂ ਇੱਕ ਨੌਜਵਾਨ ਬੱਸ ਵਿੱਚੋਂ ਉਤਰ ਕੇ ਖਨੌੜਾ ਵੱਲ ਨੂੰ ਪੈਦਲ ਆਉਂਦਾ ਦਿਖਾਈ ਦਿੱਤਾ ਜਿਸ ਨੂੰ ਸ਼ੱਕ ਦੀ ਬਿਨਾਹ 'ਤੇ ਰੁਕਣ ਦਾ ਇਸ਼ਾਰਾ ਕੀਤਾ, ਜਿਸ ਨੇ ਯਕਦਮ ਘਬਰਾ ਕੇ ਜੇਬ ਵਿੱਚੋਂ ਇੱਕ ਮੋਮੀ ਲਿਫਾਫਾ ਸੜਕ ਦੇ ਕਿਨਾਰੇ ਸੁੱਟ ਕੇ ਪਿੱਛੇ ਵੱਲ ਨੂੰ ਮੁੜ ਪਿਆ, ਜਿਸ ਨੂੰ ਸ਼ੱਕ ਦੀ ਬਿਨਾਹ 'ਤੇ ਕਾਬੂ ਕੀਤਾ ਗਿਆ, ਉਸ ਵੱਲੋਂ ਸੁੱਟੇ ਹੋਏ ਲਿਫਾਫੇ ਵਿੱਚ ਕੋਈ ਗੈਰ ਕਾਨੂੰਨੀ ਚੀਜ਼ ਹੋਣ ਦਾ ਸ਼ੱਕ ਹੋਣ 'ਤੇ ਥਾਣਾ ਮੇਹਟੀਆਣਾ ਨੂੰ ਕਾਰਵਾਈ ਲਈ ਸਮਰੱਥ ਅਧਿਕਾਰੀ ਮੌਕਾ 'ਤੇ ਭੇਜਣ ਲਈ ਫੋਨ ਕੀਤਾ ਜਿਸ 'ਤੇ ਏ.ਐਸ.ਆਈ ਗੁਲਸ਼ਨ ਕੁਮਾਰ ਸਮੇਤ ਸਾਥੀ ਕਰਮਚਾਰੀਆਂ ਮੌਕੇ 'ਤੇ ਪੁੱਜਾ ਤੇ ਕਾਬੂ ਕੀਤੇ ਨੌਜਵਾਨ ਦਾ ਨਾਮ ਪੁੱਛਣ 'ਤੇ ਉਸ ਨੇ ਆਪਣਾ ਨਾਮ ਗੌਰਵ ਪੁੱਤਰ ਸਰਵਨ ਕੁਮਾਰ ਵਾਸੀ ਪਿੰਡ ਪਿੱਪਲਾਂਵਾਲਾ ਥਾਣਾ ਮਾਡਲ ਟਾਊਨ ਜ਼ਿਲ੍ਹਾ ਹੁਸ਼ਿਆਰਪੁਰ ਦੱਸਿਆ। ਮੋਮੀ ਲਿਫਾਫੇ ਨੂੰ ਚੈੱਕ ਕਰਨ 'ਤੇ ਉਸ ਵਿੱਚੋਂ 100 ਗ੍ਰਾਮ ਹੈਰੋਇਨ ਨੁਮਾ ਪਦਾਰਥ ਬਰਾਮਦ ਹੋਇਆ ਜਿਸ 'ਤੇ ਮੁਕੱਦਮਾ ਥਾਣਾ ਮੇਹਟੀਆਣਾ ਦਰਜ ਕੀਤਾ ਗਿਆ।

# ਜੇਲਾਂ 'ਚ ਬੰਦ ਕੈਦੀਆਂ ਦੀ ਰਿਹਾਈ ਲਈ ਧਰਨਾ 16 ਨੂੰ



**ਬੰਗਾ (ਅਵਤਾਰ ਕਲੇਰ)**-ਸਮੂਹ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਗੁਰਦੁਆਰਾ ਸਿੰਘ ਸਭਾ ਨਵਾਂਸ਼ਹਿਰ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਜਸਵਿੰਦਰ ਸਿੰਘ ਭੰਗਲ ਨੇ ਕੀਤੀ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਸੁਰਿੰਦਰ ਸਿੰਘ ਬੈਂਸ, ਤਰਸੇਮ ਸਿੰਘ ਬੈਂਸ, ਸੰਤੋਖ ਸਿੰਘ,ਹਰਵਿੰਦਰ ਸਿੰਘ,ਜਸਵਿੰਦਰ ਭੰਗਲ, ਪਰਮ ਸਿੰਘ ਖਾਲਸਾ ਨੇ ਦੱਸਿਆ ਕਿ ਸਜਾਵਾ ਪੂਰੀਆਂ ਕਰ ਚੁੱਕੇ ਸਿੱਖ ਕੈਦੀਆਂ, ਜੇਲ੍ਹਾਂ ਚ ਬੰਦ ਸਿਆਸੀ ਬੰਦੀਆਂ ਅਤੇ ਬਿਨਾਂ ਕਿਸੇ ਤਰਾਂ ਦੇ ਕੇਸਾਂ ਦੇ ਜੇਲ੍ਹਾਂ ਚ ਬੰਦ ਕੈਦੀਆਂ ਦੀ ਰਿਹਾਈ ਲਈ 12 ਜਨਵਰੀ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਟੋਲ ਪਲਾਜ਼ਾ ਬਹਿਰਾਮ ਅਤੇ ਬਛੂਆ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਫਰੀ ਕੀਤੇ ਜਾਣਗੇ। ਇਹ ਵੀ ਕਿਹਾ ਕਿ ਬਿਜਲੀ ਸੋਧ ਬਿੱਲ 2025, ਬੀਜ ਬਿੱਲ 2025, ਚਾਰ ਕਿਰਤ ਕੋਡ, ਨਿਜੀਕਰਨ ਦੀ ਵਾਪਸੀ ਅਤੇ ਹੋਰ ਮੰਨੀਆਂ ਮੰਗਾਂ ਕੇਂਦਰ / ਪੰਜਾਬ ਸਰਕਾਰ ਤੋਂ ਲਾਗੂ ਕਰਵਾਉਣ ਹਿਤ 16 ਜਨਵਰੀ ਨੂੰ 12 ਵਜੇ ਤੋਂ 3 ਵਜੇ ਤੱਕ ਡਿਪਟੀ ਕਮਿਸ਼ਨਰ ਨਵਾਂਸ਼ਹਿਰ ਵਿਖੇ ਧਰਨਾ ਦਿਤਾ ਜਾਵੇਗਾ। ਇਹਨਾਂ ਐਕਸ਼ਨਾ ਦੀ ਕਾਮਯਾਬੀ ਲਈ ਭਰਵੀਂ ਮੀਟਿੰਗ ਹੋਈ।ਇਸ ਮੀਟਿੰਗ ਦੌਰਾਨ ਸੁਰਿੰਦਰ ਸਿੰਘ ਮਹਿਰਮਪੁਰ, ਅਵਤਾਰ ਸਿੰਘ, ਕਰਨੈਲ ਸਿੰਘ ਉੜਾਪੜ, ਕਸ਼ਮੀਰ ਬੇਗੋਵਾਲ,ਗੁਰਿੰਦਰ ਰਾਹੋਂ, ਜਸਵਿੰਦਰ ਰਾਹੋਂ ਨਰਿੰਦਰ ਕਾਲੀਆ, ਚਰਨ ਸਿੰਘ,ਰਾਮਜੀ ਦਾਸ, ਅਵਤਾਰ ਕੱਟ, ਮੋਹਣ ਸਿੰਘ ਅਤੇ ਸ਼ਾਮ ਲਾਲ ਆਦਿ ਹਾਜ਼ਰ ਸਨ।

# ਮੁਲਾਜ਼ਮਾਂ 'ਤੇ ਕੀਤੇ ਗਏ ਨਜਾਇਜ਼ ਪਰਚੇ ਰੱਦ ਕਰੇ ਸਰਕਾਰ : ਕੁਲਵੰਤ ਸਿੰਘ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਰੋਡਵੇਜ਼ ਪਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ 25/11 ਵੱਲੋਂ ਪੰਜਾਬ ਭਰ ਦੇ ਡਿੱਪੂਆ ਤੇ ਗੇਟ ਰੈਲੀਆ ਕੀਤੀਆਂ ਗਈਆ। ਪ੍ਰਧਾਨ ਰਮਿੰਦਰ ਸਿੰਘ ਨੇ ਬੋਲਦਿਆਂ ਕਿਹਾ ਕਿ ਕੱਚੇ ਕਰਮਚਾਰੀ ਲੰਮੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ ਸਮੇਂ-ਸਮੇਂ ਦੀਆਂ ਸਰਕਾਰ ਨੇ ਟਾਲਮਟੋਲ ਦੀ ਨੀਤੀ ਅਪਣਾਉਂਦੀਆਂ ਰਹੀਆਂ ਹਨ ਪ੍ਰੰਤੂ ਜਦੋਂ ਤੋ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਦੇ ਵਿੱਚ ਆਉਣ ਤੋਂ ਪਹਿਲਾਂ ਸਾਡੇ ਧਰਨਿਆਂ ਵਿੱਚ ਆ ਕੇ ਬੋਲਦੇ ਸੀ ਕਿ ਸਰਕਾਰਾਂ ਬਣਨ ਉਪਰੰਤ ਕੱਚੇ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇਗਾ ਵਿਭਾਗਾਂ ਨੂੰ ਪ੍ਰਫੁੱਲਿਤ ਕਰਾਂਗੇ ਤਾਂ ਪਨਬਸ/ ਪੀ.ਆਰ.ਟੀ.ਸੀ ਦੇ ਕੱਚੇ ਕਰਮਚਾਰੀਆਂ ਵੱਲੋਂ ਬੱਸਾਂ ਵਿੱਚ ਵੱਡੇ ਪੱਧਰ ਤੇ ਪ੍ਰਚਾਰ ਕਰਕੇ ਸਰਕਾਰ ਲਿਆਉਣ ਵਿੱਚ ਯੋਗਦਾਨ ਪਾਇਆ ਗਿਆ। ਅੱਜ ਚਾਰ ਸਾਲ ਬੀਤਣ ਦੇ ਬਾਵਜੂਦ ਇੱਕ ਵੀ ਕਰਮਚਾਰੀ ਨੂੰ ਪੱਕਾ ਨਹੀਂ ਕੀਤਾ ਗਿਆ ਸਿਰਫ ਲਾਰੇ ਤੇ ਲਾਰਾ ਲਾ ਕੇ ਸਮਾਂ ਟਪਾਉਣ ਦੀ ਕੋਸ਼ਿਸ਼ ਕੀਤੀ ਜਾਂ ਰਹੀ ਹੈ। ਕੁਲਵੰਤ ਸਿੰਘ ਨੇ ਬੋਲਦਿਆਂ ਕਿਹਾ ਕਿ ਪ੍ਰਾਈਵੇਟ ਕਿਲੋਮੀਟਰ ਸਕੀਮ ਬੱਸਾਂ ਨੂੰ ਲੈ ਕੇ ਵਿਭਾਗਾਂ ਦਾ ਕੀਤਾ ਜਾ ਰਿਹਾ ਨਿੱਜੀਕਰਨ ਦੀ ਲੜਾਈ ਨੂੰ ਲੈ ਕੇ ਕਰਮਚਾਰੀ ਸੰਘਰਸ ਕਰ ਰਹੇ ਸੀ ਜਥੇਬੰਦੀ ਆਗੂਆਂ ਨੂੰ ਘਰਾਂ ਤੋਂ ਚੱਕ ਕੇ ਹਿਰਾਸਤ ਵਿੱਚ ਲੈ ਕੇ ਵਰਕਰਾਂ ਵਿੱਚ ਦਹਿਸ਼ਤ ਦਾ ਮਹੌਲ ਪੈਦਾ ਕੀਤਾ ਗਿਆ ਤੇ ਵਰਕਰਾਂ ਦੇ



ਨਾਲ ਪੁਲਸ ਪ੍ਰਸ਼ਾਸਨ ਵੱਲੋਂ ਧੱਕੇ ਸ਼ਾਹੀ ਕੀਤੀ ਗਈ। ਸੀ: ਮੀਤ ਪ੍ਰਧਾਨ ਦਵਿੰਦਰ ਸਿੰਘ ਨੇ ਗੇਟ ਰੈਲੀ ਤੇ ਬੋਲਦਿਆਂ ਐਲਾਨ ਕੀਤਾ ਕਿ ਗੇਟ ਰੈਲੀ ਉਪਰੰਤ ਸਮੂਹ ਵਰਕਰ ਕਾਲੇ ਬਿਲੇ ਲਾਕੇ ਡਿਊਟੀਆਂ ਕਰਨਗੇ। ਜੇਕਰ ਪਨਬਸ ਪੀ ਆਰ ਟੀਸੀ ਦੇ ਕੱਚੇ ਮੁਲਾਜਮਾਂ ਦੀ ਮੰਗਾ ਨਾ ਮੰਨੀਆ ਤੇ ਸੰਗਰੂਰ ਜੇਲ੍ਹ ਵਿੱਚ ਨਜਾਇਜ ਬੰਦ ਸਾਥੀਆ ਨੂੰ ਤਰੁੰਤ ਰਿਹਾਅ ਨਹੀਂ ਕੀਤਾ ਗਿਆ ਤਾਂ 9 ਜਨਵਰੀ ਨੂੰ ਸੰਗਰੂਰ ਬੱਸ ਸਟੈਂਡ ਵਿਖੇ ਸ਼ਾਂਤਮਈ ਭਾਰੀ ਵਿਸ਼ਾਲ ਕਨਵੈਨਸ਼ਨ ਕਰਕੇ ਅਗਲੇ ਸੰਘਰਸ ਦਾ ਐਲਾਨ ਕੀਤਾ ਜਾਵੇਗਾ।

# ਸਿਹਤਮੰਦ ਨਾਗਰਿਕ ਹੀ ਸਸ਼ਕਤ ਸਮਾਜ ਤੇ ਸਵੈ-ਨਿਰਭਰ ਰਾਸ਼ਟਰ ਦੀ ਨੀਂਹ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇੱਕ ਸਿਹਤਮੰਦ ਵਿਅਕਤੀ ਨਾਲ ਨਾ ਸਿਰਫ਼ ਉਹਦੇ ਪਰਵਾਰ ਸਗੋਂ ਸਮਾਜ ਦਾ ਵੀ ਵਿਕਾਸ ਹੁੰਦਾ ਹੈ। ਸਿਹਤਮੰਦ ਨਾਗਰਿਕ ਹੀ ਸਸ਼ਕਤ ਸਮਾਜ, ਮਜ਼ਬੂਤ ਅਰਥਵਿਵਸਥਾ ਅਤੇ ਸਵੈ-ਨਿਰਭਰ ਰਾਸ਼ਟਰ ਦੀ ਨੀਂਹ ਰਖਦੇ ਹਨ। ਹਰਿਆਣਾ ਸਰਕਾਰ ਨੇ ਇਸੇ ਸੋਚ ਨਾਲ ਆਧੁਨਿਕ ਜਾਂਚ ਅਤੇ ਇਲਾਜ ਸਹੂਲਤਾਂ ਨੂੰ ਆਮਜਨ ਤੱਕ ਸੁਲਭ ਬਣਾਇਆ ਹੈ ਅਤੇ ਸੂਬੇ ਵਿੱਚ ਪਬਲਿਕ-ਪ੍ਰਾਇਵੇਟ ਪਾਟਨਰਸ਼ਿਪ ਮਾਡਲ ਤਹਿਤ ਸੀਟੀ ਸਕੈਨ, ਐਮਆਰਆਈ, ਹੈਮੋ ਡਾਇਲਿਸਿਸ ਅਤੇ ਕੈਥ ਲੈਬ ਜਿਹੀ ਉੱਨਤ ਸੇਵਾਵਾਂ ਮੁਹੱਈਆ ਕਰਵਾਈ ਜਾ ਰਹੀਆਂ ਹਨ।ਮੁੱਖ ਮੰਤਰੀ ਗੁਰੂਗ੍ਰਾਮ ਵਿੱਚ ਸੋਵਾਕਾ ਲੈਬ ਦੇ ਉਦਘਾਟਨ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਬੋਲ ਰਹੇ ਸਨ। ਉਦਘਾਟਨ ਸਮਾਰੋਹ ਵਿੱਚ ਡਾ. ਲਾਲ ਪੈਥ ਲੈਬ ਦੇ ਚੇਅਰਮੈਨ ਪਦਮਸ਼੍ਰੀ ਬ੍ਰਿਗੇਡਿਅਰ ਡਾ. ਅਰਵਿੰਦ ਲਾਲ ਨੇ ਮੁੱਖ ਮੰਤਰੀ ਦਾ ਸੁਆਗਤ ਅਤੇ ਅਭਿਨੰਦਨ ਕੀਤਾ।ਇਸ ਮੌਕੇ 'ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਲਗਾਤਾਰ ਸਿਹਤ ਦੇ ਖੇਤਰ ਵਿੱਚ ਸ਼ਾਨਦਾਰ ਕੰਮ ਕਰ ਰਹੀ ਹੈ। ਸੂਬਾ ਸਰਕਾਰ ਵੱਲੋਂ ਕਿਡਨੀ ਦੇ ਮਰੀਜਾਂ ਲਈ ਡਾਇਲਿਸਿਸ ਦੀ ਸਹੂਲਤ ਮੁਫ਼ਤ ਵਿੱਚ ਮੁਹੱਈਆ ਕਰਵਾਈ ਜਾ ਰਹੀ ਹੈ। ਹਰਿਆਣਾ ਸਰਕਾਰ ਇਸ ਦੇ ਇਲਾਵਾ ਵੀ ਕਈ ਸਿਹਤ ਸਬੰਧੀ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸਿਹਤ ਜਾਂਚ ਲੈਬ ਵਿਅਕਤੀ ਦੇ ਜੀਵਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ, ਜੇਕਰ ਵਿਅਕਤੀ ਸਮੇ ਰਹਿੰਦੇ ਆਪਣੀ ਸਿਹਤ ਦੀ ਜਾਂਚ ਕਰਵਾਵੇ ਤਾਂ ਉਹ ਬਹੁਤ ਸਾਰੀ ਗੰਭੀਰ ਬਿਮਾਰਿਆਂ ਤੋਂ ਬਚ ਸਕਦਾ ਹੈ।

# ਸਾਂਝਾ ਮਜ਼ਦੂਰ ਮੋਰਚੇ ਵੱਲੋਂ ਡੀ ਸੀ ਦਫ਼ਤਰ ਅੱਗੇ ਧਰਨਾ

**ਬੰਗਾ (ਅਵਤਾਰ ਕਲੇਰ)**

ਸਾਂਝਾ ਮਜ਼ਦੂਰ ਮੋਰਚਾ ਦੇ ਸੱਦੇ ਤੇ ਪੇਂਡੂ ਅਤੇ ਖ਼ੇਤ ਮਜ਼ਦੂਰ ਜਥੇਬੰਦੀਆਂ ਵਲੋਂ ਮਗਨਰੇਗਾ ਖਤਮ ਕਰਨ, ਬਿਜਲੀ ਸੋਧ ਬਿੱਲ 2025, ਚਾਰ ਲੇਬਰ ਕੋਡ ਲਾਗੂ ਕਰਨ ਦੇ ਵਿਰੋਧ ਵਿਚ ਡੀ ਸੀ ਦਫਤਰ ਨਵਾਂਸ਼ਹਿਰ ਅੱਗੇ ਧਰਨਾ ਦਿੱਤਾ ਗਿਆ।ਇਸ ਧਰਨੇ ਨੂੰ ਸੰਬੋਧਨ ਕਰਦਿਆਂ ਪੀ ਐੱਮ ਯੂ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ,ਯੂਨੀਅਨ ਦੇ ਜ਼ਿਲ੍ਹਾ ਆਗੂ ਕਮਲਜੀਤ ਸਨਾਵਾ, ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ,ਹਰੀ ਰਾਮ ਰਸੂਲਪੁਰੀ,ਖੇਤ ਮਜ਼ਦੂਰ ਸਭਾ ਦੇ ਆਗੂ ਨਿਰੰਜਣ ਦਾਸ ਮੇਹਲੀ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਕੁਲਦੀਪ ਝਿੰਗੜ, ਕਿਰਨਜੀਤ ਕੌਰ,ਸੁਰਿੰਦਰ ਮੀਰਪੁਰ , ਲਾਡੀ ਕੋਟ ਰਾਂਝਾ ,ਸੁਰਿੰਦਰ ਸਨਾਵਾ ਨੇ ਕਿਹਾ ਕਿ ਮੋਦੀ ਸਰਕਾਰ ਨੇ ਚਾਰ ਲੇਬਰ ਕੋਡ ਲਾਗੂ ਕਰਕੇ ਮਜ਼ਦੂਰ ਵਰਗ ਉੱਤੇ ਬਹੁਤ ਵੱਡਾ ਹਮਲਾ ਬੋਲਿਆ ਹੈ।ਮਜ਼ਦੂਰ ਵਰਗ ਵੱਲੋਂ ਦਹਾਕਿਆਂ ਤੱਕ ਸੰਘਰਸ਼ ਕਰਕੇ ਪ੍ਰਾਪਤ ਕੀਤੇ ਅਧਿਕਾਰਾਂ ਨੂੰ ਖ਼ਤਮ ਕਰ ਦਿੱਤਾ ਹੈ। ਮੋਦੀ ਸਰਕਾਰ ਮਗਨਰੇਗਾ ਖਤਮ ਕਰਕੇ ਵਿਕਸਤ ਭਾਰਤ ਜੀ ਰਾਮ ਜੀ ਨਵਾਂ ਕਾਨੂੰਨ ਲਿਆਕੇ ਦੇਸ਼ ਦੇ ਦੋ ਕਰੋੜ ਮਜ਼ਦੂਰਾਂ ਅਤੇ ਮੁਲਾਜ਼ਮਾਂ ਦੇ



ਚੁੱਲ੍ਹੇ ਠੰਡੇ ਕਰਨ ਦੇ ਰਾਹ ਪੈ ਗਈ ਹੈ। ਉਹਨਾਂ ਕਿਹਾ ਕਿ ਮੋਦੀ ਸਰਕਾਰ ਬਿਜਲੀ ਸੋਧ ਬਿੱਲ 2025 ਰਾਹੀਂ ਬਿਜਲੀ ਨੂੰ ਕਾਰਪੋਰੇਟਰਾਂ ਦੇ ਹੱਥ ਦੇਣ ਦੀ ਤਿਆਰੀ ਕਰੀ ਬੈਠੀ ਹੈ।ਜਿਸ ਨਾਲ ਬਿਜਲੀ ਦੀਆਂ ਸਬਸੀਡੀਆਂ ਖਤਮ ਹੋ ਜਾਣਗੀਆਂ।

# ਪੱਤਰਕਾਰਾਂ ਵਿਰੁੱਧ ਝੂਠੇ ਕੇਸ ਦਰਜ ਕਰਨ 'ਤੇ ਕੱਢਿਆ ਰੋਸ ਮਾਰਚ

**ਮਾਹਿਲਪੁਰ (ਸਫ਼ਰੀ)**

ਪਿਛਲੇ ਦਿਨੀ ਮਾਨਿਕ ਗੋਇਲ, ਮਨਿੰਦਰ ਸਿੱਧੂ ਤੇ ਉਹਨਾਂ ਦੇ ਹੋਰ ਸਾਥੀ ਪੱਤਰਕਾਰਾਂ ਤੇ ਆਰ ਟੀ ਆਈ ਕਾਰਕੁਨਾਂ ਵਿਰੁੱਧ ਦਰਜ ਕੀਤੇ ਝੂਠੇ ਕੇਸਾਂ ਕਾਰਨ ਪ੍ਰੈੱਸ ਵੈਲਫੇਅਰ ਕਲੱਬ ਮਾਹਿਲਪੁਰ ਦੇ ਚੇਅਰਮੈਨ ਪ੍ਰੈੱਸ ਫੋਟੋ ਗਰਾਫਰ ਗੁਰਨਾਮ ਸਿੰਘ ਬੈਂਸ ਅਤੇ ਕਲੱਬ ਦੇ ਪ੍ਰਧਾਨ ਪਰਮਜੀਤ ਸਿੰਘ ਭੂੰਨੋ ਦੀ ਅਗਵਾਈ ਹੇਠ ਪੱਤਰਕਾਰ ਭਾਈਚਾਰਾ ਅਤੇ ਸੰਘਰਸ਼ੀਲ ਜਥੇਬੰਦੀਆਂ ਤੇ ਆਮ ਲੋਕਾਂ ਨੇ ਥਾਣਾ ਮਾਹਿਲਪੁਰ ਤੋਂ ਮੇਨ ਚੌਂਕ ਮਾਹਿਲਪੁਰ ਤੱਕ ਰੋਸ ਮਾਰਚ ਕੀਤਾ।ਭਾਰੀ ਇਕੱਠ ਨੂੰ ਵੱਖ ਵੱਖ ਬੁਲਾਰਿਆਂ ਨੇ ਸਰਕਾਰ ਵੱਲੋਂ ਕੀਤੇ ਗਏ ਨਾਜਾਇਜ਼ ਪਰਚਿਆਂ ਦੀ ਦਮਨਕਾਰੀ ਨੀਤੀ ਵਿਰੁੱਧ ਰੋਸ ਮੁਜ਼ਾਹਰੇ ਕਰਕੇ ਪੱਤਰਕਾਰਾਂ ਤੇ ਆਰ ਟੀ ਆਈ ਕਾਰਕੁਨਾਂ ਵਿਰੁੱਧ ਸਰਕਾਰ ਵੱਲੋਂ ਕੀਤੇ ਜਾ ਰਹੇ ਦੁਰਵਿਵਹਾਰ ਤੇ ਧੱਕੇਸ਼ਾਹੀ ਵਿਰੁੱਧ ਸਰਕਾਰ ਦੀ ਰੱਜ ਕੇ ਨਿੰਦਾ ਕੀਤੀ। ਭਾਕਿਯੂ ਏਕਤਾ ਉਗਰਾਹਾਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ, ਮਲਕੀਅਤ ਸਿੰਘ, ਲੇਬਰ ਪਾਰਟੀ ਦੇ ਪ੍ਰਧਾਨ ਜੈ ਗੁਪਾਲ ਧਿਮਾਨ, ਮੱਖਣ ਸਿੰਘ ਲੰਗੇਰੀ, ਮਲਕੀਅਤ ਸਿੰਘ ਬਾਹੋਵਾਲ, ਨਰਿੰਦਰ ਸਿੰਘ ਅਜਨੋਹਾ, ਕਾਮਰੇਡ ਸ਼ੇਰ ਜੰਗ ਬਹਾਦਰ,ਅਮਰਜੀਤ ਕੁਮਾਰ ,ਗੜ੍ਹਸ਼ੰਕਰ ,ਕੋਟ ਫਤੂਹੀ ਅਤੇ ਸੈਲਾ ਖੁਰਦ ਤੋਂ ਪੱਤਰਕਾਰ ਭਾਈਚਾਰਾ,ਸਾਰੀਆਂ ਇਨਸਾਫ ਪਸੰਦ ਸੰਘਰਸ਼ਸ਼ੀਲ ਧਿਰਾਂ ਨੂੰ ਇਕੱਠੇ ਹੋ ਕੇ ਪੱਤਰਕਾਰ ਸਾਥੀਆਂ ਦੀ ਡਟ ਕੇ ਮਦਦ ਕਰਨ ਲਈ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਪੱਤਰਕਾਰਾਂ ਵਿਰੁੱਧ ਦਰਜ ਝੂਠੇ ਕੇਸਾਂ ਨੂੰ ਰੱਦ ਕਰਵਾਉਣ ਤੱਕ ਪੂਰਨ ਸਾਥ ਨਿਭਾਉਣ ਦਾ ਭਰੋਸਾ ਦਵਾਇਆ ਤੇ ਹਮੇਸ਼ਾ ਹੱਕ ਸੱਚ ਅਤੇ ਇਨਸਾਫ ਲਈ ਲੜਨ ਦੀ ਵਚਨਬਧਤਾ ਦੁਹਰਾਈ। ਉਹਨਾਂ ਪੱਤਰਕਾਰਾਂ ਤੇ ਹੋਰ ਇਨਸਾਫ ਪਸੰਦ ਪੰਜਾਬੀਆਂ ਵਿਰੁੱਧ ਝੂਠੇ ਕੇਸ ਤੁਰੰਤ ਰੱਦ ਕਰਨ ਦੀ ਮੰਗ ਕੀਤੀ। ਅੰਤ ਵਿੱਚ ਵੈਲਫੇਅਰ ਪ੍ਰੈਸ ਕਲੱਬ ਮਾਹਿਲਪੁਰ,ਦੂਰ ਦੁਰਾਡੇ ਤੋਂ ਆਈਆਂ ਸਹਿਯੋਗੀ ਜਥੇਬੰਦੀਆਂ ਅਤੇ ਪੱਤਰਕਾਰ ਭਾਈਚਾਰੇ ਵਲੋਂ ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਤੇ ਕੀਤੇ ਝੂਠੇ ਕੇਸਾਂ ਨੂੰ ਤੁਰੰਤ ਰੱਦ ਕਰਨ ਲਈ ਨਾਇਬ ਤਹਿਸੀਲਦਾਰ ਮਾਹਿਲਪੁਰ ਨੂੰ ਮੰਗ ਪੱਤਰ ਸੌਂਪਿਆ।




# ਐੱਚ ਡੀ ਐੱਫ ਸੀ ਬੈਂਕ ਸਮਾਰਟ ਗੇਟਵੇ ਪੇਮੈਂਟ ਪਲੇਟਫਾਰਮ ਸੀ ਬੀ ਡੀ ਸੀ ਨਾਲ ਜੁੜਿਆ

**ਜਲੰਧਰ**-ਐੱਚ ਡੀ ਐੱਫ ਸੀ ਬੈਂਕ ਨੇ ਭਾਰਤੀ ਰਿਜ਼ਰਵ ਬੈਂਕ ਦੇ ਸੈਂਟਰਲ ਬੈਂਕ ਡਿਜੀਟਲ ਕਰੰਸੀ (ਸੀ ਬੀ ਡੀ ਸੀ), ਡਿਜੀਟਲ ਰੁਪਿਆ ਨੂੰ ਆਪਣੇ ਔਨਲਾਈਨ ਵਪਾਰੀ ਭੁਗਤਾਨ ਪਲੇਟਫਾਰਮ, ਸਮਾਰਟਗੇਟਵੇ ਵਿੱਚ ਏਕੀਕਰਨ ਦਾ ਐਲਾਨ ਕੀਤਾ ਹੈ। ਇਹ ਏਕੀਕਰਨ ਵਪਾਰੀਆਂ ਨੂੰ ਐੱਚ ਡੀ ਐੱਫ ਸੀ ਬੈਂਕ ਚੈੱਕਆਉਟ ਈਕੋਸਿਸਟਮ ਦੇ ਅੰਦਰ ਗਾਹਕਾਂ ਨੂੰ ਇੱਕ ਸੁਰੱਖਿਅਤ, ਲਾਗਤ-ਮੁਕਤ, ਅਤੇ ਸਰਕਾਰ-ਸਮਰਥਿਤ ਡਿਜੀਟਲ ਭੁਗਤਾਨ ਵਿਕਲਪ ਦੀ ਪੇਸ਼ਕਸ਼ ਕਰਨ ਦੇ ਯੋਗ ਬਣਾਉਂਦਾ ਹੈ। ਇਸ ਵਾਧੇ ਦੇ ਨਾਲ, ਸਮਾਰਟਗੇਟਵੇ ਵਪਾਰੀ ਹੁਣ ਬਿਨਾਂ ਕਿਸੇ ਲੈਣ-ਦੇਣ ਦੀ ਲਾਗਤ ਦੇ, ਯੂ ਪੀ ਆਈ, ਕਾਰਡ ਅਤੇ ਨੈੱਟ ਬੈਂਕਿੰਗ ਵਰਗੀਆਂ ਮੌਜੂਦਾ ਭੁਗਤਾਨ ਵਿਧੀਆਂ ਦੇ ਨਾਲ, ਡਿਜੀਟਲ ਰੁਪਿਆ ਦੀ ਵਰਤੋਂ ਕਰਕੇ ਭੁਗਤਾਨ ਸਵੀਕਾਰ ਕਰ ਸਕਦੇ ਹਨ। ਗਾਹਕਾਂ ਨੂੰ ਇੱਕ ਸਹਿਜ ਡਿਜੀਟਲ ਭੁਗਤਾਨ ਅਨੁਭਵ ਦਾ ਲਾਭ ਮਿਲਦਾ ਹੈ ਜੋ ਤੁਰੰਤ ਅਤੇ ਸੁਰੱਖਿਅਤ ਦੋਵੇਂ ਤਰ੍ਹਾਂ ਦਾ ਹੈ। ਐੱਚ ਡੀ ਐੱਫ ਸੀ ਬੈਂਕ ਪਾਇਲਟ ਬੈਂਕਾਂ ਵਿੱਚੋਂ ਇੱਕ ਹੈ, ਜੋ ਦਸੰਬਰ 2025 ਤੱਕ ਲਗਭਗ 845,000 ਰਜਿਸਟਰਡ ਸੀ ਬੀ ਡੀ ਸੀ ਵਾਲਿਟ ਦੀ ਸੇਵਾ ਕਰਦਾ ਹੈ, ਜਿਸ ਵਿੱਚ ਹਰ ਮਹੀਨੇ 13,000-15,000 ਨਵੇਂ ਵਾਲਿਟ ਸ਼ਾਮਲ ਕੀਤੇ ਜਾ ਰਹੇ ਹਨ।

# ਨਵ-ਨਿਯੁਕਤ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨਾਂ ਦਾ ਸਨਮਾਨ

**ਨਕੋਦਰ/ਮਹਿਤਪੁਰ (ਮਨਜੀਤ ਮਾਨ, ਰਾਜਾ)**

ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀਆਂ ਹਦਾਇਤਾਂ ਅਤੇ ਰਹਿਨੁਮਾਈ ਹੇਠ ਜਥੇਬੰਦੀ ਨੂੰ ਜਥੇਬੰਦਕ ਰੂਪ ਵਿੱਚ ਮਜ਼ਬੂਤ ਕਰਨ ਲਈ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਲੜੀ ਤਹਿਤ ਜਿਲ੍ਹਾ ਜਲੰਧਰ



ਸ਼ਹਿਰੀ ਦੇ ਪ੍ਰਧਾਨ ਅਮਰਜੀਤ ਸਿੰਘ ਕਿਸ਼ਨਪੁਰਾ ਤੇ ਜ਼ਿਲ੍ਹਾ ਜਲੰਧਰ ਦਿਹਾਤੀ ਦੇ ਨਵ-ਨਿਯੁਕਤ ਪ੍ਰਧਾਨ ਸ. ਸੁਖਵੰਤ ਸਿੰਘ ਰੌਲੀ ਵੱਲੋਂ ਸੀਨੀਅਰ ਆਗੂ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਦੇ ਗ੍ਰਹਿ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਮੌਕੇ ਪਾਰਟੀ ਦੀਆਂ ਭਵਿੱਖੀ ਯੋਜਨਾਵਾਂ ਅਤੇ ਪੰਥਕ ਮੁੱਦਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਦੇ ਗ੍ਰਹਿ ਵਿਖੇ ਪਹੁੰਚੇ ਦੋਵਾਂ ਆਗੂਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ। ਵਡਾਲਾ ਨੇ ਕਿਹਾ ਕਿ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਪਾਰਟੀ ਇੱਕ ਨਵੀਂ ਊਰਜਾ ਨਾਲ ਅੱਗੇ ਵਧ ਰਹੀ ਹੈ ਅਤੇ ਇਨ੍ਹਾਂ ਮਿਹਨਤੀ ਆਗੂਆਂ ਦੀ ਨਿਯੁਕਤੀ ਨਾਲ ਜਲੰਧਰ ਜ਼ਿਲ੍ਹੇ ਵਿੱਚ ਪਾਰਟੀ ਦਾ ਅਧਾਰ ਹੋਰ ਵੀ ਮਜ਼ਬੂਤ ਹੋਵੇਗਾ। ਉਨ੍ਹਾਂ ਆਗੂਆਂ ਨੂੰ ਪਾਰਟੀ ਦੇ ਸੁਨੇਹੇ ਨੂੰ ਘਰ-ਘਰ ਪਹੁੰਚਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਸ. ਅਮਰਜੀਤ ਸਿੰਘ ਕਿਸ਼ਨਪੁਰਾ ਅਤੇ ਸ. ਸੁਖਵੰਤ ਸਿੰਘ ਰੌਲੀ ਨੂੰ ਉਨ੍ਹਾਂ ਦੀ ਨਵੀਂ ਮਿਲੀ ਜ਼ਿੰਮੇਵਾਰੀ ਅਤੇ ਪੰਥਕ ਸੇਵਾਵਾਂ ਲਈ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਵਡਾਲਾ ਨੇ ਕਿਹਾ ਕਿ ਪਾਰਟੀ ਲਈ ਤਿਆਗ ਅਤੇ ਲਗਨ ਨਾਲ ਕੰਮ ਕਰਨ ਵਾਲੇ ਵਰਕਰਾਂ ਦਾ ਮਾਣ-ਸਤਿਕਾਰ ਕਰਨਾ ਸਾਡੀ ਪੁਰਾਤਨ ਰਵਾਇਤ ਹੈ, ਜੋ ਨਵੇਂ ਆਗੂਆਂ ਵਿੱਚ ਉਤਸ਼ਾਹ ਪੈਦਾ ਕਰਦਾ ਹੈ।ਮੁਲਾਕਾਤ ਦੌਰਾਨ ਨਵ-ਨਿਯੁਕਤ ਪ੍ਰਧਾਨਾਂ ਨੇ ਜਥੇਦਾਰ ਵਡਾਲਾ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਇੱਕ ਕਰ ਦੇਣਗੇ। ਉਨ੍ਹਾਂ ਕਿਹਾ ਕਿ ਜਲੰਧਰ ਦੇ ਸ਼ਹਿਰੀ ਅਤੇ ਦਿਹਾਤੀ ਖੇਤਰਾਂ ਵਿੱਚ ਜਲਦ ਹੀ ਇਕਾਈਆਂ ਦਾ ਵਿਸਥਾਰ ਕੀਤਾ ਜਾਵੇਗਾ ਅਤੇ ਪੰਥਕ ਹਿੱਤਾਂ ਲਈ ਹਮੇਸ਼ਾ ਤਤਪਰ ਰਿਹਾ ਜਾਵੇਗਾ। ਇਸ ਦੌਰਾਨ ਪਾਰਟੀ ਦੇ ਕਈ ਹੋਰ ਸਥਾਨਕ ਆਗੂ ਵੀ ਮੌਜੂਦ ਸਨ, ਜਿਨ੍ਹਾਂ ਨੇ ਨਵੀਆਂ ਨਿਯੁਕਤੀਆਂ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

# ਮੀਡੀਆ ਟੀਮ ਨੇ ਸੰਜੀਵ ਭਗਤ ਦਾ ਜਨਮ ਦਿਨ ਮਨਾਇਆ

**ਜਲੰਧਰ (ਇਕਬਾਲ ਸਿੰਘ ਉਭੀ)**-ਆਮ ਆਦਮੀ ਪਾਰਟੀ ਦੀ ਜਲੰਧਰ ਮੀਡੀਆ ਟੀਮ ਵੱਲੋਂ ਜਲੰਧਰ ਅਰਬਨ ਦੇ ਮੀਡੀਆ ਇੰਚਾਰਜ ਸੰਜੀਵ ਭਗਤ ਦਾ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਪਾਰਟੀ ਦੇ ਆਗੂਆਂ ਅਤੇ ਮੀਡੀਆ ਟੀਮ ਦੇ ਮੈਂਬਰਾਂ ਵੱਲੋਂ ਸੰਜੀਵ ਭਗਤ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ।ਇਸ ਸਮਾਗਮ ਵਿੱਚ ਦੋਆਬਾ ਮੀਡੀਆ ਦੇ ਸੈਕਟਰੀ ਅਤਮ ਪ੍ਰਕਾਸ਼ ਬਬਲੂ, ਹਲਕਾ ਕੈਂਟ ਦੇ ਮੀਡੀਆ ਇੰਚਾਰਜ ਅਨਮੋਲ ਖੰਨਾ, ਹਲਕਾ ਵੈਸਟ ਦੇ ਮੀਡੀਆ ਇੰਚਾਰਜ ਹੀਰਾ ਬੋਲੀਨਾ, ਵੈਸਟ ਦੇ ਵਾਈਸ ਮੀਡੀਆ ਇੰਚਾਰਜ ਸਨੂਪੀ ਸਿੰਘ, ਹਲਕਾ ਨਾਰਥ ਦੇ ਮੀਡੀਆ ਇੰਚਾਰਜ ਨਰੇਸ਼ ਸ਼ਰਮਾ, ਨਾਰਥ ਦੇ ਵਾਈਸ ਮੀਡੀਆ ਇੰਚਾਰਜ ਸੁੱਖ ਰੰਧਾਵਾ ਸਮੇਤ ਪਾਰਟੀ ਦੇ ਸੀਨੀਅਰ ਆਗੂ ਹਰਜੀਤ ਸਿੰਘ ਮੌਜੀਦ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਮੌਕੇ ਆਗੂਆਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਲੋਕ-ਹਿਤੈਸ਼ੀ ਨੀਤੀਆਂ, ਪਾਰਦਰਸ਼ੀ ਪ੍ਰਸ਼ਾਸਨ ਅਤੇ ਇਮਾਨਦਾਰ ਰਾਜਨੀਤੀ ਦੀ ਪੱਖਦਾਰ ਰਹੀ ਹੈ ਅਤੇ ਮੀਡੀਆ ਟੀਮ ਦੀ ਭੂਮਿਕਾ ਇਨ੍ਹਾਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਬਹੁਤ ਅਹਿਮ ਭੂਮਿਕਾ ਨਿਭਾ ਰਹੀ ਹੈ। ਸਾਰੇ ਆਗੂਆਂ ਅਤੇ ਮੀਡੀਆ ਟੀਮ ਦੇ ਮੈਂਬਰਾਂ ਵੱਲੋਂ ਸੰਜੀਵ ਭਗਤ ਦੀ ਲੰਮੀ ਉਮਰ, ਚੰਗੀ ਸਿਹਤ ਅਤੇ ਰਾਜਨੀਤਿਕ ਤੇ ਸਮਾਜਿਕ ਜੀਵਨ ਵਿੱਚ ਹੋਰ ਤਰੱਕੀ ਅਤੇ ਉਚਾਈਆਂ ਦੀ ਕਾਮਨਾ ਕੀਤੀ ਗਈ।

# ਨੌਜਵਾਨਾਂ ਨੂੰ ਨਸ਼ਿਆਂ ਤੇ ਹੋਰਨਾਂ ਅਲਾਮਤਾਂ ਤੋਂ ਦੂਰ ਰਹਿਣ ਦਾ ਸੱਦਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵੱਲੋਂ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਵੱਲੋਂ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਸਬ-ਡਵੀਜ਼ਨਾਂ ਦੇ ਵੱਖ-ਵੱਖ ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਨੇ ਦੱਸਿਆ ਕਿ ਨੌਜਵਾਨਾਂ ਨੂੰ ਨਸ਼ਿਆਂ ਤੋ ਦੂਰ ਰੱਖਣ ਅਤੇ ਹੋਰਨਾਂ ਸਕੀਮਾਂ ਸਬੰਧੀ ਜਾਗਰੂਕ ਕਰਨ ਲਈ ਨਈਂ ਆਬਾਦੀ ਬੱਸੀ ਗ਼ੁਲਾਮ ਹੁਸੈਨ, ਨਈਂ ਆਬਾਦੀ ਰੁਕਮਨ, ਪੰਡੋਰੀ ਮਹਿਤਮਾ, ਓਟ ਕਲੀਨਿਕ ਹਰਿਆਣਾ, ਓਟ ਕਲੀਨਿਕ ਬੇਨੀਵਾਲ, ਅਲੀਪੁਰ, ਮੋਤਲਾ ਅਤੇ ਖੋਖਲਾ ਵਿਖੇ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਪੈਨਲ ਐਡਵੋਕੇਟਾਂ ਵੱਲੋਂ ਨਸ਼ਿਆਂ ਖਿਲਾਫ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਇਸ ਮੁਹਿੰਮ ਦਾ ਉਦੇਸ਼ ਨੌਜਵਾਨ ਪੀੜ੍ਹੀ ਨੂੰ ਭਵਿੱਖ ਵਿਚ ਨਸ਼ੇ ਨੂੰ ਤਿਆਗ ਕੇ ਚੰਗੇ ਕੰਮ ਕਰਨ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਨਾਲਸਾ (ਡਰੱਗ ਜਾਗਰੂਕਤਾ ਅਤੇ ਤੰਦਰੁਸਤੀ ਨੈਵੀਗੇਸ਼ਨ- ਡਰੱਗ ਮੁਕਤ ਭਾਰਤ ਲਈ), ਯੋਜਨਾ 2025 ਅਤੇ ਸਿਹਤ, ਪਰਵਾਰਕ ਅਤੇ ਸਮਾਜਿਕ ਜੀਵਨ ਤੇ ਨਸ਼ਿਆਂ ਦਾ ਪ੍ਰਭਾਵ ਅਤੇ ਐਨ.ਡੀ.ਪੀ.ਐਸ. ਐਕਟ ਦੇ ਕਾਨੂੰਨੀ ਉਪਬੰਧਾਂ ਦਾ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸੇ ਤਰ੍ਹਾਂ ਬਾਲ ਵਿਵਾਹ ਮੁਕਤ ਭਾਰਤ ਮੁਹਿੰਮ ਸਬੰਧੀ ਕਾਨੂੰਨੀ ਹੱਕਾਂ ਬਾਰੇ ਜਾਣਕਾਰੀ ਦਿੰਦੇ ਹੋਏ ਧਿਆਨ ਵਿੱਚ ਲਿਆਂਦਾ ਗਿਆ ਕਿ ਲੜਕੀ ਦੀ ਵਿਆਹ ਦੀ ਉਮਰ 18 ਸਾਲ ਤੋਂ ਘੱਟ ਨਾ ਹੋਵੇ ਅਤੇ ਲੜਕੇ ਦੀ ਉਮਰ 21 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ। ਇਸ ਦੇ ਨਾਲ ਹੀ ਨਾਲਸਾ ਦੀ ਵਾਤਾਵਰਨ ਕਾਨੂੰਨੀ ਸਾਖ਼ਰਤਾ ਅਤੇ ਭਾਈਚਾਰਕ ਸੁਰੱਖਿਆ ਪਹਿਲਕਦਮੀ, ਅੱਜ ਦੀ ਰੱਖਿਆ ਕਰੋ, ਕੱਲ੍ਹ ਨੂੰ ਸੁਰੱਖਿਅਤ ਕਰੋ, ਬਾਰੇ ਜਾਗਰੂਕ ਕਰਨ ਤੋਂ ਇਲਾਵਾ ਐਚ.ਆਈ.ਵੀ ਏਡਜ਼ ਮੁਹਿੰਮ ਬਾਰੇ ਜਾਣਕਾਰੀ ਦਿੱਤੀ ਗਈ। ਅਖ਼ੀਰ ਵਿੱਚ ਜ਼ਿਲ੍ਹਾ ਐਸ.ਏ.ਐਸਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਵਿੱਚ ਕੰਮ ਕਰ ਰਹੇ ਪੈਰਾ ਲੀਗਲ ਵਲੰਟੀਅਰਾਂ ਵੱਲੋ ਪ੍ਰਚਾਰ ਸਮੱਗਰੀ ਵੰਡੀ ਗਈ।



# ਸੰਯੁਕਤ ਕਿਸਾਨ ਮੋਰਚੇ ਵੱਲੋਂ ਕੇਂਦਰ ਵਿਰੁੱਧ ਢੋਲ ਮਾਰਚ, ਬਿਜਲੀ ਤੇ ਸੀਡ ਬਿੱਲ ਰੱਦ ਕਰਨ ਦੀ ਗੂੰਜ

**ਬਲਾਚੌਰ (ਜਸਵਿੰਦਰ ਬੈਂਸ)**- ਸੰਯੁਕਤ ਕਿਸਾਨ ਮੋਰਚਾ ਬਲਾਚੌਰ ਵੱਲੋਂ ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਵਿਰੁੱਧ ਇੱਥੇ ਵਿਸ਼ਾਲ ਢੋਲ ਮਾਰਚ ਕੱਢਦਿਆਂ ਜ਼ੋਰਦਾਰ ਹੱਲਾ ਬੋਲਿਆ ਗਿਆ। ਮੋਰਚੇ ਦੀ ਅਹਿਮ ਇਕੱਤਰਤਾ ਦੌਰਾਨ ਕਿਸਾਨ ਆਗੂਆਂ ਨੇ ਕੇਂਦਰ ਦੀਆਂ ਲੋਕ ਵਿਰੋਧੀ ਨੀਤੀਆਂ 'ਤੇ ਤਿੱਖਾ ਰੋਸ ਪ੍ਰਗਟਾਇਆ ਅਤੇ ਸਪੱਸ਼ਟ ਕੀਤਾ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਹੋਰ ਵੀ ਪ੍ਰਚੰਡ ਕੀਤਾ ਜਾਵੇਗਾ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਮੰਗ ਕੀਤੀ ਕਿ ਬਿਜਲੀ ਸੋਧ ਬਿੱਲ 2025 ਨੂੰ ਤੁਰੰਤ ਰੱਦ ਕੀਤਾ ਜਾਵੇ। ਉਨ੍ਹਾਂ ਦੋਸ਼ ਲਾਇਆ ਕਿ ਇਹ ਬਿੱਲ ਖੇਤੀ ਖੇਤਰ ਦੀ ਸਬਸਿਡੀ ਖ਼ਤਮ ਕਰਕੇ ਬਿਜਲੀ ਦਾ ਮੁਕੰਮਲ ਨਿੱਜੀਕਰਨ ਕਰਨ ਦੀ ਇੱਕ ਡੂੰਘੀ ਸਾਜ਼ਿਸ਼ ਹੈ। ਇਸੇ ਤਰ੍ਹਾਂ ਸੀਡ ਬਿੱਲ 2025 ਦੀ ਨਿਖੇਧੀ ਕਰਦਿਆਂ ਕਿਸਾਨਾਂ ਨੇ ਕਿਹਾ ਕਿ ਇਹ ਬਿੱਲ ਬੀਜਾਂ ਉੱਤੇ ਕਾਰਪੋਰੇਟ ਘਰਾਣਿਆਂ ਦਾ ਕਬਜ਼ਾ ਕਰਵਾਏਗਾ ਅਤੇ ਕਿਸਾਨਾਂ ਤੋਂ ਉਨ੍ਹਾਂ ਦੀ ਰਵਾਇਤੀ ਬੀਜ ਰੱਖਣ ਦੀ ਆਜ਼ਾਦੀ ਖੋਹ ਲਵੇਗਾ।ਕਿਸਾਨ ਆਗੂਆਂ ਨੇ ਪੇਂਡੂ ਮਜ਼ਦੂਰਾਂ ਦੇ ਹੱਕ ਵਿੱਚ ਅਵਾਜ਼ ਉਠਾਉਂਦਿਆਂ ਕਿਹਾ ਕਿ ਮਨਰੇਗਾ ਸਕੀਮ ਵਿੱਚ ਕੀਤੀਆਂ ਜਾ ਰਹੀਆਂ ਕਟੌਤੀਆਂ ਬੰਦ ਕੀਤੀਆਂ ਜਾਣ ਅਤੇ ਇਸ ਸਕੀਮ ਨੂੰ ਪਹਿਲਾਂ ਵਾਂਗ ਸੁਚਾਰੂ ਢੰਗ ਨਾਲ ਜਾਰੀ ਰੱਖਿਆ ਜਾਵੇ। ਮੋਰਚੇ ਨੇ ਲੋਕ ਸਭਾ ਅਤੇ ਰਾਜ ਸਭਾ ਮੈਂਬਰਾਂ ਨੂੰ ਸਖ਼ਤ ਲਹਿਜੇ ਵਿੱਚ ਤਾਕੀਦ ਕੀਤੀ ਕਿ ਉਹ ਪਾਰਲੀਮੈਂਟ ਦੇ ਅੰਦਰ ਕਿਸਾਨਾਂ ਦੀ ਅਵਾਜ਼ ਬਣਨ। ਉਨ੍ਹਾਂ ਕਿਹਾ, ਸਾਡੇ ਚੁਣੇ ਹੋਏ ਨੁਮਾਇੰਦਿਆਂ ਦੀ ਇਹ ਨੈਤਿਕ ਜ਼ਿੰਮੇਵਾਰੀ ਹੈ ਕਿ ਉਹ ਸਦਨ ਵਿੱਚ ਇਨ੍ਹਾਂ ਕਾਲੇ ਕਾਨੂੰਨਾਂ ਵਿਰੁੱਧ ਅਵਾਜ਼ ਉਠਾਉਣ। ਕਿਸਾਨਾਂ ਨੇ ਐਲਾਨ ਕੀਤਾ ਕਿ ਜੇਕਰ ਸੰਸਦ ਮੈਂਬਰਾਂ ਨੇ ਉਨ੍ਹਾਂ ਦੇ ਮੁੱਦੇ ਪਾਰਲੀਮੈਂਟ ਵਿੱਚ ਨਾ ਚੁੱਕੇ, ਤਾਂ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਦੇ ਘਿਰਾਓ ਕੀਤੇ ਜਾਣਗੇ। ਮੌਕੇ 'ਤੇ ਕੌਮੀ ਕਿਸਾਨ ਯੂਨੀਅਨ ਨਿਰਮਲ ਸਿੰਘ ਔਜਲਾ ਕੁਲਵਿੰਦਰ ਸਿੰਘ, ਪਵਨ ਸ਼ਰਮਾ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਸਰਵਣ ਸਿੰਘ, ਸੰਤੋਖ ਸਿੰਘ ਕਿਰਤੀ ਯੂਨੀਅਨ ਅਵਤਾਰ ਸਿੰਘ ਤਾਰੀ, ਕਿਸਾਨ ਸਭਾ ਰਣਜੀਤ ਸਿੰਘ, ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਗੁਰਦਿਆਲ ਰੱਕੜ ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਜਗਦੀਸ਼ ਚੰਦਰ, ਅਸ਼ਵਨੀ ਕੁਮਾਰ,ਤਜਿੰਦਰ ਸਿੰਘ ਅਮਰੀਕ ਸਿੰਘ ਜਾਡਲੀ ਨਰਿੰਦਰ ਸਿੰਘ ਕੌਲਗੜ੍ਹ ਲਖਵੀਰ ਸਿੰਘ, ਸੋਡੀ ਰਾਮ, ਹਰਦੀਪ, ਹਰਦੀਪ ਗੋਹੁਣ, ਮਹਿੰਦਰ ਪਾਲ, ਪਰਮਿੰਦਰ ਮੇਨਕਾ ਹੋਰ ਬਹੁਤ ਸਾਰੇ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ।




# ਵਿਕਸਿਤ ਭਾਰਤ-2047 ਦਾ ਗ੍ਰੋਥ ਇੰਜਨ ਬਣੇਗਾ ਹਰਿਆਣਾ : ਮੁੱਖ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਵਿਕਸਿਤ ਭਾਰਤ-2047 ਦਾ ਗ੍ਰੋਥ ਇੰਜਨ ਸਾਬਤ ਹੋਵੇਗਾ। ਹਰਿਆਣਾ ਦਾ ਯੋਗਦਾਨ ਦੇਸ਼ ਹਿੱਤ ਵਿੱਚ ਉਪਯੋਗੀ ਰਹੇ, ਇਸ ਦੇ ਲਈ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾ ਰਿਹਾ ਹੈ। ਵਿਆਪਕ ਕੰਸਲਟੇਸ਼ਨ, ਗਹਿਨ ਅਧਿਐਨ ਤੇ ਮਾਹਰਾਂ ਦੀ ਸਹਿਭਾਗਤਾ ਨਾਲ ਹਰਿਆਣਾ ਵਿਜਨ ਡਾਕਿਯੂਮੈਂਟ-2047 ਬਣਾਇਆ ਹੈ।ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਮੰਗਲਵਾਰ ਨੂੰ ਗੁਰੂਗ੍ਰਾਮ ਯੂਨੀਵਰਸਿਟੀ ਓਡੀਟੋਰਿਅਮ ਵਿੱਚ ਹਰਿਆਣਾ ਵਿਜਨ-2047 ਦੇ ਮੱਦੇਨਜਰ ਆਯੋਜਿਤ ਪ੍ਰੀ-ਬਜਟ ਵਰਕਸ਼ਾਪ ਵਿੱਚ ਆਪਣੇ ਵਿਚਾਰ ਰੱਖ ਰਹੇ ਸਨ। ਮੁੱਖ ਮੰਤਰੀ ਨੇ ਹਰਿਆਣਾ ਵਿਜਨ-2047 ਰੋਡਮੈਪ ਦੇ ਟੀਚੇ ਦੇ ਨਾਲ ਵਿੱਤ ਸਾਲ 2026-27 ਦੇ ਲਈ ਇੰਡਸਟਰੀ, ਹੈਲਥ, ਆਈਟੀ ਅਤੇ ਐਜੂਕੇਸ਼ਨ ਸੈਕਟਰ ਨਾਲ ਸਬੰਧਿਤ ਹਿੱਤਧਾਰਕਾਂ ਦੇ ਨਾਲ ਆਯੋਜਿਤ ਪ੍ਰੀ ਬਜਟ ਕੰਸਲਟੇਸ਼ਨ ਮੀਟਿੰਗ ਵਿੱਚ ਹਰ ਪਹਿਲੂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਮੀਟਿੰਗ ਵਿੱਚ ਉਦਯੋਗ ਜਗਤ ਅਤੇ ਮੈਨੂਫੈਕਚਰਿੰਗ ਇਕਾਈਆਂ ਨਾਲ ਜੁੜੇ ਵੱਖ-ਵੱਖ ਸੰਗਠਨਾਂ ਅਤੇ ਵਪਾਰ, ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵ ਮੰਤਰੀ ਰਾਓ ਨਰਬੀਰ ਸਿੰਘ, ਪਟੌਦੀ ਵਿਧਾਇਕ ਬਿਮਲਾ ਚੌਧਰੀ, ਗੁਰੂਗ੍ਰਾਮ ਦੇ ਵਿਧਾਇਕ ਮੁਕੇਸ਼ ਸ਼ਰਮਾ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

# ਮੰਜੂ ਰਾਣਾ ਖਿਲਾਫ ਮਾਮਲਾ ਦਰਜ ਕੀਤਾ ਜਾਵੇ : ਵਾਲਮੀਕਿ ਭਾਈਚਾਰਾ



**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਜਲੰਧਰ ਰੋਡ 'ਤੇ ਸਥਿਤ ਜ਼ਮੀਨ ਨੂੰ ਲੈ ਕੇ ਵਾਲਮੀਕਿ ਭਾਈਚਾਰੇ ਅਤੇ ਮੰਜੂ ਰਾਣਾ ਦਰਮਿਆਨ ਚੱਲ ਰਹੇ ਵਿਵਾਦ ਕਾਰਨ ਕਪੂਰਥਲਾ ਸ਼ਹਿਰ ਵਿਚ ਬੰਦ ਰਿਹਾ। ਵਾਲਮੀਕਿ ਭਾਈਚਾਰੇ ਵੱਲੋਂ ਮੰਜੂ ਰਾਣਾ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਰੋਸ ਪ੍ਰਦਰਸ਼ਨ ਦੌਰਾਨ ਵਾਲਮੀਕਿ ਭਾਈਚਾਰੇ ਦੇ ਆਗੂਆਂ ਨੇ ਦੋਸ਼ ਲਗਾਇਆ ਕਿ ਮੰਜੂ ਰਾਣਾ ਵੱਲੋਂ ਜ਼ਬਰਦਸਤੀ ਵਿਵਾਦ ਖੜ੍ਹਾ ਕੀਤਾ ਜਾ ਰਿਹਾ ਹੈ ਅਤੇ ਭਾਈਚਾਰੇ ਖ਼ਿਲਾਫ਼ ਅਪਸ਼ਬਦ ਬੋਲੇ ਗਏ ਹਨ।ਭਾਈਚਾਰੇ ਦੇ ਆਗੂਆਂ ਦਾ ਕਹਿਣਾ ਹੈ ਕਿ ਲਗਭਗ 119 ਕਨਾਲ ਜ਼ਮੀਨ ਉਨ੍ਹਾਂ ਨੂੰ ਮੰਦਰ ਬਨਾਉਣ ਲਈ ਦਾਨ ਵਿਚ ਮਿਲੀ ਸੀ ਪਰ ਉਕਤ ਆਗੂ ਵੱਲੋਂ ਹੁਣ ਉਸ ਜ਼ਮੀਨ 'ਤੇ ਆਪਣਾ ਹੱਕ ਜਤਾਇਆ ਜਾ ਰਿਹਾ ਹੈ। ਭਾਈਚਾਰੇ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਮੰਜੂ ਰਾਣਾ ਖ਼ਿਲਾਫ਼ ਤੁਰੰਤ ਮਾਮਲਾ ਦਰਜ ਕੀਤਾ ਜਾਵੇ। ਇਸ ਦੇ ਚੱਲਦੇ ਕਪੂਰਥਲਾ ਵਿਚ ਬਹੁਤੇ ਬਾਜ਼ਾਰ ਬੰਦ ਰਹੇ ਜਦਕਿ ਸੁਰੱਖਿਆ ਦੇ ਮੱਦੇਨਜ਼ਰ ਪੁਲਸ ਫੋਰਸ ਤਾਇਨਾਤ ਕੀਤੀ ਗਈ। ਵਾਲਮੀਕਿ ਸਮਾਜ ਵੱਲੋਂ ਡੀ ਸੀ ਚੌਕ 'ਤੇ ਵੀ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਹੈ। ਦੂਜੇ ਪਾਸੇ ਪੁਲਸ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਉੱਥੇ ਹੀ ਭਾਈਚਾਰੇ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

# 'ਮਨਰੇਗਾ ਬਚਾਓ ਸੰਗਰਾਮ' ਤਹਿਤ ਭਲਕੇ ਸਮਰਾਲਾ 'ਚ ਵੱਡੀ ਰੈਲੀ ਹੋਵੇਗੀ : ਗਿੱਲ

**ਸਮਰਾਲਾ (ਸੁਰਜੀਤ ਸਿੰਘ)-** ਰਾਸ਼ਟਰੀ ਪੱਧਰ 'ਤੇ ਕਾਂਗਰਸ ਪਾਰਟੀ ਵੱਲੋਂ ਉਲੀਕੇ 'ਮਨਰੇਗਾ ਬਚਾਓ ਸੰਗ੍ਰਾਮ' ਪ੍ਰੋਗਰਾਮ ਤਹਿਤ ਸਮਰਾਲਾ ਵਿਖੇ 9 ਜਨਵਰੀ ਨੂੰ ਮਨਰੇਗਾ ਮਜ਼ਦੂਰਾਂ ਦੀ ਵੱਡੀ ਰੈਲੀ ਹੋਵੇਗੀ, ਜਿਸ ਵਿਚ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਭੁਪੇਸ਼ ਬਘੇਲ, ਹਿਨਾ ਕਾਵੜੇ ਸਮੇਤ ਕੇਂਦਰ ਦੇ ਆਗੂ ਪਹੁੰਚ ਰਹੇ ਹਨ। ਇਸ ਸਬੰਧੀ ਇਥੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਾਂਗਰਸ ਦੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਭਾਜਪਾ ਦੀ ਕੇਂਦਰ ਸਰਕਾਰ ਨੇ ਗਰੀਬ ਮਜ਼ਦੂਰਾਂ ਦੇ ਰੋਜ਼ਗਾਰ ਮਨਰੇਗਾ ਐਕਟ ਖਤਮ ਕਰਕੇ ਮਜ਼ਦੂਰ ਹੱਕਾਂ 'ਤੇ ਵੱਡੀ ਸੱਟ ਮਾਰੀ ਹੈ, ਜਿਸ ਨੂੰ ਬਚਾਉਣ ਲਈ ਕਾਂਗਰਸ ਪਾਰਟੀ ਨੇ 'ਮਨਰੇਗਾ ਬਚਾਓ ਸੰਗ੍ਰਾਮ' ਤਹਿਤ ਸਾਰੇ ਭਾਰਤ ਵਿਚ 8 ਜਨਵਰੀ ਤੋਂ ਮਨਰੇਗਾ ਮਜ਼ਦੂਰਾਂ ਨੂੰ ਜਾਗਰੂਕ ਕਰਨ ਅਤੇ ਭਾਜਪਾ ਸਰਕਾਰ ਦੀ ਗਰੀਬ ਲੋਕਾਂ ਪ੍ਰਤੀ ਨੀਤੀਆਂ ਦਾ ਪਾਜ਼ ਉਧੇੜਨ ਲਈ ਇਹ ਮੁਹਿੰਮ ਸ਼ੁਰੂ ਕੀਤੀ ਹੈ। ਇਸ ਦੇ ਤਹਿਤ ਸਮਰਾਲਾ ਵਿਖੇ 9 ਜਨਵਰੀ ਨੂੰ ਮਨਰੇਗਾ ਮਜ਼ਦੂਰਾਂ ਦਾ ਵੱਡਾ ਇਕੱਠ ਕਰਕੇ ਰੈਲੀ ਕੀਤੀ ਜਾਵੇਗੀ। ਰਾਜਾ ਗਿੱਲ ਨੇ ਕਿਹਾ ਕਿ ਕਾਂਗਰਸ ਵੱਲੋਂ ਗਰੀਬ ਹਿਤੈਸ਼ੀ ਮਨਰੇਗਾ ਐਕਟ 20 ਸਾਲ ਪਹਿਲਾਂ ਡਾ ਮਨਮੋਹਨ ਸਿੰਘ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਨੇ ਬਣਾਇਆ ਸੀ, ਜਿਸ ਨੂੰ ਭਾਜਪਾ ਸਰਕਾਰ ਨੇ ਇੱਕ ਝਟਕੇ ਵਿੱਚ ਖਤਮ ਕਰਕੇ ਗਰੀਬਾਂ ਨਾਲ ਵੱਡਾ ਧੱਕਾ ਕੀਤਾ ਹੈ। ਇਸ ਮੌਕੇ ਰਾਜਾ ਗਿੱਲ ਨਾਲ ਕਾਂਗਰਸ ਪਾਰਟੀ ਦੇ ਅਜਮੇਰ ਸਿੰਘ ਪੁਰਬਾ ਬਲਾਕ ਪ੍ਰਧਾਨ ਸਮਰਾਲਾ ਅਤੇ ਪਰਮਿੰਦਰ ਸਿੰਘ ਤਿਵਾੜੀ ਬਲਾਕ ਮਾਛੀਵਾੜਾ ਦੇ ਪ੍ਰਧਾਨ ਹਾਜ਼ਰ ਸਨ।






# 16 ਨੂੰ ਜ਼ਿਲ੍ਹਾ ਹੈੱਡ ਕੁਆਰਟਰਾਂ 'ਤੇ ਪ੍ਰਦਰਸ਼ਨਾਂ ਲਈ ਲਾਮਬੰਦੀ

**ਦੋਰਾਹਾ (ਹਰਮਿੰਦਰ ਸੇਠ)-** ਕੇਂਦਰ ਸਰਕਾਰ ਵਲੋਂ ਲਿਆਂਦੇ ਬਿਜਲੀ ਸੋਧ ਬਿੱਲ - 2025 , ਮਜ਼ਦੂਰਾਂ ਵਿਰੋਧੀ 4 ਕਿਰਤ ਕੋਡਾਂ, ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਤੇ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ / ਜਾਇਦਾਦਾਂ ਨੂੰ ਵੇਚਣ ਦੇ ਤੇਜ਼ ਕੀਤੇ ਸੱਜਰੇ ਹਮਲਿਆਂ ਨੂੰ ਠੱਲਣ ਲਈ 16 ਜਨਵਰੀ ਨੂੰ ਜਿਲ੍ਹਾ ਹੈੱਡ ਕੁਆਰਟਰਾਂ 'ਤੇ ਮਜ਼ਦੂਰ , ਕਿਸਾਨ , ਮੁਲਾਜ਼ਮ , ਠੇਕਾ ਮੁਲਾਜ਼ਮ ਜਥੇਬੰਦੀਆਂ ਵਲੋਂ ਕੀਤੇ ਜਾ ਰਹੇ ਸਾਂਝੇ ਪ੍ਰਦਰਸ਼ਨਾਂ ਦੀ ਸਫ਼ਲਤਾ ਲਈ ਮੋਲਡਰ ਐਂਡ ਸਟੀਲ ਵਰਕਰਜ ਯੂਨੀਅਨ (ਰਜਿ:) ਲੁਧਿਆਣਾ ਵਲੋਂ ਸਨਅਤੀ ਮਜਦੂਰਾਂ, ਸ਼ਹਿਰੀ ਗਰੀਬਾਂ ਨੂੰ ਚੇਤੰਨ ਤੇ ਲਾਮਬੰਦ ਕਰਨ ਲਈ ਜਨਤਕ ਮੀਟਿੰਗਾਂ ਤੇ ਸੰਪਰਕ ਮੁਹਿੰਮ ਤੇਜ਼ ਕੀਤੀ ਹੋਈ ਹੈ। ਜਿਸ ਤਹਿਤ ਡਾਬਾ -ਗਿਆਸਪੁਰਾ ਦੇ ਅਲੱਗ - ਅਲੱਗ ਮਜ਼ਦੂਰ ਵਿਹੜਿਆਂ , ਜੋਧੇਵਾਲ ਬਸਤੀ ਨੇੜੇ ਹੌਜ਼ਰੀ ਵਰਕਰਾਂ ਤੇ ਗਿੱਲ ਰੋਡ 'ਤੇ ਸਥਿਤ ਐਫ਼ ਸੀ ਆਈ ਦੇ ਰੈਗੂਲਰ ਤੇ ਕੰਟਰੈਕਟ ਵਰਕਰਾਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਤੇ 16 ਜਨਵਰੀ ਨੂੰ ਡੀ ਸੀ ਦਫ਼ਤਰ ਲੁਧਿਆਣਾ ਅੱਗੇ ਸਾਂਝੇ ਧਰਨੇ -ਮੁਜਾਹਰੇ 'ਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਗਿਆ। ਇਸ ਦੀ ਤਿਆਰੀ ਸਬੰਧੀ 11 ਜਨਵਰੀ ਨੂੰ ਬਾਅਦ ਦੁਪਹਿਰ 2 ਵਜੇ ਇੰਦਰ ਗੈਸ ਏਜੰਸੀ , ਬਾਬਾ ਗਿਆਸਪੁਰਾ ਰੋਡ ਕੋਲ ਇਕੱਠੇ ਹੋ ਕੇ ਮਜ਼ਦੂਰ ਮੁਹੱਲਿਆਂ 'ਚ ਪੈਦਲ ਝੰਡਾ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ। ਇਹਨਾਂ ਮੀਟਿੰਗਾਂ ਨੂੰ ਮਜ਼ਦੂਰ ਆਗੂ ਹਰਜਿੰਦਰ ਸਿੰਘ , ਜੀ ਐਸ ਜੌਹਰੀ , ਰਾਮ ਲਖਨ , ਰਮੇਸ਼ ਕੁਮਾਰ ਤੇ ਗੁਰਮੀਤ ਸਿੰਘ ਨੇ ਸੰਬੋਧਨ ਕੀਤਾ।

# ਪੰਜਾਬੀ ਸਾਹਿਤ ਸਭਾ ਧੂਰੀ ਨੇ ਲੜੀਵਾਰ ਕਵਿਤਾ ਸਕੂਲ ਦੀ ਸ਼ੁਰੂਆਤ ਕੀਤੀ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ)** ਪੰਜਾਬੀ ਸਾਹਿਤ ਸਭਾ (ਰਜਿ:) ਧੂਰੀ ਇਸ ਵਾਰੀ ਦਾ ਮਹੀਨਾਵਾਰ ਸਾਹਿਤਕ ਸਮਾਗਮ ਲੜੀਵਾਰ ਕਵਿਤਾ ਸਕੂਲ ਦੇ ਰੂਪ ਵਿੱਚ ਮੂਲ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਕੀਤਾ ਗਿਆ।ਪੰਜਾਬੀ ਕਾਵਿ ਰੂਪ ਦੀ ਇਸ ਪਾਠਸ਼ਾਲਾ ਦੇ ਅਧਿਆਪਕ ਦੀ ਜ਼ਿੰਮੇਵਾਰੀ ਛੰਦ ਸ਼ਾਸਤਰ ਦੇ ਵਿਦਵਾਨ ਤੇ ਸਿੱਖਿਆ ਸ਼ਾਸਤਰੀ ਸ਼੍ਰੀ ਜੰਗ ਸਿੰਘ ਫ਼ੱਟੜ ਵੱਲੋਂ ਨਿਭਾਣੀ ਸ਼ੁਰੂ ਕੀਤੀ ਗਈ ਹੈ।ਪਹਿਲੇ ਦੌਰ ਵਿੱਚ ਹਾਜ਼ਰੀਨ ਦਾ ਸਵਾਗਤ ਕਰਦਿਆਂ ਸਭਾ ਦੇ ਮੁੱਖ ਸਲਾਹਕਾਰ ਗੁਰਦਿਆਲ ਨਿਰਮਾਣ ਧੂਰੀ ਦੇ ਨੌਜਵਾਨ ਪੋਤੇ ਸਤਵੀਰ ਸਿੰਘ ਸਮੇਤ ਬੀਤੇ ਮਹੀਨੇ ਸਦੀਵੀ ਵਿਛੋੜਾ ਦੇਣ ਵਾਲ਼ੇ ਲੇਖਕਾਂ, ਕਲਾਕਾਰਾਂ ਤੇ ਹੋਰ ਸ਼ਖ਼ਸੀਅਤਾਂ ਨੂੰ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇੱਕ ਵੱਖਰੇ ਮਤੇ ਰਾਹੀਂ ਅਮਰੀਕੀ ਸਾਮਰਾਜ ਵੱਲੋਂ ਵੈਨੇਜ਼ੁਏਲਾ ਦੀ ਸਮਾਜਵਾਦੀ ਸਰਕਾਰ 'ਤੇ ਕੀਤੇ ਹਮਲੇ ਦੀ ਨਿਖੇਧੀ, ਕੇਂਦਰ ਵੱਲੋਂ ਨਵੇਂ ਕਾਨੂੰਨਾਂ ਤੇ ਪੁਰਾਣਿਆਂ 'ਚ ਕੀਤੀਆਂ ਤਬਦੀਲੀਆਂ ਵਿਰੁੱਧ ਕੀਤੇ ਜਾ ਰਹੇ ਸੰਘਰਸ਼ਾਂ ਅਤੇ ਸੂਬਾ ਸਰਕਾਰਾਂ ਵੱਲੋਂ ਪੱਤਰਕਾਰਾਂ ਤੇ ਲੇਖਕਾਂ ਖ਼ਿਲਾਫ਼ ਦਰਜ ਕੀਤੇ ਜਾ ਕੇਸਾਂ ਵਿਰੁੱਧ ਦਿੱਤੇ ਜਾ ਰਹੇ ਰੋਸ ਧਰਨਿਆਂ ਦੀ ਹਮਾਇਤ ਕੀਤੀ ਗਈ । ਪ੍ਰਿੰਸੀਪਲ ਕਮਲਜੀਤ ਸਿੰਘ ਟਿੱਬਾ ਵੱਲੋਂ ਰਵਿੰਦਰ ਨਾਥ ਟੈਗੋਰ ਦੀ ਪੁਸਤਕ 'ਗੀਤਾਂਜਲੀ' ਦੇ ਪੰਜਾਬੀ ਭਾਸ਼ਾ ਕੀਤੇ ਅਨੁਵਾਦ ਦੀ ਸ਼ਲਾਘਾ ਕੀਤੀ ਗਈ ।ਦੂਜੇ ਦੌਰ ਵਿੱਚ ਕਵੀਆਂ ਦੇ ਅਧਿਆਪਕ ਤੇ ਮੁੱਖ ਮਹਿਮਾਨ ਜੰਗ ਸਿੰਘ ਫ਼ੱਟੜ ਨੇ ਕਾਵਿ ਰੂਪ ਦੇ ਵਿਧੀ ਵਿਧਾਨ ਦੀ ਮੁੱਢਲੀ ਜਾਣਕਾਰੀ ਤੋਂ ਸ਼ੁਰੂ ਕਰਕੇ ਛੰਦਾਂ ਦੇ ਨਾਵਾਂ, ਪ੍ਰੀਭਾਸ਼ਾਵਾਂ ਦਾ ਜ਼ਿਕਰ ਕਰਦਿਆਂ ਚੌਪਈ ਛੰਦ ਦੀਆਂ ਬਾਰੀਕੀਆਂ ਬਾਰੇ ਵਿਸਥਾਰ ਸਹਿਤ ਚਰਚਾ ਹੀ ਨਹੀਂ ਕੀਤੀ, ਸਗੋਂ ਲਿਖਤੀ ਪਰਚੇ ਵੰਡ ਕੇ ਤਰਹ ਮਿਸ਼ਰਾ ਦਿੰਦਿਆਂ ਵੰਨਗੀ ਵਜੋਂ ਇੱਕ ਕਾਵਿ ਰਚਨਾ ਦੇ ਨਾਲ਼ ਦੋ ਕਿਸਮਾਂ ਦੇ ਦਰਜਨਾਂ ਕਾਫੀਏ ਵੀ ਦਿੱਤੇ ਤੇ ਉਨ੍ਹਾਂ ਦੇ ਆਧਾਰ 'ਤੇ ਇੱਕ ਇੱਕ ਰਚਨਾ ਘਰੋਂ ਲਿਖ ਕੇ ਲਿਆਨ ਲਈ ਵੀ ਆਖਿਆ। ਸਭਾ ਵੱਲੋਂ ਉਨ੍ਹਾਂ ਤੋਂ ਇਲਾਵਾ ਜਨਵਰੀ ਮਹੀਨੇ ਵਿੱਚ ਜਨਮੇਂ ਮੈਂਬਰਾਂ, ਪਿਛਲੇ ਸਾਲ ਵਿੱਚ ਸਭ ਤੋਂ ਵੱਧ ਹਾਜ਼ਰੀਆਂ ਵਾਲ਼ੀ ਲੇਖਿਕਾ ਮਨਜੀਤ ਸੰਧੂ ਤੇ ਪਹਿਲੀ ਵਾਰੀ ਆਏ ਸਾਹਿਤਕਾਰਾਂ ਦਾ ਸਨਮਾਨ ਵੀ ਕੀਤਾ ਗਿਆ।ਤੀਸਰੇ ਦੌਰ ਵਿੱਚ ਜਨਰਲ ਸਕੱਤਰ ਚਰਨਜੀਤ ਮੀਮਸਾ ਦੇ ਮੰਚ ਸੰਚਾਲਨ ਅਧੀਨ ਕੀਤੇ ਗਏ ਵਿਸ਼ਾਲ ਕਵੀ ਦਰਬਾਰ ਵਿੱਚ ਕੁਲਵਿੰਦਰ ਕੌਰ ਢਿੱਲੋਂ, ਪ੍ਰਿੰਸੀਪਲ ਸੁਖਜੀਤ ਕੌਰ ਸੋਹੀ, ਚਰਨਜੀਤ ਕੈਂਥ, ਗੁਰਦਿਆਲ ਨਿਰਮਾਣ, ਮਨਜੀਤ ਕੌਰ ਨੰਗਲ, ਸ਼ਸ਼ੀ ਬਾਲਾ ਭਵਾਨੀਗੜ੍ਹ, ਮਨਪ੍ਰੀਤ ਕੌਰ ਢੀਂਡਸਾ, ਗੁਰਮੀਤ ਸਿੰਘ ਸੋਹੀ, ਪੇਂਟਰ ਸੁਖਦੇਵ ਸਿੰਘ, ਪਰਦੀਪ ਸਿੰਘ ਢੀਂਡਸਾ, ਕੁਲਜੀਤ ਧਵਨ, ਸੁਰਿੰਦਰ ਸ਼ਰਮਾਂ ਹਰਚੰਦਪੁਰੀ, ਜਸਵੀਰ ਸਿੰਘ ਬੰਘਾਂਵਾਲੀ, ਜਗਦੇਵ ਸ਼ਰਮਾ ਬੁਗਰਾ, ਅਜਾਇਬ ਸਿੰਘ ਕੋਮਲ, ਅਕਾਸ਼ ਪ੍ਰੀਤ ਸਿੰਘ ਬਾਜਵਾ, ਬਲਜੀਤ ਸਿੰਘ ਬਾਂਸਲ, ਹਰਬੰਸ ਸਿੰਘ ਬੇਨੜਾ ਨੇ ਵਿਚਾਰ ਸਾਂਝੇ ਕੀਤੇ ਅਤੇ ਸਭਨਾਂ ਦਾ ਧੰਨਵਾਦ ਵੀ ਕੀਤਾ ਗਿਆ।




## ਘੱਗਰ ਦੇ ਸਰਾਲਾ ਹੈੱਡ ਨੇੜੇ ਨਹੀਂ ਹੋ ਰਹੀ ਕੋਈ ਨਾਜਾਇਜ਼ ਮਾਈਨਿੰਗ : ਪ੍ਰਥਮ ਗੰਭੀਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)-** ਜਲ ਨਿਕਾਸ ਵਿਭਾਗ ਪਟਿਆਲਾ ਦੇ ਕਾਰਜਕਾਰੀ ਇੰਜੀਨੀਅਰ ਪ੍ਰਥਮ ਗੰਭੀਰ ਨੇ ਦੱਸਿਆ ਹੈ ਕਿ ਘੱਗਰ ਦੇ ਸਰਾਲਾ ਹੈਡ ਨੇੜੇ ਕੋਈ ਨਾਜਾਇਜ਼ ਮਾਈਨਿੰਗ ਨਹੀਂ ਹੋ ਰਹੀ ਹੈ। ਪ੍ਰਥਮ ਗੰਭੀਰ ਨੇ ਕਿਹਾ ਕਿ ਘੱਗਰ 'ਚ ਸਰਾਲਾ ਹੈਡ ਨੇੜੇ ਲੱਗੇ ਮਿੱਟੀ ਦੇ ਵੱਡੇ ਢੇਰਾਂ ਕਰਕੇ ਬਰਸਾਤ ਦੌਰਾਨ ਲੱਗਦੀ ਡਾਫ ਹਟਾਉਣ ਲਈ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਮੰਗ ਅਨੁਸਾਰ ਹੀ ਟੈਂਡਰ ਲਗਾਇਆ ਗਿਆ ਹੈ ਅਤੇ ਇਸ ਨਾਲ ਸਰਕਾਰੀ ਖ਼ਜ਼ਾਨੇ ਨੂੰ ਵੀ 50 ਲੱਖ ਰੁਪਏ ਤੋਂ ਵੱਧ ਦਾ ਫਾਇਦਾ ਹੋਵੇਗਾ। ਇਸ ਕੰਮ ਬਾਬਤ ਗਲਤ ਸੂਚਨਾ ਦਿੰਦੀ ਇੱਕ ਵਾਇਰਲ ਵੀਡੀਓ ਨੂੰ ਗੁੰਮਰਾਹ ਕਰਨ ਵਾਲੀ ਤੇ ਬਿਲਕੁਲ ਬੇਬੁਨਿਆਦ ਦੱਸਦਿਆਂ ਜਲ ਨਿਕਾਸ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਨੇ ਤਾੜਨਾ ਕੀਤੀ ਹੈ ਕਿ ਹੜ੍ਹਾਂ ਤੋਂ ਬਚਾਅ ਲਈ ਕਾਰਜਾਂ ਬਾਰੇ ਲੋਕਾਂ ਨੂੰ ਗੁੰਮਰਾਹ ਕਰਨ ਵਾਲਿਆਂ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।



## ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਜਥੇ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਗਿਆਨੀ ਕਰਮ ਸਿੰਘ ਆਸਟ੍ਰੇਲੀਆ ਨੇ ਸਮੂਹ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਲਗੀਧਰ ਪਾਤਿਸ਼ਾਹ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ।ਅਰਦਾਸ ਉਪਰੰਤ ਅਰੰਭ ਹੋ ਕੇ ਨਗਰ ਕੀਰਤਨ ਪੜਾਅ ਵਾਰ ਹੁੰਦਾ ਹੋਇਆ ਮੁੱਖ ਮਾਰਗ ਬੱਸ ਸਟੈਂਡ ਉਪਰ ਪਹੁੰਚਣ ਤੇ ਦੁਕਾਨਦਾਰ ਯੂਨੀਅਨ, ਸਮੂਹ ਦੁਕਾਨਦਾਰ ਭਾਈਚਾਰੇ ਤੇ ਪ੍ਰੈੱਸ ਕਲੱਬ ਮਹਿਲ ਕਲਾਂ ਵੱਲੋਂ ਭਰਵਾਂ ਸੁਆਗਤ ਕਰਦਿਆਂ ਐਨ.ਆਰ.ਆਈ ਜਗਦੀਪ ਸਿੰਘ ਆਸਟ੍ਰੇਲੀਆ ਦੇ ਉੱਦਮ ਸਦਕਾ ਗੁਰਪ੍ਰੀਤ ਸਿੰਘ ਅਣਖੀ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਇਕਬਾਲ ਸਿੰਘ ਹੈਪੀ ਦੀ ਅਗਵਾਈ ਹੇਠ ਪੰਜ ਪਿਆਰੇ ਸਾਹਿਬਾਨ, ਰਾਗੀ ਜਥਿਆਂ, ਪ੍ਰਬੰਧਕਾਂ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਸ਼ਾਮਲ ਸੰਗਤਾਂ ਲਈ ਥਾਂ-ਥਾਂ ਮਠਿਆਈਆਂ, ਵੱਖ-ਵੱਖ ਪ੍ਰਕਾਰ ਦੇ ਲੰਗਰ ਅਟੁੱਟ ਵਰਤਾਏ ਗਏ।ਇਸ ਸਮੇਂ ਮੈਂਬਰ ਜ਼ਿਲਾ ਪ੍ਰੀਸ਼ਦ ਕੁਲਦੀਪ ਕੌਰ ਖੜਕੇ ਕੇ, ਸਰਪੰਚ ਕਿਰਨਾ ਰਾਣੀ ਬਾਂਸਲ, ਸਰਪੰਚ ਸਰਬਜੀਤ ਸਿੰਘ ਸੰਭੂ, ਪ੍ਰਧਾਨ ਗਗਨ ਸਰਾਂ, ਪ੍ਰੇਮ ਪਾਸੀ, ਮਨਦੀਪ ਕੌਸ਼ਲ, ਪ੍ਰਿੰਸ ਅਰੋੜਾ, ਜਗਦੀਸ਼ ਪੰਨੂ, ਪ੍ਰਧਾਨ ਬੁੱਧ ਸਿੰਘ ਕਲਸੀ, ਜਰਨੈਲ ਸਿੰਘ ਮਠਾੜੂ, ਭਾਜਪਾ ਆਗੂ ਸੁਰਿੰਦਰ ਕਾਲਾ, ਆਪ ਆਗੂ ਗੁਰੀ ਔਲਖ, ਆੜ੍ਹਤੀਆ ਸਰਬਜੀਤ ਸਿੰਘ ਸਰਬੀ, ਜਗਦੀਪ ਸਿੰਘ ਮਠਾੜੂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਸਮੇ ਕਵੀਸ਼ਰ ਉਜਾਗਰ ਸਿੰਘ ਲੋਪੋ ਆਦਿ ਵੱਖ-ਵੱਖ ਜਥਿਆਂ ਨੇ ਦਸਮੇਸ਼ ਪਿਤਾ ਜੀ ਦੇ ਜੀਵਨ ਸਬੰਧੀ ਪ੍ਰਸੰਗ ਪੇਸ਼ ਕੀਤੇ।



## ਸਲੇਮਪੁਰਾ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਇਕਾਈ ਦੀ ਚੋਣ

**ਜਗਰਾਉਂ (ਨਛੱਤਰ ਸੰਧੂ)** ਸਿੱਧਵਾਂ ਬੇਟ ਦੇ ਲਾਗਲੇ ਪਿੰਡ ਸਲੇਮਪੁਰਾ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਪਿੰਡ ਇਕਾਈ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ।ਬਲਾਕ ਸਹਾਇਕ ਸਕੱਤਰ ਜਸਵਿੰਦਰ ਸਿੰਘ ਭਮਾਲ ਦੀ ਅਗਵਾਈ 'ਚ ਹੋਈ ਚੋਣ ਵਿਚ ਮਨਜਿੰਦਰ ਸਿੰਘ ਸਲੇਮਪੁਰਾ ਨੂੰ ਪ੍ਰਧਾਨ, ਸੁਖਵਿੰਦਰ ਸਿੰਘ ਨੂੰ ਮੀਤ ਪ੍ਰਧਾਨ, ਜਗਦੀਸ਼ ਸਿੰਘ ਨੂੰ ਸੱਕਤਰ, ਜੀਤ ਸਿੰਘ ਨੂੰ ਸਹਾਇਕ ਸਕੱਤਰ, ਬੇਅੰਤ ਸਿੰਘ ਨੂੰ ਖ਼ਜ਼ਾਨਚੀ ਚੁਣਿਆ ਗਿਆ।ਸਮੂਹ ਮੈਂਬਰਾਂ ਨੇ 16 ਜਨਵਰੀ ਨੂੰ ਬਿਜਲੀ ਦੇ ਕੁੱਲ ਨਿੱਜੀਕਰਨ, ਬੀਜ ਐਕਟ ਤੇ ਸੰਸਾਰ ਵਪਾਰ ਸਮਝੌਤਿਆਂ ਰਾਹੀਂ ਕਿਸਾਨੀ ਨੂੰ ਖੇਤੀ ਚੋਂ ਬਾਹਰ ਕੱਢਣ, ਮਨਰੇਗਾ ਸਕੀਮ ਬਹਾਲ ਕਰਾਉਣ, ਪੁਰਾਣਾ ਕਿਰਤ ਕਨੂੰਨ ਬਹਾਲ ਕਰਾਉਣ ਲਈ ਡੀ.ਸੀ ਦਫਤਰ ਲੁਧਿਆਣਾ ਅੱਗੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਵਿਸ਼ਾਲ ਧਰਨੇ 'ਚ ਸ਼ਾਮਲ ਹੋਣ ਦਾ ਫ਼ੈਸਲਾ ਕੀਤਾ।ਇਸ ਸਮੇਂ ਪਿੰਡ ਵਾਸੀਆਂ ਨੇ ਮਜ਼ਦੂਰ ਆਗੂ ਮੁਕੇਸ਼ ਮਲੌਦ ਦੀ ਗ੍ਰਿਫ਼ਤਾਰੀ ਖਿਲਾਫ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਸ ਦਾ ਪ੍ਰਗਟਾਵਾ ਕੀਤਾ। ਪਿੰਡ ਵਾਸੀਆਂ ਨੇ ਨਾਰੇ ਗੁੰਜਾ ਕੇ ਮੁਕੇਸ਼ ਮਲੌਦ ਦੀ ਤੁਰੰਤ ਰਿਹਾਈ ਦੀ ਮੰਗ ਕੀਤੀ। ਪਿੰਡ ਵਾਸੀਆਂ ਨੂੰ ਨਵੇਂ ਸਾਲ ਦੀ ਵਧਾਈ ਦਿੰਦਿਆਂ ਸਾਂਝੇ ਮਸਲਿਆਂ 'ਤੇ ਸਾਂਝੀਆਂ ਲੜਾਈਆਂ ਨੂੰ ਤੇਜ਼ ਕਰਨ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਨਵੇਂ ਵਰ੍ਹੇ 'ਚ ਨਿੱਜੀਕਰਨ ਤੇ ਫਿਰਕੂ ਫਾਸ਼ੀਵਾਦ ਖਿਲਾਫ ਫੈਸਲਾਕੁੰਨ ਜੰਗ ਲੜਨਾ ਹੀ ਅਸਲ 'ਚ ਮੁਬਾਰਕ ਹਾਸਲ ਕਰਨਾ ਹੈ।



## ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਮੌਕੇ ਨਗਰ ਕੀਰਤਨ ਸਜਾਇਆ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)-** ਨੇੜ੍ਹਲੇ ਪਿੰਡ ਝੜੌਦੀ ਤੋਂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਮੌਕੇ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਪਿੰਡ ਦੇ ਗੁਰਦੁਆਰਾ ਸ੍ਰੀ ਨਾਨਕ ਦਰਬਾਰ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸ਼ੁਰੂ ਹੋਇਆ ਜੋ ਰਸਤੇ ਵਿਚ ਪੈਂਦੇ ਪਿੰਡ ਲੱਖੋਵਾਲ ਕਲਾਂ, ਲੱਖੋਵਾਲ ਖੁਰਦ ਤੋਂ ਹੁੰਦਾ ਹੋਇਆ ਮਾਛੀਵਾੜਾ ਸਾਹਿਬ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਪੁੱਜਾ। ਰਸਤੇ ਵਿਚ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਲਈ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ। ਗੁਰਦੁਆਰਾ ਚਰਨ ਕੰਵਲ ਸਾਹਿਬ ਪੁੱਜਣ 'ਤੇ ਮੈਨੇਜਰ ਜਸਵੀਰ ਸਿੰਘ ਮੰਗਲੀ ਵਲੋਂ ਪੰਜ ਪਿਆਰਿਆਂ ਅਤੇ ਪ੍ਰਬੰਧਕ ਕਮੇਟੀ ਨੂੰ ਸਿਰੋਪਾਓ ਭੇਟ ਕੀਤੇ ਗਏ। ਇਸ ਮੌਕੇ ਸਰਪੰਚ ਬਲਵਿੰਦਰ ਸਿੰਘ ਬਰਤੀਆ, ਬਲਾਕ ਸੰਮਤੀ ਮੈਂਬਰ ਭੁਪਿੰਦਰ ਸਿੰਘ ਕਾਹਲੋਂ, ਵਿਨੀਤ ਕੁਮਾਰ ਝੜੌਦੀ, ਸ਼ਿਵ ਕੁਮਾਰ ਸ਼ਿਵਲੀ, ਗੁਰਨਾਮ ਸਿੰਘ ਖਾਲਸਾ ਆਦਿ ਹਾਜ਼ਰ ਸਨ।

## ਨਵੇਂ ਸਾਲ 'ਚ ਸਰਕਾਰੀ ਕੰਮਾਂ ਲਈ ਨੋਡਲ ਅਧਿਕਾਰੀ ਨਿਯੁਕਤ : ਸਿਹਤ ਮੰਤਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ।ਉਨ੍ਹਾਂ ਕਿਹਾ ਕਿ ਨਵੇਂ ਸਾਲ ਵਿੱਚ ਸਰਕਾਰੀ ਕੰਮਾਂ ਨੂੰ ਨਿਸਚਤ ਸਮੇਂ ਅੰਦਰ ਪੂਰਾ ਕਰਨ ਲਈ ਹਰ ਵਿਭਾਗ ਲਈ ਨੋਡਲ ਅਧਿਕਾਰੀ ਨਿਯੁਕਤ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਦੂਜਾ ਫੇਜ਼ ਸ਼ੁਰੂ ਕੀਤਾ ਜਾ ਰਿਹਾ ਹੈ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸੜਕਾਂ ਦੀ ਮੁਰੰਮਤ, ਸਫ਼ਾਈ ਵਿਵਸਥਾ, ਟ੍ਰੈਫਿਕ ਪਾਰਕ ਤੇ ਹੋਰ ਸ਼ਹਿਰੀ ਵਿਕਾਸ ਕਾਰਜਾਂ ਲਈ ਅਧਿਕਾਰੀਆਂ ਤੋਂ ਟਾਈਮ ਲਾਈਨ ਲੈ ਕੇ ਜ਼ਿਲ੍ਹਾ ਪੱਧਰ 'ਤੇ ਨੋਡਲ ਅਧਿਕਾਰੀ ਨਿਗਰਾਨੀ ਕਰਨਗੇ।ਇਸ ਕੰਮ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੂੰ ਟ੍ਰੈਫਿਕ ਮੈਨੇਜਮੈਂਟ ਦੀ ਵਿਸ਼ੇਸ਼ ਜ਼ਿੰਮੇਵਾਰੀ ਸੌਂਪੀ ਗਈ ਹੈ, ਜੋ ਟ੍ਰੈਫਿਕ ਦੀ ਸੁਚੱਜੀ ਵਿਵਸਥਾ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਨਵੇਂ ਬੱਸ ਸਟੈਂਡ 'ਤੇ ਰੇਹੜੀਆਂ ਤੇ ਈ-ਰਿਕਸ਼ਾਵਾਂ ਲਈ ਵੱਖਰੇ ਸਥਾਨ ਨਿਰਧਾਰਤ ਕਰਨ ਦੇ ਹੁਕਮ ਵੀ ਦਿੱਤੇ।ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਪ੍ਰਭਾਵਤ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਾਏ ਜਾਣਗੇ ਅਤੇ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਵੱਡੀ ਨਦੀ ਤੇ ਛੋਟੀ ਨਦੀ ਦੀ ਸੁਚੱਜੀ ਪਲਾਨਿੰਗ ਕੀਤੀ ਜਾਵੇਗੀ ਤੇ ਸ਼ਹਿਰ ਵਿੱਚ ਨਵੇਂ ਪਾਰਕ ਬਣਾਏ ਜਾਣਗੇ ਤਾਂ ਜੁ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੋਹਣਾ ਬਣਾਇਆ ਜਾ ਸਕੇ।ਉਨ੍ਹਾਂ ਦੱਸਿਆ ਕਿ ਪਟਿਆਲਾ ਸ਼ਹਿਰ ਵਿੱਚ ਹੜ੍ਹਾਂ ਦੇ ਸਥਾਈ ਹੱਲ ਲਈ ਵੀ ਠੋਸ ਕਦਮ ਚੁੱਕੇ ਜਾ ਰਹੇ ਹਨ।



## ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ

**ਕੋਟ ਈਸੇ ਖਾਂ (ਅਰੋੜਾ)** ਹਰੇਕ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਬਹਿਰਾਮਕੇ ਤੇ ਗੁਰੂ ਨਾਨਕ ਕਲੋਨੀ ਦੀਆਂ ਸੰਗਤਾਂ ਵੱਲੋਂ ਇਕੱਤਰ ਹੋ ਕੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ 3 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਾਇਆ ਗਿਆ ਤੇ 5 ਜਨਵਰੀ ਨੂੰ ਅਖੰਡ ਪਾਠ ਸਾਹਿਬ ਜੀ ਦੇ ਭੋਗਾਂ ਤੋਂ ਉਪਰੰਤ ਪੰਜ ਪਿਆਰਿਆਂ ਦੀ ਰਹਿਨੁਮਾਈ ਹੇਠ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ 21ਵਾਂ ਨਗਰ ਕੀਰਤਨ ਸਜਾਇਆ ਗਿਆ। ਕਵੀਸ਼ਰੀ ਜਥੇ ਨੇ ਸਮੂਹ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂ ਕਰਾਇਆ ਤੇ ਗੁਰੂ ਗੋਬਿੰਦ ਸਿੰਘ ਜੀ ਦੇ ਪਰਥਾਏ ਵਾਰਾਂ ਗਾਈਆਂ।ਇਸੇ ਦੌਰਾਨ ਗੁਰੂ ਨਾਨਕ ਸਰ ਮਸੀਤਾਂ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਜੀ ਆਪਣੇ ਜਥੇ ਸਮੇਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੋਏ।ਪਿੰਡ ਬਹਿਰਾਮਕੇ ਦੀਆਂ ਸਮੂਹ ਸੰਗਤਾਂਵੱਲੋਂ ਪਕੌੜਿਆਂ, ਕੇਲਿਆਂ ਤੇ ਦੁੱਧ ਦੇ ਲੰਗਰ ਲਾਏ।ਇਸ ਦੌਰਾਨ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਤੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਭਲਾਈ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਦਾ ਵਿਸ਼ੇਸ਼ ਯੋਗਦਾਨ ਰਿਹਾ।ਬਾਬਾ ਸ਼ੇਰ ਸਿੰਘ ਜੀ ਨੇ ਸਮੂਹ ਸੰਗਤਾਂ ਨੂੰ ਗੁਰਬਾਣੀ ਪੜ੍ਹਨ ਤੇ ਬਾਣੇ ਨਾਲ ਜੁੜਨ ਦਾ ਉਪਦੇਸ਼ ਦਿੱਤਾ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਗੁਰਦੇਵ ਸਿੰਘ ਜੀ ਨੇ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁੱਖ ਲੋਕਾਈ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਪੰਜ ਪਿਆਰਿਆਂ 'ਚ ਸ਼ਾਮਮਲ ਮਨਜੀਤ ਸਿੰਘ ਸਰੋਆ, ਬਲਵਿੰਦਰ ਸਿੰਘ ਸਾਰਨਕਾ, ਮੋਤਾ ਸਿੰਘ ਫੁੱਲਨੀਆ, ਸਾਰਜ ਸਿੰਘ ਸਿੱਧੂ, ਬਲਵੀਰ ਸਿੰਘ ਦਲੀਏਕਾ ਤੇ ਜੋਗਾ ਸਿੰਘ ਮਰਾਟੀ ਨਿਸ਼ਾਨਚੀ, ਦਰਸ਼ਨ ਸਿੰਘ ਬਾਵਾ ਨੇ ਸੇਵਾਵਾਂ ਨਿਭਾਈਆਂ।



## ਸਫਾਈ ਸੇਵਕ, ਚੌਕੀਦਾਰ, ਦਰਜਾ ਚਾਰ ਕਰਮਚਾਰੀ ਯੂਨੀਅਨ ਦੀ ਚੋਣ

**ਮੋਗਾ (ਇਕਬਾਲ ਸਿੰਘ ਖਹਿਰਾ)-** ਦਰਜਾ ਚਾਰ ਕਰਮਚਾਰੀ ਯੂਨੀਅਨ ਪੰਜਾਬ ਦੀ ਮੀਟਿੰਗ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਤੋਂ ਇਲਾਵਾ ਪਲੇਦਾਰਾਂ ਦੇ ਸੂਬਾ ਆਗੂ ਕੇਵਲ ਸਿੰਘ ਸਾਬਕਾ ਮੈਂਬਰ ਪਾਰਲੀਮੈਂਟ, ਐੱਲ ਪੀ ਜੀ ਗੈਸ ਸਪਲਾਈ ਵਰਕਰਜ਼ ਯੂਨੀਅਨ ਦੇ ਪ੍ਰਧਾਨ ਰਾਮ ਬਚਨ ਰਾਓ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ, ਈ ਰਿਕਸ਼ਾ ਮਜ਼ਦੂਰ ਸੰਘ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਮੇ ਵਾਲਾ ਤੇ ਜਨਰਲ ਸਕੱਤਰ ਮੇਜਰ ਸਿੰਘ ਲੰਢੇਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੀਟਿੰਗ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੇ ਚੌਕੀਦਾਰ, ਸਫਾਈ ਸੇਵਕ ਦਰਜਾ ਚਾਰ ਕਰਮਚਾਰੀਆਂ ਨੇ ਭਾਰੀ ਗਿਣਤੀ ਵਿੱਚ ਭਾਗ ਲਿਆ।ਇਨ੍ਹਾਂ ਤੋਂ ਇਲਾਵਾ ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਨੇ ਵੀ ਭਾਗ ਲਿਆ।ਇਸ ਮੀਟਿੰਗ ਨੂੰ ਸੰਬੋਧਤ ਕਰਦਿਆਂ ਹੋਇਆਂ ਚੰਡਾਲੀਆ ਨੇ ਦੱਸਿਆ ਕਿ ਦਰਜਾ ਚਾਰ ਕਰਮਚਾਰੀਆਂ ਦੀ ਜੋ ਚੋਣ ਹਰ ਸਾਲ ਜਨਵਰੀ ਮਹੀਨੇ ਵਿੱਚ ਕੀਤੀ ਜਾਂਦੀ ਹੈ, ਉਸੇ ਤਰ੍ਹਾਂ ਹੀ ਇਸ ਵਾਰ ਵੀ ਕੀਤੀ ਗਈ ਹੈ।ਇਸ ਚੋਣ ਕਰਨ ਦੇ ਅਧਿਕਾਰ ਵਿਜੇ ਧੀਰ ਐਡਵੋਕੇਟ ਜੀ ਨੂੰ ਦਿੱਤੇ ਗਏ ਸਨ।ਇਸ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ, ਸੀਨੀਅਰ ਮੀਤ ਪ੍ਰਧਾਨ ਸੁਰੇਸ਼ ਕੁਮਾਰ ਚੰਡਾਲੀਆ, ਮੀਤ ਪ੍ਰਧਾਨ ਕਿਰਨ ਬਾਲਾ ਸੰਗਰੂਰ, ਜਨਰਲ ਸੈਕਟਰੀ ਦਲੀਪ ਚੰਦ ਮੁਕਤਸਰ, ਸੁਖਮੰਦਰ ਸਿੰਘ ਖਜ਼ਾਨਚੀ ਜ਼ਿਲ੍ਹਾ ਬਠਿੰਡਾ, ਦਲੀਪ ਸਿੰਘ ਲੀਗਲ ਐਡਵਾਈਜ਼ਰ ਰੋਪੜ ਚੁਣੇ ਗਏ।ਇਸ ਮੌਕੇ ਚੁਣੇ ਗਏ ਆਗੂਆਂ ਨੂੰ ਸਭ ਤੋਂ ਪਹਿਲਾਂ ਵਿਜੇ ਧੀਰ ਐਡਵੋਕੇਟ ਤੇ ਆਏ ਹੋਏ ਯੂਨੀਅਨ ਆਗੂਆਂ ਨੇ ਫੁੱਲ ਮਾਲਾਵਾਂ ਪਹਿਨਾ ਕੇ ਸਨਮਾਨਤ ਕੀਤਾ।ਇਸ ਮੌਕੇ ਵਿਜੇ ਧੀਰ ਐਡਵੋਕੇਟ ਵੱਲੋਂ ਆਪਣੇ ਅਹੁਦਿਆਂ 'ਤੇ ਕਰਵਾਰ ਰਹਿ ਕੇ ਜਥੇਬੰਦੀ ਨੂੰ ਅੱਗੇ ਵਧਾਉਣ ਦੀ ਪ੍ਰੇਰਨਾ ਕੀਤੀ ਤੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਵੱਲ ਸਫਾਈ ਸੇਵਕ ਚੌਕੀਦਾਰਾਂ ਨੂੰ ਇਕੱਤਰ ਕਰਨ ਲਈ ਸੁਰੇਸ਼ ਕੁਮਾਰ ਚੰਡਾਲੀਆ ਨੂੰ ਹਦਾਇਤ ਕੀਤੀ ਗਈ।ਇਸ ਮੌਕੇ ਮੀਟਿੰਗ ਵਿੱਚ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਸਫਾਈ ਸੇਵਕ ਚੌਂਕੀਦਾਰ ਦਰਜਾ ਚਾਰ ਕਰਮਚਾਰੀਆਂ ਦਾ ਚੰਡਾਲੀਆ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ।



## ਬਰਾਊਨ ਮੈਮੋਰੀਅਲ ਹਸਪਤਾਲ ਇੰਪਲਾਈਜ਼ ਯੂਨੀਅਨ ਵਲੋਂ ਕ੍ਰਿਸਮਸ ਤੇ ਨਵੇਂ ਸਾਲ ਸੰਬੰਧੀ ਮੁਸ਼ਾਇਰਾ

**ਲੁਧਿਆਣਾ (ਰੈਕਟਰ ਕਥੂਰੀਆ)-** ਬਰਾਊਨ ਮੈਮੋਰੀਅਲ ਹਸਪਤਾਲ ਇੰਪਲਾਈਜ਼ ਯੂਨੀਅਨ ਵਲੋਂ ਕ੍ਰਿਸਮਸ ਅਤੇ ਨਵੇਂ ਸਾਲ ਸੰਬੰਧੀ ਮੁਸ਼ਾਇਰੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ਼੍ਰੀ ਅਸ਼ੋਕ ਪਰਾਸ਼ਰ ਐਮ.ਐਲ.ਏ. ਲੁਧਿਆਣਾ ਸੈਂਟ੍ਰਲ, ਸ਼੍ਰੀ ਦਰਸ਼ਨ ਅਰੋੜਾ, ਚੇਅਰਮੈਨ ਸਿਟੀਜ਼ਨ ਕੌਂਸਿਲ ਲੁਧਿਆਣਾ, ਸ. ਮਨਪ੍ਰੀਤ ਸਿੰਘ ਮੰਨਾ ਕੌਂਸਲਰ, ਸ਼੍ਰੀ ਸਰਵਣ ਸਹਿਗਲ, ਡਾਇਰੈਕਟਰਟ ਜੀ ਐਸ ਫਾਊਂਡੇਸ਼ਨ ਕਾਲਜ ਆਫ ਲਾਅ ਲੁਧਿਆਣਾ, ਡਾ. ਬਲਵਿੰਦਰ ਸਿੰਘ, ਡਰਗ ਸਾਇੰਟਿਸਟ, ਸ਼੍ਰੀ ਏਲਫਰੇਡ ਗੁਡਵਿਨ ਮੈਂਬਰ, ਕ੍ਰਿਸਚੀਅਨ ਵੈਲਫੇਅਰ ਬੋਰਡ, ਪੰਜਾਬ ਸਰਕਾਰ, ਸ. ਬਲਜੀਤ ਸਿੰਘ ਦੁੱਖਿਆ, ਸ਼੍ਰੀ ਮੇਜਰ ਸਿੰਘ ਮੈਂਬਰ ਕ੍ਰਿਸਚੀਅਨ ਨੈਸ਼ਨਲ ਫਰੰਟ, ਸ. ਐਮ.ਐਸ.ਭਾਟੀਆ ਅਤੇ ਸ਼੍ਰੀ ਜਗਦੀਸ਼ ਚੰਦ, ਟਰੇਡ ਯੂਨੀਅਨ ਨੇਤਾ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ।ਇਸ ਮੁਸ਼ਾਇਰੇ ਦੀ ਨਜ਼ਾਮਤ ਪਾਦਰੀ ਪ੍ਰੇਮ ਸ਼ਾਰਦਾ ਆਸੀ ਵਲੋਂ ਕੀਤੀ ਗਈ ਅਤੇ ਰਾਬਰਟ ਬੀ. ਐਲ ਨਾਦਾਨ, ਪੌਲ ਸੰਸਾਰਪੁਰੀ, ਥਾਮਸ ਫ੍ਰੈਂਕਲਿਨ 'ਬੇਤਾਬ', ਸੁਨੀਲ ਕੁਮਾਰ 'ਮੋਹਸਿਨ', ਅਨੁਰਾਗ 'ਮੰਜ਼ਰ', ਐਸ.ਕੇ. ਪਾਟਿਲ 'ਨਾਕਾਮ', ਸੈਮ 'ਮੁਸਾਫਿਰ' ਦੁਆਰਾ ਨਜ਼ਮਾਂ ਪੇਸ਼ ਕੀਤੀਆਂ ਗਈਆਂ ਅਤੇ ਰਵਿੰਦਰ ਕੌਰ ਅਤੇ ਟੈਰੀ ਲਾਰੰਸ ਦੁਆਰਾ ਗੀਤ ਪੇਸ਼ ਕੀਤੇ ਗਏ ।ਇਸ ਸਲਾਨਾ ਪ੍ਰੋਗਰਾਮ ਲਈ ਜਨਾਬ ਮੌਲਾਨਾ ਮੁਹੰਮਦ ਉਸਮਾਨ ਲੁਧਿਆਣਵੀ ਸ਼ਾਹੀ ਇਮਾਮ, ਡਾ. ਇਕਬਾਲ ਸਿੰਘ, ਡਾ. ਐਨ ਆਰ ਮਲਹੋਤਰਾ, ਸ. ਬਲਵਿੰਦਰ ਸਿੰਘ ਲਾਇਲਪੁਰੀ, ਸ੍ਰੀ. ਵਿਪਨ ਸਾਗਰ ਪ੍ਰਧਾਨ ਡਿਸਟ੍ਰਿਕਟ ਬਾਰ ਕੌਂਸਲ, ਲੁਧਿਆਣਾ, ਐਡਵੋਕੇਟ ਐਸ.ਕੇ. ਬਾਵਾ,ਸ਼੍ਰੀ ਸੁਖਬੀਰ ਸਿੰਘ, ਸੁਰਿੰਦਰ ਸਿੰਘ ਖੱਕ ਐਡਵੋਕੇਟ, ਪ੍ਰਿੰਸ, ਕੁਨਾਲ ਵੋਹਰਾ, ਨਵਜੋਤ ਸਿਧੂ, ਬਲਰਾਜ ਕੌਰ ਗਿੱਲ, ਸੁਰੀਤੀ ਸੇਠੀ, ਸ਼੍ਰੀ ਰਮੇਸ਼ ਲਾਲ ਰਮਤਾ, ਮੈਂਬਰ ਬਾਰ ਕੌਂਸਲ, ਐਡਵੋਕੇਟ ਸੰਦੀਪ, ਅਮਨਦੀਪ ਸਿੰਘ ਚਾਵਲਾ, ਸੀ.ਐਮ.ਸੀ ਦੇ ਅਧਿਕਾਰੀਆਂ ਅਤੇ ਸਰਬ ਧਰਮਾਂ ਦੇ ਧਾਰਮਿਕ ਆਗੂਆਂ ਦੁਆਰਾ ਆਪਣੀਆਂ ਸ਼ੁਭ ਕਾਮਨਾਵਾਂ ਪੇਸ਼ ਕੀਤੀਆਂ ਗਈਆਂ। ਕਰਨ ਕੁਮਾਰ , ਨਰਸਿੰਗ ਵਿਭਾਗ ਅਤੇ ਕੋਰੀਅਰ ਸੈਕਸ਼ਨ ਦੇ ਕਰਮਚਾਰੀਆਂ ਵਲੋਂ ਪ੍ਰੋਗਰਾਮ ਦੇ ਪ੍ਰਬੰਧਨ ਵਿੱਚ ਉਚੇਚੀ ਸੇਵਾ ਦਿਤੀ ਗਈ।



## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

**ਜ਼ੀਰਾ (ਨਰਿੰਦਰ ਅਨੇਜਾ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਦੀ ਯੋਗ ਅਗਵਾਈ ਹੇਠ ਚੱਲ ਰਹੀ ਜਥੇਬੰਦੀ ਦੀ ਇਕਾਈ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਡਾਕਟਰ ਆਤਮਾ ਸਿੰਘ ਦੀ ਅਗਵਾਈ ਹੇਠ ਉਸਾਹਨ ਹਸਪਤਾਲ ਜ਼ੀਰਾ ਵਿੱਚ ਹੋਈ। ਮੀਟਿੰਗ 'ਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਪ੍ਰਧਾਨ ਆਤਮਾ ਸਿੰਘ ਨੇ ਮੀਟਿੰਗ ਵਿੱਚ ਸਭ ਮੈਂਬਰਾਂ ਨੂੰ ਬੇਨਤੀ ਕੀਤੀ ਕਿ ਮੈਡੀਕਲ ਲਾਈਨ ਵਿੱਚ ਆਉਣ ਵਾਲਾ ਸਮਾਂ ਬਹੁਤ ਭਿਆਨਕ ਹੋਵੇਗਾ, ਕਿਉਂਕਿ ਸਰਕਾਰ ਆਪਣੇ ਰੁਜ਼ਗਾਰ ਨੂੰ ਖ਼ਤਮ ਕਰਨ ਵਿੱਚ ਤੁਲੀ ਹੋਈ ਹੈ ਤੇ ਇਸ ਰੋਜ਼ਗਾਰ ਨੂੰ ਬਚਾਉਣ ਲਈ ਸਾਨੂੰ ਸਬ ਨੂੰ ਆਪਣਾ ਏਕਾ ਹੋਰ ਵੀ ਮਜ਼ਬੂਤ ਕਰਨਾ ਚਾਹੀਦਾ ਹੈ। ਉਨ੍ਹਾਂ ਹਰ ਮੈਂਬਰ ਨੂੰ ਆਪਣੇ ਕਿੱਤੇ ਪ੍ਰਤੀ ਇਮਾਨਦਾਰੀ ਰੱਖਣ ਤੇ ਸਾਫ਼ ਸੁਥਰੀ ਪ੍ਰੈਕਟਿਸ ਕਰਨ ਦੇ ਨਿਰਦੇਸ਼ ਦਿੱਤੇ । ਜਨਰਲ ਸਕੱਤਰ ਸੁਰਜੀਤ ਸਿੰਘ ਨੇ ਸਾਰੇ ਡਾ. ਸਾਥੀਆਂ ਨੂੰ ਆਪਣੇ ਕੰਮ ਪ੍ਰਤੀ ਸਮਰਪਿਤ ਭਾਵਨਾ ਤੇ ਸਾਫ਼-ਸੁਥਰਾ ਕੰਮ ਕਰਨ ਦੀ ਪ੍ਰੇਰਨਾ ਦਿੱਤੀ।ਸੀਨੀਅਰ ਮੀਤ ਪ੍ਰਧਾਨ ਡਾਕਟਰ ਸੁਖਬੀਰ ਸਿੰਘ ਖਾਲਸਾ ਨੇ ਸਿੱਖਾਂ ਦੇ ਇਤਿਹਾਸ ਬਾਰੇ ਸਾਰਿਆ ਨੂੰ ਦੱਸਿਆ ਕਿ ਕਿਸ ਤਰਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਆਪਣੇ ਧਰਮ ਦੀ ਰੱਖਿਆ, ਜ਼ੁਲਮ ਦੇ ਖ਼ਿਲਾਫ਼ ਯੁੱਧ, ਮੁਗਲਾਂ ਦੇ ਅੱਤਿਆਚਾਰਾਂ ਨੂੰ ਹਮੇਸ਼ਾ ਲਈ ਖਤਮ ਕਰਨ ਲਈ ਉਨ੍ਹਾਂ ਸਾਰਾ ਸਰਬੰਸ ਵਾਰ ਦਿੱਤਾ।ਗੁਰੂ ਸਾਹਿਬ, ਚਾਰ ਸਾਹਿਬਜ਼ਾਦੇ ਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਨੂੰ ਬਹੁਤ ਬਹੁਤ ਪ੍ਰਣਾਮ। ਡਾਕਟਰ ਬੋਹੜ ਸਿੰਘ ਨੇ ਕਿਹਾ ਕਿ ਸਾਨੂੰ ਸਾਫ ਸੁਥਰੀ ਪ੍ਰੈਕਟਿਸ ਕਰਨੀ ਚਾਹੀਦੀ ਹੈ ਅਤੇ ਯੂਨੀਅਨ ਦੀ ਕਾਮਯਾਬੀ ਲਈ ਹਰ ਵਕਤ ਤਿਆਰ ਰਹਿਣਾ ਚਾਹੀਦਾ ਹੈ ਤਾਂ ਜੁ ਅਸੀਂ ਸਰਕਾਰਾਂ ਤੋਂ ਆਪਣੇ ਵਾਜਿਬ ਹੱਕ ਨੂੰ ਪ੍ਰਾਪਤ ਕਰਨ ਦੀ ਲੜਾਈ ਨੂੰ ਅੱਗੇ ਵਧਾ ਸਕੀਏ ਅਤੇ ਮੰਜ਼ਿਲ ਨੂੰ ਪ੍ਰਾਪਤ ਕਰਨ ਦਾ ਰਾਹ ਆਸਾਨ ਕਰ ਸਕੀਏ। ਉਪਰੋਕਤ ਤੋਂ ਇਲਾਵਾ ਵੱਖ-ਵੱਖ ਬੁਲਾਰਿਆਂ ਚੇਅਰਮੈਨ ਜਰਨੈਲ ਸਿੰਘ ਆਦਿ ਨੇ ਬੋਲਦਿਆਂ ਕਿਹਾ ਕਿ ਵੱਖ ਵੱਖ ਪਿੰਡਾਂ ਤੇ ਸ਼ਹਿਰਾਂ ਦੇ ਸਲੱਮ ਏਰੀਆ ਵਿੱਚ ਸਾਫ਼ ਸੁਥਰਾ ਕੰਮ ਕਰਨ ਦੇ ਨਾਲ ਨਾਲ ਸਮਾਜ ਭਲਾਈ ਦੇ ਕੰਮ ਕਰ ਰਹੇ ਪ੍ਰੈਕਟੀਸ਼ਨਰਾਂ ਦੀ ਰਜਿਸਟਰਡ ਕਰਨ ਦੀ ਮੰਗ ਨੂੰ ਸਰਕਾਰ ਛੇਤੀ ਪੂਰਾ ਕਰੇ ਤਾਂ ਕਿ ਉਹ ਬੇਖੌਫ ਪ੍ਰੈਕਟਿਸ ਕਰ ਸਕਣ।



## ਚੰਨਣਵਾਲ ਵਿਖੇ ਭੋਲਾ ਸਿੰਘ ਦੀ ਮ੍ਰਿਤਕ ਦੇਹ ਮੈਡੀਕਲ ਖੋਜ ਕਾਰਜਾਂ ਲਈ ਦਾਨ




**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਚੰਨਣਵਾਲ ਦੇ ਪਰਵਾਰ ਨੇ ਆਪਣੇ ਬਜ਼ੁਰਗਾਂ ਦੀ ਮ੍ਰਿਤਕ ਦੇਹ ਮੈਡੀਕਲ ਖੋਜ ਕਾਰਜਾਂ ਲਈ ਦਾਨ ਕਰਕੇ ਲੋਕ ਭਲਾਈ ਦਾ ਵਿਲੱਖਣ ਕਾਰਜ ਕੀਤਾ ਹੈ। ਜਾਣਕਾਰੀ ਦਿੰਦਿਆਂ ਸੇਵਕ ਮੇਜਰ ਸਿੰਘ ਨੇ ਦੱਸਿਆ ਕਿ ਭੋਲਾ ਸਿੰਘ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਸੱਚਖੰਡ ਜਾ ਬਿਰਾਜੇ ਜਿੰਨਾਂ ਦੇ ਮ੍ਰਿਤਕ ਸਰੀਰ ਨੂੰ ਜਲਾਉਣ ਦੀ ਬਜਾਇ ਪਰਿਵਾਰ ਨੇ ਮੈਡੀਕਲ ਖੋਜ਼ਾਂ ਲਈ ਦਾਨ ਕਰਕੇ ਇਨਸਾਨੀਅਤ ਦਾ ਫ਼ਰਜ ਨਿਭਾਇਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਭੋਲਾ ਸਿੰਘ ਨੇ ਜਿਉਂਦੇ ਜੀਅ ਹੀ ਆਪਣੀ ਮ੍ਰਿਤਕ ਦੇਹ ਨੂੰ ਮੌਤ ਤੋਂ ਬਾਅਦ ਮੈਡੀਕਲ ਖੇਤਰ ਲਈ ਦਾਨ ਕਰਨ ਦਾ ਵਸੀਅਤ ਕੀਤੀ ਹੋਈ ਸੀ। ਜਿਸ ਨੂੰ ਉਨ੍ਹਾਂ ਦੀ ਮੌਤ ਤੋਂ ਬਾਅਦ ਉਦਮੀ ਪਰਿਵਾਰ ਨੇ ਪੂਰਾ ਕੀਤਾ ਹੈ। ਸੇਵਾਦਾਰ ਸੁਖਪਾਲ ਸਿੰਘ ਵੱਲੋਂ ਭੋਲਾ ਸਿੰਘ ਦੀ ਮ੍ਰਿਤਕ ਦੇਹ ਨੂੰ ਹਰੀ ਝੰਡੀ ਦਿਖਾ ਕੇ ਮੈਡੀਕਲ ਖੋਜ਼ ਕਾਰਜ਼ਾਂ ਲਈ ਡਿਪਾਰਟਮੈਂਟ ਆਫ਼ ਵਰੁਣ ਅਰਜੁਨ ਮੈਡੀਕਲ ਕਾਲਜ ਬੰਥਰਾ, ਸ਼ਾਹਜਹਾਂਪੁਰ (ਉੱਤਰ ਪ੍ਰਦੇਸ਼) ਨੂੰ ਰਵਾਨਾ ਕੀਤਾ ਗਿਆ।

## ਪ੍ਰੋ. ਰਾਜੀਵ ਸੂਦ ਬਣੇ ਐਸੋਸੀਏਸ਼ਨ ਆਫ਼ ਇੰਡੀਅਨ ਹੈੱਲਥ ਸਾਇੰਸਿਜ਼ ਯੂਨੀ. ਦੇ ਪ੍ਰਧਾਨ

**ਫਿਰੋਜ਼ਪੁਰ (ਜਸਬੀਰ ਸਿੰਘ ਕੰਬੋਜ)-** ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ, ਐਮ.ਚੀ. (ਯੂਰਾਲੌਜੀ) ਨੂੰ ਐਸੋਸੀਏਸ਼ਨ ਆਫ਼ ਇੰਡੀਅਨ ਹੈਲਥ ਸਾਇੰਸਿਜ਼ ਯੂਨੀਵਰਸਿਟੀਜ਼ ਦਾ ਪ੍ਰਧਾਨ ਚੁਣਿਆ ਗਿਆ ਹੈ।ਇਹ ਚੋਣ ਰਾਸ਼ਟਰੀ ਪੱਧਰੀ ਸਿਹਤ ਵਿਗਿਆਨ ਸਿੱਖਿਆ ਦੇ ਖੇਤਰ ਵਿੱਚ ਯੂਨੀਵਰਸਿਟੀ ਤੇ ਕੁਲਪਤੀ ਦੋਵਾਂ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਮੰਨੀ ਜਾ ਰਹੀ ਹੈ। ਡਾ. ਬੀ.ਸੀ. ਰਾਏ ਨੈਸ਼ਨਲ ਅਵਾਰਡ ਨਾਲ ਸਨਮਾਨਤ ਪ੍ਰੋ. ਸੂਦ ਨੂੰ ਉਹਨਾਂ ਦੀ ਪ੍ਰੇਰਨਾ ਦੇਣ ਵਾਲੀ ਨੇਤ੍ਰਤਵ ਯੋਗਤਾ ਅਤੇ ਚਿਕਤਸਾ ਸਿੱਖਿਆ ਦੇ ਵਿਕਾਸ ਵਿੱਚ ਲੰਮੇ ਸਮੇਂ ਤੋਂ ਕੀਤੇ ਜਾ ਰਹੇ ਯੋਗਦਾਨ ਨੂੰ ਦੇਖਦੇ ਹੋਏ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਪ੍ਰਧਾਨ ਬਣਨ ਨਾਲ ਦੇਸ਼ ਭਰ ਦੇ ਸਿਹਤ ਵਿਗਿਆਨ ਯੂਨੀਵਰਸਿਟੀਆਂ ਵਿੱਚ ਸਿੱਖਿਆਵਾਂ ਸਹਿਯੋਗ, ਖੋਜ ਤੇ ਗੁਣਵੱਤਾ ਵਾਲੀ ਚਿਕਤਸਾ ਸਿੱਖਿਆ ਨੂੰ ਨਵੀਂ ਦਿਸ਼ਾ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ। ਬਾਬਾ ਫ਼ਰੀਦ ਯੂਨੀਵਰਸਿਟੀ ਪਰਿਵਾਰ ਨੇ ਇਸ ਗੌਰਵਪੂਰਨ ਪ੍ਰਾਪਤੀ 'ਤੇ ਪ੍ਰੋ. (ਡਾ.) ਰਾਜੀਵ ਸੂਦ ਨੂੰ ਢੁੱਕਵੀਂ ਵਧਾਈ ਦਿੱਤੀ ਹੈ ਅਤੇ ਵਿਸ਼ਵਾਸ ਪ੍ਰਗਟ ਕੀਤਾ ਹੈ ਕਿ ਉਨ੍ਹਾਂ ਦੀ ਅਗਵਾਈ ਹੇਠ ਭਾਰਤੀ ਸਿਹਤ ਵਿਗਿਆਨ ਯੂਨੀਵਰਸਿਟੀਆਂ ਅੰਤਰਰਾਸ਼ਟਰੀ ਪੱਧਰ 'ਤੇ ਹੋਰ ਵੀ ਵੱਧ ਪ੍ਰਤਿਸ਼ਠਾ ਹਾਸਲ ਕਰਨਗੀਆਂ। ਯੂਨੀਵਰਸਿਟੀ ਨੇ ਆਸ਼ਾ ਜ਼ਾਹਰ ਕੀਤੀ ਹੈ ਕਿ ਇਸ ਨਵੀਂ ਜ਼ਿੰਮੇਵਾਰੀ ਵਿੱਚ ਵੀ ਉਹ ਬਾਖ਼ੂਬੀ ਪ੍ਰਦਰਸ਼ਨ ਕਰਕੇ ਪੰਜਾਬ ਸਮੇਤ ਪੂਰੇ ਦੇਸ਼ ਵਿੱਚ ਸਿਹਤ ਸਿੱਖਿਆ ਦੇ ਮਾਪਦੰਡ ਨੂੰ ਉੱਚਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਡਾ. ਰਾਜੀਵ ਸ਼ੁਕਲਾ, ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਵਾਈਸ ਚਾਂਸਲਰ ਨੂੰ ਇਸ ਮਹੱਤਵਪੂਰਨ ਪਦ 'ਤੇ ਬਧਾਈ ਦੇਣ ਲਈ ਡਾ. ਸੰਦੀਪ ਸਿੰਘ ਕੌੜਾ, ਚਾਂਸਲਰ ਉਧਮ ਸਿੰਘ ਸ਼ਹੀਦ ਸਕਿਲ ਡਿਵੈਲਪਮੈਂਟ ਐਂਡ ਐਂਟਰਪ੍ਰੈਨਰਸ਼ਿਪ ਯੂਨੀਵਰਸਿਟੀ, ਪੰਜਾਬ, ਡਾ. ਮਲਕੀਤ ਸਿੰਘ ਥਿੰਦ, ਚੇਅਰਮੈਨ ਪੰਜਾਬ ਬੈਕਵਰਡ ਕਲਾਸਿਜ਼ ਕਮਿਸ਼ਨ, ਪੱਤਰਕਾਰ ਜਗਦੀਸ਼ ਥਿੰਦ ਤੇ ਡਾ. ਕਮਲਜੀਤ ਸਿੰਘ ਕੌੜਾ ਨੇ ਡਾ ਸੂਦ ਨੂੰ ਸਿਰੋਪਾ ਭੇਟ ਕਰਕੇ ਸਨਮਾਨਤ ਕਰਕੇ ਮੁਬਾਰਕਾਂ ਦੇਂਦੇ ਹੋਏ ਇਹ ਆਸ਼ਾ ਜ਼ਾਹਰ ਕੀਤੀ ਹੈ ਕਿ ਦੇਸ਼ ਭਰ ਵਿੱਚ ਮੈਡੀਕਲ ਖੇਤਰ ਦੀ ਕਮਾਨ ਡਾ. ਕੁਲਦੀਪ ਸ਼ੁਕਲਾ ਦੇ ਹੱਥਾਂ ਵਿੱਚ ਆਉਣ ਨਾਲ ਹੋਰ ਵੀ ਵਧੇਰੇ ਕੁਸ਼ਲਤਾ ਨਾਲ ਮੈਡੀਕਲ ਖੇਤਰ ਵੱਡੀਆਂ ਪ੍ਰਾਪਤੀਆਂ ਹਾਸਲ ਕਰੇਗਾ।ਜਿਕਰਯੋਗ ਹੈ ਕਿ 9 ਜਨਵਰੀ ਨੂੰ ਪੰਜਾਬ ਦੇ ਗਵਰਨਰ ਸ਼੍ਰੀ ਗੁਲਾਬ ਚੰਦ ਕਟਾਰੀਆ ਫ਼ਰੀਦਕੋਟ ਵਿਖੇ ਸਥਿਤ ਯੂਨੀਵਰਸਿਟੀ ਵਿੱਚ ਪਹੁੰਚ ਰਹੇ ਹਨ।



## ਨਵੇਂ ਸਾਲ ਦੀ ਖ਼ੁਸ਼ੀ 'ਚ ਗੁੱਡ ਮੌਰਨਿੰਗ ਕਲੱਬ ਵੱਲੋਂ ਨਵੇਂ ਮੈਂਬਰਾਂ ਦਾ ਵਿਸ਼ੇਸ਼ ਸਨਮਾਨ

**ਕੋਟਕਪੂਰਾ, (ਰਛਪਾਲ ਭੁੱਲਰ)** ਗੁੱਡ ਮੌਰਨਿੰਗ ਵੈਲਫੇਅਰ ਕਲੱਬ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਨਿਰੰਤਰ ਪਾਏ ਜਾ ਰਹੇ ਯੋਗਦਾਨ ਦੇ ਮੱਦੇਨਜਰ ਕਲੱਬ ਦੇ ਪਰਿਵਾਰ ਵਿੱਚ ਦਿਨੋ ਦਿਨ ਵਾਧਾ ਹੁੰਦਾ ਜਾ ਰਿਹਾ ਹੈ।ਕਲੱਬ ਦੇ ਪ੍ਰਧਾਨ ਡਾ ਮਨਜੀਤ ਸਿੰਘ ਢਿੱਲੋਂ ਨੇ ਆਖਿਆ ਕਿ ਨਵੇਂ ਸਾਲ ਦੀ ਖ਼ੁਸ਼ੀ ਵਿੱਚ ਕੁਝ ਨਵੇਂ ਬਣੇ ਮੈਂਬਰਾਂ ਦਾ ਕਲੱਬ ਦੇ ਸੈਲਫੀ ਪੁਆਇੰਟ 'ਤੇ ਵਿਸ਼ੇਸ਼ ਸਨਮਾਨ ਰੱਖਣ ਲਈ ਸਮਾਰੋਹ ਦਾ ਆਯੋਜਨ ਕੀਤਾ ਗਿਆ। ਡਾ ਮਨਜੀਤ ਸਿੰਘ ਢਿੱਲੋਂ ਮੁਤਾਬਕ ਨਵੇਂ ਬਣੇ ਮੈਂਬਰਾਂ ਦਾ ਪਹਿਲਾਂ ਹਾਰ ਪਾ ਕੇ ਸੁਆਗਤ ਹੋਇਆ ਅਤੇ ਫਿਰ ਉਹਨਾ ਨੂੰ ਕਲੱਬ ਦਾ ਸਾਂਭਣਯੋਗ ਯਾਦਗਾਰੀ ਦਸਤਾਵੇਜ਼ ਸੋਵੀਨੀਅਰ ਕਮ ਡਾਇਰੀ ਦੇ ਕੇ ਸਨਮਾਨਿਤ ਕੀਤਾ ਗਿਆ।ਸਪੀਕਰ ਸੰਧਵਾਂ ਦੇ ਪੀਆਰਓ ਮਨਪ੍ਰੀਤ ਸਿੰਘ ਮਨੀ ਧਾਲੀਵਾਲ ਸਮੇਤ ਪ੍ਰਿੰਸੀਪਲ ਪੰਨਾ ਲਾਲ, ਮਾ. ਬਲਵਿੰਦਰ ਸਿੰਘ ਸਿੱਧੂ, ਤੇਜਪ੍ਰਤਾਪ ਸਿੰਘ ਜੌੜਾ, ਕੁਲਦੀਪ ਸਿੰਘ ਗਿੱਲ, ਵਿਵੇਕ ਗੋਇਲ ਸੀ.ਏ, ਦਰਸ਼ਨ ਸਿੰਘ ਆਰੇਵਾਲਾ, ਰਾਏਵਿੰਦਰ ਸਿੰਘ ਰਾਊ, ਹਾਕਮ ਸਿੰਘ ਚੇਤੇਵਾਲੀਆ, ਵਰਿੰਦਰਪਾਲ ਸਿੰਘ ਅਰਨੇਜਾ, ਡਾ. ਸੰਦੀਪ ਕੌਸ਼ਲ, ਅਵਤਾਰ ਸਿੰਘ ਮੱਕੜ, ਸੁਰਿੰਦਰ ਸਚਦੇਵਾ ਆਦਿਕ ਨਵੇਂ ਬਣੇ ਮੈਂਬਰਾਂ ਨੇ ਖ਼ੁਸ਼ੀ ਮਹਿਸੂਸ ਕਰਦਿਆਂ ਆਖਿਆ ਕਿ ਉਹਨਾਂ ਨੂੰ ਗੁੱਡ ਮੌਰਨਿੰਗ ਕਲੱਬ ਨਾਲ ਜੁੜ ਕੇ ਮਾਣ ਮਹਿਸੂਸ ਹੋਇਆ ਹੈ, ਕਿਉਂਕਿ ਇਸ ਕਲੱਬ ਨੇ ਕੋਟਕਪੂਰੇ ਦਾ ਨਾਂਅ ਦੁਨੀਆਂ ਦੇ ਕੋਨੇ-ਕੋਨੇ ਵਿੱਚ ਰੁਸ਼ਨਾ ਦਿੱਤਾ ਹੈ। ਡਾ. ਮਨਜੀਤ ਸਿੰਘ ਢਿੱਲੋਂ ਮੁਤਾਬਿਕ ਮਲਕੀਤ ਸਿੰਘ ਭੋਲਾ ਖੁਰਮੀ ਕਲੱਬ ਦੇ ਮੁੱਢਲੇ ਮੈਂਬਰਾਂ ਵਿੱਚੋਂ ਹਨ ਤੇ ਉਨ੍ਹਾਂ 21 ਹਜ਼ਾਰ ਰੁਪਿਆ ਕਲੱਬ ਨੂੰ ਵੱਖਰੇ ਤੌਰ 'ਤੇ ਭੇਟ ਕਰਨ ਦੇ ਬਾਵਜੂਦ ਉਹ 1000 ਰੁਪਿਆ ਪ੍ਰਤੀ ਮਹੀਨਾ ਸੇਵਾ ਕਾਰਜਾਂ ਲਈ ਭੇਟ ਕਰਦੇ ਆ ਰਹੇ ਹਨ, ਇਸ ਲਈ ਉਨ੍ਹਾਂ ਦਾ ਸਨਮਾਨ ਵੀ ਵਿਸ਼ੇਸ਼ ਤੌਰ 'ਤੇ ਕੀਤਾ ਗਿਆ।ਇਸ ਮੌਕੇ ਉਚੇਚੇ ਤੌਰ 'ਤੇ ਹਾਜ਼ਰ ਹੋਏ ਓਮਕਾਰ ਗੋਇਲ ਪ੍ਰਧਾਨ ਚੈਂਬਰ ਆਫ ਕਾਮਰਸ ਐਂਡ ਇੰਡਸਟਰੀਜ ਕੋਟਕਪੂਰਾ, ਹਰਪ੍ਰੀਤ ਸਿੰਘ ਚਾਨਾ ਸੰਚਾਲਕ ਗੁਰੂ ਨਾਨਕ ਮੋਦੀਖਾਨਾ, ਜਗਤਾਰ ਸਿੰਘ ਅਰਨੇਜਾ ਐਲ.ਆਈ.ਸੀ. ਐਡਵਾਈਜਰ, ਲੈਕ. ਮਨਜੀਤ ਸਿੰਘ ਧਾਲੀਵਾਲ ਆਦਿ ਨੇ ਮੰਨਿਆ ਕਿ ਇਸ ਕਲੱਬ ਦੀਆਂ ਨਿਸ਼ਕਾਮ ਸੇਵਾਵਾਂ ਤੋਂ ਹੋਰਨਾ ਸੰਸਥਾਵਾਂ ਅਤੇ ਜਥੇਬੰਦੀਆਂ ਨੂੰ ਵੀ ਪ੍ਰੇਰਨਾ ਮਿਲਣੀ ਸੁਭਾਵਕ ਹੈ।



## ਸ਼੍ਰੋਮਣੀ ਅਕਾਲੀ ਦਲ ਵੱਲੋਂ ਸ੍ਰੀ ਤਖਤੂਪੁਰਾ ਸਾਹਿਬ 'ਚ ਵਿਸ਼ਾਲ ਕਾਨਫਰੰਸ 15 ਨੂੰ

**ਅਜੀਤਵਾਲ, (ਨਛੱਤਰ ਸੰਧੂ)** ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤੇ ਹਲਕਾ ਬਾਘਾਪੁਰਾਣਾ ਦੇ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਜੱਥੇਦਾਰ ਤੀਰਥ ਸਿੰਘ ਮਾਹਲਾ ਨੇ ਦੱਸਿਆ ਕਿ ਗੁਰੂ ਸਾਹਿਬਾਨਾਂ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਸਥਾਨ ਸ੍ਰੀ ਤਖ਼ਤੂਪੁਰਾ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ 15 ਜਨਵਰੀ ਨੂੰ ਵਿਸ਼ਾਲ ਕਾਨਫਰੰਸ ਕਰਾਈ ਜਾ ਰਹੀ ਹੈ। ਕਾਨਫਰੰਸ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਸਬੋਧਨ ਕਰੇਗੀ।ਉਨ੍ਹਾਂ ਅੱਗੇ ਦੱਸਿਆ ਕਿ ਇਸ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਅੱਜ 11 ਵਜੇ ਬਾਘਾ ਪੁਰਾਣਾ ਤੇ 1 ਵਜੇ ਬੱਧਨੀ ਕਲਾਂ, 3 ਵਜੇ ਕੋਟ ਈਸੇ ਖਾਂ ਤੇ ਸ਼ਾਮ 4 ਵਜੇ ਮੋਗਾ ਵਿਖੇ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਜਾਣਗੀਆਂ ਤੇ ਅਸੀ ਸਮੂਹ ਸੰਗਤ ਨੂੰ ਅਪੀਲ ਕਰਦੇ ਹਾਂ ਕਿ ਇਸ ਕਾਨਫਰੰਸ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ।

## ਨਸ਼ਾ ਵੇਚਣ ਤੋਂ ਰੋਕਣ 'ਤੇ ਸੀਟੂ ਦੇ ਮੀਤ ਪ੍ਰਧਾਨ ਦੇ ਘਰ 'ਤੇ ਹਮਲਾ, ਲੜਕਾ ਜ਼ਖ਼ਮੀ



**ਛੇਹਰਟਾ, (ਮਨੋਜ ਕੁਮਾਰ)**

ਥਾਣਾ ਸਦਰ ਦੇ ਤੁੰਗ ਬਾਲਾ ਇਲਾਕੇ ਵਿਚ ਰਹਿੰਦੇ ਸੀਟੂ ਦੇ ਜ਼ਿਲ੍ਹਾ ਮੀਤ ਪ੍ਰਧਾਨ ਕਾਮਰੇਡ ਕਿਰਪਾ ਰਾਮ ਵੱਲੋਂ ਨਸ਼ਾ ਵੇਚਣ ਤੋਂ ਰੋਕਣ 'ਤੇ ਕੁਝ ਨੌਜਵਾਨਾਂ ਨੇ ਉਨ੍ਹਾਂ ਦੇ ਘਰ 'ਤੇ ਇੱਟਾਂ-ਰੋੜੇ ਚਲਾਏ ਤੇ ਇਸ ਘਟਨਾ ਦੌਰਾਨ ਉਨ੍ਹਾਂ ਦਾ ਲੜਕਾ ਜ਼ਖ਼ਮੀ ਹੋ ਗਿਆ। ਪੁਲਿਸ ਵੱਲੋਂ 10 ਦੇ ਕਰੀਬ ਹਮਲਾਵਰਾਂ ਨੂੰ ਹਿਰਾਸਤ ਵਿਚ ਲੈਣ ਉਪਰੰਤ ਧਾਰਾ 107,51 ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ, ਪਰ ਸੀਟੂ ਵੱਲੋਂ ਇਸ ਕਾਰਵਾਈ 'ਤੇ ਇਤਰਾਜ਼ ਜਤਾਉਂਦੇ ਹੋਏ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਗਈ ਹੈ। ਕਾਮਰੇਡ ਕਿਰਪਾ ਰਾਮ ਨੇ ਦੱਸਿਆ ਕਿ ਕੁਝ ਨੌਜਵਾਨ ਅਕਸਰ ਨਸ਼ਾ ਵੇਚਣ ਲਈ ਘਰ ਦੇ ਬਾਹਰ ਮੌਜੂਦ ਰਹਿੰਦੇ ਹਨ। ਉਨ੍ਹਾਂ ਸਮੇਤ ਮੁਹੱਲਾ ਵਾਸੀਆਂ ਨੇ ਮੇਜਰਨਾਮਾ ਤਿਆਰ ਕਰਕੇ ਪੁਲਸ ਥਾਣੇ ਵੀ ਦਿੱਤਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਨਸ਼ਾ ਵੇਚਣ ਤੋਂ ਰੋਕਣ ਕਰਕੇ ਬੀਤੀ ਰਾਤ ਹਥਿਆਰਾਂ ਨਾਲ ਲੈਸ ਕਰੀਬ 30 ਨੌਜਵਾਨਾਂ ਨੇ ਆ ਕੇ ਉਨ੍ਹਾਂ ਦੇ ਘਰ 'ਤੇ ਇੱਟਾਂ-ਰੋੜੇ ਚਲਾਉਣੇ ਸ਼ੁਰੂ ਕਰ ਦਿੱਤੇ ਤੇ ਇਸ ਘਟਨਾ ਦੌਰਾਨ ਉਨ੍ਹਾਂ ਦਾ ਲੜਕਾ ਜ਼ਖ਼ਮੀ ਹੋ ਗਿਆ। ਸੀਟੂ ਦੇ ਸੂਬਾਈ ਆਗੂ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਕਿ ਪੁਲਸ ਵੱਲੋਂ ਉਕਤ ਨੌਜਵਾਨਾਂ ਵਿਰੁੱਧ 107, 51 ਦਾ ਮਾਮਲਾ ਦਰਜ ਕਰਕੇ ਖ਼ਾਨਾਪੂਰਤੀ ਕੀਤੀ ਹੈ, ਜਦੋਂ ਕਿ ਨਸ਼ਾ ਤਸਕਰੀ ਤੇ ਹਮਲਾ ਕਰਨ ਦਾ ਮਾਮਲਾ ਦਰਜ ਕੀਤਾ ਜਾਣਾ ਚਾਹੀਦਾ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਬੁੱਧਵਾਰ ਨੂੰ ਜ਼ਿਲ੍ਹਾ ਸਕੱਤਰ ਚਰਨਜੀਤ ਮਜੀਠਾ ਦੀ ਅਗਵਾਈ ਹੇਠ ਉਨ੍ਹਾਂ (ਕਾਮਰੇਡ ਸੁੱਚਾ ਸਿੰਘ ਅਜਨਾਲਾ) ਸਮੇਤ ਕਾਮਰੇਡ ਕਿਰਪਾ ਰਾਮ, ਕੁਲਬੀਰ ਸਿੰਘ, ਪ੍ਰਤਾਪ ਸਿੰਘ, ਵਿਜੇ ਕੁਮਾਰ, ਸੁਭਾਸ਼ ਚੰਦਰ, ਮਹਿੰਦਰ ਖਹਿਰਾ ਆਦਿ 'ਤੇ ਆਧਾਰਿਤ ਵਫ਼ਦ ਨੇ ਥਾਣਾ ਇੰਚਾਰਜ ਨਾਲ ਮੁਲਾਕਾਤ ਕੀਤੀ, ਜਿਨ੍ਹਾਂ ਨੇ ਉਕਤ ਮਾਮਲੇ ਵਿਚ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ 10 ਦਿਨਾਂ ਦਾ ਅਲਟੀਮੇਟਮ ਦਿੰਦੇ ਹੋਏ ਕਿਹਾ ਕਿ ਜੇਕਰ ਉਕਤ ਧਾਰਾਵਾਂ ਤਹਿਤ ਮਾਮਲਾ ਦਰਜ ਨਾ ਕੀਤਾ ਗਿਆ ਤੇ ਉਕਤ ਹਮਲੇ ਵਿਚ ਸ਼ਾਮਿਲ ਬਾਕੀ ਨੌਜਵਾਨਾਂ ਨੂੰ ਕਾਬੂ ਨਾ ਕੀਤਾ ਗਿਆ ਤਾਂ ਸੀਟੂ ਵੱਲੋਂ ਸਦਰ ਥਾਣੇ ਦਾ ਘਿਰਾਓ ਕੀਤਾ ਜਾਵੇਗਾ।

## ਨਸ਼ਿਆਂ ਵਿਰੁੱਧ ਜੰਗ ਪੰਜਾਬ ਜ਼ਰੂਰ ਜਿੱਤੇਗਾ : ਪੰਨੂ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਨਸ਼ਿਆਂ ਵਿਰੁੱਧ ਪੰਜਾਬ ਦੀ ਫੈਸਲਾਕੁੰਨ ਮੁਹਿਮ ਦੇ ਇੱਕ ਨਵੇਂ ਅਤੇ ਵਧੇਰੇ ਹਮਲਾਵਰ ਪੜਾਅ ਵਿੱਚ ਪ੍ਰਵੇਸ਼ ਕਰਨ ਦੇ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੰਗਲਵਾਰ ਰਸਮੀ ਤੌਰ 'ਤੇ 'ਯੁੱਧ ਨਸ਼ਿਆਂ ਵਿਰੁੱਧ' ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ। ਇਸ ਵਾਰ ਮੁੱਖ ਧਿਆਨ ਵੱਡੇ ਪੱਧਰ 'ਤੇ ਕਾਨੂੰਨੀ ਕਾਰਵਾਈ ਤੋਂ ਹਟ ਕੇ ਭਾਈਚਾਰਕ ਨਿਗਰਾਨੀ ਅਤੇ ਜ਼ੀਰੋ ਟਾਲਰੈਂਸ 'ਤੇ ਕੇਂਦਰਤ ਕੀਤਾ ਗਿਆ ਹੈ। ਪਹਿਲੇ ਪੜਾਅ ਦੇ ਨਤੀਜਿਆਂ ਨੂੰ ਅੱਗੇ ਵਧਾਉਂਦੇ ਹੋਏ, ਜਿਸ ਵਿੱਚ 30,000 ਤੋਂ ਵੱਧ ਨਸ਼ਿਆਂ ਦੇ ਕੇਸ ਦਰਜ ਕੀਤੇ ਗਏ, 43,000 ਤੋਂ ਵੱਧ ਗ੍ਰਿਫਤਾਰੀਆਂ ਹੋਈਆਂ ਅਤੇ ਸਜ਼ਾ ਦੀ ਦਰ ਲਗਭਗ 87-88 ਫੀਸਦੀ ਰਹੀ, ਹੁਣ ਨਵੀਂ ਮੁਹਿਮ ਦਾ ਉਦੇਸ਼ ਪਿੰਡਾਂ ਅਤੇ ਮੁਹੱਲਿਆਂ ਨੂੰ ਇਸ ਲੜਾਈ ਦੇ ਕੇਂਦਰ ਵਿੱਚ ਰੱਖ ਕੇ ਨਸ਼ਾ ਤਸਕਰਾਂ ਦੇ ਦੁਆਲੇ ਸ਼ਿਕੰਜਾ ਕੱਸਣਾ ਹੈ।

ਬਲਤੇਜ ਪੰਨੂ ਨੇ ਕਿਹਾ ਕਿ ਦੂਜੇ ਪੜਾਅ ਤਹਿਤ 'ਪਿੰਡਾਂ ਦੇ ਪਹਿਰੇਦਾਰ' ਨਾਂਅ ਦੀਆਂ ਪਿੰਡ ਰੱਖਿਆ ਕਮੇਟੀਆਂ ਫੈਸਲਾਕੁੰਨ ਭੂਮਿਕਾ ਨਿਭਾਉਣਗੀਆਂ। ਉਨ੍ਹਾਂ ਕਿਹਾ ਕਿ ਅੱਜ ਸਵਾ ਲੱਖ ਤੋਂ ਡੇਢ ਲੱਖ ਦੇ ਕਰੀਬ ਲੋਕ ਪਹਿਲਾਂ ਹੀ ਪਿੰਡ ਦੇ ਪਹਿਰੇਦਾਰਾਂ ਵਜੋਂ ਜੁੜ ਚੁੱਕੇ ਹਨ, ਜੋ ਇਸ ਲਹਿਰ ਵਿੱਚ ਜਨਤਕ ਭਾਗੀਦਾਰੀ ਦੀ ਤਾਕਤ ਨੂੰ ਦਰਸਾਉਂਦਾ ਹੈ। ਉਨ੍ਹਾ ਕਿਹਾ ਕਿ ਅਸੀਂ ਅਜਿਹਾ ਮਾਹੌਲ ਸਿਰਜ ਰਹੇ ਹਾਂ, ਜਿੱਥੇ ਨਸ਼ਾ ਤਸਕਰ ਉਸੇ ਤਰ੍ਹਾਂ ਖ਼ਤਮ ਹੋ ਜਾਣਗੇ, ਜਿਵੇਂ ਸਾਲਾਂ ਪਹਿਲਾਂ ਡਾਇਨਾਸੋਰ ਖ਼ਤਮ ਹੋ ਗਏ ਸਨ। ਇਹ ਲੋਕਾਂ ਦੀ ਜੰਗ ਹੈ ਅਤੇ ਅਸੀਂ ਮਿਲ ਕੇ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਵਾਂਗੇ।

## ਰਾਸ਼ਟਰੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਹਾ ਲੈਣ ਲੋਕ : ਬਾਜਵਾ



**ਪੱਟੀ, (ਬਲਦੇਵ ਸਿੰਘ ਸੰਧੂ)**

ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ ਨਗਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਵਿਚ ਇਸ ਸਾਲ ਦੀ ਪਹਿਲੀ ਕੌਮੀ ਲੋਕ ਅਦਾਲਤ 14 ਮਾਰਚ ਨੂੰ ਲਗਾਈ ਜਾ ਰਹੀ ਹੈ।ਇਸ ਕੌਮੀ ਲੋਕ ਅਦਾਲਤ ਸਬੰਧੀ ਜਾਣਕਾਰੀ ਦਿੰਦਿਆਂ ਕੰਵਲਜੀਤ ਸਿੰਘ ਬਾਜਵਾ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 138 ਐੱਨਆਈ ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ, ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਇੰਟ ਪਲੇਨ ਅਤੇ ਜਿਵੇਂ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐੱਮਏਸੀਟੀ (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫੈਸਲਾ ਅੰਤਿਮ ਹੁੰਦਾ ਹੈ।ਉਨ੍ਹਾਂ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਆਪਣੇ ਮੁਕੱਦਮੇ ਹੱਲ ਕਰਵਾਉਣ ਨਾਲ ਲੋਕਾਂ ਦੇ ਪੈਸੇ ਦੀ ਬੱਚਤ ਹੁੰਦੀ ਹੈ ਤੇ ਉਥੇ ਦੋਹਾਂ ਧਿਰਾਂ ਵਿੱਚ ਪ੍ਰੇਮ ਪਿਆਰ ਵੀ ਬਣਿਆ ਰਹਿੰਦਾ ਹੈ ਅਤੇ ਕੋਈ ਵੀ ਧਿਰ ਆਪਣੇ ਆਪ ਨੂੰ ਜਿੱਤੀ ਜਾਂ ਹਾਰੀ ਮਹਿਸੂਸ ਨਹੀਂ ਕਰਦੀ।ਉਨ੍ਹਾਂ ਦੱਸਿਆ ਕਿ ਜੇਕਰ ਲੋਕ ਅਦਾਲਤ ਵਿੱਚ ਕੇਸ ਦਾ ਫੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫੀਸ ਵੀ ਵਾਪਿਸ ਹੋ ਜਾਂਦੀ ਹੈ।ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਤ ਕੋਰਟ ਵਿੱਚ ਜਾਂ ਸਕੱਤਰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦੇ ਦਫ਼ਤਰ ਵਿਖੇ ਦੇ ਸਕਦਾ ਹੈ।ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੇਸਾਂ ਦਾ ਇਸ ਕੌਮੀ ਲੋਕ ਅਦਾਲਤ ਵਿੱਚ ਫੈਸਲਾ ਕਰਵਾ ਕੇ ਵੱਧ ਤੋਂ ਵੱਧ ਲਾਭ ਉਠਾਉਣ।

## ਪੱਤਰਕਾਰਾਂ 'ਤੇ ਕੀਤੇ ਪਰਚੇ ਪ੍ਰੈੱਸ ਦੀ ਆਜ਼ਾਦੀ 'ਤੇ ਸਿੱਧਾ ਹਮਲਾ : ਸਿੱਕੀ, ਪੱਖੋਕੇ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਬਲਜਾਮ ਦਾ ਨਾਅਰਾ ਦੇ ਕੇ ਸੱਤਾ ਵਿੱਚ ਆਈ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਵੱਲੋਂ ਸਵਾਲ ਕਰਨ ਦੇ ਅਧਿਕਾਰ ਨੂੰ ਖ਼ਤਮ ਕਰਨ ਦੇ ਰਾਹ ਪੈ ਗਈ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਅਤੇ ਪੰਜਾਬ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਨੇ ਜੋ ਦਸ ਪੱਤਰਕਾਰਾਂ 'ਤੇ ਪਰਚੇ ਦਰਜ ਕੀਤੇ ਹਨ ਉਹ ਸਿੱਧਾ ਪ੍ਰੈੱਸ ਦੀ ਆਜ਼ਾਦੀ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪੱਤਰਕਾਰਾਂ ਨੇ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਪਾਰਟੀ ਨੂੰ ਪੂਰਾ ਸਹਿਯੋਗ ਦਿੱਤਾ ਸੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਰ ਤਰ੍ਹਾਂ ਪੱਤਰਕਾਰ ਭਾਈਚਾਰੇ ਦੇ ਨਾਲ ਖੜ੍ਹੀ ਹੈ ਅਤੇ ਖੜ੍ਹੀ ਰਹੇਗੀ ਤੇ ਉਹ ਹਰ ਪਰਚਾ ਰੱਦ ਕਰਵਾਉਣ ਲਈ ਹਰ ਸੰਭਵ ਯਤਨ ਕਰੇਗੀ।ਉਨ੍ਹਾਂ ਕਿਹਾ ਕਿ ਪ੍ਰੈੱਸ ਨੂੰ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਜਾਣਿਆ ਜਾਂਦਾ ਹੈ ਤੇ ਜੇਕਰ ਕੋਈ ਚੌਥੇ ਥੰਮ੍ਹ ਨੂੰ ਹੀ ਡੇਗਣ ਦੀ ਕੋਸ਼ਿਸ਼ ਕਰੇਗਾ ਤਾਂ ਸਾਡਾ ਲੋਕਤੰਤਰ ਕਿਸ ਤਰ੍ਹਾਂ ਕਾਇਮ ਰਹਿ ਸਕਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਕੇਸ ਨੂੰ ਤੁਰੰਤ ਵਾਪਸ ਲਵੇ ਜਾਂ ਪੁਲਸ ਦੇ ਡਾਇਰੈਕਟਰ ਜਨਰਲ ਨੂੰ ਆਦੇਸ਼ ਜਾਰੀ ਕਰਕੇ ਪਰਚਾ ਰੱਦ ਕਰਵਾਇਆ ਜਾਵੇ, ਨਹੀਂ ਤਾਂ ਕਾਂਗਰਸ ਪਾਰਟੀ ਪੱਤਰਕਾਰ ਭਾਈਚਾਰੇ ਨਾਲ ਚੱਟਾਨ ਵਾਂਗ ਖੜ੍ਹੀ ਰਹੇਗੀ ਅਤੇ ਜਿੰਨਾ ਚਿਰ ਪਰਚਾ ਰੱਦ ਨਹੀਂ ਹੁੰਦਾ ਹਰ ਸੰਘਰਸ਼ ਵਿੱਚ ਡੱਟ ਕੇ ਸਾਥ ਦੇਵੇਗੀ।

## ਆਟੋ-ਰਿਕਸ਼ਾ ਚਾਲਕਾਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਕੀਤਾ ਜਾਗਰੂਕ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਟ੍ਰੈਫਿਕ ਪੁਲਸ ਬਟਾਲਾ ਵੱਲੋਂ ਸ਼੍ਰੀ ਗੁਰੂ ਰਵਿਦਾਸ ਚੌਕ



ਅਲੀਵਾਲ ਰੋਡ ਬਟਾਲਾ ਵਿਖੇ ਆਟੋ-ਰਿਕਸ਼ਾ ਚਾਲਕਾਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕਤਾ ਕੀਤਾ ਗਿਆ।ਟ੍ਰੈਫਿਕ ਇੰਚਾਰਜ ਬਟਾਲਾ ਸੁਰਿੰਦਰ ਸਿੰਘ ਦੱਸਿਆ ਕਿ ਜਾਗਰੂਕਤਾ ਸੈਮੀਨਾਰ ਵਿੱਚ ਆਟੋ-ਰਿਕਸ਼ਾ ਚਾਲਕਾਂ ਤੇ ਆਮ ਪਬਲਿਕ ਨੂੰ ਟਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ ਅਤੇ ਨਸ਼ੇ ਦੇ ਮਾੜੇ ਪ੍ਰਭਾਵ ਤੋਂ ਜਾਣੂ ਕਰਵਾਇਆ ਗਿਆ।ਡਰਾਈਵਿੰਗ ਕਰਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਕਰਨ ਨਾਲ ਹੋਣ ਵਾਲੀਆਂ ਦੁਰਘਟਨਾਵਾਂ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ।ਐਕਸੀਡੈਂਟ ਪੀੜਤ ਦੀ ਮਦਦ ਲਈ ਵੀ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਹੈਲਪਲਾਈਨ ਨੰਬਰ 112,1033 ਅਤੇ 1930 ਬਾਰੇ ਜਾਗਰੂਕ ਕੀਤਾ ਗਿਆ।

## ਛੁੱਟੀਆਂ ਵਧਾਉਣ ਦਾ ਫੈਸਲਾ ਸ਼ਲਾਘਾਯੋਗ : ਜਗਜੀਤ ਸਿੰਘ



**ਬਿਆਸ, (ਰੱਖੜਾ)**- ਸੂਬੇ ਵਿਚ ਪੈ ਰਹੀ ਹੱਡ-ਚੀਰਵੀਂ ਠੰਢ ਅਤੇ ਧੁੰਦ ਦੇ ਮੱਦੇਨਜ਼ਰ ਪੰਜਾਬ ਸਰਕਾਰ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸਮੂਹ ਸਰਕਾਰੀ, ਪ੍ਰਾਈਵੇਟ, ਏਡਿਡ ਅਤੇ ਮਾਨਤਾ ਪ੍ਰਾਪਤ ਸਕੂਲਾਂ 'ਚ ਛੁੱਟੀਆਂ ਵਧਾਉਣ ਦੇ ਫੈਸਲੇ ਦੀ ਜਗਜੀਤ ਸਿੰਘ ਹੈੱਡ ਟੀਚਰ ਨੇ ਸ਼ਲਾਘਾ ਕੀਤੀ ਹੈ। ਉਹਨਾ ਦੱਸਿਆ ਕਿ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਛੋਟੇ ਸਕੂਲੀ ਬੱਚਿਆਂ ਦੀ ਸਿਹਤ ਨੂੰ ਮੁੱਖ ਰੱਖਦਿਆ ਇਹ ਕਦਮ ਉਠਾਏ ਗਏ ਹਨ, ਜੋ ਕਿ ਲੋਕ ਹਿੱਤ ਲਈ ਵਧੀਆ ਹਨ। ਪੰਜਾਬ ਸਰਕਾਰ ਨੇ ਸਕੂਲਾਂ ਵਿਚ ਛੁੱਟੀਆਂ ਵਧਾ ਕੇ ਵਧੀਆ ਕਦਮ ਉਠਾਇਆ ਹੈ।

## ਪੰਜਾਹ ਹੁਨਰਮੰਦ ਗਰੀਬ ਸਿਖਿਆਰਥਣਾਂ ਨੂੰ ਸਰਟੀਫਿਕੇਟ ਵੰਡੇ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਸੋਸਵਾ ਅਤੇ ਜੈਨਿਥ ਟੈਕਨੋ ਸਾਫਟ ਕੰਪਿਊਟਰ ਐਜੂਕੇਸ਼ਨ ਧਾਰੀਵਾਲ ਵੱਲੋਂ ਕੰਪਿਊਟਰ ਐਪਲੀਕੇਸ਼ਨ ਅਤੇ ਬਿਊਟੀਸ਼ੀਅਨ ਕੋਰਸ ਸਫਲਤਾਪੂਰਵਕ ਪੂਰੇ ਕਰਨ ਵਾਲੀਆਂ ਗਰੀਬ ਪਰਿਵਾਰਾਂ ਨਾਲ ਸਬੰਧਿਤ 50 ਵਿਦਿਆਰਥਣਾਂ ਨੂੰ ਸਰਟੀਫਿਕੇਟ ਵੰਡੇ ਗਏ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਭਾਜਪਾ ਦੇ ਸੀਨੀਅਰ ਆਗੂ ਅਤੇ ਸਮਾਜ ਸੇਵੀ ਨਵਨੀਤ ਵਿੱਜ ਨੇ ਸ਼ਿਰਕਤ ਕੀਤੀ। ਉਨ੍ਹਾਂ ਨਾਲ ਪਹਿਲਵਾਨ ਸੁਰਿੰਦਰ ਕੁਮਾਰ ਵੀ ਹਾਜ਼ਰ ਸਨ। ਇਸ ਮੌਕੇ ਜੈਨਿਥ ਟੈਕਨੋ ਸਾਫਟ ਦੇ ਮੁੱਖ ਪ੍ਰਬੰਧਕ ਸੁਨੰਦਨ ਸ਼ਰਮਾ ਨੇ ਦੱਸਿਆ ਕਿ ਸੋਸਵਾ ਵੱਲੋਂ ਜੈਨਿਥ ਟੈਕਨੋ ਸਾਫਟ ਸੰਸਥਾ ਦੁਆਰਾ ਗਰੀਬ ਪਰਿਵਾਰਾਂ ਦੀਆਂ ਇਨ੍ਹਾਂ ਵਿਦਿਆਰਥਣਾਂ ਨੂੰ ਇਹ ਕੋਰਸ ਕੇਵਲ 200 ਪ੍ਰਤੀ ਮਹੀਨਾ ਦੀ ਨਾਮਾਤਰ ਫੀਸ 'ਤੇ ਕਰਵਾਇਆ ਗਿਆ। ਕੋਰਸ ਦੌਰਾਨ ਵਿਦਿਆਰਥਣਾਂ ਨੇ ਆਪਣੀ ਮਿਹਨਤ ਨਾਲ ਪ੍ਰੀਖਿਆ ਪਾਸ ਕੀਤੀ, ਜਿਸ ਉਪਰੰਤ ਅੱਜ ਉਨ੍ਹਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ ਹਨ। ਸੁਨੰਦਨ ਸ਼ਰਮਾ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੋ ਵਿਦਿਆਰਥਣਾਂ ਇਸ ਸਰਟੀਫਿਕੇਟ ਦੇ ਆਧਾਰ 'ਤੇ ਆਪਣਾ ਬਿਊਟੀ ਪਾਰਲਰ ਜਾਂ



ਕੰਪਿਊਟਰ ਸੈਂਟਰ ਖੋਲ੍ਹਣਾ ਚਾਹੁੰਦੀਆਂ ਹਨ, ਉਹ ਸਰਕਾਰ ਦੀਆਂ ਯੋਜਨਾਵਾਂ ਅਧੀਨ ਕਰਜ਼ਾ ਲੈ ਸਕਦੀਆਂ ਹਨ ਅਤੇ ਸਰਕਾਰ ਵੱਲੋਂ ਉਸ ਕਰਜ਼ੇ ਵਿੱਚ ਸਬਸਿਡੀ ਦਿੱਤੀ ਜਾਂਦੀ ਹੈ। ਕਰਜ਼ਾ ਲੈਣ ਲਈ ਇਸ ਸੰਸਥਾ ਵੱਲੋਂ ਉਨ੍ਹਾਂ ਨੂੰ ਪੂਰੀ ਮਦਦ ਦਿੱਤੀ ਜਾਵੇਗੀ। ਮੁੱਖ ਮਹਿਮਾਨ ਨਵਨੀਤ ਵਿੱਜ ਸੀਨੀਅਰ ਭਾਜਪਾ ਆਗੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਲੜਕੀਆਂ ਨੂੰ ਆਤਮਨਿਰਭਰ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਗਰੀਬ ਲੜਕੀਆਂ ਨੂੰ ਨਾ ਮਾਤਰ ਫੀਸ 'ਤੇ ਕੋਰਸ ਕਰਵਾਉਣ ਵਾਲੀਆਂ ਸੰਸਥਾਵਾਂ ਦਾ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ। ਸਮਾਗਮ ਵਿੱਚ ਜੈਨਿਥ ਟੈਕਨੋ ਸਾਫਟ ਕੰਪਿਊਟਰ ਐਜੂਕੇਸ਼ਨ ਦੇ ਅਧਿਆਪਕਾ ਮੈਡਮ ਕਿਰਨ, ਅਲਕਾ, ਪਰਮਜੀਤ ਕੌਰ, ਅਲਕਾ ਦੇਵੀ, ਜਗਰੂਪ ਕੌਰ ਅਤੇ ਰਵੀਸ਼ ਕੁਮਾਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

## ਸਰਬ ਭਾਰਤ ਨੌਜਵਾਨ ਸਭਾ ਵੱਲੋਂ ਅਮਰੀਕੀ ਤਾਨਾਸ਼ਾਹੀ ਵਿਰੁੱਧ ਰੋਸ ਪ੍ਰਦਰਸ਼ਨ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**

ਸਰਬ ਭਾਰਤ ਨੌਜਵਾਨ ਸਭਾ ਵੱਲੋਂ ਵੈਨੇਜ਼ੁਏਲਾ ਦੇ ਹੱਕ ਵਿੱਚ ਪੂਰੇ ਪੰਜਾਬ ਭਰ ਵਿੱਚ ਪ੍ਰਦਰਸ਼ਨ ਕੀਤੇ ਗਏ। ਇਸੇ ਲੜੀ ਤਹਿਤ ਵਲਟੋਹਾ ਵਿਖੇ ਸਕੱਤਰ ਵਿਸ਼ਾਲਦੀਪ ਸਿੰਘ ਵਲਟੋਹਾ ਦੀ ਅਗਵਾਈ ਵਿੱਚ ਪ੍ਰਦਰਸ਼ਨ ਕੀਤਾ ਗਿਆ ਜਿਸ ਵਿੱਚ ਜਥੇਬੰਦੀ ਦੇ ਕਾਰਕੁਨਾਂ ਨੇ ਵੈਨੇਜ਼ੁਅਲਾ ਦੇ ਰਾਸ਼ਟਰਪਤੀ ਅਤੇ ਉਥੋਂ ਦੀ ਜਨਤਾ ਨਾਲ ਅਮਰੀਕੀ ਪ੍ਰਬੰਧ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ ਵਿਰੁੱਧ ਨਾਰੇਬਾਜ਼ੀ ਕੀਤੀ ਗਈ। ਆਗੂਆਂ ਕਿਹਾ ਕਿ ਪੂਰਾ ਦੇਸ਼ ਤੇ ਦੁਨੀਆ ਇਸ ਧੱਕੇਸ਼ਾਹੀ ਦੇ ਖਿਲਾਫ ਇੱਕਜੁੱਟ ਹੈ।ਇਸ ਸਮੇਂ ਸਰਬ ਭਾਰਤ ਨੌਜਵਾਨ ਸਭਾ ਦੇ ਆਗੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਵੈਨੇਜ਼ੁਏਲਾ ਦੀ ਰਾਜਨੀਤਕ ਸਥਿਤੀ ਬਹੁਤ ਅਹਿਮ ਹੈ। ਇਹ ਦੱਖਣੀ ਅਮਰੀਕਾ ਦਾ ਅਜਿਹਾ ਦੇਸ਼ ਹੈ, ਜਿੱਥੋਂ ਪੂਰੇ ਕੈਰੇਬੀਅਨ ਉਤੇ ਤਿਰਛੀ ਨਿਗ੍ਹਾ ਰੱਖੀ ਜਾ ਸਕਦੀ ਹੈ। ਇੱਥੋਂ ਸਾਰੇ ਸਮੁੰਦਰੀ ਰਾਹ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ।ਜਨਸੰਖਿਆ ਬਹੁਤ ਘੱਟ ਹੈ।ਲੋਕ ਕਹਿੰਦੇ ਹਨ ਕਿ ਇੱਥੇ ਸਾਊਦੀ ਅਰਬ ਤੋਂ ਜ਼ਿਆਦਾ ਤੇਲ ਹੈ।ਹੁਣ ਤਾਂ ਸੋਨਾ ਵੀ ਮਿਲ ਗਿਆ ਹੈ।ਕੁਦਰਤੀ ਗੈਸ ਹੈ।ਇਸੇ ਕਰਕੇ ਯੂਰਪੀ ਯੂਨੀਅਨ ਹੋਵੇ ਜਾਂ ਅਮਰੀਕੀ ਤੇਲ ਕੰਪਨੀਆਂ ਹੋਣ, ਉਨ੍ਹਾਂ ਨੂੰ ਇਹ ਹਜ਼ਮ ਨਹੀਂ ਹੁੰਦਾ ਕਿ ਤੇਲ ਉਤੇ ਸਰਕਾਰੀ ਕੰਟਰੋਲ ਹੋਵੇ ਅਤੇ ਉਸਦਾ ਕੌਮੀਕਰਨ ਹੋਵੇ।ਉਨ੍ਹਾਂ ਅੱਗੇ ਬੋਲਦਿਆਂ ਕਿਹਾ ਕਿ ਵੈਨੇਜ਼ੁਏਲਾ ਤੋਂ ਪਹਿਲਾਂ ਵੀ ਅਮਰੀਕੀ ਹਕੂਮਤ ਦੇ ਝੰਡੇ ਹੇਠ ਸਾਜਿਸ਼ਕਰਤਾਵਾਂ ਨੇ ਬੇਅੰਤ ਬਹਾਨੇ ਬਣਾ ਕੇ ਚਿੱਲੀ, ਵੀਅਤਨਾਮ, ਇਰਾਕ, ਅਫਗਾਨਿਸਤਾਨ, ਸੀਰੀਆ ਜਿਹੇ ਅਨੇਕਾਂ ਮੁਲਕਾਂ ਨੂੰ ਆਪਣੇ ਮੁਨਾਫ਼ਿਆਂ ਦੀ ਹਵਸ ਤਹਿਤ ਤਬਾਹ ਕੀਤਾ ਹੈ। ਇਹ ਖ਼ੂਨੀ ਅਤੇ ਤਬਾਹਕੁੰਨ ਰੁਝਾਨ ਜਾਰੀ ਨਹੀਂ ਰਹਿਣਾ ਚਾਹੀਦਾ।ਸੰਸਾਰ ਦੇ ਹਰੇਕ ਚਿੰਤਨਸ਼ੀਲ ਪ੍ਰਾਣੀ ਨੂੰ, ਮੁਨਾਫ਼ਿਆਂ ਦੀ




ਇਸ ਹਵਸ ਦਾ ਜ਼ੋਰਦਾਰ ਵਿਰੋਧ ਕਰਨਾ ਚਾਹੀਦੈ ਕਿਉਂਕਿ ਇਹ ਹਵਸ ਮਨੁੱਖੀ ਵਸੋਂ ਨੂੰ ਬੁਰੀ ਤਰ੍ਹਾਂ ਨਪੀੜ ਰਹੀ ਹੈ।ਉਨ੍ਹਾਂ ਕਿਹਾ ਕਿ ਅੱਜ ਇਸ ਧੱਕੇਸ਼ਾਹੀ ਦੇ ਵਿਰੁੱਧ ਜਿੱਥੇ ਦੁਨੀਆਂ ਇੱਕਜੁੱਟ ਹੈ। ਪੂਰੀ ਦੁਨੀਆ ਦੇ ਅਲੱਗ ਅਲੱਗ ਥਾਵਾਂ ਤੇ ਅਮਰੀਕਾ ਵਿਰੋਧੀ ਪ੍ਰਦਰਸ਼ਨ ਹੋ ਰਹੇ ਹਨ ਉਥੇ ਦੇਸ਼ ਦੀ ਨੌਜਵਾਨਾਂ ਦੀ ਜਥੇਬੰਦੀ ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸਰਮਾਏਦਾਰ ਪੱਖੀ ਇਨ੍ਹਾਂ ਨੀਤੀਆਂ ਦਾ ਵਿਰੋਧ ਕਰ ਰਹੀ ਹੈ। ਅਸੀਂ ਚਾਹੁੰਦੇ ਹਾਂ ਕਿ ਇੱਥੇ ਹਰ ਮਨੁੱਖ ਖੁਸ਼ੀ ਤੇ ਖੁਸ਼ਹਾਲੀ ਭਰੀ ਜ਼ਿੰਦਗੀ ਜੀਵੇ ਅਤੇ ਸਰਮਾਏਦਾਰ ਪੱਖੀ ਜੰਗਾਂ ਬੰਦ ਹੋਣੀਆਂ ਚਾਹੀਦੀਆਂ ਹਨ। ਪ੍ਰਦਰਸ਼ਨਕਾਰੀਆਂ ਨੇ ਜਥੇਬੰਦੀ ਦੇ ਝੰਡੇ ਤੇ ਬੈਨਰ ਲੈ ਕੇ ਵੈਨੇਜ਼ੁਏਲਾ ਜ਼ਿੰਦਾਬਾਦ, ਅਮਰੀਕੀ ਸਾਮਰਾਜਵਾਦ ਮੁਰਦਾਬਾਦ ਦੇ ਨਾਅਰੇ ਲਾਉਂਦਿਆਂ ਵੈਨੇਜ਼ੁਏਲਾ ਦੇ ਹੱਕ ਵਿੱਚ ਪ੍ਰਦਰਸ਼ਨ ਕੀਤਾ।ਇਸ ਸਮੇਂ ਇਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਗੁਰਪ੍ਰਤਾਪ ਸਿੰਘ ਵਲਟੋਹਾ, ਗੁਰਲਾਲ ਸਿੰਘ ਵਲਟੋਹਾ, ਪ੍ਰਭਦੀਪ ਸਿੰਘ ਵਲਟੋਹਾ, ਗੁਰਸੇਵਕ ਸਿੰਘ, ਗੁਰਜਿੰਦਰ ਸਿੰਘ ਵਲਟੋਹਾ ਆਦਿ ਹਾਜ਼ਰ ਸਨ।

## ਹੈਲਪਿੰਗ ਹੈਂਡ ਸੁਸਾਇਟੀ ਨੇ ਅੱਖਾਂ ਦਾ ਫਰੀ ਕੈਂਪ ਲਗਾਇਆ



**ਪੱਟੀ, (ਬਲਦੇਵ ਸਿੰਘ ਸੰਧੂ)**

ਸਮਾਜ ਸੇਵਾ ਦੇ ਖੇਤਰ ਵਿੱਚ ਯੋਗਦਾਨ ਪਾ ਰਹੀ ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਪੱਟੀ ਵੱਲੋਂ ਪਿੰਡ ਨਦੋਹਰ ਵਿਖੇ ਅੱਖਾਂ ਦੀ ਜਾਂਚ ਲਈ ਮੁਫ਼ਤ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 250 ਮਰੀਜ਼ਾਂ ਦੀ ਜਾਂਚ ਕੀਤੀ ਗਈ।ਸੁਸਾਇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਪਨਗੋਟਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਸਮੇਂ-ਸਮੇਂ 'ਤੇ ਅੱਖਾਂ ਦੇ ਮੁਫ਼ਤ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਬਜ਼ੁਰਗ ਤੇ ਲੋੜਵੰਦ ਲੋਕ ਇਸ ਸੁੰਦਰ ਦੁਨੀਆ ਨੂੰ ਦੇਖ ਸਕਣ।ਇਸੇ ਲੜੀ ਤਹਿਤ ਇਹ ਕੈਂਪ ਨਦੋਹਰ ਵਿਖੇ ਗੁਰਪ੍ਰੀਤ ਸਿੰਘ ਕੈਨੇਡਾ ਅਤੇ ਉਨ੍ਹਾਂ ਦੇ ਸਾਥੀਆਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ, ਜਿਸ ਦੌਰਾਨ ਮਰੀਜ਼ਾਂ ਦੀ ਜਾਂਚ ਲੁਧਿਆਣਾ ਦੇ ਮਸ਼ਹੂਰ ਸ਼ੰਕਰਾ ਆਈ ਕੇਅਰ ਹਸਪਤਾਲ ਦੇ ਡਾਕਟਰਾਂ ਦੀ ਟੀਮ ਵੱਲੋਂ ਕੀਤੀ ਗਈ।200 ਮਰੀਜ਼ਾਂ ਨੂੰ ਐਨਕਾਂ ਵੰਡੀਆਂ ਗਈਆਂ, ਜਦਕਿ 30 ਮਰੀਜ਼ ਆਪ੍ਰੇਸ਼ਨ ਲਈ ਚੁਣੇ ਗਏ ਅਤੇ ਜਿਨ੍ਹਾਂ ਨੂੰ ਮੌਕੇ 'ਤੇ ਹਸਪਤਾਲ ਲਈ ਰਵਾਨਾ ਕਰ ਦਿੱਤਾ ਗਿਆ।ਇਸ ਮੌਕੇ ਗੁਰਪ੍ਰੀਤ ਸਿੰਘ ਕੈਨੇਡਾ ਸਿੰਘ ਨੇ ਕਿਹਾ ਕਿ ਸਮਾਜ ਸੇਵਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ।ਜੇ ਕੁਦਰਤ ਨੇ ਕਿਸੇ ਨੂੰ ਯੋਗ ਬਣਾਇਆ ਹੈ ਕਿ ਉਹ ਹੋਰਨਾਂ ਦੀ ਮਦਦ ਕਰ ਸਕੇ ਤਾਂ ਉਸ ਨੂੰ ਅੱਗੇ ਆ ਕੇ ਸਹਾਇਤਾ ਜ਼ਰੂਰ ਕਰਨੀ ਚਾਹੀਦੀ ਹੈ।ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਸੁਸਾਇਟੀ ਮੈਂਬਰ ਗੁਰਵਿੰਦਰ ਸਿੰਘ ਬਰਵਾਲਾ ਨੇ ਦੱਸਿਆ ਕਿ ਅਗਲਾ ਅੱਖਾਂ ਦਾ ਕੈਂਪ 31 ਜਨਵਰੀ ਨੂੰ ਸਰਹਾਲੀ ਪਿੰਡ ਵਿਖੇ ਲਗਾਇਆ ਜਾਵੇਗਾ।ਉਨ੍ਹਾਂ ਨੇ ਲੋੜਵੰਦ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਉਹ ਇਸ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ ਅਤੇ ਆਪਣੇ ਆਧਾਰ ਕਾਰਡ ਦੀ ਫੋਟੋ ਕਾਪੀ ਨਾਲ ਹਾਜ਼ਰ ਹੋਣ।ਇਸ ਮੌਕੇ ਗੁਰਪ੍ਰੀਤ ਕੇਨੈਡਾ ਨੇ ਆਪਣੇ ਸਾਥੀਆਂ ਜਗਰੂਪ ਸਿੰਘ ਕੈਨੇਡਾ, ਪਰਮਜੀਤ ਸਿੰਘ ਕੈਨੇਡਾ, ਗੁਰਲਾਲ ਸਿੰਘ ਯੂਐੱਸਏ, ਅੰਮ੍ਰਿਤ ਸਿੰਘ ਕੈਨੇਡਾ, ਦਿਲਪ੍ਰੀਤ ਸਿੰਘ ਕੈਨੇਡਾ, ਸਰਤਾਜ ਸਿੰਘ ਕੈਨੇਡਾ, ਪ੍ਰਜਨਦੀਪ ਸਿੰਘ, ਰਾਜਵਿਦਰ ਸਿੰਘ, ਹਰਨੂਰ ਸਿੰਘ, ਹਰਪ੍ਰੀਤ ਸਿੰਘ ਕੈਨੇਡਾ, ਗੁਰਪ੍ਰੀਤ ਸਿੰਘ ਕੈਨੇਡਾ, ਹਰਪ੍ਰੀਤ ਸਿੰਘ ਸਰਪੰਚ, ਜਸਵੰਤ ਸਿੰਘ, ਸੁਖਦੇਵ ਸਿੰਘ ਕੈਨੇਡਾ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ।ਇਸ ਮੌਕੇ ਡਾ. ਇੰਦਰਪ੍ਰੀਤ ਸਿੰਘ ਧਾਮੀ, ਕੇ. ਪੀ. ਗਿੱਲ, ਵਿਸ਼ਾਲ ਸੂਦ, ਮਾਸਟਰ ਜਸਪ੍ਰੀਤ ਸਿੰਘ, ਮਾਸਟਰ ਰਵਿੰਦਰ ਸਿੰਘ ਅਤੇ ਡਾ. ਸਰਬਪ੍ਰੀਤ ਸਿੰਘ ਵੀ ਹਾਜ਼ਰ ਸਨ।

## ਸਪੈਸ਼ਲ ਕਾਡਰ ਅਧਿਆਪਕ ਫਰੰਟ ਪੰਜਾਬ ਵੱਲੋਂ ਸੂਬਾ ਪੱਧਰੀ ਰੈਲੀ 18 ਨੂੰ : ਮੁਨੀਸ਼, ਸ਼ਾਮ ਲਾਲ

**ਪਠਾਨਕੋਟ (ਦਵਿੰਦਰ ਸਿੰਘ)**

ਸਪੈਸ਼ਲ ਕਾਡਰ ਅਧਿਆਪਕ ਫਰੰਟ ਪੰਜਾਬ ਦੀ ਸਟੇਟ ਕਮੇਟੀ ਮੈਂਬਰ ਮੁਨੀਸ਼, ਸ਼ਾਮ ਲਾਲ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਸਪੈਸ਼ਲ ਕਾਡਰ ਅਧਿਆਪਕਾਂ 'ਤੇ ਪੇ-ਸਕੇਲ ਲਾਗੂ ਅਤੇ ਹੱਕੀ ਮੰਗਾਂ ਨੂੰ ਪੂਰਾ ਕਰਵਾਉਣ ਲਈ ਸਮੂਹ ਪੰਜਾਬ ਦੇ ਸਪੈਸ਼ਲ ਕਾਡਰ ਅਧਿਆਪਕਾਂ ਵੱਲੋਂ 18 ਜਨਵਰੀ ਨੂੰ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ ਅਤੇ ਮੁੱਖ ਮੰਤਰੀ ਪੰਜਾਬ ਦੀ ਕੋਠੀ ਚੰਡੀਗੜ੍ਹ ਦਾ ਘਿਰਾਓ ਕੀਤਾ ਜਾਵੇਗਾ।ਸਿੱਖਿਆ ਮੰਤਰੀ ਪੰਜਾਬ ਵੱਲੋਂ ਮੀਟਿੰਗਾਂ ਦਾ ਸਮਾਂ ਦੇ ਕੇ ਮੀਟਿੰਗਾਂ ਤੋਂ ਇੱਕ ਦਿਨ ਪਹਿਲਾਂ ਮੀਟਿੰਗ ਰੱਦ ਕਰ ਦਿੱਤੀ ਜਾਂਦੀ ਹੈ ਜਿਸ ਕਰਕੇ ਪੂਰੇ ਪੰਜਾਬ ਦੇ ਸਪੈਸ਼ਲ ਕਾਡਰ ਅਧਿਆਪਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। 28-7-2023 ਨੂੰ ਨਿਯੁਕਤੀ ਪੱਤਰ ਦੇਣ ਤੋਂ ਬਾਅਦ ਪਿਛਲੇ ਢਾਈ ਸਾਲਾਂ ਤੋਂ ਇਨ੍ਹਾਂ ਅਧਿਆਪਕਾਂ ਦੀ ਕੋਈ ਸਾਰ ਨਹੀਂ ਲਈ ਗਈ। ਮੁੱਖ ਮੰਤਰੀ ਪੰਜਾਬ ਅਤੇ ਸਿੱਖਿਆ ਮੰਤਰੀ ਪੰਜਾਬ ਵੱਲੋਂ ਵੱਡੇ-ਵੱਡੇ ਵਾਅਦੇ ਕੀਤੇ ਗਏ ਸੀ ਕਿ ਇੱਕ ਸਾਲ ਦੇ ਅੰਦਰ ਬਾਕੀ ਰਹਿੰਦੇ ਲਾਭ ਵੀ ਦੇ ਦਿੱਤੇ ਜਾਣਗੇ ਪਰ ਨਾ ਤਾਂ ਸਿੱਖਿਆ ਮੰਤਰੀ ਪੰਜਾਬ ਵੱਲੋਂ ਅਤੇ ਨਾ ਹੀ ਵਿਭਾਗ ਵੱਲੋਂ ਕੋਈ ਇਨ੍ਹਾਂ ਅਧਿਆਪਕਾਂ ਦੀ ਸਾਰ ਲਈ ਗਈ। ਇਸੇ ਦੇ ਰੋਸ ਵਜੋਂ ਰੈਲੀ ਰੱਖੀ ਗਈ ਹੈ।ਪੰਜਾਬ ਦੇ ਸਮੂਹ ਕਾਡਰ ਨੂੰ ਬੇਨਤੀ



ਕੀਤੀ ਜਾਂਦੀ ਹੈ ਕਿ 18 ਜਨਵਰੀ ਦਿਨ ਐਤਵਾਰ ਸਮਾਂ 11 ਵਜੇ ਸਥਾਨ ਸ਼੍ਰੀ ਅੰਬ ਸਾਹਿਬ ਗੁਰਦੁਆਰਾ ਮੁਹਾਲੀ ਵਿਖੇ ਪਹੁੰਚਣ ਦੀ ਖੇਚਲ ਕੀਤੀ ਜਾਵੇ ਤਾਂ ਕਿ ਅਸੀਂ ਆਪਣੀਆਂ ਹੱਕੀ ਮੰਗਾਂ ਨੂੰ ਪੂਰਾ ਕਰਵਾ ਸਕੀਏ। ਇਸ ਮੌਕੇ ਬਲਾਕ ਪ੍ਰਧਾਨ ਅਮਿਤ, ਸ਼ਰਮਾ ਹਰਮੀਤ ਕੌਰ, ਅਜੇ ਕੁਮਾਰ, ਤਰਲੋਕ ਸਿੰਘ, ਗੁਰਪ੍ਰੀਤ, ਨੀਤੂ ਚੱਢਾ, ਪਵਨਪ੍ਰੀਤ ਕੌਰ, ਰਜਨੀ ਬਾਲਾ, ਅਰਪਨਾ, ਪੂਜਾ ਸੈਣੀ, ਰੋਹਿਤ ਕੁਮਾਰ ਆਦਿ ਹਾਜ਼ਰ ਸਨ।

## ਖ਼ਾਲਸਾ ਗਲੋਬਲ ਰੀਚ ਫ਼ਾਊਂਡੇਸ਼ਨ ਵੱਲੋਂ ਜ਼ਰੂਰਤਮੰਦ ਬੱਚੀਆਂ ਦੀ ਭਲਾਈ ਲਈ 9 ਲੱਖ ਦੇ ਚੈੱਕ ਭੇਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਗਲੋਬਲ ਰੀਚ ਫਾਊਂਡੇਸ਼ਨ (ਅਮਰੀਕਾ) ਵੱਲੋਂ ਗੁਰੂ ਨਾਨਕ ਸਿੱਖਿਆ ਸੇਵਾ ਸੋਸਾਇਟੀ (ਰਜਿ.) ਦੇ ਸਹਿਯੋਗ ਨਾਲ ਖਾਲਸਾ ਕਾਲਜ ਫ਼ਾਰ ਵੂਮੈਨ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਅਤੇ ਖ਼ਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀਆਂ ਹੋਣਹਾਰ ਅਤੇ ਜ਼ਰੂਰਤਮੰਦ ਬੱਚੀਆਂ ਦੀ ਸਹਾਇਤਾ ਲਈ ਕ੍ਰਮਵਾਰ 5, 3 ਅਤੇ 1 ਲੱਖ ਦਾ ਚੈਕ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੂੰ ਭੇਟ ਕੀਤਾ ਗਿਆ।ਸ: ਛੀਨਾ ਵੱਲੋਂ ਫਾਊਂਡੇਸ਼ਨ ਦੇ ਕੋਆਰਡੀਨੇਟਰ ਡਾ. ਸਰਬਜੀਤ ਸਿੰਘ ਹੁਸ਼ਿਆਰ ਨਗਰ ਦੁਆਰਾ ਦਿੱਤੇ ਗਏ ਉਕਤ ਵੱਖ-ਵੱਖ ਚੈਕਾਂ ਨੂੰ ਮੌਕੇ 'ਤੇ ਹੀ ਖ਼ਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ, 'ਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਅਤੇ ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਨੂੰ ਸੌਂਪ ਦਿੱਤੇ ਗਏ।ਇਸ ਮੌਕੇ ਸ: ਛੀਨਾ ਨੇ ਯੋਗ ਵਿਦਿਆਰਥਣਾਂ ਲਈ ਰਾਹਤ ਵਜੋਂ ਦਿੱਤੇ ਗਏ ਉਕਤ ਚੈਕ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਯੂ. ਐਸ. ਏ. ਤੋਂ ਫਾਊਂਡੇਸ਼ਨ ਦੇ ਸਰਪ੍ਰਸਤ ਡਾ. ਬਖਸ਼ੀਸ਼ ਸਿੰਘ ਵੱਲੋਂ ਪਹਿਲਾਂ ਵੀ ਵਿਸ਼ੇਸ਼ ਮਾਲੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।ਉਨ੍ਹਾਂ ਗਲੋਬਲ ਰੀਚ ਫ਼ਾਊਂਡੇਸ਼ਨ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਹਾਇਤਾ ਨਾਲ ਗਰੀਬ ਪਰਿਵਾਰ ਤੋਂ ਮੈਰੀਟੋਰੀਅਸ ਬੱਚੀਆਂ ਆਪਣੀ ਪੜ੍ਹਾਈ ਜਾਰੀ ਰੱਖ ਸਕਣਗੀਆਂ।ਉਨ੍ਹਾਂ ਕਿਹਾ ਕਿ ਫ਼ਾਊਂਡੇਸ਼ਨ ਦਾ ਲੋੜਵੰਦ ਬੱਚਿਆਂ ਦੀ ਭਲਾਈ ਲਈ ਕੀਤਾ ਜਾ ਰਿਹਾ ਕਾਰਜ ਸ਼ਲਾਘਾਯੋਗ ਹੈ, ਜਿਨ੍ਹਾਂ ਦਆਰਾ ਭੇਜੇ ਗਏ ਕੁਲ 9 ਲੱਖ ਦੀ ਰਕਮ ਦੇ ਵੱਖ-ਵੱਖ ਚੈਕ ਸਬੰਧਿਤ ਅਦਾਰਿਆਂ ਦੇ ਪ੍ਰਿੰਸੀਪਲਜ਼ ਨੂੰ ਪ੍ਰਦਾਨ ਕੀਤੇ ਗਏ ਹਨ।ਇਸ ਮੌਕੇ ਡਾ. ਕੁਮਾਰ, ਡਾ. ਸੁਰਿੰਦਰ ਕੌਰ ਅਤੇ ਪ੍ਰਿੰ: ਨਾਗਪਾਲ ਨੇ ਸਾਂਝੇ ਤੌਰ 'ਤੇ ਕਿਹਾ ਕਿ ਇਹ ਸਹਾਇਤਾ ਜ਼ਰੂਰਤਮੰਦ ਅਤੇ ਹੋਣਹਾਰ ਬੱਚੀਆਂ ਤੱਕ ਪਹੁੰਚੇਗੀ ਤੇ ਉਹ ਇਸ ਲਈ ਰੀਚ ਫ਼ਾਊਂਡੇਸ਼ਨ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਸ਼ੁਕਰਗੁਜ਼ਾਰ ਹਨ।ਇਸ ਮੌਕੇ ਉਨ੍ਹਾਂ ਜਾਣਕਾਰੀ ਦਿੰਦਿਆ ਦੱਸਿਆ ਕਿ ਫ਼ਾਊਂਡੇਸ਼ਨ ਵੱਲੋਂ ਉਕਤ ਰਾਸ਼ੀ ਚੈੱਕ ਸ: ਹੁਸ਼ਿਆਰ ਨਗਰ ਰਾਹੀਂ ਭੇਜੇ ਗਏ ਹਨ, ਜੋ ਕਿ ਸ: ਛੀਨਾ ਵੱਲੋਂ ਪ੍ਰਾਪਤ ਕਰ ਲਏ ਗਏ ਹਨ।ਇਸ ਮੌਕੇ ਸ: ਹੁਸ਼ਿਆਰ ਨਗਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਕਤ ਇੰਟਰਨੈਸ਼ਨਲ ਦੀ ਯੂ. ਐਸ. ਏ. ਤੋਂ ਫਾਊਂਡੇਸ਼ਨ ਦੇ ਸਰਪ੍ਰਸਤ ਡਾ. ਬਖਸ਼ੀਸ਼ ਸਿੰਘ, ਸ: ਕਾਰਜ ਸਿੰਘ, ਪ੍ਰਧਾਨ ਗੁਰਵਰਿੰਦਰ ਕੌਰ ਦਾ ਇਹ ਮਕਸਦ ਸੀ ਕਿ ਉਹ ਆਰਥਿਕ ਪੱਖੋਂ ਕਮਜ਼ੋਰ ਜ਼ਰੂਰਤਮੰਦ ਅਤੇ ਪੜ੍ਹਣ ਵਾਲੇ ਵਿਦਿਆਰਥੀਆਂ ਦੀ ਸਹਾਇਤਾ ਲਈ ਯਤਨ ਕਰਨ।ਉਨ੍ਹਾਂ ਨੇ ਖਾਲਸਾ ਕਾਲਜ ਮੈਨੇਜਮੈਂਟ ਦੇ ਵਿੱਦਿਆ ਪ੍ਰਸਾਰ ਪ੍ਰਤੀ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਹੀ ਖ਼ਾਲਸਾ ਕਾਲਜ ਸੰਸਥਾਵਾਂ ਦੀ ਮਦਦ ਲਈ ਤਿਆਰ ਹਨ।

## ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਹਿਸੀਲ ਮਜੀਠਾ ਵਿਖੇ ਕਰਵਾਇਆ 21ਵਾਂ ਧਾਰਮਿਕ ਸਮਾਗਮ

**ਮਜੀਠਾ (ਸੋਇਮ ਆਨੰਦ)**

ਨਵੇਂ ਸਾਲ ਦੀ ਆਮਦ ਅਤੇ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਹਿਸੀਲ ਮਜੀਠਾ ਵਿਖੇ 21ਵਾਂ ਸਾਲਾਨਾ ਸਮਾਗਮ ਕਾਨੂੰਗੋ ਨਰਿੰਦਰ ਕੁਮਾਰ ਅਤੇ ਦਿ ਪਟਵਾਰ ਯੂਨੀਅਨ ਮਜੀਠਾ ਦੇ ਪ੍ਰਕਾਸ਼ ਕਰਨ ਅਵਤਾਰ ਸਿੰਘ ਦੀ ਪ੍ਰੇਰਨਾ ਸਦਕਾ ਸਮੂਹ ਪਟਵਾਰ ਸਟਾਫ ਤੇ ਤਹਿਸੀਲ ਸਟਾਫ਼ ਵੱਲੋਂ ਕਰਵਾਇਆ ਗਿਆ ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਅਖੰਡ ਜਾਪ ਕਰਵਾਏ ਗਏ। ਉਪਰੰਤ ਰਾਗੀ ਜਥੇ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਜੀਵਨੀ ਤੇ ਕੀਰਤਨ ਕਰਦੇ ਹੋਏ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨ ਦਾ ਯਤਨ ਕੀਤਾ ਅਤੇ ਗੁਰੂ ਸਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਗ੍ਰੰਥੀ ਸਿੰਘ ਵੱਲੋਂ ਨਵੇਂ ਸਾਲ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ।ਕੀਰਤਨ ਤੋਂ ਬਾਅਦ ਅਤੁੱਟ ਲੰਗਰ ਵਰਤਾਇਆ ਗਿਆ।ਇਸ ਮੌਕੇ ਤਹਿਸੀਲ ਦੇ ਸਮੂਹ ਸਟਾਫ ਨੂੰ ਗੁਰਪੁਰਬ ਤੇ ਨਵੇਂ ਸਾਲ ਦੀ ਵਧਾਈ ਦਿੰਦੇ ਹੋਏ ਤਹਿਸੀਲਦਾਰ ਹਮੀਰ ਸਿੰਘ ਕਿਹਾ ਕਿ ਨਵਾਂ ਸਾਲ ਸਾਰਿਆਂ ਲਈ ਖੁਸ਼ੀਆਂ ਖੇੜਿਆਂ ਭਰਿਆ ਆਵੇ। ਇਸ ਦੌਰਾਨ ਤਹਿਸੀਲ ਮਜੀਠਾ ਦੇ ਸਮੂਹ ਸਟਾਫ, ਸਾਰੇ ਫੀਲਡ ਸਟਾਫ ਨੇ ਸ਼ਿਰਕਤ ਕੀਤੀ।ਇਸ ਮੌਕੇ ਐੱਸਡੀਐੱਮ ਪ੍ਰੀਤਇੰਦਰ ਸਿੰਘ ਬੈਂਸ, ਤਹਿਸੀਲਦਾਰ ਹਮੀਰ ਸਿੰਘ, ਨਾਇਬ ਤਹਿਸੀਲਦਾਰ ਦਰਸ਼ਨ ਸਿੰਘ, ਕਾਨੂੰਗੋ ਨਰਿੰਦਰ



ਕੁਮਾਰ, ਪੰਜਾਬ ਮੀਤ ਪ੍ਰਧਾਨ ਹਰਪਾਲ ਸਿੰਘ ਸਮਰਾ, ਮਜੀਠਾ ਪ੍ਰਧਾਨ ਕਰਨ ਅਵਤਾਰ ਸਿੰਘ, ਜਸਵਿੰਦਰ ਸਿੰਘ ਬੇਦੀ, ਮਨਵੀਰ ਸਿੰਘ ਮੱਲੀ, ਕਰਨ ਖੋਸਲਾ, ਹਰਪ੍ਰੀਤ ਸਿੰਘ, ਰਾਜਨਦੀਪ ਸਿੰਘ, ਜਸਪ੍ਰੀਤ ਸਿੰਘ, ਰੁਪਿੰਦਰ ਕੌਰ, ਮਨਦੀਪ ਕੌਰ, ਸੰਦੀਪ ਕੌਰ, ਸਰਬਜੀਤ ਕੌਰ, ਰਿਟਾ. ਕਾਨੂੰਗੋ ਰਕੇਸ਼ ਕਾਲੀਆ, ਸੁਖਵਿੰਦਰ ਸਿੰਘ, ਜਸਪਾਲ ਸਿੰਘ, ਸਤਨਾਮ ਸਿੰਘ, ਰਜੀਵ ਕੁਮਾਰ, ਸ਼ਵਿੰਦਰ ਸਿੰਘ, ਗੁਰਸ਼ਰਨ ਸਿੰਘ, ਹਰਚੰਦ ਸਿੰਘ, ਗੁਰਮੀਤ ਸਿੰਘ, ਰਜੀਵ ਕੁਮਾਰ, ਜੋਬਨਜੀਤ ਸਿੰਘ, ਸੰਜੀਵ ਕੁਮਾਰ, ਹਰਦੇਵ ਸਿੰਘ, ਰਾਜਾ ਆਦਿ ਹਾਜ਼ਰ ਸਨ।

## ਪੇਂਡੂ ਖੇਤ ਮਜ਼ਦੂਰ ਜਥੇਬੰਦੀਆਂ ਨੇ ਡੀਸੀ ਦਫਤਰ ਧਰਨਾ ਦਿੱਤਾ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਪੰਜ ਪੇਂਡੂ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੰਚ ਵੱਲੋਂ ਮਨਰੇਗਾ ਨੂੰ ਖਤਮ ਕਰਨ ਕੇ ਵਿਕਸਿਤ ਭਾਰਤ ਜੀ ਰਾਮ ਜੀ ਕਾਨੂੰਨ ਲਿਆਉਣ ਦੇ ਵਿਰੋਧ ਵਿੱਚ ਡੀਸੀ ਦਫਤਰ ਅੰਮ੍ਰਿਤਸਰ ਸਾਹਮਣੇ ਰੋਸ ਧਰਨਾ ਦਿੱਤਾ ਗਿਆ।ਇਹ ਧਰਨਾ ਜਸਬੀਰ ਸਿੰਘ ਝਬਾਲ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ, ਮੰਗਲ ਸਿੰਘ ਖੁਜਾਲਾ ਪੰਜਾਬ ਖੇਤ ਮਜ਼ਦੂਰ ਸਭਾ, ਗੁਰਨਾਮ ਸਿੰਘ ਭਿੰਡਰ ਦਿਹਾਤੀ ਮਜ਼ਦੂਰ ਸਭਾ, ਨਿਰਮਲ ਸਿੰਘ ਛੱਜਲਵੱਡੀ ਮਜ਼ਦੂਰ ਮੁਕਤੀ ਮੋਰਚਾ, ਵਿੱਕੀ ਜੌਹਲ ਪੇਂਡੂ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਮੰਡਲ ਹੇਠ ਨੂੰ ਦਿੱਤਾ ਗਿਆ।ਸਟੇਜ ਦੀ ਕਾਰਵਾਈ ਸ਼ੁਰੂ ਕਰਦਿਆਂ ਅਮਰੀਕ ਸਿੰਘ ਦਾਉਦ ਨੇ ਮਜ਼ਦੂਰਾਂ ਵੱਲੋਂ ਦਿੱਤੇ ਜਾ ਰਹੇ ਵਿਸ਼ਾਲ ਰੋਸ ਧਰਨੇ ਦੀਆਂ ਮੰਗਾਂ ਅਤੇ ਸਮੱਸਿਆਵਾਂ ਤੋਂ ਜਾਣੂ ਕਰਵਾਇਆ।ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਮਨਰੇਗਾ ਨੂੰ ਖਤਮ ਕਰਕੇ ਪੇਂਡੂ ਮਜ਼ਦੂਰਾਂ ਕੋਲੋਂ ਰੋਜ਼ਗਾਰ ਖੋਹ ਲਿਆ ਹੈ ਤੇ ਉਨ੍ਹਾਂ ਨੂੰ ਭੁੱਖਮਾਰੀ ਵੱਲ ਧੱਕ ਦਿੱਤਾ ਹੈ।ਇਸ ਦੇ ਖਿਲਾਫ ਭਾਰਤ ਦੀਆਂ ਸਮੁੱਚੀਆਂ



ਪੇਂਡੂ ਖੇਤ ਮਜ਼ਦੂਰ ਜਥੇਬੰਦੀਆਂ ਮਜ਼ਬੂਤ ਏਕਾ ਉਸਾਰ ਕੇ ਲੜਾਈ ਲੜਨ ਲਈ ਮੈਦਾਨ ਵਿੱਚ ਨਿੱਤਰ ਆਈਆਂ ਹਨ।ਉਨ੍ਹਾਂ 'ਵਿਕਸਿਤ ਭਾਰਤ ਜੀ ਰਾਮ ਜੀ' ਕਾਨੂੰਨ ਨੂੰ ਰੱਦ ਕਰਾ ਕੇ ਮਨਰੇਗਾ ਦੀ ਬਹਾਲੀ ਤੱਕ ਸੰਘਰਸ਼ ਲੜਨ ਦਾ ਐਲਾਨ ਕੀਤਾ।ਇਸ ਮੌਕੇ ਭਾਰਤ ਦੇ ਰਾਸ਼ਟਰਪਤੀ ਨੂੰ ਮੰਗ ਪੱਤਰ ਭੇਜ ਕੇ ਮਨਰੇਗਾ ਨੂੰ ਬਹਾਲ ਕਰਨ ਦੀ ਮੰਗ ਕੀਤੀ ਗਈ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਸਰਕਲ ਹਰਚੋਵਾਲ ਵੱਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ

**ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)**

ਪ੍ਰੈਕਟੀਸ਼ਨਰਜ਼ ਅਸ਼ੋਸੀਏਸ਼ਨ ਸਰਕਲ ਹਰਚੋਵਾਲ ਦੇ ਪ੍ਰਧਾਨ ਡਾਕਟਰ ਗੁਰਨੇਕ ਸਿੰਘ, ਜਨਰਲ ਸਕੱਤਰ ਡਾਕਟਰ ਸਤਨਾਮ ਸਿੰਘ ਕੰਡੀਲਾ ਅਤੇ ਸਮੂਹ ਸਾਥੀਆਂ ਵਲੋਂ ਗੁਰਦੁਆਰਾ ਛੋਟਾ ਘੱਲੂਘਾਰਾ ਸਾਹਿਬ ਹਰਚੋਵਾਲ ਵਿਖੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਕਰਵਾਇਆ। ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਉਪਰੰਤ ਰਾਗੀ ਸਿੰਘਾਂ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸਮਾਗਮ ਦੌਰਾਨ ਕਾਕਾ ਨਾਜਦੀਪ ਸਿੰਘ (ਛੋਟਾ ਘੁੱਗੀ) ਨੇ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਦੇ ਰੂਪ ਵਿੱਚ ਕਵਿਤਾ ਪੇਸ਼ ਕੀਤੀ। ਸਮਾਗਮ ਵਿੱਚ ਬਾਬਾ ਰਣਜੀਤ ਸਿੰਘ ਪੂਹਲਾ ਨੇ ਸਾਥੀਆਂ ਸਮੇਤ ਉਚੇਚੇ ਤੌਰ 'ਤੇ ਹਾਜ਼ਰੀ ਭਰੀ। ਸਰਕਲ ਪ੍ਰਧਾਨ ਡਾਕਟਰ ਗੁਰਨੇਕ ਸਿੰਘ ਨੇ ਸਮਾਗਮ ਵਿੱਚ ਪਹੁੰਚੇ ਡਾਕਟਰ ਸਾਥੀਆਂ ਅਤੇ ਸਮੂਹ ਸੰਗਤ ਦਾ ਧੰਨਵਾਦ ਕੀਤਾ। ਪ੍ਰੈਕਟੀਸ਼ਨਰਜ਼ ਅਸੋਸੀਏਸ਼ਨ ਵੱਲੋਂ ਬਾਬਾ ਰਣਜੀਤ ਸਿੰਘ ਪੂਹਲਾ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਅਸੋਸੀਏਸ਼ਨ ਸਰਕਲ ਹਰਚੋਵਾਲ ਦੇ ਪ੍ਰਧਾਨ ਡਾਕਟਰ ਗੁਰਨੇਕ ਸਿੰਘ, ਜਨਰਲ ਸਕੱਤਰ ਡਾਕਟਰ ਸਤਨਾਮ ਸਿੰਘ ਕੰਡੀਲਾ, ਡਾਕਟਰ ਬੂਟਾ ਸਿੰਘ ਭਾਗੀਨੰਗਲ, ਡਾਕਟਰ ਗੁਰਨਾਮ ਸਿੰਘ ਬਲੜਵਾਲ, ਡਾਕਟਰ ਮਲਕੀਤ ਸਿੰਘ, ਡਾਕਟਰ ਰਵਿੰਦਰ ਸਿੰਘ ਮਠੋਲਾ, ਚਤਰ ਸਿੰਘ ਅਤੇ ਸਾਥੀਆਂ ਨੇ ਪੂਰੀ ਸ਼ਰਧਾ ਨਾਲ ਸੇਵਾ ਨਿਭਾਈ। ਸਮਾਗਮ ਵਿੱਚ ਐਸੋਸੀਏਸ਼ਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਿਲਾ ਲਾਲ ਸਿੰਘ, ਜ਼ਿਲ੍ਹਾ ਪ੍ਰਧਾਨ ਡਾਕਟਰ ਪਿਆਰਾ ਸਿੰਘ ਹੰਭੋਵਾਲ, ਜ਼ਿਲ੍ਹਾ ਜਨਰਲ ਸਕੱਤਰ ਡਾਕਟਰ



ਭੁਪਿੰਦਰ ਸਿੰਘ ਗਿੱਲ, ਕੈਸ਼ੀਅਰ ਰਸ਼ਪਾਲ ਸਿੰਘ ਵਰਿਆਂ,ਸੀਨੀਅਰ ਮੀਤ ਪ੍ਰਧਾਨ ਡਾਕਟਰ ਦਿਲਬਾਗ ਸਿੰਘ ਪੰਨੂ, ਮੀਤ ਪ੍ਰਧਾਨ ਡਾਕਟਰ ਬਲਵੀਰ ਸਿੰਘ ਭਿੰਡਰ, ਡਾਕਟਰ ਗੁਰਮੇਜ ਸਿੰਘ ਤਲਵਾੜਾ, ਮੁੱਖ ਬੁਲਾਰਾ ਡਾਕਟਰ ਸੰਤੋਖ ਸਿੰਘ ਲੀਲ ਕਲਾਂ, ਸਹਾਇਕ ਕੈਸ਼ੀਅਰ ਡਾਕਟਰ ਭੁਪਿੰਦਰ ਸਿੰਘ ਬਸਰਾਵਾਂ, ਮੁੱਖ ਸਲਾਹਕਾਰ ਡਾਕਟਰ ਬਲਦੇਵ ਸਿੰਘ ਮਠੋਲਾ, ਸਹਾਇਕ ਸਲਾਹਕਾਰ ਡਾਕਟਰ ਸਤਨਾਮ ਸਿੰਘ ਮੁੱਲਾਂਵਾਲ, ਪ੍ਰੈੱਸ ਸਕੱਤਰ ਡਾਕਟਰ ਸਰਬਜੀਤ ਸਿੰਘ ਭਿੰਡਰ, ਜੁਆਇੰਟ ਸਕੱਤਰ ਡਾਕਟਰ ਕੁਲਦੀਪ ਸਿੰਘ ਦਕੋਹਾ, ਡਾਕਟਰ ਸੁਖਚੈਨ ਸਿੰਘ ਪੱਡਾ, ਡਾਕਟਰ ਬਲਵਿੰਦਰ ਸਿੰਘ ਕੋਟਲੀ ਆਦਿ ਤੋਂ ਇਲਾਵਾ ਡਾਕਟਰ ਸਾਥੀ ਸ਼ਾਮਲ ਸਨ।

## ਆਮ ਆਦਮੀ ਕਲੀਨਕਾਂ ਨੂੰ ਦਿੱਤੀ ਵੱਡੀ ਜ਼ਿੰਮੇਵਾਰੀ : ਬਲਬੀਰ ਸਿੰਘ ਪਨੂੰ

**ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ)**-ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਦਿੱਤੀਆਂ ਜਾ ਰਹੀਆਂ ਸਕੀਮਾਂ 'ਚ ਇੱਕ ਹੋਰ ਵਾਧਾ ਕਰਦੇ ਹੋਏ ਜਣੇਪਾ ਸਿਹਤ ਸੰਭਾਲ ਵਿਚ ਆਮ



ਆਦਮੀ ਕਲੀਨਕਾਂ ਨੂੰ ਵੱਡੀ ਜ਼ਿੰਮੇਵਾਰੀ ਦਿੰਦੇ ਹੋਏ ਹਰ ਮਹੀਨੇ 20 ਹਜ਼ਾਰ ਗਰਭਵਤੀ ਔਰਤਾਂ ਨੂੰ ਲਾਭ ਦਿੱਤਾ ਜਾਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਬਲਬੀਰ ਸਿੰਘ ਪੰਨੂ ਨੇ ਅੱਗੇ ਕਿਹਾ ਕਿ ਬੀਤੇ ਚਾਰ ਮਹੀਨਿਆਂ 'ਚ ਹੀ 10 ਹਜ਼ਾਰ ਔਰਤਾਂ ਨੇ ਮੁਫਤ ਅਲਟਰਾਸਾਊਂਡ ਦੀ ਸਹੂਲਤ ਲਈ ਹੈ ਜਿਸ ਨਾਲ ਸੂਬੇ ਭਰ ਦੇ ਪਰਿਵਾਰਾਂ ਨੂੰ ਇਕ ਕਰੋੜ ਤੋਂ ਵੱਧ ਦੀ ਬਚਤ ਹੋਈ ਹੈ।ਬਲਬੀਰ ਪੰਨੂ ਨੇ ਅੱਗੇ ਕਿਹਾ ਕਿ ਮਾਨ ਸਰਕਾਰ ਵੱਲੋਂ 500 ਡਾਇਗਨੋਸਟਿਕ ਸੈਂਟਰ ਸੂਚੀਬੱਧ ਕਰਕੇ ਗਰਭਵਤੀ ਮਹਿਲਾਵਾਂ ਨੂੰ ਮੁਫਤ ਸਕੈਨ ਸਹੂਲਤ ਦਿੱਤੀ ਹੈ।ਇਸ ਮੌਕੇ ਬਲਬੀਰ ਪੰਨੂ ਨੇ ਆਪਣੇ ਵਲੰਟੀਅਰਜ਼ ਨੂੰ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਨੂੰ ਘਰ-ਘਰ ਪਹੁੰਚਾਉਣ ਵਿੱਚ ਆਪਣੀ ਕੋਈ ਕਸਰ ਬਾਕੀ ਨਾ ਛੱਡਣ ਤਾਂ ਜੋ ਆਮ ਲੋਕ ਇਸ ਦਾ ਫਾਇਦਾ ਲੈ ਸਕਣ।

## ਮਾਨ ਸਰਕਾਰ ਨੇ ਕੰਢੀ ਖੇਤਰ 'ਚ 40 ਸਾਲਾਂ ਦਾ ਸੋਕਾ ਖ਼ਤਮ ਕੀਤਾ, ਟੇਲਾਂ ਤੱਕ ਪਹੁੰਚਾਇਆ ਨਹਿਰੀ ਪਾਣੀ : ਗੋਇਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਕੰਢੀ ਖੇਤਰ ਦੇ ਚਾਰ ਦਹਾਕਿਆਂ ਦੇ ਸੋਕੇ ਨੂੰ ਖ਼ਤਮ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਟੇਲਾਂ 'ਤੇ ਪੈਂਦੇ ਖੇਤਾਂ ਤੱਕ ਨਹਿਰੀ ਪਾਣੀ ਦੀ ਸਪਲਾਈ ਸਫ਼ਲਤਾਪੂਰਵਕ ਬਹਾਲ ਕਰ ਦਿੱਤੀ ਹੈ, ਜਿਸ ਨਾਲ ਨੀਮ-ਪਹਾੜੀ ਅਤੇ ਸੋਕਾ ਪ੍ਰਭਾਵਿਤ ਖੇਤਰ ਦੇ ਕਿਸਾਨਾਂ ਨੂੰ ਲੰਬੇ ਸਮੇਂ ਤੋਂ ਉਡੀਕੀ ਜਾ ਰਹੀ ਵੱਡੀ ਰਾਹਤ ਮਿਲੀ ਹੈ।238.90 ਕਰੋੜ ਰੁਪਏ ਦੀ ਲਾਗਤ ਨਾਲ ਕੰਢੀ ਨਹਿਰੀ ਨੈੱਟਵਰਕ ਦਾ ਨਵੀਨੀਕਰਨ ਮੁਕੰਮਲ ਹੋਣ ਨਾਲ ਇਸ ਖੇਤਰ ਦੇ 433 ਪਿੰਡਾਂ ਦੀ 1.25 ਲੱਖ ਏਕੜ ਖੇਤੀਬਾੜੀ ਜ਼ਮੀਨ ਨੂੰ ਸਿੰਜਾਈ ਲਈ ਹੁਣ ਨਹਿਰੀ ਪਾਣੀ ਮਿਲ ਰਿਹਾ ਹੈ।ਇਸ ਪ੍ਰਾਪਤੀ ਨਾਲ ਪੰਜਾਬ ਦੀ ਸਿੰਜਾਈ ਪ੍ਰਣਾਲੀ ਵਿੱਚ ਇੱਕ ਫ਼ੈਸਲਾਕੁੰਨ ਬਦਲਾਅ ਆਇਆ ਹੈ।ਇਸ ਪ੍ਰਾਪਤੀ ਸਬੰਧੀ ਵੇਰਵੇ ਸਾਂਝੇ ਕਰਦਿਆਂ ਜਲ ਸਰੋਤ ਅਤੇ ਭੂਮੀ ਅਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮਾਨ ਸਰਕਾਰ ਨੇ ਸਿੰਜਾਈ ਲਈ ਨਹਿਰੀ ਨੈੱਟਵਰਕ ਦੀ ਬਹਾਲੀ ਨੂੰ ਸਰਕਾਰ ਦੀ ਤਰਜੀਹ ਬਣਾਇਆ ਹੈ ਜਿਸ ਲਈ ਸਰਕਾਰ ਨੇ ਵੱਡੀ ਰਾਸ਼ੀ ਖ਼ਰਚ ਕੀਤੀ ਹੈ।ਉਨ੍ਹਾਂ ਦੱਸਿਆ ਕਿ ਖੇਤੀਬਾੜੀ ਲਈ ਸਿੰਜਾਈ ਨੂੰ ਹੋਰ ਬਿਹਤਰ ਢੰਗ ਨਾਲ ਬਹਾਲ ਕਰਨ ਲਈ ਮਾਨ ਸਰਕਾਰ ਨੇ ਨਹਿਰੀ ਪਾਣੀ ਦੀ ਵੰਡ ਲਈ ਸਿੰਜਾਈ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਪਿਛਲੀ ਕਾਂਗਰਸ ਸਰਕਾਰ ਦੇ 2019 ਤੋਂ 2022 ਤੱਕ ਦੇ ਅਰਸੇ ਵਿੱਚ ਖ਼ਰਚ ਕੀਤੀ ਕਰੀਬ 2046 ਕਰੋੜ ਰੁਪਏ ਦੀ ਰਾਸ਼ੀ ਨਾਲੋਂ ਲਗਭਗ 2.5 ਗੁਣਾ ਜ਼ਿਆਦਾ ਫੰਡ ਭਾਵ 2022 ਤੋਂ 2025 ਤੱਕ 4557 ਕਰੋੜ ਰੁਪਏ ਤੋਂ ਵੱਧ ਰਕਮ ਖ਼ਰਚ ਕੀਤੀ ਹੈ। ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਕਿਸਾਨਾਂ ਉਤੇ ਪਏ ਸਿੱਧੇ ਪ੍ਰਭਾਵ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਜਲ ਸਰੋਤ ਮੰਤਰੀ ਨੇ ਕਿਹਾ ਕਿ ਆਪ ਸਰਕਾਰ ਦੇ ਸੁਹਿਰਦ ਯਤਨਾਂ ਦੇ ਉਸਾਰੂ ਸਿੱਟੇ ਧਰਾਤਲ 'ਤੇ ਸਾਫ਼ ਨਜ਼ਰ ਆ ਰਹੇ ਹਨ।ਉਨ੍ਹਾਂ ਕਿਹਾ ਕਿ ਕਈ ਖੇਤਰਾਂ ਵਿੱਚ ਕਿਸਾਨਾਂ ਨੂੰ ਲਗਭਗ 40 ਸਾਲਾਂ ਬਾਅਦ ਨਹਿਰੀ ਪਾਣੀ ਨਸੀਬ ਹੋਇਆ ਹੈ ਜਦਕਿ ਪਿਛਲੀਆਂ ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਕਰਕੇ ਕਿਸਾਨ ਇਸ ਦੀ ਉਮੀਦ ਛੱਡੀ ਬੈਠੇ ਸਨ।ਹੋਰ ਵਿਸਥਾਰ ਦਿੰਦਿਆਂ ਉਨ੍ਹਾਂ ਦੱਸਿਆ ਕਿ ਕੰਢੀ ਖੇਤਰ ਵਿੱਚ ਨਹਿਰੀ ਪਾਣੀ ਦੀ ਥੁੜ ਦੂਰ ਹੋਈ ਹੈ।ਮੁਕੇਰੀਆਂ ਹਾਈਡਲ ਚੈਨਲ ਤੋਂ ਨਿਕਲਦੀ 463 ਕਿਊਸਿਕ ਸਮਰੱਥਾ ਵਾਲੀ ਕੰਢੀ ਨਹਿਰ (ਤਲਵਾੜਾ ਤੋਂ ਬਲਾਚੌਰ), ਜਿਸ ਦੀ ਲੰਬਾਈ 129.035 ਕਿਲੋਮੀਟਰ ਹੈ, ਦੀ ਸਟੇਜ-1 ਦੀ ਉਸਾਰੀ ਭਾਵੇਂ ਸਾਲ 1998 ਵਿੱਚ ਮੁਕੰਮਲ ਹੋਈ ਸੀ ਅਤੇ ਇਸੇ ਤਰ੍ਹਾਂ ਕੰਢੀ ਨਹਿਰ ਸਟੇਜ-2 ਤਹਿਤ (ਹੁਸ਼ਿਆਰਪੁਰ ਤੋਂ ਬਲਾਚੌਰ) ਤੱਕ ਮੇਨ ਨਹਿਰ ਦੀ ਉਸਾਰੀ ਦਾ ਕੰਮ ਸਾਲ 2016 ਵਿੱਚ ਮੁਕੰਮਲ ਹੋਇਆ ਪਰ ਇਹ ਨਹਿਰਾਂ ਖ਼ਸਤਾ ਹੋਣ ਕਰਕੇ ਅਕਸਰ ਇਨ੍ਹਾਂ ਵਿਚ ਲੀਕੇਜ/ਸੀਪੇਜ ਦੀ ਸਮੱਸਿਆ ਬਣੀ ਰਹਿੰਦੀ ਸੀ ਅਤੇ ਇਸ ਨਹਿਰੀ ਨੈਟਵਰਕ ਦਾ ਪਾਣੀ ਟੇਲਾਂ ਤੱਕ ਨਹੀਂ ਸੀ ਪੁੱਜਦਾ। ਉਨ੍ਹਾਂ ਉਚੇਚੇ ਤੌਰ ਤੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਨੇ ਇਸ ਚਿਰੋਕਣੇ ਮਸਲੇ ਨੂੰ ਤਰਜੀਹ ਦਿੱਤੀ ਅਤੇ ਤਲਵਾੜਾ ਤੋਂ ਬਲਾਚੌਰ ਤੱਕ ਨਹਿਰੀ ਪਾਣੀ ਦੀ ਪਹੁੰਚ ਨੂੰ ਯਕੀਨੀ ਬਣਾਉਣ ਲਈ 238.90 ਕਰੋੜ ਰੁਪਏ ਦਾ ਨਿਵੇਸ਼ ਕੀਤਾ ਗਿਆ ਅਤੇ ਹੁਣ ਕੰਢੀ ਨਹਿਰ ਦਾ ਪਾਣੀ ਤਲਵਾੜਾ ਤੋਂ ਬਲਾਚੌਰ ਤੱਕ ਚੱਲ ਰਿਹਾ ਹੈ, ਜੋ ਤਕਰੀਬਨ 40 ਸਾਲ ਬਾਅਦ ਟੇਲਾਂ ਤੱਕ ਪਹੁੰਚਿਆ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਨਾਲ ਹਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਿਆਂ ਦੇ ਕੁਲ 433 ਪਿੰਡਾਂ ਨੂੰ ਫ਼ਾਇਦਾ ਹੋਇਆ ਹੈ, ਜਿਸ ਨਾਲ ਦਸੂਹਾ, ਮੁਕੇਰੀਆਂ, ਟਾਂਡਾ-ਉੜਮੜ, ਸ਼ਾਮਚੁਰਾਸੀ, ਹੁਸ਼ਿਆਰਪੁਰ, ਚੱਬੇਵਾਲ, ਗੜ੍ਹਸ਼ੰਕਰ ਅਤੇ ਬਲਾਚੌਰ ਦੇ 1 ਲੱਖ 25 ਹਜ਼ਾਰ ਏਕੜ ਰਕਬੇ ਨੂੰ ਨਹਿਰੀ ਪਾਣੀ ਮਿਲ ਰਿਹਾ ਹੈ।ਕੰਢੀ ਨਹਿਰ ਸਟੇਜ-1 ਤਹਿਤ ਹੋਏ ਕੰਮਾਂ ਸਬੰਧੀ ਦੱਸਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਤਲਵਾੜਾ ਤੋਂ ਹੁਸ਼ਿਆਰਪੁਰ ਦੀ ਕੰਕਰੀਟ ਲਾਈਨਿੰਗ 120 ਕਰੋੜ ਰੁਪਏ ਦੀ ਲਾਗਤ ਨਾਲ ਪੂਰੀ ਕੀਤੀ ਗਈ ਹੈ।ਨਹਿਰ ਦੀ ਬਿਹਤਰ ਕਾਰਗੁਜ਼ਾਰੀ ਲਈ ਨਹਿਰ ਦੇ ਕੱਚੇ ਖਾਲਿਆਂ ਨੂੰ ਬਹਾਲ ਕੀਤਾ ਗਿਆ ਅਤੇ ਨਾਲ ਹੀ ਕੰਢੀ ਕੈਨਾਲ ਸਟੇਜ-1 ਅਧੀਨ ਆਉਂਦੀਆਂ 61 ਕਿਲੋਮੀਟਰ ਲੰਮੀਆਂ ਕੁਲ 11 ਡਿਸਟਰੀਬਿਊਟਰੀਆਂ ਨੂੰ ਬਹਾਲ ਕਰਨ ਦਾ ਕੰਮ ਕਰਵਾਇਆ ਗਿਆ ਜਿਸ ਨਾਲ ਹੁਸ਼ਿਆਰਪੁਰ ਦੇ 203 ਪਿੰਡਾਂ ਦੇ 28,500 ਏਕੜ ਰਕਬੇ ਨੂੰ ਲਾਭ ਹੋਇਆ। ਉਨ੍ਹਾਂ ਇਹ ਵੀ ਦੱਸਿਆ ਕਿ 417.52 ਕਿਲੋਮੀਟਰ ਨੂੰ ਕਵਰ ਕਰਨ ਵਾਲਾ 58.78 ਕਰੋੜ ਰੁਪਏ ਦਾ ਜ਼ਮੀਨਦੋਜ਼ ਪਾਈਪਲਾਈਨ ਪ੍ਰਾਜੈਕਟ ਇਸ ਮਹੀਨੇ ਪੂਰਾ ਹੋਣ ਦਾ ਟੀਚਾ ਹੈ।ਹੁਸ਼ਿਆਰਪੁਰ ਤੋਂ ਬਲਾਚੌਰ ਤੱਕ ਪੈਂਦੀ ਕੰਢੀ ਨਹਿਰ ਸਟੇਜ-2 ਦਾ ਹਵਾਲਾ ਦਿੰਦਿਆਂ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਕੰਢੀ ਖੇਤਰ ਅਧੀਨ ਆਉਂਦੇ ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਕਿਸਾਨਾਂ ਨੂੰ ਸਿੰਜਾਈ ਸਹੂਲਤਾਂ ਪ੍ਰਦਾਨ ਕਰਨ ਲਈ ਇਸ ਨਹਿਰ ਅਧੀਨ ਆਉਂਦੀਆਂ ਲਗਭਗ 42 ਕਿਲੋਮੀਟਰ ਲੰਮੀਆਂ 6 ਫਲੋਅ ਡਿਸਟਰੀਬਿਊਟਰੀਆਂ ਨੂੰ ਰੀਸਟੋਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕਾਰਜਾਂ ਨਾਲ ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ 72 ਪਿੰਡਾਂ ਦੇ 18,800 ਏਕੜ ਰਕਬੇ ਨੂੰ ਸਿੰਜਾਈ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

## ਵਿਧਾਇਕਾ ਗਨੀਵ ਕੌਰ ਮਜੀਠੀਆ ਵੱਲੋਂ ਦੁੱਖ ਦਾ ਪ੍ਰਗਟਾਵਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਧਰਮ ਪਤਨੀ ਅਤੇ ਹਲਕਾ ਮਜੀਠਾ ਤੋਂ ਵਿਧਾਇਕਾ ਬੀਬਾ ਗਨੀਵ ਕੌਰ ਮਜੀਠੀਆ ਨੇ ਹਲਕੇ ਦੇ ਪਿੰਡ ਸਾਧਪੁਰ ਵਿੱਚ ਗਿਆਨੀ ਸੁਖਦੇਵ ਸਿੰਘ ਅਤੇ ਉਨਾਂ ਦੇ ਸਪੁੱਤਰ ਪ੍ਰਿਤਪਾਲ ਸਿੰਘ ਅਤੇ ਪਿਆਰਾ ਸਿੰਘ ਭਗਤ ਅਤੇ ਉਨ੍ਹਾਂ ਦੀ ਨਹੂੰ ਜਿਨ੍ਹਾਂ ਦਾ ਬੀਤੇ ਦਿਨੀਂ ਥੋੜੇ-ਥੋੜੇ ਵਕਫ਼ੇ ਬਾਅਦ ਦਿਹਾਂਤ ਹੋ ਗਿਆ ਸੀ, ਦੇ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਨ ਲਈ ਉਨ੍ਹਾਂ ਦੇ ਘਰ ਪੁੱਜੇ। ਗਿਆਨੀ ਸੁਖਦੇਵ ਸਿੰਘ ਦੀ ਪਤਨੀ ਅਤੇ ਪ੍ਰਿਤਪਾਲ ਸਿੰਘ ਦੀ ਮਾਤਾ ਸਤਵੰਤ ਕੌਰ ਨਾਲ ਅਤੇ ਪਿਆਰਾ ਸਿੰਘ ਭਗਤ ਦੇ ਸਪੁੱਤਰ ਅਵਤਾਰ ਸਿੰਘ ਅਤੇ ਓਂਕਾਰ ਸਿੰਘ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਪਤੀ ਬਿਕਰਮ ਸਿੰਘ ਮਜੀਠੀਆ ਜੋ ਹਮੇਸ਼ਾ ਹੀ ਹਲਕੇ ਨਾਲ ਜੁੜੇ ਰਹਿੰਦੇ ਹਨ, ਨੂੰ ਵੀ ਹਲਕੇ ਵਿੱਚ ਹੋਈਆਂ ਮੌਤਾਂ 'ਤੇ ਬੇਹੱਦ ਦੁੱਖ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਰਣਧੀਰ ਸਿੰਘ ਬਾਠ ਭੋਏ, ਸਾਬਕਾ ਸਰਪੰਚ ਧਰਮ ਸਿੰਘ, ਬਾਬਾ ਦਲੇਰ ਸਿੰਘ, ਬਾਬਾ ਪਰਮਜੀਤ ਸਿੰਘ, ਸੁਵਿੰਦਰ ਸਿੰਘ ਸ਼ਿੰਦਾ, ਗਾਂਧੀ ਨਿਬਰਵਿੰਡ, ਸੁਖਦੇਵ ਸਿੰਘ ਨਿਬਰਵਿੰਡ, ਅਵਤਾਰ ਸਿੰਘ, ਸਾਬਕਾ ਮੈਂਬਰ ਰਾਜਵਿੰਦਰ ਸਿੰਘ ਸੋਨੀ, ਗੁਰਮੇਜ ਸਿੰਘ ਬਾਠ, ਸਰਵਣ ਸਿੰਘ ਦੋਧੀ, ਹਰਭਜਨ ਸਿੰਘ ਆਧੀ, ਕੁਲਵੰਤ ਸਿੰਘ, ਅਮਰਪਾਲ ਸਿੰਘ ਪਾਲੀ ਆਦਿ ਆਗੂ ਵੀ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਅੰਗਦਨੂਰ ਸਿੰਘ, ਨਵਾਂਸ਼ਹਿਰ

# ਡਿਪਟੀ ਸਪੀਕਰ ਰੌੜੀ ਵੱਲੋਂ ਵੱਖ-ਵੱਖ ਪਿੰਡਾਂ ਦੀਆਂ ਲਿੰਕ ਸੜਕਾਂ ਦਾ ਉਦਘਾਟਨ



**ਜੇਜੋਂ ਦੋਆਬਾ ( ਨਿਰਮਲ ਸਿੰਘ ਮੁੱਗੋਵਾਲ)**

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਘਾਗੋਂ ਰੋੜਾਂਵਾਲੀ, ਭੰਮੀਆਂ, ਮਹਿਤਾਬਪੁਰ, ਦੁੱਗਰੀ, ਗੜ੍ਹੀ ਮੱਟੋ, ਪਾਹਲੇਵਾਲ, ਬੀਰਮਪੁਰ, ਸਾਧੋਵਾਲ, ਸੌਲੀ, ਪੁਰਖੋਵਾਲ, ਰਾਮਪੁਰ ਬਿਲੜੋ, ਸਲੇਮਪੁਰ, ਸਤਨੌਰ, ਪੱਖੋਵਾਲ, ਪਦਰਾਣਾ, ਬਡੇਸਰੋਂ, ਅਕਾਲਗੜ੍ਹ, ਗੋਲੀਆਂ, ਭੱਜਲਾਂ, ਲੱਲੀਆਂ, ਕਾਲੇਵਾਲ, ਮੋਹਣੋਵਾਲ, ਰਾਵਲਪਿੰਡੀ, ਫ਼ਤਹਿਪੁਰ ਕਾਲਾ, ਦੇਨੋਵਾਲ ਕਾਲਾ ਅਤੇ ਡੋਗਰਪੁਰ ਦੀਆਂ ਨਵੀਆਂ ਤਿਆਰ ਕੀਤੀਆਂ ਲਿੰਕ ਸੜਕਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਉਦਘਾਟਨ ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪਿੰਡਾਂ ਦੀਆਂ ਲਿੰਕ ਸੜਕਾਂ ਪਿੰਡਾਂ ਦੀ ਤਰੱਕੀ ਲਈ ਰੀੜ੍ਹ ਦੀ ਹੱਡੀ ਹੁੰਦੀਆਂ ਹਨ। ਇਨ੍ਹਾਂ ਸੜਕਾਂ ਦੇ ਨਿਰਮਾਣ ਨਾਲ ਪਿੰਡਾਂ ਵਿੱਚ ਆਵਾਜਾਈ ਹੋਰ ਸੁਚੱਜੀ ਹੋਵੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪਿੰਡਾਂ ਨੂੰ ਸ਼ਹਿਰਾਂ ਦੀ ਤਰਜ਼ 'ਤੇ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਡਿਪਟੀ ਸਪੀਕਰ ਨੇ ਦੱਸਿਆ ਕਿ ਇਨ੍ਹਾਂ 28 ਪਿੰਡਾਂ ਦੀਆਂ ਲਿੰਕ ਸੜਕਾਂ ਦੇ ਤਿਆਰ ਹੋਣ ਨਾਲ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀਆਂ ਤੱਕ ਲਿਜਾਣ ਵਿੱਚ ਸੁਵਿਧਾ ਮਿਲੇਗੀ, ਵਿਦਿਆਰਥੀਆਂ ਲਈ ਸਕੂਲਾਂ ਅਤੇ ਕਾਲਜਾਂ ਤੱਕ ਪਹੁੰਚ ਆਸਾਨ ਹੋਵੇਗੀ ਅਤੇ ਆਮ ਲੋਕਾਂ ਦਾ ਸਮਾਂ ਤੇ ਖਰਚ ਦੋਵੇਂ ਬਚਣਗੇ। ਉਨ੍ਹਾਂ ਕਿਹਾ ਕਿ ਮਜ਼ਬੂਤ ਸੜਕਾਂ ਨਾ ਸਿਰਫ਼ ਵਿਕਾਸ ਦਾ ਪ੍ਰਤੀਕ ਹੁੰਦੀਆਂ ਹਨ, ਸਗੋਂ ਪਿੰਡਾਂ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਹਲਕਾ ਗੜ੍ਹਸ਼ੰਕਰ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਚਾਹੇ ਸਿੱਖਿਆ ਹੋਵੇ, ਸਿਹਤ ਸਹੂਲਤਾਂ, ਪਾਣੀ, ਬਿਜਲੀ ਜਾਂ ਸੜਕਾਂ—ਹਰ ਖੇਤਰ ਵਿੱਚ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਸਰਕਾਰ ਦਾ ਮੁੱਖ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਪਿੰਡ ਦਾ ਹਰ ਵਾਸੀ ਵਿਕਾਸ ਦਾ ਸਿੱਧਾ ਲਾਭ ਪ੍ਰਾਪਤ ਕਰੇ।ਸਮਾਗਮ ਦੌਰਾਨ ਸਥਾਨਕ ਲੋਕਾਂ ਅਤੇ ਪਿੰਡਾਂ ਦੇ ਨੁਮਾਇੰਦਿਆਂ ਵੱਲੋਂ ਡਿਪਟੀ ਸਪੀਕਰ ਰੌੜੀ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਦੀਪ ਸਿੰਘ ਸੈਣੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਇੰਦਰਜੀਤ ਸਿੰਘ ਬਰਿਆਣਾ, ਡਾ. ਹਰਭਜਨ ਮਹਿਮੀ, ਬਲਾਕ ਸਮਿਤੀ ਮੈਂਬਰ ਡਾ. ਪਰਮਜੀਤ ਪਾਲ, ਮਨਜੀਤ ਕੌਰ, ਸਰਪੰਚ ਜੁਝਾਰ ਸਿੰਘ ਨਾਗਰਾ, ਨੰਬਰਦਾਰ ਹਰੀ ਕ੍ਰਿਸ਼ਨ ਸਿੰਘ ਗੰਗੜ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ, ਪਾਰਟੀ ਆਗੂ, ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਬਿਜਲੀ ਦੀਆਂ ਤਾਰਾਂ ਪਿੰਡ ਦੀਆਂ ਗਲੀਆਂ 'ਚ ਪਾਉਣ ਦੀਆਂ ਕੋਸ਼ਿਸ਼ਾਂ ਦਾ ਵਿਰੋਧ

**ਮੋਹਾਲੀ (ਗੁਰਜੀਤ ਬਿੱਲਾ)**-ਬਿਲਡਰ ਜੁਬਲੀ ਪਾਰਕ ਲੇਨ ਜਿਸ ਨੇ ਦਾਊ ਪਿੰਡ ਦੀ ਮਿਨਰਵਾ ਅਕੈਡਮੀ ਜੋ ਕਿ ਰੂਪਨ ਦਿਓਲ ਬਜਾਜ ਰਿਟਾਇਰਡ ਆਈ ਏ ਐੱਸ ਅਫਸਰ ਦੀ ਜਮੀਨ ਸੀ ਉੱਥੇ ਆਪਣਾ ਹਾਊਸਿੰਗ ਪ੍ਰੋਜੈਕਟ ਬਣਾਇਆ ਹੋਇਆ ਹੈ। ਆਪਣੇ ਹਾਊਸਿੰਗ ਪ੍ਰੋਜੈਕਟ ਦੇ ਕੁਝ ਪਲਾਟਾਂ ਵਿੱਚੋ 11 ਹਜ਼ਾਰ ਵੋਲਟ ਦੀਆਂ ਤਾਰਾਂ ਨੂੰ ਨਾਜਾਇਜ਼ ਤਰੀਕੇ ਨਾਲ ਪਿੰਡ ਦਾਊਂ ਦੇ ਚਲਦੇ ਆਮ ਰਸਤੇ ਵਿੱਚ ਪਾਉਣ ਦੀ ਮੁੜ ਕੋਸ਼ਿਸ਼ ਵਿੱਚ ਹਨ। ਜਿਸ ਰਸਤੇ ਵਿੱਚ ਉਹ ਤਾਰਾਂ ਪਾਉਣਾ ਚਾਹੁੰਦੇ ਹਨ ਉੱਥੇ ਗਰੀਬ ਲੋਕਾਂ ਦੇ ਇੱਕ ਮਰਲੇ ਤੋਂ ਘੱਟ ਦੇ ਪਲਾਟ ਹਨ ਅਤੇ ਸੜਕ ਦੇ ਵਿੱਚ ਪਾਣੀ ਦੇ ਪਾਈਪ ਅਤੇ ਸੀਵਰੇਜ ਦੇ ਪਾਈਪ ਵੀ ਪਾਏ ਜਾਣੇ ਹਨ। ਜੇਕਰ ਜੁਬਲੀ ਪਾਰਕ ਲੇਨ ਆਪਣੇ ਦੋ ਤਿੰਨ ਪਲਾਟਾਂ ਨੂੰ ਬਚਾਉਣ ਲਈ ਦਾਊ ਪਿੰਡ ਦੇ ਆਮ ਰਸਤੇ ਵਿੱਚ ਤਾਰਾ ਦੱਬ ਦਿੰਦੀ ਹੈ ਤਾਂ ਲੋਕਾਂ ਦੇ ਜਾਨ ਅਤੇ ਮਾਲ ਨੂੰ ਖਤਰਾ ਬਣੇਗਾ। ਇਸ ਤੋਂ ਪਹਿਲਾਂ ਵੀ ਕੰਪਨੀ ਦੇ ਬੰਦੇ ਅਤੇ ਕੁਝ ਅਣਪਛਾਤੇ ਗੁੰਡੇ ਧੱਕੇ ਨਾਲ ਪਿੰਡ ਵਾਲਿਆਂ ਤੇ ਹਮਲਾ ਕਰਕੇ ਤਾਰਾਂ ਪਾਉਣ ਦੀ ਕੋਸ਼ਿਸ਼ ਕਰ ਚੁੱਕੇ ਹਨ ਜਿਸ ਨੂੰ ਪਿੰਡ ਵਾਲਿਆਂ ਨੇ ਅਸਫਲ ਕਰ ਦਿੱਤਾ ਸੀ। ਹਮਲੇ ਦੀਆਂ ਸਿਕਾਇਤਾਂ ਵੀ ਪੁਲਿਸ ਨੂੰ ਕੀਤੀਆਂ ਹੋਇਆ ਹਨ ਜਿਸ ਤੇ ਪੁਲਿਸ ਨੇ ਕੋਈ ਕਾਰਵਾਈ ਨਹੀਂ ਕੀਤੀ। ਫੇਰ ਤਾਰਾਂ ਦਾ ਕੰਮ ਰੋਕਣ ਲਈ ਪਿੰਡ ਵਾਲਿਆਂ ਨੇ ਅਦਾਲਤ ਵਿੱਚ ਕੇਸ ਦਾਇਰ ਕੀਤਾ ਹੋਇਆ ਹੈ।ਸਮੂਹ ਪਿੰਡ ਵਾਲੇ ਪ੍ਰਸ਼ਾਸਨ ਅਤੇ ਸਰਕਾਰ ਨੂੰ ਮੰਗ ਕਰਦੇ ਹਾਂ ਕਿ ਪ੍ਰਾਈਵੇਟ ਬਿਲਡਰ ਵੱਲੋਂ ਕੀਤੇ ਜਾ ਰਹੇ ਇਸ ਧੱਕੇ ਨੂੰ ਤੁਰੰਤ ਰੋਕਿਆ ਜਾਵੇ ਅਤੇ ਪਿੰਡ ਦੀ ਅਧੂਰੀ ਸੜਕ ਨੂੰ ਮਾਘੀ ਮੇਲੇ ਤੋਂ ਪਹਿਲਾਂ ਬਣਾਇਆ ਜਾਵੇ ਤੇ ਪੁਲਸ ਕੋਲ ਕੰਪਨੀ ਖਿਲਾਫ ਜਿੰਨੀਆ ਵੀ ਸਿਕਾਇਤਾਂ ਪਹੁੰਚਿਆ ਹਨ ਉਹਨਾਂ ਤੇ ਬਨਦੀ ਕਰਵਾਈ ਕੀਤੀ ਜਾਵੇ।

# ਖੈਰ ਦੇ ਰੁੱਖਾਂ ਦੀ ਕਟਾਈ ਕਰਨ ਵਾਲੇ ਗਰੋਹ ਦਾ ਪਰਦਾਫਾਸ਼; 3 ਕਾਬੂ, 3 ਫਰਾਰ

**ਬਲਾਚੌਰ (ਜਸਵਿੰਦਰ ਬੈਂਸ)**

ਬਲਾਚੌਰ ਸਦਰ ਥਾਣਾ ਪੁਲਸ ਨੇ ਵਣ ਵਿਭਾਗ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਲੋਹਟਾਂ ਡਰੇਨ ਤੋਂ ਸਰਕਾਰੀ ਖੈਰ ਦੇ ਰੁੱਖਾਂ ਦੀ ਨਜਾਇਜ਼ ਕਟਾਈ ਅਤੇ ਚੋਰੀ ਕਰਨ ਦੇ ਦੋਸ਼ ਵਿੱਚ ਤਿੰਨ ਵਿਅਕਤੀਆਂ ਨੂੰ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਪੁਲਸ ਨੇ ਮੌਕੇ ਤੋਂ ਚੋਰੀ ਕੀਤੇ ਖੈਰ ਦੇ 15 ਪੀਸ ਅਤੇ ਇੱਕ ਮਹਿੰਦਰਾ ਪਿੱਕਅੱਪ ਗੱਡੀ ਵੀ ਬਰਾਮਦ ਕੀਤੀ ਹੈ। ਵਣ ਬਲਾਕ ਅਫਸਰ ਬਲਾਚੌਰ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ, 4 ਜਨਵਰੀ ਦੀ ਦਰਮਿਆਨੀ ਰਾਤ ਨੂੰ ਕਰੀਬ 3:00 ਵਜੇ ਸੂਚਨਾ ਮਿਲੀ ਸੀ ਕਿ ਲੋਹਟਾਂ ਡਰੇਨ ਕੋਲ ਸਰਕਾਰੀ ਰੁੱਖਾਂ ਦੀ ਕਟਾਈ ਹੋ ਰਹੀ ਹੈ। ਜਦੋਂ ਵਣ ਵਿਭਾਗ ਦੀ ਟੀਮ ਨੇ ਮੌਕੇ 'ਤੇ ਛਾਪੇਮਾਰੀ ਕੀਤੀ, ਤਾਂ ਉੱਥੇ ਛੇ ਵਿਅਕਤੀ ਗੱਡੀ ਵਿੱਚ ਖੈਰ ਦੀ ਲੱਕੜ ਲੱਦ ਰਹੇ ਸਨ। ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ ਤਿੰਨ ਮੁਲਜ਼ਮਾਂ ਨੂੰ ਮੌਕੇ 'ਤੇ ਹੀ ਦਬੋਚ ਲਿਆ, ਜਦਕਿ ਤਿੰਨ ਹੋਰ ਹਨੇਰੇ ਦਾ ਫਾਇਦਾ ਉਠਾ ਕੇ ਫਰਾਰ ਹੋ ਗਏ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ?ਸਰਵਨ ਸਿੰਘ ਪੁੱਤਰ ਮਹਿੰਦਰ ਸਿੰਘ (ਵਾਸੀ ਮਿਆਂਪੁਰ ਚੰਗਰ, ਮਾਜਰੀ, ਮੋਹਾਲੀ), ਗੁਰਜੀਤ ਸਿੰਘ ਪੁੱਤਰ ਗੁਰਮੁਖ ਸਿੰਘ (ਵਾਸੀ ਪੁਰਖਾਲੀ, ਰੂਪਨਗਰ) ਜਰਨੈਲ ਸਿੰਘ ਪੁੱਤਰ ਪ੍ਰੇਮ ਸਿੰਘ (ਵਾਸੀ ਹਿਰਦਾਪੁਰ, ਰੂਪਨਗਰ)। ਥਾਣਾ ਬਲਾਚੌਰ ਦੇ ਐਚ.ਸੀ (83) ਤਰਨਜੀਤ ਸਿੰਘ ਨੇ ਦੱਸਿਆ ਕਿ ਵਣ ਵਿਭਾਗ ਦੀ ਦਰਖਾਸਤ ਦੇ ਆਧਾਰ 'ਤੇ ਉਪਰੋਕਤ ਤਿੰਨੋਂ ਵਿਅਕਤੀਆਂ ਅਤੇ ਉਨ੍ਹਾਂ ਦੇ ਤਿੰਨ ਫਰਾਰ ਸਾਥੀਆਂ ਖਿਲਾਫ ਭਾਰਤੀ ਵਣ ਐਕਟ (961 1927) ਦੀਆਂ ਧਾਰਾਵਾਂ 29, 30, 32, 33 ਅਤੇ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 303(2), 317(2), 3(5) ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਪੁਲਸ ਵੱਲੋਂ ਫਰਾਰ ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਮਾਮਲੇ ਦੀ ਅਗਲੇਰੀ ਤਫਤੀਸ਼ ਜਾਰੀ ਹੈ।



# ਪਲੇਸਮੈਂਟ ਕੈਂਪ ਅੱਜ

**ਮੋਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐੱਸ ਏ ਐੱਸ ਨਗਰ ਵੱਲੋਂ 8 ਜਨਵਰੀ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ.461, ਤੀਜੀ ਮੰਜਿਲ, ਸੈਕਟਰ-76 ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਦਾ ਸਮਾਂ ਸਵੇਰ 10:00 ਵਜੇ ਤੋਂ ਦੁਪਿਹਰ 01.00 ਵਜੇ ਤੱਕ ਹੋਵੇਗਾ।

# ਖੇਤਾਂ 'ਚੋਂ ਨੌਜਵਾਨ ਦੀ ਮਿਲੀ ਲਾਸ਼

**ਕਪੂਰਥਲਾ (ਮਨਜੀਤ ਮਾਨ, ਪ੍ਰੀਤ ਸੰਗੋਜਲਾ)**-ਕਾਂਜਲੀ ਰੋਡ ਕਪੂਰਥਲਾ 'ਤੇ ਸਥਿਤ ਸੁੱਖ ਸਾਗਰ ਕਲੋਨੀ ਨੇੜੇ ਖੇਤਾਂ ਵਿਚ ਇਕ ਨੌਜਵਾਨ ਦੀ ਲਾਸ਼ ਬਰਾਮਦ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਦੇ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਦਾ ਲੜਕਾ ਸਾਗਰ ਜੋ ਕਿ ਬੀਤੇ ਦੋ ਦਿਨ ਤੋਂ ਲਾਪਤਾ ਸੀ ਅਤੇ ਉਹ ਆਪਣੀ ਭੈਣ ਦੇ ਪਿੰਡ ਡੱਲੇ ਤੋਂ ਬੱਸ ਵਿਚ ਸਵਾਰ ਹੋ ਕੇ ਕਪੂਰਥਲਾ ਵੱਲ ਨੂੰ ਆਇਆ ਸੀ, ਜਿਸ ਨੇ ਦਰਾਜ ਵਿਚ ਜਾਣਾ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਨ੍ਹਾਂ ਵਲੋਂ ਥਾਣਾ ਸਿਟੀ ਨੂੰ ਦਰਖਾਸਤ ਵੀ ਦਿੱਤੀ ਸੀ। ਇਸ ਸਬੰਧੀ ਜਦੋਂ ਥਾਣਾ ਸਿਟੀ ਦੇ ਏ ਐੱਸ ਆਈ ਬਲਦੇਵ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਉਨ੍ਹਾਂ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਖੇਤਾਂ ਵਿਚ ਨੌਜਵਾਨ ਦੀ ਲਾਸ਼ ਬਰਾਮਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਪਹਿਚਾਣ ਸਾਗਰ ਪੁੱਤਰ ਸੁਰਿੰਦਰਪਾਲ ਵਾਸੀ ਨਡਾਲੀ ਥਾਣਾ ਬੇਗੋਵਾਲ ਵਜੋਂ ਹੋਈ ਹੈ ਤੇ ਮ੍ਰਿਤਕ ਨੌਜਵਾਨ ਦੀ ਲਾਸ਼ ਨੂੰ ਸਿਵਲ ਹਸਪਤਾਲ ਕਪੂਰਥਲਾ ਵਿਖੇ ਰਖਵਾ ਦਿੱਤਾ ਗਿਆ ਹੈ ਅਤੇ ਪੋਸਟਮਾਰਟਮ ਉਪਰੰਤ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਜਾਵੇਗੀ।



# ਪੰਜਾਬ ਸਰਕਾਰ ਪ੍ਰਤੀ ਪਰਵਾਰ 10 ਲੱਖ ਤੱਕ ਦਾ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨ ਲਈ ਵਚਨਬੱਧ : ਡਾ. ਬਲਬੀਰ ਸਿੰਘ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਪੰਜਾਬ ਸਰਕਾਰ ਵੱਲੋਂ ਜਲਦ ਲਾਗੂ ਕੀਤੀ ਜਾਣ ਵਾਲੀ 10 ਲੱਖ ਰੁਪਏ ਦੇ ਨਕਦੀ ਰਹਿਤ ਸਿਹਤ ਬੀਮਾ ਪਹਿਲਕਦਮੀ ਦੇ ਵਿਸਥਾਰ ਨਾਲ ਇੱਕ ਮਹੱਤਵਪੂਰਨ ਕਦਮ ਤਹਿਤ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪ੍ਰਮੁੱਖ ਨਿੱਜੀ ਹਸਪਤਾਲਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ (ਐੱਮ ਐੱਮ ਐੱਸ ਵਾਈ) ਅਧੀਨ ਸੂਚੀਬੱਧ ਹੋ ਕੇ ਪੰਜਾਬ ਦੇ ਲੋਕਾਂ ਨੂੰ ਵਿਆਪਕ ਸਿਹਤ ਕਵਰੇਜ ਪ੍ਰਦਾਨ ਕਰਨ ਸਬੰਧੀ ਪੰਜਾਬ ਸਰਕਾਰ ਦੇ ਇਸ ਨੇਕ ਉਪਰਾਲੇ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਸੂਬੇ ਦੇ ਹਰ ਪਰਵਾਰ ਨੂੰ ਮਿਆਰੀ ਅਤੇ ਨਕਦੀ ਰਹਿਤ ਸਿਹਤ ਸੰਭਾਲ ਸੇਵਾਵਾਂ ਤੱਕ ਪਹੁੰਚ ਪ੍ਰਧਾਨ ਕਰਨ ਸਬੰਧੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ। ਐਮ.ਐਮ.ਐਸ.ਵਾਈ. ਤਹਿਤ ਪ੍ਰਤੀ ਪਰਵਾਰ 10 ਲੱਖ ਰੁਪਏ ਦਾ ਸਿਹਤ ਬੀਮਾ ਕਵਰ ਪ੍ਰਦਾਨ ਕੀਤਾ ਜਾ ਰਿਹਾ ਹੈ, ਜਿਸਦਾ ਉਦੇਸ਼ ਆਮ ਆਦਮੀ ਦੇ ਮੋਢਿਆਂ ਤੋਂ ਡਾਕਟਰੀ ਇਲਾਜ ਦੇ ਵਿੱਤੀ ਬੋਝ ਨੂੰ ਦੂਰ ਕਰਨਾ ਹੈ।

# ਜ਼ਿਲ੍ਹਾ ਟ੍ਰੈਫਿਕ ਪੁਲਸ ਵੱਲੋਂ ਟ੍ਰੈਫਿਕ ਨਿਯਮਾਂ ਪ੍ਰਤੀ ਕੀਤਾ ਜਾਗਰੂਕ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੇ ਮੁਖੀ ਤੁਸ਼ਾਰ ਗੁਪਤਾ ਅਤੇ ਡੀ ਐਸ ਪੀ ਸੁਰਿੰਦਰ ਚਾਂਦ ਦੀ ਅਗਵਾਈ ਹੇਠ ਸ਼ਹਿਰ ਦੇ ਵੱਖ ਵੱਖ ਥਾਈਂ ਜਿਵੇਂ ਬੱਸ ਅੱਡਾ ਨਵਾਂਸ਼ਹਿਰ, ਟੈਕਸੀ ਯੂਨੀਅਨ ਨਵਾਂਸ਼ਹਿਰ, ਚੰਡੀਗੜ੍ਹ ਚੌਂਕ, ਬੰਗਾ ਰੋਡ ਸ਼ੂਗਰ ਮਿੱਲ ਆਦਿ ਵਿਖੇ ਟ੍ਰੈਫਿਕ ਨਿਯਮਾਂ ਦੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਜਿਸ ਵਿਚ ਜ਼ਿਲ੍ਹਾ ਟ੍ਰੈਫਿਕ ਇੰਚਾਰਜ ਏ ਐਸ ਆਈ ਸੁਭਾਸ਼ ਚੰਦਰ, ਜ਼ਿਲ੍ਹਾ ਟ੍ਰੈਫਿਕ ਐਜੂਕੇਸ਼ਨ ਸੈਲ ਦੇ ਇੰਚਾਰਜ ਏ ਐਸ ਆਈ ਪ੍ਰਵੀਨ ਕੁਮਾਰ, ਏ ਐਸ ਆਈ ਦਿਲਾਵਰ ਅਤੇ ਏ ਐਸ ਆਈ ਸੁਨੀਲ ਦੱਤ ਦੀ ਵਿਸ਼ੇਸ਼ ਟੀਮ ਵੱਲੋਂ ਉਕਤ ਸਾਰੀਆਂ ਥਾਵਾਂ ਤੇ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਦੇ ਬੈਨਰ ਹੇਠ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਜ਼ਿਲ੍ਹਾ ਟਰੈਫਿਕ ਇੰਚਾਰਜ ਸੁਭਾਸ਼ ਚੰਦਰ ਅਤੇ ਜ਼ਿਲ੍ਹਾ ਟਰੈਫਿਕ ਐਜੂਕੇਸ਼ਨ ਸੈਲ ਦੇ ਇੰਚਾਰਜ ਪ੍ਰਵੀਨ ਕੁਮਾਰ ਨੇ ਟੈਕਸੀ ਸਟੈਂਡ ਅਤੇ ਬੱਸ ਅੱਡਾ ਨਵਾਂਸ਼ਹਿਰ ਵਿਖੇ ਡਰਾਈਵਰ ਭਾਈਚਾਰੇ ਨੂੰ ਧੁੰਦ ਦੌਰਾਨ ਆਪਣੇ ਵਾਹਨਾਂ ਦੀਆਂ ਲਾਈਟਾਂ ਦੀ ਪੂਰੀ ਤੇ ਸਹੀ ਵਰਤੋਂ ਅਤੇ ਸੜਕ ਤੇ ਨਿਰਧਾਰਤ ਫਾਸਲੇ ਨਾਲ ਵਾਹਨਾਂ ਦੀ ਗਤੀ ਸੀਮਾ ਰੱਖਣਾ ਆਦਿ ਤੋਂ ਇਲਾਵਾ ਨਸ਼ਾ ਰਹਿਤ ਰਹਿ ਕੇ ਟੈਕਸੀ, ਬੱਸਾਂ ਅਤੇ ਬਾਕੀ ਵਾਹਨ ਚਲਾਉਣ ਲਈ ਜਾਗਰੂਕ ਕੀਤਾ। ਜ਼ਿਲ੍ਹਾ ਟਰੈਫਿਕ ਪੁਲਸ ਵੱਲੋਂ ਬੰਗਾ ਰੋਡ ਸਥਿਤ ਸ਼ੂਗਰ ਮਿੱਲ ਵਿਖੇ ਕਿਸਾਨਾਂ ਦੀਆਂ ਟਰਾਲੀਆਂ 'ਤੇ ਰਿਫਲੈਕਟਰ ਲਗਾਏ ਗਏ ਅਤੇ ਕਿਹਾ ਕਿ ਸੰਘਣੀ ਧੁੰਦ ਦੌਰਾਨ ਸਾਨੂੰ ਸੜਕ ਦੇ ਇੱਕ ਪਾਸੇ ਆਰਾਮ ਨਾਲ ਚੱਲਣਾ ਚਾਹੀਦਾ ਹੈ ਤਾਂ ਕਿ ਕੋਈ ਹਾਦਸਾ ਨਾ ਵਾਪਰ ਸਕੇ।ਇਸ ਤੋਂ ਇਲਾਵਾ ਟ੍ਰੈਫਿਕ ਪੁਲਸ ਦੀ ਟੀਮ ਵੱਲੋਂ ਚੰਡੀਗੜ੍ਹ ਚੌਂਕ ਸਥਿਤ ਲੱਗੀਆਂ ਟ੍ਰੈਫਿਕ ਲਾਈਟਾਂ ਸਬੰਧੀ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਜਾਗਰੂਕ ਕੀਤਾ ਗਿਆ।ਏ ਐਸ ਆਈ ਪ੍ਰਵੀਨ ਕੁਮਾਰ ਅਤੇ ਏ ਐਸ ਆਈ ਸੁਭਾਸ਼ ਚੰਦਰ ਨੇ ਲੋਕਾਂ ਨੂੰ ਕਿਹਾ ਕਿ ਸਾਨੂੰ ਵਾਹਨਾਂ ਨੂੰ ਚਲਾਉਣ ਸਮੇਂ ਕਾਹਲੀ ਨਹੀਂ ਕਰਨੀ ਚਾਹੀਦੀ ।



# ਮੰਜੂ ਰਾਣਾ ਖਿਲਾਫ ਕਪੂਰਥਲਾ ਬੰਦ ਨੂੰ ਮਿਲਿਆ ਭਰਵਾਂ ਹੁਗਾਰਾ



**ਕਪੂਰਥਲਾ (ਪ੍ਰੀਤ ਸੰਗੋਜਲਾ)**

ਪਿਛਲੇ ਕੁਝ ਮਹੀਨੇ ਪਹਿਲਾਂ ਸਾਬਕਾ ਹਲਕਾ ਇੰਚਾਰਜ ਕਪੂਰਥਲਾ ਮੈਡਮ ਮੰਜੂ ਰਾਣਾ ਵੱਲੋਂ ਮੰਦਰ ਭਗਵਾਨ ਵਾਲਮੀਕੀ ਜੀ ਮਨਸੂਰਵਾਲ ਵਿਖੇ ਦਲਿਤ ਸਮਾਜ ਨਾਲ ਸਬੰਧਤ ਨੇਤਾਵਾਂ ਨੂੰ ਜਾਤੀਸੂਚਕ, ਨਾ ਸਹਿਯੋਗ ਸ਼ਬਦ ਵਰਤ ਕੇ ਉਨ੍ਹਾਂ ਅਤੇ ਉਨ੍ਹਾਂ ਦੀ ਜਾਤੀ ਪ੍ਰਤੀ ਸ਼ਬਦਾਂ ਰਾਹੀਂ ਅਪਮਾਨਤ ਕੀਤਾ ਸੀ।ਇਸ ਸਬੰਧ ਵਿੱਚ ਦਲਿਤ ਸਮਾਜ ਦੇ ਨੇਤਾਵਾਂ ਨੇ ਕਪੂਰਥਲਾ ਪੁਲਸ ਨੂੰ ਲਿਖਤੀ ਸ਼ਿਕਾਇਤ ਦੇ ਕੇ ਉਨ੍ਹਾਂ ਖ਼ਿਲਾਫ਼ ਐਸ ਸੀ ਐਕਟ ਅਤੇ ਹੋਰ ਧਾਰਾਵਾਂ ਤਹਿਤ ਮਾਮਲਾ ਦਰਜ ਕਰਨ ਦੀ ਮੰਗ ਉਠਾਈ ਸੀ। ਇਸ ਤੋਂ ਬਾਅਦ ਸਮੂਹ ਦਲਿਤ ਸਮਾਜ ਵੱਲੋਂ ਪਿਛਲੇ ਸਾਲ 26 ਦਸੰਬਰ ਨੂੰ ਕਪੂਰਥਲਾ ਬੰਦ ਦੀ ਕਾਲ ਦਿੱਤੀ ਗਈ ਸੀ।ਸਮੂਹ ਦਲਿਤ ਸਮਾਜ ਦੀ ਬੰਦ ਦੀ ਕਾਲ ਨੂੰ ਦੇਖਦਿਆਂ ਜ਼ਿਲ੍ਹਾ ਕਪੂਰਥਲਾ ਪੁਲਸ ਪ੍ਰਸ਼ਾਸਨ ਅਤੇ ਸਿਵਲ ਪ੍ਰਸ਼ਾਸਨਿਕ ਤੰਤਰ ਵੱਲੋਂ ਦਲਿਤ ਸਮਾਜ ਦੇ ਨੇਤਾਵਾਂ ਕੋਲੋਂ ਕੁਝ ਦਿਨਾਂ ਦਾ ਸਮਾਂ ਮੰਗਿਆ ਗਿਆ ਸੀ ਅਤੇ ਤਤਕਾਲੀ ਸਾਬਕਾ ਹਲਕਾ ਇੰਚਾਰਜ ਮੈਡਮ ਮੰਜੂ ਰਾਣਾ ਖ਼ਿਲਾਫ਼ ਕਾਨੂੰਨੀ ਮਾਮਲਾ ਦਰਜ ਕਰਨ ਦਾ ਭਰੋਸਾ ਦਿੱਤਾ ਗਿਆ ਸੀ । ਜਿਸ ਕਰਕੇ ਦਲਿਤ ਸਮਾਜ ਦੇ ਲੋਕਾਂ ਨੇ ਕਪੂਰਥਲਾ ਬੰਦ ਦੀ ਮਿਤੀ ਅੱਗੇ ਵਧਾਉਂਦਿਆਂ 6 ਜਨਵਰੀ ਕਰ ਦਿੱਤੀ। ਇਸ ਕੜੀ ਹੇਠ ਸਮੂਹ ਦਲਿਤ ਸਮਾਜ ਦੇ ਨੇਤਾਵਾਂ ਨੇ ਕਪੂਰਥਲਾ ਬੰਦ ਕਰਵਾਇਆ।ਦਲਿਤ ਸਮਾਜ ਵੱਲੋਂ ਦਿੱਤੀ ਗਈ ਬੰਦ ਦੀ ਕਾਲ ਨੂੰ ਸਮੂਹ ਖੇਤਰ ਦੇ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਪੂਰਾ ਸਹਿਯੋਗ ਦਿੱਤਾ।ਬੰਦ ਦੌਰਾਨ ਸਮੂਹ ਦਲਿਤ ਸਮਾਜ ਵੱਲੋਂ ਸਾਬਕਾ ਹਲਕਾ ਇੰਚਾਰਜ ਅਤੇ ਕਪੂਰਥਲਾ ਪੁਲਸ ਦੇ ਖ਼ਿਲਾਫ਼ ਰੋਸ ਮਾਰਚ ਕੱਢਿਆ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਜੀਤ ਹੰਸ, ਜਸਵਿੰਦਰ ਪਾਲ ਉਗੀ, ਰੋਸ਼ਨ ਸਭਰਵਾਲ, ਕੋਮਲ ਸਹੋਤਾ, ਅਰਜਣ ਸਭਰਵਾਲ, ਸਾਬੀ ਲੰਕੇਸ਼, ਅਬੀ ਲੰਕੇਸ਼, ਕੁਲਦੀਪ ਲਹੌਰੀਆ, ਮੰਗਾ ਲਹੌਰੀ ਗੇਟ, ਬੂਟ ਉਚਾ ਧੋੜਾ, ਸਨੀ ਘਈ, ਤਰਲੋਕ ਵਿਦਲ, ਧਰਮਿੰਦਰ ਗਿੱਲ, ਗੌਰਵ ਵਾਲਮੀਕਿ ਤੇ ਸਮੂਹ ਜਥੇਬੰਦੀਆਂ ਦੇ ਸੀਨੀਅਰ ਆਗੂ ਸ਼ਾਮਲ ਸਨ।

# ਕੰਢੀ ਨਹਿਰ ਦਾ ਓਵਰ ਫਲੋਅ ਪਾਣੀ ਬੰਦ ਕੀਤਾ ਜਾਵੇ : ਮੱਟੂ



**ਗੜ੍ਹਸ਼ੰਕਰ/ਮਾਹਿਲਪੁਰ (ਫੂਲਾ ਸਿੰਘ ਬੀਰਮਪੁਰ, ਸਫਰੀ)**

ਕੰਢੀ ਸੰਘਰਸ਼ ਕਮੇਟੀ ਪੰਜਾਬ ਦਾ ਡੈਪੂਟੇਸ਼ਨ ਦਰਸ਼ਨ ਸਿੰਘ ਮੱਟੂ ਸੂਬਾਈ ਕਨਵੀਨਰ ਦੀ ਅਗਵਾਈ ਵਿੱਚ ਐਸ ਡੀ ਐਮ ਗੜ੍ਹਸ਼ੰਕਰ ਸੰਜੀਵ ਕੁਮਾਰ ਗੌੜ ਨੂੰ ਮਿਲਿਆ ਅਤੇ ਮੰਗ ਪੱਤਰ ਦਿੱਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਦਰਸ਼ਨ ਸਿੰਘ ਮੱਟੂ ਨੇ ਕਿਹਾ ਕਿ ਕੰਢੀ ਨਹਿਰ ਦਾ ਪਾਣੀ ਓਵਰ ਫਲੋਅ ਹੋਣ ਨਾਲ ਗੜੀ ਮੱਟੋਂ, ਭੰਮੀਆਂ, ਦੁਗਰੀ ਪਿੰਡਾਂ ਵਿੱਚ ਪਾਲੀਆਂ ਫਸਲਾਂ ਖਰਾਬ ਹੋ ਰਹੀਆਂ ਹਨ, ਮੌਕਾ ਵੇਖਕੇ ਮੁਆਵਜਾ ਦਿੱਤਾ ਜਾਵੇ ਅਤੇ ਓਵਰ ਫਲੋਅ ਪਾਣੀ ਬੰਦ ਕੀਤਾ ਜਾਵੇ। ਕੰਢੀ ਨਹਿਰ ਦਾ ਪਾਣੀ ਕੰਢੀ ਏਰੀਏ ਦੇ ਖੇਤਾਂ ਨੂੰ ਦਿੱਤਾ ਜਾਵੇ। ਕੁਝ ਥਾਵਾਂ ਤੇ ਗੈਰ ਕਾਨੂੰਨੀ ਮਾਈਨਿੰਗ ਕਰਕੇ ਸਿੰਚਾਈ ਵਾਲੇ ਪਾਇਪ ਟੁੱਟ ਗਏ ਹਨ। ਨਿਸ਼ਾਨਦੇਹੀ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇ, ਪਾਇਪਾਂ ਦੀ ਮੁਰੰਮਤ ਕਰਕੇ ਸਿੰਚਾਈ ਲਈ ਪਾਣੀ ਦਿੱਤਾ ਜਾਵੇ। ਗੈਰ ਕਾਨੂੰਨੀ ਮਾਈਨਿੰਗ ਕਰਕੇ ਕੰਢੀ ਨਹਿਰ ਨੂੰ ਖੱਤਰਾ ਪੈਦਾ ਹੋ ਗਿਆ ਹੈ, ਗੈਰ ਕਾਨੂੰਨੀ ਮਾਈਨਿੰਗ ਸਖਤੀ ਨਾਲ ਰੋਕੀ ਜਾਵੇ। ਕੰਢੀ ਨਹਿਰ ਜੰਗੀ ਪੱਧਰ 'ਤੇ ਮੁਕੰਮਲ ਕੀਤੀ ਜਾਵੇ। ਇਸ ਵਫਦ ਵਿੱਚ ਬੀਬੀ ਸੁਭਾਸ਼ ਮੱਟੂ,ਪਰਮਜੀਤ ਸਿੰਘ ਬੂਟਾ ਦਿਆਲ,ਮਨਜੀਤ ਸਿੰਘ ਦਿਆਲ, ਗੁਰਮੀਤ ਸਿੰਘ ਪਾਂਗਲੀ, ਪਰਮਿੰਦਰ ਸਿੰਘ ਪਾਂਗਲਾ, ਕੁਲਵਿੰਦਰ ਸੰਘਾ, ਸਤਵਿੰਦਰ ਸਿੰਘ ਸ਼ਾਹਪੁਰ ਤੇ ਹੋਰ ਸ਼ਾਮਲ ਸੀ। ਕਨਵੀਨਰ ਕਾਮਰੇਡ ਦਰਸ਼ਨ ਸਿੰਘ ਮੱਟੂ ਨੇ ਕਿਹਾ ਜੇ ਕੰਢੀ ਨਹਿਰ ਨਾਲ ਸਬੰਧਤ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਜੋਰਦਾਰ ਸੰਘਰਸ਼ ਕੀਤਾ ਜਾਵੇਗਾ, ਇਸ ਦੀ ਜਿੰਮੇਵਾਰੀ ਸਰਕਾਰ ਦੀ ਹੋਵੇਗੀ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਮਲੌਦ ਦੀ ਰਿਹਾਈ ਲਈ ਧਰਨਾ 27 ਨੂੰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਪੰਜਾਬ ਖੇਤ ਮਜ਼ਦੂਰ ਸਭਾ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਨੇ ਸਾਂਝੇ ਤੌਰ 'ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਦੀ ਰਿਹਾਈ ਲਈ 27 ਜਨਵਰੀ ਨੂੰ ਮੁੱਖ ਮੰਤਰੀ ਦੀ ਸੰਗਰੂਰ ਸਥਿਤ ਕੋਠੀ ਅੱਗੇ ਧਰਨਾ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ ਹੈ।ਇਸ ਦੌਰਾਨ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਅਤੇ ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਗੁਰਮੇਸ ਸਿੰਘ, ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਰਸ਼ਨ ਨਾਹਰ ਅਤੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਪੰਜਾਬ) ਦੇ ਲਖਵੀਰ ਸਿੰਘ ਲੌਂਗੋਵਾਲ ਵਲੋਂ ਇਸ ਧਰਨੇ ਦੀ ਡੱਟਵੀਂ ਹਮਾਇਤ ਕਰਨ ਦਾ ਐਲਾਨ ਕੀਤਾ ਹੈ।ਮਜ਼ਦੂਰ ਜਥੇਬੰਦੀਆਂ ਵਲੋਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਤਰਸੇਮ ਪੀਟਰ,ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸਕੱਤਰ ਬਿੱਕਰ ਸਿੰਘ ਹਥੋਆ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨ ਸੰਜੀਵ ਮਿੰਟੂ ਅਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾਈ ਪ੍ਰਧਾਨ ਗੋਬਿੰਦ ਛਾਂਜਲੀ ਨੇ ਇਹ ਐਲਾਨ ਕਰਦਿਆਂ ਕਿਹਾ ਕਿ ਮੁਕੇਸ਼ ਮਲੌਦ ਸਰਕਾਰ ਤੋਂ ਲੁਕਿਆ ਹੋਇਆ ਆਗੂ ਨਹੀਂ ਸੀ,ਉਹ ਕਈ ਵਾਰ ਪੰਜਾਬ ਸਰਕਾਰ ਦੇ ਸੱਦੇ ਉੱਤੇ ਮਜ਼ਦੂਰ ਜਥੇਬੰਦੀਆਂ ਨਾਲ ਮਜ਼ਦੂਰ ਮੰਗਾਂ ਦੇ ਨਿਪਟਾਰੇ ਲਈ ਮੁੱਖ ਮੰਤਰੀ ਭਗਵੰਤ ਮਾਨ ਤੋਂ ਲੈ ਕੇ ਸਰਕਾਰ ਦੇ ਕੈਬਨਟ ਮੰਤਰੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਹੋਈਆਂ ਮੀਟਿੰਗਾਂ ਦਾ ਹਿੱਸਾ ਰਿਹਾ।ਮਜ਼ਦੂਰ ਆਗੂਆਂ ਨੇ ਮੁਕੇਸ਼ ਮਾਲੌਦ ਦੀ ਗ੍ਰਿਫ਼ਤਾਰੀ ਨੂੰ ਮਜ਼ਦੂਰ ਲਹਿਰ ਉੱਪਰ ਹਮਲਾ ਕਰਾਰ ਦਿੱਤਾ।

# ਐੱਸ ਐੱਮ ਓ ਦਾ ਸਟਾਫ਼ ਤੇ ਯੂਨੀਅਨਾਂ ਵੱਲੋਂ ਭਰਵਾਂ ਸਵਾਗਤ



**ਬਲਾਚੌਰ (ਜਸਵਿੰਦਰ ਬੈਂਸ)**

ਲੈਫਟੀਨੈਂਟ ਜਨਰਲ ਬਿਕਰਮ ਸਿੰਘ ਸਬ-ਡਵੀਜ਼ਨ ਹਸਪਤਾਲ ਬਲਾਚੌਰ ਵਿਖੇ ਨਵੇਂ ਸੀਨੀਅਰ ਮੈਡੀਕਲ ਅਫਸਰ ਵਜੋਂ ਡਾ. ਸਤਿੰਦਰਜੀਤ ਕੌਰ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ। ਉਨ੍ਹਾਂ ਦੇ ਅਹੁਦਾ ਸੰਭਾਲਣ ਦੀ ਖ਼ਬਰ ਨਾਲ ਸਿਹਤ ਵਿਭਾਗ ਦੇ ਕਰਮਚਾਰੀਆਂ ਅਤੇ ਵੱਖ-ਵੱਖ ਯੂਨੀਅਨਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਹਸਪਤਾਲ ਪਹੁੰਚਣ 'ਤੇ ਏ ਐੱਨ ਐੱਮ ਤੇ ਐੱਲ ਐੱਚ ਵੀ ਯੂਨੀਅਨ ਦੇ ਨੁਮਾਇੰਦਿਆਂ ਸਮੇਤ ਸਮੂਹ ਸਟਾਫ ਵੱਲੋਂ ਡਾ. ਸਤਿੰਦਰਜੀਤ ਕੌਰ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਯੂਨੀਅਨ ਮੈਂਬਰਾਂ ਨੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਜੀ ਆਇਆਂ ਨੂੰ ਕਿਹਾ ਅਤੇ ਸ਼ੁਭਕਾਮਨਾਵਾਂ ਦਿੱਤੀਆਂ।ਅਹੁਦਾ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਸਤਿੰਦਰਜੀਤ ਕੌਰ ਨੇ ਕਿਹਾ ਕਿ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਇਲਾਕਾ ਨਿਵਾਸੀਆਂ ਨੂੰ ਵਧੀਆ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਹਸਪਤਾਲ ਦੇ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਅਤੇ ਸੁਚਾਰੂ ਬਣਾਉਣ ਦਾ ਵਿਸ਼ਵਾਸ ਦਿਵਾਇਆ। ਉਨ੍ਹਾਂ ਸਮੂਹ ਸਟਾਫ ਨੂੰ ਅਪੀਲ ਕੀਤੀ ਕਿ ਉਹ ਮਰੀਜ਼ਾਂ ਦੀ ਸੇਵਾ ਪੂਰੀ ਤਨਦੇਹੀ, ਇਮਾਨਦਾਰੀ ਅਤੇ ਨਿਮਰਤਾ ਨਾਲ ਕਰਨ।ਇਸ ਮੌਕੇ ਯੂਨੀਅਨ ਆਗੂਆਂ ਅਤੇ ਅਹੁਦੇਦਾਰਾਂ ਨੇ ਨਵੇਂ ਐੱਸ ਐੱਮ ਓ ਨੂੰ ਭਰੋਸਾ ਦਿੱਤਾ ਕਿ ਉਹ ਹਸਪਤਾਲ ਦੇ ਵਿਕਾਸ ਅਤੇ ਸਰਕਾਰੀ ਸਿਹਤ ਸਕੀਮਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣਗੇ।

# ਕਬੱਡੀ ਕੱਪ ਮੁਕਾਬਲੇ 10 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਪਿੰਡ ਸੁੰਨੜ ਕਲਾਂ ਵਿਖੇ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਕਲੱਬ ਵੱਲੋਂ ਸਵ. ਬਲਵੀਰ ਸਿੰਘ ਲੰਬੜ ਦੀ ਯਾਦ ਵਿੱਚ ਸੁੰਨੜ ਕਲਾਂ ਕਬੱਡੀ ਕੱਪ 10 ਜਨਵਰੀ ਦਿਨ ਨੂੰ ਕਰਵਾਇਆ ਜਾ ਰਿਹਾ ਹੈ ਜਿਸ ਦੀਆਂ ਤਿਆਰੀਆਂ ਹੋ ਚੁੱਕੀਆਂ ਹਨ। ਪ੍ਰੈਸ ਨੂੰ ਜਾਣਕਾਰੀ ਦਿੰਦੀਆਂ ਐਨ ਆਰ ਆਈ ਗੁਰਮੁਖ ਸਿੰਘ ਸੁੰਨੜ,ਐਨ, ਆਰ ਆਈ ਸੁਲਿੰਦਰ ਸਿੰਘ ਲੱਖੋ ਨੇ ਦੱਸਿਆ ਕੀ ਸੁੰਨੜ ਕਲਾਂ ਕਬੱਡੀ ਕੱਪ ਵਿੱਚ ਪਹੁੰਚ ਰਹੀਆਂ ਟੀਮਾਂ 1.ਸੰਦੀਪ ਨੰਗਲ ਅੰਬੀਆਂ ਕਲੱਬ ਸ਼ਾਹਕੋਟ 2.ਪਰਉਪਕਾਰੀ ਭਾਈ ਲੱਧਾ ਜੀ ਕਬੱਡੀ ਕਲੱਬ 3.ਐਨ ਆਰ ਆਈ ਕਬੱਡੀ ਕਲੱਬ ਨਕੋਦਰ 4.ਸ੍ਰੀ ਬੇਰ ਸਾਹਿਬ ਕਬੱਡੀ ਕਲੱਬ ਕਪੂਰਥਲਾ 5. ਬਾਬਾ ਬਿਧੀ ਚੰਦ ਸਪੋਰਟਸ ਕਲੱਬ ਫਰੰਦੀਪੁਰ 6. ਬੇ ਆਫ ਪਲੈਂਟੀ ਨਿਊਜ਼ੀਲੈਂਡ, ਪਹਿਲਾ ਇਨਾਮ 1,25,000 ਹਜ਼ਾਰ ਸਵ, ਬਲਵੀਰ ਸਿੰਘ ਬੀਰੂ ਲੰਬੜ ਦੀ ਯਾਦ ਵਿੱਚ ਉਹਨਾਂ ਦੇ ਪਰਿਵਾਰ ਵਲੋਂ, ਦੂਜਾ ਇਨਾਮ 1 ਲੱਖ ਰੁਪਏ ਜੱਸਾ ਸੰਘਾ, ਕੀਰਤ ਭੁੱਲਰ, ਹੈਪੀ ਤੱਖਰ ਦੀ ਯਾਦ ਵਿੱਚ ਦਿੱਤਾ ਜਾਵੇਗਾ, ਬੈਸਟ ਰੇਡਰ ਅਤੇ ਜਾਫੀ ਨੂੰ ਮੋਟਰਸਾਈਕਲ ਮੰਨਾ, ਚੇਤਾ, ਅਤੇ ਜੱਸਾ ਦੀ ਯਾਦ ਵਿੱਚ ਦਿੱਤਾ ਜਾਵੇਗਾ। ਫਾਈਨਲ ਤੋ ਬਾਅਦ ਖੁੱਲ੍ਹਾ ਅਖਾੜਾ ਹੁਨਰ ਸਿੱਧੂ ਵਲੋਂ ਲਗਵਾਇਆ ਜਾਵੇਗਾ।



# ਅੱਖਾਂ ਦਾ ਮੁਫਤ ਅਪਰੇਸ਼ਨ ਕੈਂਪ 14 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਸ਼ਿਵਾਲਿਕ ਪਹਾੜੀਆਂ ਦੀ ਗੋਦ ਵਿੱਚ ਵੱਸਦੇ ਅਤੇ ਹਿਮਾਚਲ ਪ੍ਰਦੇਸ਼ ਦੀ ਸੀਮਾ ਨਾਲ ਲੱਗਦੇ ਪਿੰਡ ਜੇਜੋਂ ਦੋਆਬਾ ਵਿਖੇ ਸਥਿਤ ਡੇਰਾ ਰਤਨਪੁਰੀ ਵਿਖੇ ਧੰਨ-ਧੰਨ 108 ਸਵਾਮੀ ਰਤਨ ਦਾਸ ਮਹਾਰਾਜ ਅਤੇ ਧੰਨ-ਧੰਨ 108 ਸਵਾਮੀ ਹਰਚਰਨ ਦਾਸ ਮਹਾਰਾਜ ਦੀ ਨਿੱਘੀ ਯਾਦ ਵਿੱਚ 14 ਜਨਵਰੀ ਨੂੰ ਮਾਘੀ ਦੀ ਸੰਗਰਾਂਦ ਤੇ ਅੱਖਾਂ ਦਾ ਮੁਫਤ ਅਪਰੇਸ਼ਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਬੀਬੀ ਮੀਨਾ ਦੇਵੀ ਜੀ ਅਤੇ ਗੱਦੀ ਨਸ਼ੀਨ ਸੰਤ ਬਾਬਾ ਅਮਨਦੀਪ ਨੇ ਸਾਂਝੇ ਤੌਰ ਤੇ ਦੱਸਿਆ ਕੇ ਐੱਨ ਆਰ ਆਈਜ਼ ਅਤੇ ਸਮੂਹ ਸਾਧ ਸੰਗਤ ਡੇਰਾ ਰਤਨਪੁਰੀ ਜੇਜੋ ਦੋਆਬਾ ਦੇ ਸਹਿਯੋਗ ਨਾਲ ਲੱਗ ਰਹੇ ਇਸ ਮੁਫਤ ਅਪਰੇਸ਼ਨ ਕੈਂਪ ਦੌਰਾਨ ਦ੍ਰਿਸ਼ਟੀ ਆਈ ਕੇਅਰ ਹਸਪਤਾਲ ਬੰਗਾ ਦੀ ਡਾਕਟਰੀ ਟੀਮ ਜਿਸ ਵਿੱਚ ਡਾਕਟਰ ਦਿਨੇਸ਼ ਮਧੋਕ ਐੱਮ ਐੱਸ ਅਤੇ ਡਾਕਟਰ ਸਚਿਨ ਦੁੱਗਲ ਆਪਣੀ ਟੀਮ ਸਮੇਤ ਮਰੀਜ਼ਾਂ ਦਾ ਚੈੱਕ ਅਪ ਕਰਨਗੇ। ਮਰੀਜ਼ਾਂ ਨੂੰ ਦਵਾਈਆਂ ਅਤੇ ਐਨਕਾਂ ਦਿੱਤੀਆਂ ਜਾਣਗੀਆਂ ਅਤੇ ਲੋੜਵੰਦਾਂ ਦੇ ਆਪਰੇਸ਼ਨ ਕੀਤੇ ਜਾਣਗੇ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਣਗੇ।

# ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਦੀ ਮੀਟਿੰਗ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਜ਼ਿਲ੍ਹਾ ਪ੍ਰਧਾਨ ਤਜਿੰਦਰ ਕੌਰ ਤੇ ਬਲਵਿੰਦਰ ਕੌਰ ਧਾਮੀ ਦੀ ਅਗਵਾਈ ਹੇਠ ਇੱਕ ਹੰਗਾਮੀ ਮੀਟਿੰਗ ਹੁਸ਼ਿਆਰਪੁਰ ਦੇ ਪਿੰਡ ਭਾਮ ਵਿਖੇ ਰੱਖੀ ਗਈ।ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਪੰਜਾਬ ਦੇ ਲੋਕਾਂ ਦੀਆਂ ਜਾਇਜ਼ ਅਤੇ ਹੱਕੀ ਮੰਗਾਂ ਦੀ ਪੂਰਤੀ ਲਈ ਇਹ ਮੀਟਿੰਗ ਰੱਖੀ ਗਈ। ਇਸ ਮੌਕੇ ਯੂਨੀਅਨ ਵੱਲੋਂ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼,ਪੰਜਾਬ ਵੱਲੋਂ ਜਿਲਾ ਪ੍ਰਧਾਨ ਤਜਿੰਦਰ ਕੌਰ ਦੀ ਅਗਵਾਈ ਹੇਠ ਇਸ ਮੀਟਿੰਗ ਵਿੱਚ ਗੁਰਦੀਪ ਕੁਮਾਰ ਨੂੰ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ। ਸੰਦੀਪ ਸਿੰਘ ਨੂੰ ਸਕੱਤਰ, ਗੁਰਪ੍ਰੀਤ ਸਿੰਘ ਨੂੰ ਸੀਨੀਅਰ ਪ੍ਰਧਾਨ, ਕਮਲਜੀਤ ਕੌਰ ਨੂੰ ਖਜਾਨਚੀ, ਸੰਦੀਪ ਕੁਮਾਰ ਨੂੰ ਪ੍ਰੈੱਸ ਸਕੱਤਰ ਤੇ ਇੰਦਰਜੀਤ ਕੌਰ ਨੂੰ ਸਲਾਹਕਾਰ ਨਿਯੁਕਤ ਕੀਤਾ ਗਿਆ।ਮੀਟਿੰਗ ਵਿੱਚ ਹਾਜ਼ਰ ਜੋਗਿੰਦਰ ਸਿੰਘ, ਲਵਪ੍ਰੀਤ, ਕੁਲੇਸ਼, ਇੱਕਬਾਲ ਸਿੰਘ, ਸੰਦੀਪ ਕੁਮਾਰ, ਪ੍ਰਗਟ ਸਿੰਘ, ਦਰਬਾਰ ਸਿੰਘ, ਮਨਵੀਰ ਸਿੰਘ, ਜਸਬੀਰ ਕੌਰ, ਸੋਨੀਆ, ਮਨਦੀਪ ਕੁਮਾਰ ਹਾਜ਼ਰ ਹੋਏ।

# ਬਕਾਇਆ ਵੈਟ ਦੇ ਭੁਗਤਾਨ ਦੀ ਮਿਆਦ 31 ਮਾਰਚ ਤੱਕ ਵਧਾਉਣਾ ਸਰਕਾਰ ਦਾ ਸ਼ਲਾਘਾਯੋਗ ਫੈਸਲਾ : ਸੁਸ਼ੀਲ ਚਮ

**ਫਗਵਾੜਾ (ਡਾ. ਰਮਨ)**

ਮੁੱਖ ਮੰਤਰੀ ਭਗਵੰਤ ਮਾਨ ਵਲੋਂ ਵਪਾਰੀਆਂ ਨੂੰ ਬਕਾਇਆ ਵੈਟ ਦੇ ਭੁਗਤਾਨ ਦੀ ਅਦਾਇਗੀ ਵਨ ਟਾਈਮ ਸੈਟਲਮੈਂਟ (ਓ ਟੀ ਐੱਸ) ਸਕੀਮ ਤਹਿਤ ਕਰਨ ਦੀ ਮਿਆਦ 31 ਮਾਰਚ 2026 ਤੱਕ ਵਧਾ ਕੇ ਪੰਜਾਬ ਦੇ ਵਪਾਰਕ ਭਾਈਚਾਰੇ ਨੂੰ ਵੱਡੀ ਰਾਹਤ ਦਿੱਤੀ ਹੈ। ਸਰਕਾਰ ਦੇ ਫੈਸਲੇ ਦਾ ਸਵਾਗਤ ਕਰਦਿਆਂ ਆਮ ਆਦਮੀ ਪਾਰਟੀ ਫਗਵਾੜਾ ਦੇ ਕੋਆਰਡੀਨੇਟਰ ਸੁਸ਼ੀਲ ਚਮ ਬੋਬੀ (ਮੈਸਰਜ਼ ਕਲਾਸਿਕ ਟਰੈਵਲਜ਼) ਨੇ ਕਿਹਾ ਕਿ ਇਹ ਬਹੁਤ ਹੀ ਅਗਾਂਹ ਵਧੂ ਅਤੇ ਵਪਾਰ-ਪੱਖੀ ਕਦਮ ਹੈ। ਸੁਸ਼ੀਲ ਚਮ ਤੇ ਉਹਨਾਂ ਦੇ ਨਾਲ ਮੌਜੂਦ ਰਹੇ ਜ਼ਿਲ੍ਹਾ ਇੰਚਾਰਜ ਟੇਡ ਵਿੰਗ ਕਪੂਰਥਲਾ ਕੰਵਰ ਇਕਬਾਲ ਸਿੰਘ ਨੇ ਖਾਸ ਤੌਰ ਤੇ ਟਰੇਡ ਵਿੰਗ ਪੰਜਾਬ ਦੇ ਚੇਅਰਮੈਨ ਅਨਿਲ ਠਾਕੁਰ ਨੂੰ ਗੁਲਦਸਤਾ ਭੇਂਟ ਕਰਦਿਆਂ ਧੰਨਵਾਦ ਪ੍ਰਗਟ ਕੀਤਾ ਅਤੇ ਕਿਹਾ ਕਿ ਉਹਨਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਗੇ ਵਪਾਰਕ ਭਾਈਚਾਰੇ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਟੈਕਸ-ਸਬੰਧੀ ਮੰਗਾਂ ਨੂੰ ਪ੍ਰਮੁੱਖਤਾ ਦੇ ਨਾਲ ਚੁੱਕਿਆ ਜਿਸ ਦੇ ਨਤੀਜੇ ਵਜੋਂ ਪੰਜਾਬ ਸਰਕਾਰ ਨੇ ਅਹਿਮ ਕਦਮ ਚੁੱਕਿਆ ਹੈ। ਜੋ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਵਪਾਰੀ ਵਰਗ ਨਾਲ ਸਬੰਧਤ ਮੁਸ਼ਕਿਲਾਂ ਅਤੇ ਚੁਣੌਤੀਆਂ ਸਬੰਧੀ ਡੂੰਘੀ ਸਮਝ ਨੂੰ ਦਰਸਾਉਂਦਾ ਹੈ। ਜ਼ਿਲ੍ਹਾ ਇੰਚਾਰਜ ਕੰਵਰ ਇਕਬਾਲ ਸਿੰਘ ਨੇ ਜ਼ਿਲ੍ਹੇ ਦੇ ਸਾਰੇ ਵਪਾਰੀਆਂ, ਉਦਯੋਗਪਤੀਆਂ ਅਤੇ ਸ਼ੈਲਰ ਮਾਲਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਰਾਹਤ ਦਾ ਲਾਭ ਉਠਾਉਣ ਅਤੇ ਸਮੇਂ ਦੀ ਮਿਆਦ ਨੂੰ ਧਿਆਨ 'ਚ ਰੱਖਦੇ ਹੋਏ ਬਕਾਏ ਦਾ ਨਿਪਟਾਰਾ ਕਰਨ। ਇਸ ਮੌਕੇ ਜੋਨ ਸਕੱਤਰ ਰਿੱਕੀ ਮਨੋਚਾ, ਇੰਦਰਵੰਸ਼ ਸਿੰਘ ਚੱਢਾ ਆਦਿ ਹਾਜ਼ਰ ਸਨ।



# ਮਨੁੱਖੀ ਜੀਵਨ ਤੇ ਵਾਤਾਵਰਣ ਲਈ ਘਾਤਕ ਹਨ ਰਸਾਇਣਿਕ ਪਦਾਰਥ : ਅਰੋੜਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਲਾਇਨਜ਼ ਕਲੱਬ ਹੁਸ਼ਿਆਰਪੁਰ ਪਰਲ ਵੱਲੋਂ ਪ੍ਰਧਾਨ ਵਿਜੇ ਅਰੋੜਾ ਦੀ ਅਗਵਾਈ ਹੇਠ ਵਾਤਾਵਰਣ ਸੁਰੱਖਿਆ ਅਤੇ ਖਾਣ ਪੀਣ ਵਾਲੀ ਵਸਤੂਆਂ ਵਿੱਚ ਵੱਧ ਰਹੇ ਰਸਾਇਣਾਂ ਦੇ ਪ੍ਰਭਾਵ ਵਿਸ਼ੇ 'ਤੇ ਇੱਕ ਸੰਗੋਸ਼ਠੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਲਾਇਨਜ਼ ਕਲੱਬ 321-ਡੀ ਦੇ ਸਾਬਕਾ ਜ਼ਿਲ੍ਹਾ ਗਵਰਨਰ ਲਾਇਨ ਹਰੀਸ਼ ਬਾਂਗਾ ਅਤੇ ਚੇਅਰਮੈਨ ਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਪ੍ਰਧਾਨ ਵਿਜੇ ਅਰੋੜਾ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਲੱਬ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਖਾਣ ਪੀਣ ਵਾਲਿਆਂ ਵਸਤੂਆਂ ਵਿੱਚ ਵਧ ਰਹੇ ਰਸਾਇਣਾਂ ਦੇ ਪ੍ਰਭਾਵ 'ਤੇ ਚਿੰਤਾ ਪ੍ਰਗਟ ਕੀਤੀ।ਸਾਬਕਾ ਜ਼ਿਲ੍ਹਾ ਗਵਰਨਰ ਲਾਇਨ ਹਰੀਸ਼ ਬਾਂਗਾ ਨੇ ਕਿਹਾ ਕਿ ਵਾਤਾਵਰਣ ਸੁਰੱਖਿਆ ਸਿਰਫ਼ ਗੱਲਾਂ ਨਾਲ ਨਹੀਂ, ਸਗੋਂ ਇਸ ਲਈ ਜ਼ਮੀਨੀ ਪੱਧਰ 'ਤੇ ਵੀ ਠੋਸ ਯਤਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਵਿਗੜਦੇ ਵਾਤਾਵਰਣ ਲਈ ਮਨੁੱਖ ਆਪ ਸਭ ਤੋਂ ਵੱਧ ਜ਼ਿੰਮੇਵਾਰ ਹੈ। ਘੱਟ ਸਮੇਂ ਵਿੱਚ ਵੱਧ ਕਮਾਈ ਦੇ ਲਾਲਚ ਵਿੱਚ ਮਨੁੱਖ ਇੱਕ ਪਾਸੇ ਜੰਗਲਾਂ ਦੀ ਅੰਧਾਧੁੰਦ ਕੱਟਾਈ ਕਰ ਰਿਹਾ ਹੈ, ਦੂਜੇ ਪਾਸੇ ਕਣਕ, ਮੱਕੀ, ਫਲਾਂ ਅਤੇ ਸਬਜ਼ੀਆਂ ਵਿੱਚ ਵਧ ਰਹੇ ਰਸਾਇਣਾਂ ਦਾ ਪ੍ਰਭਾਵ ਵੀ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਰਿਹਾ ਹੈ।ਸੰਜੀਵ ਅਰੋੜਾ ਨੇ ਕਿਹਾ ਕਿ ਅਸੀਂ ਜੋ ਖਾਣ ਪੀਣ ਵਾਲਿਆਂ ਵਸਤੂਆਂ ਖਾ ਰਹੇ ਹਾਂ, ਖ਼ਾਸ ਕਰਕੇ ਮਿਠਾਈਆਂ ਵਿੱਚ ਵਧ ਰਹੇ ਸਕਰੀਨ (ਬਨਾਵਟੀ ਮਿਠਾਸ) ਅਤੇ ਸਿੰਥੈਟਿਕ ਮਿਠਾਈਆਂ ਦਾ ਰੁਝਾਨ ਸਿਹਤ 'ਤੇ ਗੰਭੀਰ ਨੁਕਸਾਨਦਾਇਕ ਪ੍ਰਭਾਵ ਪਾ ਰਿਹਾ ਹੈ। ਇਸ ਨੂੰ ਰੋਕਣ ਲਈ ਸੰਬੰਧਤ ਵਿਭਾਗਾਂ ਨੂੰ ਸਖ਼ਤੀ ਨਾਲ ਕਾਰਵਾਈ ਕਰਨੀ ਚਾਹੀਦੀ ਹੈ।



# ਸੂਬਾ ਪੱਧਰੀ ਸੱਦੇ 'ਤੇ ਮਜ਼ਦੂਰਾਂ ਨੇ ਲਾਇਆ ਡੀ ਸੀ ਜਲੰਧਰ ਅੱਗੇ ਧਰਨਾ



**ਸ਼ਾਹਕੋਟ (ਗਿਆਨ ਸੈਦਪੁਰੀ)**

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ 'ਤੇ ਡੀ ਸੀ ਦਫ਼ਤਰ ਜਲੰਧਰ ਅੱਗੇ ਧਰਨਾ ਲਾਕੇ, ਮਜ਼ਦੂਰ ਜਥੇਬੰਦੀਆਂ ਨੇ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਮਜ਼ਦੂਰ ਵਿਰੋਧੀ ਦੱਸਦਿਆਂ ਸਾਰੇ ਮਜ਼ਦੂਰ ਵਿਰੋਧੀ ਕਾਨੂੰਨ ਰੱਦ ਕਰਨ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਪ੍ਰਵਾਨ ਕਰਨ ਦੀ ਮੰਗ ਕੀਤੀ ਗਈ।ਧਰਨੇ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਵੀਰ ਕੁਮਾਰ ਅਤੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੋਢੀ ਰਾਮ ਉੱਪਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਦੇ ਸਭ ਤੋਂ ਦੱਬੇ ਕੁੱਚਲੇ ਲੋਕਾਂ ਦੀ ਮੰਦੀ ਹਾਲਤ ਦਾ ਕਾਰਨ ਮਨੁਵਾਦੀ ਵਿਚਾਰਧਾਰਾ ਹੈ, ਜਾਤ ਪਾਤੀ ਵਿਤਕਰਾ ਅਤੇ ਜਾਇਦਾਦ ਤੋਂ ਵਾਂਝੇ ਕੀਤੇ ਇਹ ਲੋਕ ਸਦੀਆਂ ਤੋਂ ਸਮਾਜਿਕ ਕਾਣੀ ਵੰਡ ਦਾ ਸ਼ਿਕਾਰ ਹਨ, ਉਹਨਾਂ ਕਿਹਾ ਕਿ ਹੁਣ ਮਨਰੇਗਾ ਰਾਹੀਂ ਮਿਲਦੇ ਨਿਗੂਣੇ ਰੁਜਗਾਰ ਨੂੰ ਖੋਹਕੇ ਅਤੇ ਚਾਰ ਲੇਬਰ ਕੋਡ ਲਾਗੂ ਕਰਕੇ ਕੇਂਦਰ ਸਰਕਾਰ ਨੇ ਉਸੇ ਮਨੁਵਾਦੀ ਸੋਚ ਦਾ ਪ੍ਰਗਟਾਵਾ ਕੀਤਾ ਹੈ। ਉਹਨਾਂ ਕਿਹਾ ਕਿ ਬਿਜਲੀ ਸੋਧ ਬਿੱਲ ਨੂੰ ਪਾਸ ਕਰਕੇ ਮੋਦੀ ਸਰਕਾਰ ਗਰੀਬਾਂ ਦੇ ਘਰੀਂ ਹਨੇਰਾ ਕਰਨ ਲਈ ਤਹੂ ਹੈ।

ਉਹਨਾਂ ਪੰਜਾਬ ਸਰਕਾਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਬਦਲਾਅ ਦਾ ਨਾਅਰਾ ਲਾ ਕੇ ਆਈ ਸਰਕਾਰ ਨੇ ਮੋਦੀ ਸਰਕਾਰ ਦੇ ਪਦ ਚਿੰਨ੍ਹਾਂ 'ਤੇ ਚੱਲਦਿਆਂ ਜਾਗੀਰਦਾਰਾਂ ਤੇ ਸਰਮਾਏਦਾਰਾਂ ਦਾ ਹੀ ਵਿਕਾਸ ਕੀਤਾ ਹੈ।ਆਪਣੇ ਮੰਗ ਪੱਤਰ ਰਾਹੀਂ ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਕਾਨੂੰਨ ਬਹਾਲ ਕਰਕੇ ਇਸ ਵਿਚ ਸੋਧਾਂ ਕਰਕੇ ਸਭਨਾਂ ਲੋੜਵੰਦਾਂ ਨੂੰ ਸਾਲ ਭਰ ਲਈ ਰੁਜ਼ਗਾਰ ਦੀ ਗਰੰਟੀ ਕੀਤੀ ਜਾਵੇ ਅਤੇ ਦਿਹਾੜੀ ਘੱਟੋ ਘੱਟ 700/- ਕੀਤੀ ਜਾਵੇ, ਕਿਰਤ ਕਾਨੂੰਨ ਬਹਾਲ ਕਰਨ ਅਤੇ ਬਿਜਲੀ ਸੋਧ ਬਿੱਲ ਰੱਦ ਕਰਨ ਦੀ ਮੰਗ ਕਰਦਿਆਂ , ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕਰਨ, ਹੜਾਂ ਬਾਰਸ਼ਾਂ ਨਾਲ ਹੋਏ ਮਜ਼ਦੂਰਾਂ ਕਿਸਾਨਾਂ ਅਤੇ ਹੋਰ ਲੋਕਾਂ ਦੇ ਨੁਕਸਾਨ ਦੀ ਪੂਰਨ ਭਰਪਾਈ ਕਰਨ, ਮਜ਼ਦੂਰਾਂ ਨੂੰ ਰਿਹਾਇਸ਼ੀ ਪਲਾਟ ਦੇਣ, ਵਿਧਵਾ ਬੁਢਾਪਾ ਪੈਨਸ਼ਨ 5000/- ਰੁਪਏ ਕਰਨ, ਔਰਤਾਂ ਦੇ ਖਾਤੇ ਵਿੱਚ 1100/- ਪਾਉਣ ਸਮੇਤ ਸਾਰੀਆਂ ਚੋਣ ਗਰੰਟੀਆਂ ਲਾਗੂ ਕਰਨ ਅਤੇ ਤੀਜੇ ਹਿੱਸੇ ਦੀ ਪੰਚਾਇਤੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਸਮੇਤ ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡਣ ਦੀ ਮੰਗ ਕੀਤੀ। ਇਕ ਵਿਸ਼ੇਸ਼ ਮਤੇ ਰਾਹੀਂ ਉਨ੍ਹਾਂ ਮਜ਼ਦੂਰ ਆਗੂ ਮੁਕੇਸ਼ ਮਲੌਦ ਨੂੰ ਤੁਰਤ ਰਿਹਾਅ ਕਰਨ ਅਤੇ ਪੱਤਰਕਾਰਾਂ 'ਤੇ ਦਰਜ ਕੀਤੇ ਕੇਸ ਵਾਪਸ ਲੈਣ ਦੀ ਮੰਗ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸਾਥੀ ਕਸ਼ਮੀਰ ਘੁਗਸ਼ੋਰ, ਬਲਦੇਵ ਨੂਰਪੁਰੀ, ਹਰਪਾਲ ਬਿੱਟੂ, ਸੁਖਜਿੰਦਰ ਲਾਲੀ, , ਪਰਮਜੀਤ ਰੰਧਾਵਾ , ਕਸ਼ਮੀਰ ਮੰਡਿਆਲਾ, ਸ਼ੀਤਲ ਸਿੰਘ ਨੇ ਵੀ ਸੰਬੋਧਨ ਕੀਤਾ।

# ਸੰਤ ਨਿਰੰਜਨ ਦਾਸ ਦਾ ਜਨਮ ਦਿਨ ਮਨਾਇਆ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਡੇਰਾ ਬ੍ਰਹਮਲੀਨ ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਨ ਦਾਸ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਮੰਦਰ ਪਬਲਿਕ ਚੈਰੀਟੇਬਲ ਟਰੱਸਟ ਵਾਰਾਨਸੀ (ਯੂ ਪੀ) ਦੇ 84ਵੇਂ ਜਨਮ ਦਿਨ ਮੌਕੇ ਦੇਸ਼-ਵਿਦੇਸ਼ ਦੀਆਂ ਹਜ਼ਾਰਾਂ ਸ਼ਰਧਾਲੂ ਸੰਗਤਾਂ ਵੱਲੋਂ ਡੇਰੇ ਵਿਖੇ ਪਹੁੰਚ ਕੇ ਸੰਤ ਨਿਰੰਜਨ ਦਾਸ ਨੂੰ ਸ਼ਰਧਾ ਤੇ ਸਤਿਕਾਰ ਸਹਿਤ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਜਾਪ ਕਰਵਾਏ ਗਏ ਅਰਦਾਸ ਉਪਰੰਤ ਕੀਰਤਨ ਦੀਵਾਨ ਸਜਾਏ ਗਏ, ਜਿਸ ਵਿੱਚ ਵੱਖ-ਵੱਖ ਡੇਰਿਆਂ ਤੋਂ ਆਏ ਸੰਤ ਮਹਾਂਪੁਰਸ਼ਾਂ, ਮਿਸ਼ਨਰੀ ਗਾਇਕਾ ਅਤੇ ਕੀਰਤਨੀ ਜਥਿਆਂ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਨਿਰੰਜਨ ਦਾਸ ਮਹਾਰਾਜ ਜੀ ਵੱਲੋਂ ਰਵਿਦਾਸੀਆ ਧਰਮ ਦੇ ਪ੍ਰਚਾਰ-ਪ੍ਰਸਾਰ ਅਤੇ ਮਾਨਵ ਕਲਿਆਣ ਹਿਤ ਕੀਤੇ ਗਏ ਕਾਰਜਾਂ ਦੇ ਅਧਾਰਿਤ ਪ੍ਰਵਚਨ ਕਰਦੇ ਹੋਏ ਗੁਰੂ ਜਸ ਸਰਵਣ ਕਰਵਾਇਆ ਗਿਆ।ਸੰਤ ਗੁਰਦੀਪ ਗਿਰੀ ਪਠਾਨਕੋਟ ਵਾਲੇ, ਸੰਤ ਪ੍ਰਦੀਪ ਦਾਸ ਕੂਪੁਰ ਢੇਰਪੁਰ, ਸੰਤ ਲੇਖ ਰਾਜ ਨੂਰਪੁਰ, ਸੰਤ ਸੁਖਵਿੰਦਰ ਦਾਸ ਢੱਡੇ, ਸੰਤ ਪ੍ਰੀਤਮ ਦਾਸ ਸੰਗਤਪੁਰਾ, ਸੰਤ ਅਸ਼ੋਕ ਚੱਕਰਵਰਤੀ, ਬਾਬਾ ਲਖਵਿੰਦਰ ਸਿੰਘ ਕਡਿਆਣਾ, ਮਨਦੀਪ ਦਾਸ ਸਿਰਸਗੜ੍ਹ, ਸੇਵਾਦਾਰ ਕਰਮ ਚੰਦ, ਸੇਵਾਮੁਕਤ ਐੱਸ ਐੱਸ ਪੀ ਰਜਿੰਦਰ ਸਿੰਘ ਹਲਕਾ ਇੰਚਾਰਜ ਕਾਂਗਰਸ ਕਰਤਾਰਪੁਰ, ਕੈਬਨਿਟ ਮੰਤਰੀ ਰਵਜੋਤ ਸਿੰਘ, ਕੈਬਨਿਟ ਮੰਤਰੀ ਮਹਿੰਦਰ ਭਗਤ, ਪਵਨ ਕੁਮਾਰ ਟੀਨੂੰ ਸਾਬਕਾ ਵਿਧਾਇਕ, ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ, ਸਾਬਕਾ ਵਿਧਾਇਕ ਚੌਧਰੀ ਸੁਰਿੰਦਰ ਸਿੰਘ, ਸਾਬਕਾ ਵਿਧਾਇਕ ਕੇ.ਡੀ ਭੰਡਾਰੀ, ਆਪ ਆਗੂ ਬੀਬੀ ਰਾਜਵਿੰਦਰ ਕੌਰ ਥਿਆੜਾ, ਸੇਠ ਸੱਤਪਾਲ ਮੱਲ, ਭਾਜਪਾ ਆਗੂ ਮਨਜੀਤ ਬਾਲੀ, ਸਾਬਕਾ ਸਰਪੰਚ ਪ੍ਰਦੀਪ ਕੁਮਾਰ ਦੀਪਾ ਬੱਲਾਂ,ਹਰਦੇਵ ਦਾਸ,ਵਰਿੰਦਰ ਦਾਸ ਬੱਬੂ, ਮਨਦੀਪ ਦਾਸ, ਦਵਿੰਦਰ ਦਾਸ, (ਚਾਰੇ ਸੇਵਾਦਾਰ), ਕੈਲਾਸ਼ ਚੰਦਰ, ਨਿਰੰਜਨ ਦਾਸ ਚੀਮਾ, ਟਰਸਟ ਜਰਨਲ ਸਕੱਤਰ ਸਤਪਾਲ ਹੀਰ, ਮੈਨੇਜਰ ਧਰਮਪਾਲ ਸਿਮਕ, ਪਰਮਿੰਦਰ ਟਾਂਡਾ, ਬੀਪੀਈਓ ਬੀ.ਕੇ.ਮਹਿਮੀ , ਜੋਗਿੰਦਰ ਪਾਲ ਸੇਵਾ ਮੁਕਤ ਆਈਆਰਐਸ, ਸੇਠ ਦੇਸ਼ ਰਾਜ ਫਗਵਾੜਾ, ਡਾ. ਬਲਵੀਰ ਮੰਨਣ, ਰੇਸ਼ਮ ਸਿੰਘ ਭੱਟੀ, ਡਾ. ਬਲਵੀਰ ਮੰਨਣ, ਕੇ ਐਲ ਸਰੋਆ, ਸੇਵਾਮੁਕਤ ਸਬ ਇੰਸ. ਜਗਦੀਸ਼ ਲਾਲ, ਸੇਵਾਦਾਰ ਗੁਰਮੀਤ ਰਾਮ, ਸਤੀਸ਼ ਦਾਸ, ਗਿਆਨੀ ਕੁਲਵੰਤ ਕਜਲਾ, ਸਾਬਕਾ ਕੌਂਸਲਰ ਮਨਦੀਪ ਜੱਸਲ, ਸ਼ਾਮ ਲਾਲ, ਧਰਮਵੀਰ, ਰਾਜੇਸ਼ ਕੁਮਾਰ ਸਰਮਸਤਪੁਰ, ਰੋਸ਼ਨ ਲਾਲ ਸੌਂਧੀ, ਲੈਕਚਰਾਰ ਸੁਰਜੀਤ ਸਿੰਘ ਜੱਸਲ, ਮਹਿੰਦਰ ਕੁਮਾਰ ਅਲਾਵਲਪੁਰ, ਅਮਨਦੀਪ ਹੀਰ ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।